27-AUG-PAGE-1.qxd 8/26/2024 8:18 PM Page 1

ਮੰਗਲਵਾਰ, 27 ਅਗਸਤ, 2024
12 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 86

# ਨਵਾਂ ਜ਼ਮਾਨਾ

DAILY NAWAN ZAMANA • TUESDAY, 27 AUGUST, 2024
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਭਾਜਪਾ ਜੰਮੂ-ਕਸ਼ਮੀਰ ਦੀ ਸੂਚੀ ਛਾਂਗਣ ਲਈ ਮਜਬੂਰ

## 44 ਉਮੀਦਵਾਰਾਂ ਦੀ ਪਹਿਲੀ ਸੂਚੀ 'ਤੇ ਵਰਕਰ ਭੜਕੇ ਤਾਂ 16 'ਤੇ ਲੈ ਆਂਦੀ

**ਨਵੀਂ ਦਿੱਲੀ** : ਜੰਮੂ-ਕਸ਼ਮੀਰ ਦੀ 90 ਮੈਂਬਰੀ ਵਿਧਾਨ ਸਭਾ ਦੀਆਂ ਚੋਣਾਂ ਲਈ ਉਮੀਦਵਾਰਾਂ ਦੇ ਐਲਾਨ ਨੂੰ ਲੈ ਕੇ ਸੋਮਵਾਰ ਭਾਰਤੀ ਜਨਤਾ ਪਾਰਟੀ 'ਚ ਕਾਫੀ ਘਚੋਲਾ ਨਜ਼ਰ ਆਇਆ। ਪਹਿਲੀ ਸੂਚੀ ਸਵੇਰੇ 10 ਵਜੇ ਜਾਰੀ ਕੀਤੀ ਗਈ। ਇਸ ਵਿਚ ਤਿੰਨਾਂ ਪੜਾਵਾਂ 'ਚ ਹੋਣ ਵਾਲੀਆਂ ਚੋਣਾਂ ਦੇ 44 ਉਮੀਦਵਾਰਾਂ ਦੇ ਨਾਂਅ ਸਨ। ਥੋੜ੍ਹੀ ਦੇਰ ਬਾਅਦ ਇਹ ਵਾਪਸ ਲੈ ਲਈ ਗਈ। ਪਹਿਲੀ ਸੂਚੀ ਆਉਂਦੇ ਹੀ ਜੰਮੂ ਭਾਜਪਾ ਦਫਤਰ ਵਿਚ ਕਾਰਕੁਨਾਂ ਨੇ ਮੁਜ਼ਾਹਰਾ ਸ਼ੁਰੂ ਕਰ ਦਿੱਤਾ। ਉਹ ਕਹਿ ਰਹੇ ਸਨ ਕਿ ਪੈਰਾਸ਼ੂਟਾਂ ਨੂੰ ਟਿਕਟਾਂ ਦੇ ਦਿੱਤੀਆਂ। ਫਿਰ ਸੂਬਾ ਭਾਜਪਾ ਪ੍ਰਧਾਨ ਰਵਿੰਦਰ ਰੈਣਾ ਆਪਣੇ ਕੈਬਿਨ ਵਿਚ ਚਲੇ ਗਏ ਤੇ ਦਰਵਾਜ਼ਾ ਬੰਦ ਕਰ ਲਿਆ। ਥੋੜ੍ਹੀ ਦੇਰ ਬਾਅਦ ਬਾਹਰ ਆ ਕੇ ਕਿਹਾ ਕਿ ਪ੍ਰੇਸ਼ਾਨ ਨਾ ਹੋਵੋ, ਉਹ ਸਭ ਨਾਲ ਨਿੱਜੀ ਤੌਰ 'ਤੇ ਗੱਲ ਕਰਨਗੇ। ਗੱਲ ਹਾਈਕਮਾਨ ਤੱਕ ਪੁੱਜੀ ਤਾਂ ਦੋ ਘੰਟੇ ਬਾਅਦ 12 ਵਜੇ ਇਕ ਹੋਰ ਸੂਚੀ ਆ ਗਈ, ਜਿਸ ਵਿਚ ਪਹਿਲੇ ਪੜਾਅ ਦੀ ਪੋਲਿੰਗ ਵਾਲੇ 15 ਉਮੀਦਵਾਰਾਂ ਦੇ ਨਾਂਅ ਸਨ। ਫਿਰ 2 ਵੱਜ ਕੇ 45 ਮਿੰਟ 'ਤੇ ਕੋਕਰਨਾਗ ਤੋਂ ਚੌਧਰੀ ਰੌਸ਼ਨ ਹੁਸੈਨ ਦੇ ਨਾਂਅ ਵਾਲੀ ਤੀਜੀ ਸੂਚੀ ਆ ਗਈ।


ਨਾਰਾਜ਼ ਕਾਰਕੁਨ ਜੰਮੂ ਵਿਚ ਭਾਜਪਾ ਦਫਤਰ ਵਿਖੇ ਨਾਅਰੇਬਾਜ਼ੀ ਕਰਦੇ ਹੋਏ।

ਦਿੱਲੀ 'ਚ ਕੌਮੀ ਪ੍ਰਧਾਨ ਜੇ ਪੀ ਨੱਢਾ ਦੀ ਪ੍ਰਧਾਨਗੀ ਹੇਠ ਪਾਰਟੀ ਦੀ ਕੇਂਦਰੀ ਚੋਣ ਕਮੇਟੀ ਦੀ ਐਤਵਾਰ ਹੋਈ ਮੀਟਿੰਗ 'ਚ ਉਮੀਦਵਾਰਾਂ ਦੇ ਨਾਂਅ ਤੈਅ ਹੋਏ ਸਨ। ਮੀਟਿੰਗ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਵੀ ਮੌਜੂਦ ਸਨ। ਜੰਮੂ-ਕਸ਼ਮੀਰ 'ਚ ਤਿੰਨ ਪੜਾਵਾਂ 'ਚ 18, 25 ਸਤੰਬਰ ਅਤੇ 1 ਅਕਤੂਬਰ ਨੂੰ ਵੋਟਾਂ ਪੈਣਗੀਆਂ। ਵੋਟਾਂ ਦੀ ਗਿਣਤੀ 4 ਅਕਤੂਬਰ ਨੂੰ ਹੋਵੇਗੀ। ਜੰਮੂ-ਕਸ਼ਮੀਰ 'ਚ 90 ਵਿਧਾਨ ਸਭਾ ਹਲਕੇ ਹਨ, ਜਿਨ੍ਹਾਂ ਵਿੱਚੋਂ 7 ਸੀਟਾਂ ਅਨੁਸੂਚਿਤ ਜਾਤੀਆਂ ਲਈ ਅਤੇ 9 ਸੀਟਾਂ ਅਨੁਸੂਚਿਤ ਜਨ-ਜਾਤੀਆਂ ਲਈ ਰਾਖਵੀਆਂ ਹਨ।

ਦਰਅਸਲ ਕਾਂਗਰਸ, ਨੈਸ਼ਨਲ ਕਾਨਫਰੰਸ, ਪੀ ਡੀ ਪੀ ਤੇ ਪੈਂਥਰਜ਼ ਪਾਰਟੀ ਵਿੱਚੋਂ ਕਈ ਆਗੂ ਭਾਜਪਾ ਵਿਚ ਸ਼ਾਮਲ ਹੋਏ ਸਨ ਤੇ ਉਨ੍ਹਾਂ ਦੇ ਪਹਿਲੀ ਸੂਚੀ ਵਿਚ ਨਾਂਅ ਵੀ ਐਲਾਨ ਦਿੱਤੇ ਗਏ ਸਨ, ਪਰ ਸੋਧੀ ਸੂਚੀ ਵਿਚ ਕੱਟ ਦਿੱਤੇ ਗਏ। ਪਹਿਲੀ ਸੂਚੀ ਵਿਚ ਕੇਂਦਰੀ ਮੰਤਰੀ ਜਤਿੰਦਰ ਸਿੰਘ ਦੇ ਭਰਾ ਦਵਿੰਦਰ ਸਿੰਘ ਰਾਣਾ ਤੇ ਭਾਜਪਾ ਦੇ ਪੰਜਾਬ ਦੇ ਕੋ-ਇੰਚਾਰਜ ਨਰਿੰਦਰ ਸਿੰਘ ਰਾਣਾ ਦਾ ਨਾਂਅ ਵੀ ਸੀ। ਦਿਲਚਸਪ ਗੱਲ ਹੈ ਕਿ ਸੋਧੀ ਸੂਚੀ ਵਿਚ ਸਾਬਕਾ ਉਪ ਮੁੱਖ ਮੰਤਰੀਆਂ ਨਿਰਮਲ ਸਿੰਘ ਤੇ ਕਵਿੰਦਰ ਗੁਪਤਾ ਦੇ ਨਾਂਅ ਕੱਟੇ ਗਏ ਹਨ। ਭਾਜਪਾ ਨੇ 44 ਉਮੀਦਵਾਰਾਂ ਦੀ ਜਿਹੜੀ ਸੂਚੀ ਪਹਿਲਾਂ ਜਾਰੀ ਕੀਤੀ ਸੀ, ਉਨ੍ਹਾਂ ਵਿਚ 10 ਦੂਜੇ ਤੇ 19 ਤੀਜੇ ਪੜਾਅ ਵਿਚ ਹੋਣ ਵਾਲੀ ਪੋਲਿੰਗ ਲਈ ਸਨ। ਪਹਿਲੇ ਪੜਾਅ ਲਈ ਨਾਮਜ਼ਦਗੀ ਕਾਗਜ਼ ਦਾਖਲ ਕਰਨ ਦੀ ਆਖਰੀ ਤਰੀਕ 27 ਅਗਸਤ ਹੈ। ਭਾਜਪਾ ਨੇ ਇਸ ਤੋਂ ਪਹਿਲਾਂ 2014 ਵਿਚ ਹੋਈਆਂ ਚੋਣਾਂ 'ਚ 25 ਸੀਟਾਂ ਜਿੱਤੀਆਂ ਸਨ ਤੇ ਪੀ ਡੀ ਪੀ ਨਾਲ ਮਿਲ ਕੇ ਸਰਕਾਰ ਬਣਾਈ ਸੀ।

# ਲਹਿੰਦੇ ਪੰਜਾਬ ਦੇ 20 ਬੰਦੇ ਛਾਂਟ ਕੇ ਮਾਰੇ


ਗੋਲੀਬਾਰੀ ਤੋਂ ਬਾਅਦ ਸਾੜੇ ਗਏ ਵਹੀਕਲ।

**ਕੋਇਟਾ** : ਹਥਿਆਰਬੰਦਾਂ ਨੇ ਸੋਮਵਾਰ ਸਵੇਰੇ ਬਲੋਚਿਸਤਾਨ ਦੇ ਮੂਸਾਖੇਲ ਜ਼ਿਲ੍ਹੇ ਵਿਚ ਟਰੱਕਾਂ ਤੇ ਬੱਸਾਂ ਵਿੱਚੋਂ ਬੰਦਿਆਂ ਨੂੰ ਉਤਾਰ ਕੇ 23 ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ। ਮਾਰਨ ਤੋਂ ਪਹਿਲਾਂ ਉਨ੍ਹਾਂ ਸਭ ਦੀ ਸ਼ਨਾਖਤ ਕੀਤੀ। ਮੂਸਾਖੇਲ ਦੇ ਅਸਿਸਟੈਂਟ ਕਮਿਸ਼ਨਰ ਨਜੀਬ ਕਾਕੜ ਨੇ ਦੱਸਿਆ ਕਿ ਹਥਿਆਰਬੰਦਾਂ ਨੇ ਰਾੜਾਸ਼ਾਮ ਇਲਾਕੇ ਵਿਚ ਬਲੋਚਿਸਤਾਨ ਨੂੰ ਪੰਜਾਬ ਨਾਲ ਜੋੜਨ ਵਾਲੇ ਹਾਈਵੇ ਨੂੰ ਰੋਕ ਕੇ 22 ਬੱਸਾਂ, ਵੈਨਾਂ ਤੇ ਟਰੱਕਾਂ ਵਿੱਚੋਂ ਲੋਕਾਂ ਨੂੰ ਉਤਾਰਿਆ। ਹਮਲਾਵਰਾਂ ਦੀ ਗਿਣਤੀ 30 ਤੋਂ 40 ਤੱਕ ਸੀ। ਕਾਕੜ ਮੁਤਾਬਕ ਪੰਜਾਬ ਵੱਲੋਂ ਆ ਰਹੇ ਲੋਕਾਂ ਨੂੰ ਖਾਸ ਤੌਰ 'ਤੇ ਨਿਸ਼ਾਨਾ ਬਣਾਇਆ ਗਿਆ। ਮਰਨ ਵਾਲਿਆਂ ਵਿਚ ਤਿੰਨ ਬਲੋਚਿਸਤਾਨ ਦੇ ਤੇ ਬਾਕੀ ਪੰਜਾਬ ਦੇ ਸਨ। ਉਨ੍ਹਾਂ 10 ਵਹੀਕਲਾਂ ਨੂੰ ਅੱਗ ਵੀ ਲਾ ਦਿੱਤੀ।

ਪਿਛਲੇ ਕਈ ਸਾਲਾਂ ਵਿਚ ਵਾਪਰੇ ਏਨੇ ਘਿਨਾਉਣੇ ਗੋਲੀਕਾਂਡ ਦੀ ਜ਼ਿੰਮੇਵਾਰੀ ਬਲੋਚਿਸਤਾਨ ਵਿਚ ਸਭ ਤੋਂ ਵੱਧ ਸਰਗਰਮ ਬਲੋਚ ਲਿਬਰੇਸ਼ਨ ਆਰਮੀ (ਬੀ ਐੱਲ ਏ) ਨੇ ਲਈ ਹੈ। ਅਪ੍ਰੈਲ ਵਿਚ ਵੀ ਬਲੋਚਿਸਤਾਨ ਦੇ ਨੋਸ਼ਕੀ ਸ਼ਹਿਰ ਵਿਚ 9 ਮੁਸਾਫਰਾਂ ਨੂੰ ਸ਼ਨਾਖਤ ਕਰਕੇ ਗੋਲੀਆਂ ਮਾਰ ਕੇ ਮਾਰ ਦਿੱਤਾ ਗਿਆ ਸੀ।

ਪਿਛਲੇ ਇਕ ਸਾਲ ਦੌਰਾਨ ਬਲੋਚਿਸਤਾਨ ਵਿਚ ਘੱਟੋ-ਘੱਟ 170 ਅੱਤਵਾਦੀ ਹਮਲੇ ਹੋਏ ਹਨ, ਜਿਨ੍ਹਾਂ ਵਿਚ 151 ਨਾਗਰਿਕ ਤੇ 114 ਸੁਰੱਖਿਆ ਜਵਾਨ ਮਾਰੇ ਗਏ ਹਨ।

## ਫੁੱਟਪਾਥ 'ਤੇ ਸੁੱਤੇ ਪਿਆਂ 'ਤੇ ਟਰੱਕ ਚੜ੍ਹਿਆ, 3 ਮੌਤਾਂ

**ਨਵੀਂ ਦਿੱਲੀ** : ਉੱਤਰ-ਪੂਰਬੀ ਦਿੱਲੀ ਦੇ ਸ਼ਾਸਤਰੀ ਪਾਰਕ ਇਲਾਕੇ 'ਚ ਸੋਮਵਾਰ ਤੜਕੇ ਸਾਢੇ ਪੰਜ ਵਜੇ ਟਰੱਕ ਫੁੱਟਪਾਥ 'ਤੇ ਸੁੱਤੇ ਪੰਜ ਵਿਅਕਤੀਆਂ 'ਤੇ ਚੜ੍ਹ ਗਿਆ, ਜਿਸ ਕਾਰਨ ਤਿੰਨ ਦੀ ਮੌਤ ਹੋ ਗਈ। ਘਟਨਾ ਤੜਕੇ ਸਾਢੇ ਪੰਜ ਵਜੇ ਹੋਈ। ਇਹ ਸਾਰੇ ਲੋਕ ਬੇਘਰ ਸਨ।

## ਉੱਤਰੀ ਕੋਰੀਆ ਨੇ ਮਾਰੂ ਡਰੋਨ ਬਣਾਇਆ

**ਸਿਓਲ** : ਉੱਤਰੀ ਕੋਰੀਆ ਦੇ ਨੇਤਾ ਕਿਮ ਜੋਂਗ ਉਨ ਨੇ ਨਿਸ਼ਾਨਿਆਂ 'ਤੇ ਹਮਲਾ ਕਰਨ ਲਈ ਤਿਆਰ ਕੀਤੇ ਨਵੇਂ ਹਮਲਾਵਰ ਡਰੋਨਾਂ ਦਾ ਪ੍ਰਦਰਸ਼ਨ ਦੇਖਿਆ ਅਤੇ ਆਪਣੀ ਫੌਜ ਦੀ ਲੜਾਈ ਦੀ ਤਿਆਰੀ ਨੂੰ ਮਜ਼ਬੂਤ ਕਰਨ ਲਈ ਅਜਿਹੇ ਹਥਿਆਰਾਂ ਦੇ ਵਿਕਾਸ ਨੂੰ ਉਤਸ਼ਾਹਤ ਕਰਨ ਦਾ ਵਾਅਦਾ ਕੀਤਾ। ਅਮਰੀਕਾ ਤੇ ਦੱਖਣੀ ਕੋਰੀਆ ਨਾਲ ਤਣਾਅ ਦੇ ਮੱਦੇਨਜ਼ਰ ਉੱਤਰੀ ਕੋਰੀਆ ਲਗਾਤਾਰ ਆਪਣੇ ਹਥਿਆਰਾਂ ਦੀ ਪਰਖ ਕਰ ਰਿਹਾ ਹੈ। ਤਸਵੀਰਾਂ 'ਚ ਨਜ਼ਰ ਆਇਆ ਕਿ ਡਰੋਨ ਦੱਖਣੀ ਕੋਰੀਆ ਦੇ ਕੇ-2 ਮੁੱਖ ਜੰਗੀ ਟੈਂਕ ਵਰਗੇ ਨਿਸ਼ਾਨੇ 'ਤੇ ਹਮਲਾ ਕਰਦਾ ਹੈ ਅਤੇ ਉਸ ਨੂੰ ਤਬਾਹ ਕਰ ਦਿੰਦਾ ਹੈ।

## ਲੱਦਾਖ 'ਚ 5 ਨਵੇਂ ਜ਼ਿਲ੍ਹੇ

**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਕੇਂਦਰ ਸ਼ਾਸਤ ਪ੍ਰਦੇਸ਼ ਲੱਦਾਖ 'ਚ ਪੰਜ ਨਵੇਂ ਜ਼ਿਲ੍ਹੇ ਬਣਾਉਣ ਦਾ ਫੈਸਲਾ ਕੀਤਾ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੋਮਵਾਰ ਦੱਸਿਆ ਕਿ ਜ਼ਾਂਸਕਰ, ਦਰਾਸ, ਸ਼ਾਮ, ਨੁਬਰਾ ਅਤੇ ਚਾਂਗਥਾਂਗ ਨਵੇਂ ਜ਼ਿਲ੍ਹੇ ਹੋਣਗੇ। ਉਨ੍ਹਾ ਦਾਅਵਾ ਕੀਤਾ ਕਿ ਮੋਦੀ ਸਰਕਾਰ ਲੱਦਾਖ ਦੇ ਲੋਕਾਂ ਲਈ ਬੇਅੰਤ ਮੌਕੇ ਪੈਦਾ ਕਰਨ ਲਈ ਵਚਨਬੱਧ ਹੈ। ਜੰਮੂ-ਕਸ਼ਮੀਰ ਰਾਜ ਨੂੰ 5 ਅਗਸਤ 2019 ਨੂੰ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ—ਲੱਦਾਖ ਅਤੇ ਜੰਮੂ—ਕਸ਼ਮੀਰ ਵਿਚ ਵੰਡ ਦਿੱਤਾ ਗਿਆ ਸੀ। ਕੇਂਦਰੀ ਸ਼ਾਸਤ ਪ੍ਰਦੇਸ਼ ਹੋਣ ਦੇ ਨਾਤੇ ਲੱਦਾਖ ਕੇਂਦਰੀ ਗ੍ਰਹਿ ਮੰਤਰਾਲੇ ਦੇ ਸਿੱਧੇ ਪ੍ਰਸ਼ਾਸਕੀ ਕੰਟਰੋਲ ਅਧੀਨ ਆਉਂਦਾ ਹੈ।

## ਹਰਿਆਣਾ ਦੇ ਉਮੀਦਵਾਰਾਂ ਦਾ ਫੈਸਲਾ 29 ਨੂੰ

**ਨਵੀਂ ਦਿੱਲੀ** : ਭਾਜਪਾ ਦੀ ਕੇਂਦਰੀ ਚੋਣ ਕਮੇਟੀ ਦੀ ਅਗਲੀ ਮੀਟਿੰਗ 29 ਅਗਸਤ ਨੂੰ ਇੱਥੇ ਹੋਵੇਗੀ, ਜਿਸ 'ਚ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਉਮੀਦਵਾਰਾਂ ਬਾਰੇ ਚਰਚਾ ਕੀਤੀ ਜਾਵੇਗੀ। ਵਿਧਾਨ ਸਭਾ ਦੀਆਂ 90 ਸੀਟਾਂ ਲਈ ਵੋਟਿੰਗ 1 ਅਕਤੂਬਰ ਨੂੰ ਹੋਵੇਗੀ। ਨਤੀਜੇ 4 ਅਕਤੂਬਰ ਨੂੰ ਐਲਾਨੇ ਜਾਣਗੇ ਸੂਤਰਾਂ ਮੁਤਾਬਕ ਉਮੀਦਵਾਰਾਂ ਦੇ ਨਾਂਅ ਲੱਗਭੱਗ ਤੈਅ ਹੋ ਚੁੱਕੇ ਹਨ। ਇਸ ਵਾਰ ਨਵੇਂ ਚਿਹਰਿਆਂ ਨੂੰ ਮੌਕਾ ਮਿਲ ਸਕਦਾ ਹੈ।

## ਕਾਂਗਰਸ ਸਾਂਸਦ ਦਾ ਦੇਹਾਂਤ

**ਨਾਂਦੇੜ** : ਮਹਾਰਾਸ਼ਟਰ ਦੀ ਨਾਂਦੇੜ ਲੋਕ ਸਭਾ ਸੀਟ ਤੋਂ ਕਾਂਗਰਸ ਮੈਂਬਰ ਵਸੰਤ ਚਵਾਨ (69) ਦਾ ਲੰਬੀ ਬਿਮਾਰੀ ਤੋਂ ਬਾਅਦ ਸੋਮਵਾਰ ਹੈਦਰਾਬਾਦ ਦੇ ਨਿੱਜੀ ਹਸਪਤਾਲ 'ਚ ਦੇਹਾਂਤ ਹੋ ਗਿਆ। ਉਹ ਪਿਛਲੇ ਹਫਤੇ ਤੋਂ ਗੁਰਦਿਆਂ ਸੰਬੰਧੀ ਸਮੱਸਿਆਵਾਂ ਦਾ ਇਲਾਜ ਕਰਵਾ ਰਹੇ ਸਨ। ਚਵਾਨ ਨੇ ਬਿਮਾਰ ਹੋਣ ਦੇ ਬਾਵਜੂਦ ਇਸ ਸਾਲ ਦੀਆਂ ਲੋਕ ਸਭਾ ਚੋਣਾਂ 'ਚ ਭਾਜਪਾ ਦੇ ਉਮੀਦਵਾਰ ਪ੍ਰਤਾਪ ਪਾਟਿਲ ਚਿਖਲੀਕਰ ਨੂੰ 59,442 ਵੋਟਾਂ ਨਾਲ ਹਰਾਇਆ ਸੀ। ਚਿਖਲੀਕਰ ਪਿਛਲੀ ਲੋਕ ਸਭਾ 'ਚ ਨਾਂਦੇੜ ਤੋਂ ਮੈਂਬਰ ਸਨ।

## ਪੱਛਮੀ ਤ੍ਰਿਪੁਰਾ ਦੇ ਕਸਬੇ 'ਚ ਅਗਜ਼ਨੀ

**ਅਗਰਤਲਾ** : ਪੱਛਮੀ ਤ੍ਰਿਪੁਰਾ ਦੇ ਰਾਨੀਰਬਾਜ਼ਾਰ ਇਲਾਕੇ ਵਿਚਲੇ ਮੰਦਰ ਵਿਚ ਮੂਰਤੀ ਨੂੰ ਨੁਕਸਾਨ ਪਹੁੰਚਾਉਣ ਤੋਂ ਬਾਅਦ ਅਣਪਛਾਤੇ ਵਿਅਕਤੀਆਂ ਨੇ ਘੱਟੋ-ਘੱਟ 12 ਘਰਾਂ ਤੇ ਕੁਝ ਵਾਹਨਾਂ ਨੂੰ ਅੱਗ ਲਗਾ ਦਿੱਤੀ। ਰਾਨੀਰਬਾਜ਼ਾਰ ਅਧੀਨ ਜਿਰਾਨੀਆ ਉਪਮੰਡਲ 'ਚ ਧਾਰਾ 163 ਦੇ ਤਹਿਤ ਮਨਾਹੀ ਦੇ ਹੁਕਮ ਲਾਗੂ ਕੀਤੇ ਗਏ ਹਨ। ਤਣਾਅ ਨੂੰ ਘੱਟ ਕਰਨ ਲਈ ਇਲਾਕੇ 'ਚ ਭਾਰੀ ਸੁਰੱਖਿਆ ਬਲ ਤਾਇਨਾਤ ਕੀਤੇ ਗਏ ਹਨ।

# 'ਖੇਡਾਂ ਵਤਨ ਪੰਜਾਬ ਦੀਆਂ' ਦੇ ਤੀਜੇ ਐਡੀਸ਼ਨ ਦੀ ਟੀ-ਸ਼ਰਟ ਤੇ ਲੋਗੋ ਲਾਂਚ

**ਚੰਡੀਗੜ੍ਹ (ਗੁਰਜੀਤ ਬਿੱਲਾ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 29 ਅਗਸਤ ਤੋਂ ਸ਼ੁਰੂ ਹੋਣ ਵਾਲੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਤੀਜੇ ਐਡੀਸ਼ਨ ਲਈ ਸੋਮਵਾਰ ਟੀ-ਸ਼ਰਟ ਅਤੇ ਲੋਗੋ ਲਾਂਚ ਕੀਤਾ।



ਲੋਗੋ ਅਤੇ ਟੀ-ਸ਼ਰਟ ਨੂੰ ਲਾਂਚ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਦੇ ਜਨਮ ਦਿਨ 'ਤੇ ਕੌਮੀ ਖੇਡ ਦਿਵਸ ਦੀ ਯਾਦ ਵਿੱਚ 29 ਅਗਸਤ ਨੂੰ ਇਹ ਵੱਡ-ਆਕਾਰੀ ਖੇਡ ਮੁਕਾਬਲਾ ਸ਼ੁਰੂ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ ਦੋ ਮਹੀਨੇ ਤੋਂ ਵੱਧ ਸਮੇਂ ਤੱਕ ਚੱਲਣ ਵਾਲੇ ਇਸ ਖੇਡ ਮੇਲੇ ਦਾ ਆਗਾਜ਼ ਸੰਗਰੂਰ ਦੇ ਵਾਰ ਹੀਰੋਜ਼ ਸਟੇਡੀਅਮ ਤੋਂ ਹੋਵੇਗਾ। ਇਹ ਬਹੁਤ ਹੀ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਇਸ ਵਾਰ 37 ਖੇਡਾਂ ਦੇ ਨੌਂ ਉਮਰ ਵਰਗਾਂ ਵਿੱਚ ਪੰਜ ਲੱਖ ਦੇ ਕਰੀਬ ਖਿਡਾਰੀ ਤਮਗਿਆਂ ਲਈ ਭਿੜਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਜੇਤੂਆਂ ਨੂੰ 9 ਕਰੋੜ ਰੁਪਏ ਤੋਂ ਵੱਧ ਦੇ ਨਕਦ ਇਨਾਮ ਵੰਡੇ ਜਾਣਗੇ। ਪਹਿਲੀ ਵਾਰ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਪੈਰਾ ਖੇਡਾਂ ਵਿੱਚ ਅਥਲੈਟਿਕਸ, ਬੈਡਮਿੰਟਨ ਅਤੇ ਪਾਵਰ ਲਿਫਟਿੰਗ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਮਾਨ ਨੇ ਦੱਸਿਆ ਕਿ ਇਨ੍ਹਾਂ ਤਿੰਨਾਂ ਵਰਗਾਂ ਵਿੱਚ ਪੰਜਾਬ ਦੇ ਪੈਰਾ ਐਥਲੀਟ ਪੈਰਿਸ ਪੈਰਾ-ਉਲੰਪਿਕਸ ਵਿੱਚ ਭਾਗ ਲੈ ਰਹੇ ਹਨ।

ਉਹਨਾ ਕਿਹਾ ਕਿ ਇਸ ਵੱਡੇ ਖੇਡ ਪ੍ਰਬੰਧ ਦਾ ਮੰਤਵ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਾਉਣਾ ਹੈ, ਤਾਂ ਜੋ ਉਨ੍ਹਾਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰ ਰੱਖਿਆ ਜਾ

● ਬਾਕੀ ਸਫ਼ਾ 2 'ਤੇ

# 12 ਦਹਿਸ਼ਤਗਰਦ ਮਾਰੇ

**ਕੋਇਟਾ** : ਬਲੋਚਿਸਤਾਨ 'ਚ ਕਈ ਥਾਈਂ ਮੁਕਾਬਲਿਆਂ ਵਿਚ 12 ਦਹਿਸ਼ਤਗਰਦ ਮਾਰਨ ਤੇ ਕਈ ਜ਼ਖਮੀ ਕਰਨ ਦਾ ਦਾਅਵਾ ਕੀਤਾ ਗਿਆ ਹੈ।

ਰੇਡੀਓ ਪਾਕਿਸਤਾਨ ਨੇ ਕਿਹਾ ਕਿ ਦਹਿਸ਼ਤਗਰਦਾਂ ਨੇ ਕਈ ਥਾਈਂ ਹਮਲੇ ਕੀਤੇ ਤੇ ਸੁਰੱਖਿਆ ਬਲਾਂ ਨੇ ਵੀ ਜਵਾਬੀ ਕਾਰਵਾਈ ਕੀਤੀ। ਰੇਡੀਓ ਨੇ ਇਹ ਨਹੀਂ ਦੱਸਿਆ ਕਿ ਦਹਿਸ਼ਤਗਰਦ ਕਿਨ੍ਹਾਂ ਇਲਾਕਿਆਂ ਵਿਚ ਮਾਰੇ ਗਏ ਹਨ। ਏਨਾ ਹੀ ਦੱਸਿਆ ਕਿ ਕਾਰਵਾਈ ਜਾਰੀ ਹੈ। ਇਸ ਤੋਂ ਪਹਿਲਾਂ ਰਿਪੋਰਟਾਂ ਸਨ ਕਿ ਦਹਿਸ਼ਤਗਰਦਾਂ ਨੇ ਪਸਨੀ ਥਾਣੇ 'ਤੇ ਹਮਲਾ ਕਰਕੇ ਪੁਲਸਮੈਨਾਂ ਨੂੰ ਕੁੱਟਿਆ ਅਤੇ ਫਿਰ ਤਿੰਨ ਵਹੀਕਲਾਂ ਤੇ ਮੋਟਰਸਾਈਕਲਾਂ ਨੂੰ ਅੱਗ ਲਾ ਦਿੱਤੀ। ਗਵਾਦਰ ਦੇ ਸੰਤਸਰ ਥਾਣੇ ਵਿਚ ਵੀ ਭੰਨਤੋੜ ਕੀਤੀ। ਦਹਿਸ਼ਤਗਰਦਾਂ ਨੇ ਕਲਾਤ ਦੇ ਮਹਿਲਾਬੀ ਇਲਾਕੇ ਵਿਚ ਇਕ ਹੋਟਲ ਤੇ ਇਕ ਕਬਾਇਲੀ ਦੇ ਘਰ 'ਤੇ ਹਮਲਾ ਕੀਤਾ ਤੇ ਇਕ ਵਿਅਕਤੀ ਨੂੰ ਮਾਰ ਦਿੱਤਾ।

ਬਹੁਤੇ ਹਮਲੇ ਕੋਇਟਾ-ਕਰਾਚੀ ਹਾਈਵੇਅ 'ਤੇ ਕੀਤੇ ਗਏ। ਹਾਈਵੇਅ ਬੰਦ ਕਰ ਦਿੱਤਾ ਗਿਆ ਸੀ ਤੇ ਹਸਪਤਾਲਾਂ ਵਿਚ ਐਮਰਜੰਸੀ ਲਾ ਦਿੱਤੀ ਗਈ ਸੀ।

## ਭਾਜਪਾ ਦੀ ਕੰਗਣਾ ਤੋਂ ਦੂਰੀ ਮਹਿਜ਼ ਦਿਖਾਵਾ : ਨੀਲ ਗਰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ ਪੰਜਾਬ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਵੱਲੋਂ ਕੰਗਣਾ ਰਣੌਤ ਨੂੰ ਫਟਕਾਰ ਲਾਉਣ ਨੂੰ ਮਹਿਜ਼ ਇੱਕ ਦਿਖਾਵਾ ਅਤੇ ਰਣਨੀਤਕ ਕਦਮ ਦੱਸਿਆ ਹੈ।



'ਆਪ' ਪੰਜਾਬ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਦਾਅਵਾ ਕੀਤਾ ਕਿ ਫਟਕਾਰ ਸਿਰਫ਼ ਦਿਖਾਵਾ ਹੈ, ਕਿਉਂਕਿ ਰਣੌਤ ਦੀ ਟਿੱਪਣੀ ਭਾਰਤੀ ਜਨਤਾ ਪਾਰਟੀ ਦੀ ਵਿਚਾਰਧਾਰਾ ਨੂੰ ਦਰਸਾਉਂਦੀ ਹੈ। ਗਰਗ ਨੇ ਕਿਹਾ ਕਿ ਇਹ ਕੋਈ ਪਹਿਲੀ ਘਟਨਾ ਨਹੀਂ ਕਿ ਕਿਸੇ ਭਾਜਪਾ ਆਗੂ ਵੱਲੋਂ ਲੋਕਾਂ ਜਾਂ ਕਿਸਾਨਾਂ ਲਈ ਇਸ ਤਰ੍ਹਾਂ ਦੇ ਬਿਆਨ ਜਾਂ ਕਾਰਵਾਈ ਕੀਤੀ ਗਈ ਹੋਵੇ, ਫਿਰ ਵੀ ਭਾਜਪਾ ਨੇ ਇਤਿਹਾਸਕ ਤੌਰ 'ਤੇ ਅਜਿਹੇ ਵਿਅਕਤੀਆਂ ਨੂੰ ਇਨਾਮ ਦਿੱਤਾ ਹੈ। ਉਨ੍ਹਾ ਰਣੌਤ ਅਤੇ ਅਜੈ ਮਿਸ਼ਰਾ ਟੈਨੀ ਦੀ ਮਿਸਾਲ ਦਿੱਤੀ ਹੈ।

ਗਰਗ ਨੇ ਕਿਹਾ ਕਿ ਰਣੌਤ ਦੇ ਵਿਵਾਦਿਤ ਬਿਆਨ ਤੋਂ ਆਪਣੇ ਆਪ ਨੂੰ ਦੂਰ ਕਰਨ ਦੀ ਭਾਜਪਾ ਦੀ ਕੋਸ਼ਿਸ਼ ਸੰਭਾਵਤ ਤੌਰ 'ਤੇ ਕਈ

● ਬਾਕੀ ਸਫ਼ਾ 2 'ਤੇ

# ਇਹਦਾ ਬਿਆਨ ਸਾਡਾ ਨਹੀਂ : ਭਾਜਪਾ

**ਨਵੀਂ ਦਿੱਲੀ** : ਭਾਜਪਾ ਨੇ ਸੋਮਵਾਰ ਕਿਹਾ ਕਿ ਉਸ ਦੀ ਸਾਂਸਦ ਕੰਗਣਾ ਰਣੌਤ ਵੱਲੋਂ ਕਿਸਾਨ ਪ੍ਰੋਟੈਸਟ ਬਾਰੇ ਦਿੱਤੇ ਬਿਆਨ ਨਾਲ ਉਹ ਸਹਿਮਤ ਨਹੀਂ ਤੇ ਉਸ ਨੇ ਉਸ ਨੂੰ ਅਜਿਹੇ ਬਿਆਨ ਨਾ ਦੇਣ ਦੀ ਹਦਾਇਤ ਕੀਤੀ ਹੈ।



ਕੰਗਣਾ ਨੇ ਕਿਹਾ ਸੀ ਕਿ ਜੇ ਦੇਸ਼ ਦੀ ਟਾਪ ਲੀਡਰਸ਼ਿਪ ਤਕੜੀ ਨਾ ਹੁੰਦੀ ਤਾਂ ਕਿਸਾਨ ਪ੍ਰੋਟੈਸਟ ਨਾਲ ਬੰਗਲਾਦੇਸ਼ ਵਰਗੀ ਸਥਿਤੀ ਬਣ ਸਕਦੀ ਸੀ। ਉਸ ਨੇ ਵੀਡੀਓ ਸ਼ੇਅਰ ਕਰਦਿਆਂ ਦੋਸ਼ ਲਾਇਆ ਸੀ ਕਿ ਤਿੰਨ ਖੇਤੀ ਕਾਨੂੰਨਾਂ ਨੂੰ ਰੱਦ ਕਰਾਉਣ ਲਈ ਕਿਸਾਨਾਂ ਵੱਲੋਂ ਕੀਤੇ ਗਏ ਅੰਦੋਲਨ ਦੌਰਾਨ ਲਾਸ਼ਾਂ ਲਟਕਾਈਆਂ ਗਈਆਂ ਤੇ ਬਲਾਤਕਾਰ ਕੀਤੇ ਗਏ। ਭਾਜਪਾ ਨੇ ਬਿਆਨ ਜਾਰੀ ਕਰਕੇ ਕਿਹਾ ਹੈ ਕਿ ਭਾਜਪਾ ਸਾਂਸਦ ਕੰਗਣਾ ਰਣੌਤ ਵੱਲੋਂ ਕਿਸਾਨ ਅੰਦੋਲਨ ਦੇ ਸੰਦਰਭ ਵਿਚ ਦਿੱਤਾ ਗਿਆ ਬਿਆਨ ਪਾਰਟੀ ਦੀ ਰਾਇ ਨਹੀਂ ਹੈ। ਭਾਜਪਾ ਇਸ ਨਾਲ ਸਹਿਮਤ ਨਹੀਂ ਹੈ। ਰਣੌਤ ਪਾਰਟੀ ਦੇ ਨੀਤੀ ਮੁੱਦਿਆਂ 'ਤੇ ਬਿਆਨ ਦੇਣ ਲਈ ਅਧਿਕਾਰਤ ਨਹੀਂ ਹੈ ਤੇ ਨਾ ਹੀ ਉਸ ਨੂੰ ਅਜਿਹੇ ਬਿਆਨ ਦੇਣ ਦੀ ਆਗਿਆ ਦਿੱਤੀ ਗਈ ਹੈ। ਉਸ ਨੂੰ ਹਦਾਇਤ ਕੀਤੀ ਗਈ ਹੈ ਕਿ ਅਜਿਹੇ ਬਿਆਨ ਭਵਿੱਖ 'ਚ ਨਾ ਦੇਵੇ। ਭਾਜਪਾ ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ ਤੇ ਸਬਕਾ ਪ੍ਰਯਾਸ ਅਤੇ ਸਮਾਜੀ ਇਕਸੁਰਤਾ ਦੇ ਸਿਧਾਂਤਾਂ ਨਾਲ ਪ੍ਰਣਾਈ ਹੋਈ ਹੈ।

# ਕੰਗਣਾ ਦੇ ਬਿਆਨ ਲਈ ਪ੍ਰਧਾਨ ਮੰਤਰੀ ਮੁਆਫੀ ਮੰਗਣ : ਐੱਸ ਕੇ ਐੱਮ

**ਨਵੀਂ ਦਿੱਲੀ** : ਸੰਯੁਕਤ ਕਿਸਾਨ ਮੋਰਚੇ ਨੇ ਕੰਗਣਾ ਰਣੌਤ ਦੇ ਬਿਆਨ ਦੇ ਬਿਆਨ ਦਾ ਸਖਤ ਨੋਟਿਸ ਲੈਂਦਿਆਂ ਕਿਹਾ ਹੈ ਕਿ ਇਹ ਬਹੁਤ ਹੀ ਦੁੱਖਦਾਈ ਗੱਲ ਹੈ ਕਿ ਕਿਸਾਨਾਂ ਨਾਲ ਦੁਰਵਿਵਹਾਰ ਕਰਨ ਵਾਲੀ ਇਸ ਸੰਸਦ ਮੈਂਬਰ ਨੇ ਹੁਣ ਭਾਰਤੀ ਕਿਸਾਨਾਂ ਨੂੰ ਕਾਤਲ, ਬਲਾਤਕਾਰੀ, ਸਾਜ਼ਿਸ਼ਕਰਤਾ ਅਤੇ ਦੇਸ਼ਵਿਰੋਧੀ ਕਹਿਣ ਦਾ ਕਦਮ ਚੁੱਕਿਆ ਹੈ। ਇਹ ਕੋਈ ਹੈਰਾਨੀ ਵਾਲੀ ਗੱਲ ਨਹੀਂ ਹੈ ਕਿ ਉਹ ਅਜਿਹੇ ਬਿਆਨ ਦੇ ਰਹੀ ਹੈ ਕਿਉਂਕਿ ਇਹ ਭਾਜਪਾ ਦੀ ਲੰਬੇ ਸਮੇਂ ਤੋਂ ਦਿੱਲੀ ਦੀਆਂ ਸਰਹੱਦਾਂ 'ਤੇ ਐੱਸ ਕੇ ਐੱਮ ਦੀ ਅਗਵਾਈ ਵਾਲੇ ਇਤਿਹਾਸਕ ਕਾਰਪੋਰੇਟ ਵਿਰੋਧੀ ਕਿਸਾਨ ਅੰਦੋਲਨ ਨੂੰ ਬਦਨਾਮ ਕਰਨ ਦੀ ਸੋਚ ਮੁਤਾਬਕ ਹੈ। ਕਿਸਾਨ ਅੰਦੋਲਨ ਦੀ ਸਭ ਤੋਂ ਮਹੱਤਵਪੂਰਨ ਪ੍ਰਾਪਤੀ ਇਸ ਦਾ ਵਿਸ਼ਾਲ ਚਰਿੱਤਰ ਅਤੇ 736 ਸ਼ਹੀਦਾਂ ਦੀ ਸਰਬੋਤਮ ਕੁਰਬਾਨੀ ਸੀ। ਰਾਜਧਾਨੀ ਦੇ ਆਸ-ਪਾਸ ਕਿਸਾਨ ਸੰਘਰਸ਼ ਦੇ ਪੂਰੇ ਸਮੇਂ ਦੌਰਾਨ ਹਿੰਸਾ 'ਚ ਇੱਕ ਵੀ ਵਿਅਕਤੀ ਦੀ ਮੌਤ ਨਹੀਂ ਹੋਈ।

ਕਿਸਾਨ ਅੰਦੋਲਨ ਬਰਤਾਨਵੀ ਸਾਮਰਾਜਵਾਦ ਵਿਰੁੱਧ ਭਾਰਤੀ ਲੋਕਾਂ ਦੇ ਮਹਾਨ ਬਸਤੀਵਾਦ ਵਿਰੋਧੀ ਸੰਘਰਸ਼ ਦਾ ਉੱਤਰਾਧਿਕਾਰੀ ਹੈ ਅਤੇ ਅਜੇ ਵੀ ਸਾਮਰਾਜਵਾਦੀ ਕਾਰਪੋਰੇਟ ਤਾਕਤਾਂ ਅਤੇ ਨੀਤੀਆਂ ਵਿਰੁੱਧ ਲੜਦਾ ਹੈ। ਕੰਗਣਾ ਰਣੌਤ ਲਈ ਬਿਹਤਰ ਹੋਵੇਗਾ ਕਿ ਉਹ ਭਾਰਤ 'ਚ ਕਿਸਾਨ ਅੰਦੋਲਨ ਨੂੰ ਦੇਸ਼ ਵਿਰੋਧੀ ਕਹਿਣ ਤੋਂ ਪਹਿਲਾਂ ਉਸ ਦੇ ਇਤਿਹਾਸ ਅਤੇ ਰਾਜਨੀਤੀ ਨੂੰ ਜਾਣਨ ਦੀ ਕੋਸ਼ਿਸ਼ ਕਰੇ। ਸੰਯੁਕਤ ਕਿਸਾਨ ਮੋਰਚੇ ਨੇ ਮੰਗ ਕੀਤੀ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਖੁਦ ਉਨ੍ਹਾ ਦੀ ਪਾਰਟੀ ਦੀ ਸਾਂਸਦ ਦੁਆਰਾ ਕੀਤੀ ਗਈ ਨਿੰਦਣਯੋਗ ਅਤੇ ਝੂਠੀ ਟਿੱਪਣੀ ਲਈ ਭਾਰਤ ਦੇ ਕਿਸਾਨਾਂ ਤੋਂ ਮੁਆਫੀ ਮੰਗਣ। ਮੋਰਚਾ ਅੱਗੇ ਮੰਗ ਕਰਦਾ ਹੈ ਕਿ ਰਣੌਤ ਤੁਰੰਤ ਭਾਰਤ ਦੇ ਕਿਸਾਨਾਂ ਤੋਂ ਉਸ ਦੇ ਅਣਉਚਿਤ ਅਤੇ ਗਲਤ ਬਿਆਨਾਂ ਲਈ ਬਿਨਾਂ ਸ਼ਰਤ ਮੁਆਫੀ ਮੰਗੇ। ਅਜਿਹਾ ਨਾ ਕਰਨ 'ਤੇ ਮੋਰਚੇ ਕੋਲ ਉਸ ਦੇ ਜਨਤਕ ਬਾਈਕਾਟ ਦਾ ਸੱਦਾ ਦੇਣ ਤੋਂ ਇਲਾਵਾ ਕੋਈ ਵਿਕਲਪ ਨਹੀਂ ਹੋਵੇਗਾ।

# ਅਦਾਕਾਰ ਨੂੰ ਐਸ਼ ਕਰਾਉਂਦੇ 7 ਜੇਲ੍ਹ ਅਧਿਕਾਰੀ ਮੁਅੱਤਲ

**ਬੇਂਗਲੁਰੂ** : ਰੇਣੁਕਾਸਵਾਮੀ ਕਤਲ ਕੇਸ 'ਚ ਨਿਆਂਇਕ ਹਿਰਾਸਤ 'ਚ ਕੰਨੜ ਅਦਾਕਾਰ ਦਰਸ਼ਨ ਨੂੰ ਜੇਲ੍ਹ 'ਚ ਕਥਿਤ ਤੌਰ 'ਤੇ ਵਿਸ਼ੇਸ਼ ਸਹੂਲਤਾਂ ਦੇਣ ਦੇ ਦੋਸ਼ 'ਚ 7 ਜੇਲ੍ਹ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਐਤਵਾਰ ਨੂੰ ਸੋਸ਼ਲ ਮੀਡੀਆ 'ਤੇ ਹੱਥ ਵਿਚ ਕੌਫੀ ਦੇ ਮਗ ਨਾਲ ਸਿਗਰਟ ਪੀ ਰਹੇ ਅਦਾਕਾਰ ਦੀ ਤਸਵੀਰ ਆਉਣ ਕਾਰਨ ਵਿਵਾਦ ਪੈਦਾ ਹੋ ਗਿਆ ਸੀ। ਜਾਂਚ ਤੋਂ ਬਾਅਦ ਪਰਪੰਨਾ ਅਗਰਾਹਾ ਦੀ ਕੇਂਦਰੀ ਜੇਲ੍ਹ ਦੇ ਸੁਪਰਡੈਂਟ ਦਾ ਵੀ ਤਬਾਦਲਾ ਕਰ ਦਿੱਤਾ ਗਿਆ ਹੈ। ਤਸਵੀਰ 'ਚ ਦਰਸ਼ਨ ਤਿੰਨ ਹੋਰ ਵਿਅਕਤੀਆਂ ਦੇ ਨਾਲ ਜੇਲ੍ਹ ਦੇ ਅਹਾਤੇ 'ਚ ਕੁਰਸੀ ਉੱਤੇ ਆਰਾਮ ਨਾਲ ਬੈਠਾ ਨਜ਼ਰ ਆ ਰਿਹਾ ਹੈ। ਉਸ ਦੇ ਨਾਲ ਮੌਜੂਦ ਤਿੰਨ ਵਿਅਕਤੀਆਂ ਵਿੱਚੋਂ ਦੋ ਕਥਿਤ ਅਪਰਾਧੀ ਹਨ।


ਜੇਲ੍ਹ ਵਿਚ ਸਾਥੀਆਂ ਨਾਲ ਬੈਠਾ ਦਰਸ਼ਨ (ਸੱਜੇ) ਕੌਫੀ ਤੇ ਸਿਗਰਟ ਦਾ ਲੁਤਫ ਉਠਾਉਂਦਾ ਹੋਇਆ।

# ਔਰਤਾਂ ਵਿਰੁੱਧ ਹਿੰਸਾ ਨੂੰ ਖਤਮ ਕਰਨ ਲਈ ਇਕੱਠੇ ਹੋ ਕੇ ਲੜਨ ਦਾ ਸੱਦਾ

**ਲੁਧਿਆਣਾ (ਐੱਮ ਐੱਸ ਭਾਟੀਆ)**
ਕੇਂਦਰੀ ਟਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚੇ ਦੀ ਨਵੀਂ ਦਿੱਲੀ ਵਿਖੇ ਹੋਈ ਮੀਟਿੰਗ ਤੋਂ ਬਾਅਦ ਸਾਂਝੇ ਤੌਰ 'ਤੇ ਜਾਰੀ ਬਿਆਨ ਵਿੱਚ ਕਿਹਾ ਗਿਆ ਕਿ ਕੋਲਕਾਤਾ ਦੇ ਆਰ ਜੀ ਕਾਰ ਮੈਡੀਕਲ ਕਾਲਜ ਵਿੱਚ ਇੱਕ



ਨੌਜਵਾਨ ਡਾਕਟਰ ਦੇ ਬੇਰਹਿਮੀ ਨਾਲ ਬਲਾਤਕਾਰ ਅਤੇ ਕਤਲ ਨੇ ਨਾ ਸਿਰਫ਼ ਮੈਡੀਕਲ ਭਾਈਚਾਰੇ ਨੂੰ ਝੰਜੋੜਿਆ ਹੈ, ਸਗੋਂ ਸਮਾਜ ਦੇ ਸਾਰੇ ਵਰਗਾਂ ਦੇ ਲੋਕਾਂ ਨੂੰ ਗੁੱਸੇ ਵਿੱਚ ਪਾਇਆ ਹੈ। ਜਾਂਚ ਵਿੱਚ ਅਜੇ ਤੱਕ ਕੋਈ ਭਰੋਸੇਯੋਗ ਸਫਲਤਾ ਨਹੀਂ ਮਿਲੀ। ਸਾਰੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਜਨਤਕ ਮੰਗ ਕੀਤੀ ਗਈ।

ਬਿਆਨ 'ਚ ਕਿਹਾ ਗਿਆ ਕਿ ਇਹ ਹੋਰ ਵੀ ਹੈਰਾਨ ਕਰਨ ਵਾਲੀ ਗੱਲ ਹੈ ਕਿ ਕੋਲਕਾਤਾ ਮਾਮਲੇ ਤੋਂ ਬਾਅਦ ਪਿਛਲੇ ਦਸ ਦਿਨਾਂ ਦੌਰਾਨ ਦੇਸ਼ ਦੇ ਹੋਰ ਕਈ ਹਿੱਸਿਆਂ ਵਿੱਚ ਵਹਿਸ਼ੀਆਨਾ ਜਿਨਸੀ ਹਿੰਸਾ ਦੀਆਂ ਘਟਨਾਵਾਂ ਵਾਪਰੀਆਂ ਹਨ ਕੋਲਕਾਤਾ ਮਾਮਲੇ ਦੇ ਪੰਜ ਦਿਨ ਬਾਅਦ ਹੀ ਉੱਤਰਾਖੰਡ ਦੇ ਦੇਹਰਾਦੂਨ ਵਿੱਚ ਪੰਜਾਬ ਦੀ ਇੱਕ ਨਾਬਾਲਗ ਲੜਕੀ ਨਾਲ ਬੱਸ ਵਿੱਚ ਬਲਾਤਕਾਰ ਕੀਤਾ ਗਿਆ। ਮਹਾਰਾਸ਼ਟਰ ਦੇ ਇੱਕ ਸਕੂਲ ਵਿੱਚ ਦੋ ਚਾਰ-ਚਾਰ ਸਾਲਾਂ ਦੀਆਂ ਬੱਚੀਆਂ ਦਾ ਜਿਨਸੀ ਸ਼ੋਸ਼ਣ ਕੀਤਾ ਗਿਆ। ਆਸਾਮ ਵਿੱਚ ਇੱਕ ਨਾਬਾਲਗ ਨਾਲ ਸਮੂਹਿਕ ਬਲਾਤਕਾਰ ਕੀਤਾ ਗਿਆ।

ਐੱਨ ਸੀ ਆਰ ਬੀ (ਨੈਸ਼ਨਲ ਕਰਾਈਮ ਰਿਪੋਰਟ ਬਿਊਰੋ) ਦੇ ਅਨੁਸਾਰ ਭਾਰਤ ਵਿੱਚ ਹਰ ਰੋਜ਼ ਲਗਭਗ 91 ਔਰਤਾਂ/ ਲੜਕੀਆਂ ਨਾਲ ਬਲਾਤਕਾਰ ਹੁੰਦਾ ਹੈ, ਜਦੋਂ ਕਿ 2012 ਵਿੱਚ ਇਹ ਅੰਕੜਾ 68 ਸੀ। ਗੈਰ-ਰਿਪੋਰਟ ਕੀਤੇ ਗਏ ਅੰਕੜੇ ਬਹੁਤ ਜ਼ਿਆਦਾ ਹਨ, ਕਿਉਂਕਿ ਬਹੁਤ ਸਾਰੇ ਮਾਮਲਿਆਂ ਵਿੱਚ ਪੀੜਤਾਂ ਨੂੰ ਪੈਸੇ ਅਤੇ ਤਾਕਤ ਨਾਲ ਚੁੱਪ ਕਰਵਾ ਦਿੱਤਾ ਜਾਂਦਾ ਹੈ ਜਾਂ ਬਹੁਤ ਸਾਰੇ ਪੁਲਸ ਅਤੇ ਨਿਆਂ ਪਾਲਿਕਾ ਵਿੱਚ ਵਿਸ਼ਵਾਸ ਦੀ ਘਾਟ ਅਤੇ ਸਮਾਜਿਕ ਕਲੰਕ ਕਾਰਨ ਆਪਣੇ ਕੇਸਾਂ ਦੀ ਰਿਪੋਰਟ ਨਹੀਂ ਕਰਦੇ। ਸਾਡੇ ਦੇਸ਼ ਵਿੱਚ ਹਰ ਘੰਟੇ ਔਰਤਾਂ ਵਿਰੁੱਧ 51 ਅਪਰਾਧ ਦਰਜ ਹੁੰਦੇ ਹਨ। ਆਰ ਜੀ ਕਾਰ ਦੀ ਘਟਨਾ ਕੰਮ ਵਾਲੀ ਥਾਂ 'ਤੇ ਔਰਤਾਂ ਦੀ ਸੁਰੱਖਿਆ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ, ਖਾਸ ਕਰਕੇ ਸਿਹਤ ਖੇਤਰ 'ਚ ,

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਘੂਰੀ ਵੱਟੀ ਕੁਝ ਕੰਗਨਾ ਵੱਲ ਭਾਜਪਾ ਨੇ,
ਕਿਹਾ ਹੈ ਹੋਸ਼ ਨਾਲ ਵਰਤ ਜ਼ਬਾਨ ਬੀਬੀ।
ਜੋ ਕੁਝ ਮੂੰਹ ਆਉਂਦਾ, ਐਵੇਂ ਕਹੀ ਜਾਵੇਂ,
ਕੀਤਾ ਨਾ ਪੱਧਰ ਦਾ ਕੋਈ ਧਿਆਨ ਬੀਬੀ।
ਪੁਆੜਾ ਪੂਰੇ ਪੰਜਾਬ ਵਿੱਚ ਪਾਉਣ ਲੱਗੀ,
ਖਿਝਾਏ ਪਹਿਲਾਂ ਹਨ ਬੜੇ ਕਿਸਾਨ ਬੀਬੀ।
ਨਾਲੇ ਲੋਕਾਂ ਨੂੰ ਕਿਹਾ ਜੋ ਇਹ ਆਖਦੀ ਜੀ,
ਪੂਰਾ ਹੀ ਕਰਦੀ ਆ ਨਿੱਜੀ ਬਿਆਨ ਬੀਬੀ।
ਨੀਤੀ ਭਾਜਪਾ ਨੇ ਲਿਆਂਦੀ ਨਵੀਂ ਜਿਹੜੀ,
ਨਹੀਂ ਕੋਈ ਪੰਜਾਬ ਦੇ ਨਾਲ ਸੰਬੰਧ ਬੇਲੀ।
ਲੱਗਾ ਝਟਕਾ ਹਰਿਆਣੇ ਵੱਲ ਸੁਣੀਂਦਾ ਈ,
ਹਿੱਲ ਗਏ ਚੋਣਾਂ ਲਈ ਕੀਤੇ ਪ੍ਰਬੰਧ ਬੇਲੀ।

-ਤੀਸ ਮਾਰ ਖਾਂ

# ਰੋਡਵਾਈਆਂ ਵੱਲੋਂ ਮੰਗਾਂ ਮਨਾਉਣ ਲਈ ਐਕਸ਼ਨ ਪਲਾਨ ਤਿਆਰ

## 6 ਨੂੰ ਪੰਜਾਬ ਰੋਡਵੇਜ਼ ਤੇ ਪੀ ਆਰ ਟੀ ਸੀ ਦੇ ਸਾਰੇ ਡਿਪੂਆਂ ਦੇ ਗੇਟਾਂ 'ਤੇ ਰੈਲੀਆਂ ਤੇ 13 ਨੂੰ ਲੁਧਿਆਣਾ 'ਚ ਵਿਸ਼ਾਲ ਰੈਲੀ

**ਪਟਿਆਲਾ** : ਪੰਜਾਬ ਰੋਡਵੇਜ਼/ਪਨਬਸ ਅਤੇ ਪੀ ਆਰ ਟੀ ਸੀ ਦੇ ਅਦਾਰਿਆਂ ਨੂੰ ਸਰਕਾਰ ਤੇ ਮੈਨੇਜਮੈਂਟ ਵੱਲੋਂ ਨਜ਼ਰਅੰਦਾਜ਼ ਕਰਕੇ ਜਾਣੇ-ਅਣਜਾਣੇ ਖਤਮ ਕਰਨ, ਵਰਕਰਾਂ ਦੀਆਂ ਕਾਨੂੰਨੀ ਤੌਰ 'ਤੇ ਵਾਜਬ ਮੰਗਾਂ ਨੂੰ ਮੰਨਣ ਤੋਂ



ਇਨਕਾਰ, ਕੰਟਰੈਕਟ ਵਰਕਰਾਂ ਨੂੰ ਰੈਗੂਲਰ ਕਰਨ ਨੂੰ ਕਮੇਟੀਆਂ ਦੇ ਚੱਕਰਾਂ ਵਿੱਚ ਪਾ ਕੇ ਲਟਕਾਉਣ, ਪਿਛਲੇ ਢਾਈ ਸਾਲਾਂ ਤੋਂ ਸਰਕਾਰੀ ਟਰਾਂਸਪੋਰਟ ਵਿੱਚ ਇੱਕ ਵੀ ਨਵੀਂ ਬੱਸ ਨਾ ਪਾ ਕੇ ਟਰਾਂਸਪੋਰਟ ਮਾਫੀਏ ਨੂੰ ਸਿੱਧੇ ਤੌਰ 'ਤੇ ਲਾਭ ਪਹੁੰਚਾਉਣ, ਇਨ੍ਹਾਂ ਦੋਨਾਂ ਅਦਾਰਿਆਂ ਵਿੱਚ ਕੰਮ ਸੱਭਿਆਚਾਰ ਬੁਰੀ ਤਰ੍ਹਾਂ ਬਰਬਾਦ ਕਰਕੇ ਅਫਰਾ-ਤਫਰੀ ਦਾ ਮਾਹੌਲ ਬਣਾਉਣ, ਦੋਨਾਂ ਅਦਾਰਿਆਂ ਦਾ ਪ੍ਰਬੰਧਕੀ ਢਾਂਚਾ ਬੁਰੀ ਤਰ੍ਹਾਂ ਫੇਲ੍ਹ ਕਰਨ, ਸਰਕਾਰੀ ਟਰਾਂਸਪੋਰਟ ਨੂੰ ਦਰਪੇਸ਼ ਮੁਸ਼ਕਲਾਂ ਦੀ ਜ਼ਰਾ ਜਿੰਨੀ ਵੀ ਚਿੰਤਾ ਨਾ ਕਰਨ, ਭ੍ਰਿਸ਼ਟਾਚਾਰ ਸਿਖਰਾਂ ਛੂਹਣ ਆਦਿ ਜਿਹੇ ਮੁੱਦਿਆਂ ਨੂੰ ਲੈ ਕੇ ਐਕਸ਼ਨ ਪ੍ਰੋਗਰਾਮ ਦੀ ਰੂਪਰੇਖਾ ਤਿਆਰ ਕਰਨ ਲਈ ਬੀਤੇ ਦਿਨ ਪੰਜਾਬ ਰੋਡਵੇਜ਼ ਅਤੇ ਪੀ ਆਰ ਟੀ ਸੀ ਦੀਆਂ ਵੱਖ-ਵੱਖ ਜਥੇਬੰਦੀਆਂ 'ਤੇ ਆਧਾਰਤ ਸਾਂਝੀਆਂ ਐਕਸ਼ਨ ਕਮੇਟੀਆਂ 'ਚ ਸ਼ਾਮਲ ਯੂਨੀਅਨਾਂ ਦੇ 70 ਤੋਂ ਵੱਧ ਨੁਮਾਇੰਦਿਆਂ ਨੇ ਨਿਰਮਲ ਸਿੰਘ ਧਾਲੀਵਾਲ ਕਨਵੀਨਰ ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਅਤੇ ਸੁਖਵਿੰਦਰ ਸਿੰਘ ਕਨਵੀਨਰ ਪੰਜਾਬ ਰੋਡਵੇਜ਼/ਪਨਬਸ ਯੂਨੀਅਨਜ਼ ਦੀ ਕਨਵੀਨਰਸ਼ਿਪ ਹੇਠ ਭਰਵੀਂ ਮੀਟਿੰਗ ਕੀਤੀ। ਇਸ 'ਚ 4 ਘੰਟੇ ਤੱਕ ਅਦਾਰਿਆਂ ਤੇ ਵਰਕਰਾਂ ਦੇ ਮਸਲਿਆਂ ਉਪਰ ਬੜੀ ਹੀ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਕਿ 6 ਸਤੰਬਰ ਨੂੰ ਪੰਜਾਬ ਰੋਡਵੇਜ਼ ਅਤੇ ਪੀ ਆਰ ਟੀ ਸੀ ਦੇ ਸਾਰੇ ਡਿਪੂਆਂ ਦੇ ਗੇਟਾਂ 'ਤੇ

● ਬਾਕੀ ਸਫ਼ਾ 2 'ਤੇ

OVER 100 YEARS OF SELFLESS SERVICE TO HUMANITY
LYALLPUR KHALSA COLLEGE JALANDHAR
Winner of University Cultural and Sports Championships
University Toppers : 176
ADMISSION 2024-25 (As per NEP-2020)
Placements : 427
for Under Graduate, Post Graduate and Diploma Courses
for more information & admission visit college website
www.lkc.ac.in
Lush Green & Centrally Located Campus
FOR ADMISSION QUERIES:
Prof. Vivek Mahajan, 99152-76303 (for Commerce Students)
Prof. Sandeep Singh, 94659-23780 (for Computer Sc. Students)
Prof. Amritpal Singh, 85588-42138 (for Science Students)
Prof. Karanbir Singh, 98888-18301(for Arts Students)
SCHOLARSHIPS FOR MERITORIOUS STUDENTS
LOW FEE STRUCTURE
SEPARATE A.C. HOSTEL FACILITY FOR BOYS AND GIRLS
Sardarni Balbir Kaur, President, Governing Council
www.facebook.com/lkc.ja
0181-2241466, 67
Dr. Jaspal Singh, Principal

27-AUG-PAGE-1.qxd 8/26/2024 8:19 PM Page 2



## ਹਲਕੇ ਦੇ ਲੋਕਾਂ ਦਾ ਜ਼ਿੰਦਗੀ ਭਰ ਰਿਣੀ ਰਹਾਂਗਾ : ਸਰਬਜੀਤ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਾਰਲੀਮੈਂਟ ਮੈਂਬਰ ਭਾਈ ਸਰਬਜੀਤ ਸਿੰਘ ਖਾਲਸਾ ਵੱਲੋਂ ਮੋਗਾ ਜ਼ਿਲ੍ਹੇ ਦੇ ਪਿੰਡਾਂ ਘੱਲ ਕਲਾਂ, ਸਲੀਣਾ, ਨਿੱਧਾਂਵਾਲਾ, ਦੌਲਤਪੁਰਾ, ਕਾਲੀਏ ਵਾਲਾ, ਸੱਦਾ ਸਿੰਘ ਵਾਲਾ ਆਦਿ ਦਾ ਧੰਨਵਾਦੀ ਦੌਰਾ ਕਰਕੇ ਦਾ ਦੌਰਾ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਭਾਈ ਸਰਬਜੀਤ ਸਿੰਘ ਖਾਲਸਾ ਨੇ ਕਿਹਾ ਕਿ ਇਸ ਵਾਰ ਲੋਕ ਸਭਾ ਹਲਕਾ ਫਰੀਦਕੋਟ ਦੇ ਨਤੀਜੇ ’ਤੇ ਦੁਨੀਆ ਭਰ ਦੇ ਲੋਕਾਂ ਦੀਆਂ ਨਜ਼ਰਾਂ ਲੱਗੀਆਂ ਹੋਈਆਂ ਸਨ। ਹਲਕੇ ਦੇ ਵੋਟਰਾਂ ਨੇ ਜਿਸ ਤਰ੍ਹਾਂ ਵੱਡੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਨਕਾਰ ਕੇ ਉਨ੍ਹਾਂ ਨੂੰ ਜਿੱਤ ਦਿਵਾਈ ਹੈ, ਉਸ ਲਈ ਉਹ ਹਲਕੇ ਦੇ ਲੋਕਾਂ ਦਾ ਜ਼ਿੰਦਗੀ ਭਰ ਰਿਣੀ ਰਹੇਗਾ। ਭਾਈ ਖਾਲਸਾ ਨੇ ਕਿਹਾ ਕਿ ਸਮੇਂ ਦੀ ਘਾਟ ਕਾਰਨ ਉਹ ਹਲਕਾ ਫਰੀਦਕੋਟ ਦੇ ਬਹੁਤੇ ਪਿੰਡਾਂ ਵਿੱਚ ਜਾ ਕੇ ਚੋਣ ਪ੍ਰਚਾਰ ਵੀ ਨਹੀਂ ਸਕੇ, ਪਰ ਫਿਰ ਵੀ ਇਨ੍ਹਾਂ ਪਿੰਡਾਂ ਦੇ ਵੋਟਰਾਂ ਨੇ ਉਨ੍ਹਾਂ ਨੂੰ ਬਹੁਤ ਵੱਡੀ ਲੀਡ ਦਿਵਾਈ। ਇਸ ਮੌਕੇ ਵੱਖ ਵੱਖ ਪਿੰਡਾਂ ਵਿੱਚ ਲੋਕਾਂ ਵੱਲੋਂ ਮੰਗਾਂ ਸਬੰਧੀ ਮੰਗ ਪੱਤਰ ਵੀ ਸੌਂਪੇ ਗਏ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਫਰੀਦਕੋਟ ਹਲਕੇ ’ਚ ਵਿਚਰਦਿਆਂ ਇਥੋਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ’ਤੇ ਹੱਲ ਕਰਨ ਲਈ ਯਤਨਸ਼ੀਲ ਰਹਾਂਗਾ। ਇਸ ਸਮੇਂ ਸੰਗਤ ਵੱਲੋਂ ਭਾਈ ਸਰਬਜੀਤ ਸਿੰਘ ਖਾਲਸਾ ਦਾ ਸਨਮਾਨ ਵੀ ਕੀਤਾ ਗਿਆ।

## ਪੰਜਾਬ ਕਾਨਵੈਂਟ ਸਕੂਲ ਨੇ ਜ਼ੋਨ ਪੱਧਰੀ ਸ਼ਤਰੰਜ ਮੁਕਾਬਲੇ ’ਚ ਮਾਰੀਆਂ ਮੱਲਾਂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਨਾਮਵਰ ਸੰਸਥਾ ਪੰਜਾਬ ਕਾਨਵੈਂਟ ਸਕੂਲ ਬਾਘਾ ਪੁਰਾਣਾ ਜਿੱਥੇ ਵਿੱਦਿਅਕ ਖੇਤਰ ਵਿੱਚ 100% ਨਤੀਜੇ ਦੇ ਰਹੀ ਹੈ, ਉੱਥੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਵੀ ਹਾਮੀ ਭਰਦੀ ਹੈ।ਤੰਦਰੁਸਤ ਸਿਹਤ ਲਈ ਯੋਗਾ ਦੇ ਨਾਲ-ਨਾਲ ਵੱਖ-ਵੱਖ ਖੇਡਾਂ ਵਿੱਚ ਭਾਗ ਲੈਣ ਲਈ ਵੀ ਵਿਦਿਆਰਥੀਆਂ ਨੂੰ ਹੱਲਾਸ਼ੇਰੀ ਦੇ ਰਹੀ ਹੈ।ਸੈਸ਼ਨ 2024-25 ਦੀਆਂ ਜ਼ੋਨ ਪੱਧਰੀ ਖੇਡਾਂ ਸ.ਸ.ਸ. ਸਕੂਲ ਲੰਗੇਆਣਾ ਖੁਰਦ ਵਿੱਚ ਹੋਈਆਂ ਇਨ੍ਹਾਂ ਖੇਡਾਂ ਵਿੱਚ ਸ਼ਤਰੰਜ ਅੰਡਰ-14 ਸਾਲ ਵਿੱਚੋਂ ਲੜਕੀਆਂ ਤੇ ਲੜਕਿਆਂ ਨੇ ਪਹਿਲਾ ਤੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ।ਇਸ ਸਮੇਂ ਸਕੂਲ ਦੇ ਡਾਇਰੈਕਟਰ ਅਜੇਪਾਲ ਸਿੰਘ ਤੇ ਪ੍ਰਿੰਸੀਪਲ ਮੈਡਮ ਨੀਲਿਮਾ ਨੇ ਜੇਤੂ ਖਿਡਾਰੀਆਂ ਤੇ ਹੈੱਡ ਡੀ.ਪੀ.ਈ. ਜਸਵਿੰਦਰ ਸਿੰਘ ਅਤੇ ਡੀ.ਪੀ.ਈ. ਅਮਰਜੀਤ ਸਿੰਘ ਤੇ ਡੀ.ਪੀ.ਈ. ਮੈਡਮ ਵੀਰਪਾਲ ਕੌਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਉਨ੍ਹਾ ਨੂੰ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਹੱਲਾਸ਼ੇਰੀ ਦਿੱਤੀ।ਇਸ ਮੌਕੇ ਚੇਅਰਮੈਨ ਆਰ ਕੇ ਗੁਪਤਾ, ਵਾਈਸ ਚੇਅਰਮੈਨ ਰਮਨ ਕੁਮਾਰ (ਰਿੰਪੀ ਮਿੱਤਲ), ਮੈਂਬਰ ਬਲਵਿੰਦਰ ਸਿੰਘ, ਪਰਮਜੀਤ ਸਿੰਘ, ਰਚਨਾ ਮਿੱਤਲ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ।

## ਪ੍ਰਬੁਧ ਭਾਰਤ ਫਾਉਂਡੇਸ਼ਨ ਵੱਲੋਂ 15ਵੀਂ ਪ੍ਰਤੀਯੋਗਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਬਾਬਾ ਸਾਹਿਬ ਡਾਕਟਰ ਬੀ ਆਰ ਅੰਬੇਡਕਰ ਜੀ ਦੇ ਮਿਸ਼ਨ ਨੂੰ ਜਨ-ਜਨ ਤੱਕ ਪਹੁੰਚਾਉਣ ਦੇ ਮਕਸਦ ਨਾਲ ਪ੍ਰਬੁਧ ਭਾਰਤ ਫਾਉਂਡੇਸ਼ਨ (ਪੰਜਾਬ) ਵੱਲੋਂ 15ਵੀਂ ਪ੍ਰਤੀਯੋਗਤਾ ਡਾਕਟਰ ਬੀ ਆਰ ਅੰਬੇਡਕਰ ਮਾਰਗ ਸਥਿਤ ਸ੍ਰੀ ਗੁਰੂ ਰਵਿਦਾਸ ਮੰਦਰ ਵਿਖੇ ਬਾਬਾ ਸਾਹਿਬ ਚੇਤਨਾ ਮਿਸ਼ਨ ਦੀ ਅਗਵਾਈ ਹੇਠ ਕਰਵਾਈ ਗਈ, ਜਿਸ ਵਿੱਚ ਲੱਗਭੱਗ 50 ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੌਕੇ ਦਾਨੀ ਸੱਜਣਾਂ ਵੱਲੋਂ ਪ੍ਰਤੀਯੋਗਤਾ ਦੇਣ ਆਏ ਵਿਦਿਆਰਥੀਆਂ ਲਈ ਚਾਹ-ਪਾਣੀ ਦਾ ਪ੍ਰਬੰਧ ਕੀਤਾ ਗਿਆ। ਚੇਤਨਾ ਮਿਸ਼ਨ ਦੇ ਪ੍ਰਧਾਨ ਐਡਵੋਕੇਟ ਸ੍ਰੀ ਨਰਿੰਦਰ ਪਾਲ ਖਿੱਚੀ ਨੇ ਸਮੁੱਚੀ ਟੀਮ ਦਾ ਧੰਨਵਾਦ ਕੀਤਾ।ਮੁੱਖ ਭੂਮਿਕਾ ਮਾਸਟਰ ਸੁਰਿੰਦਰ ਕੁਮਾਰ, ਰਾਕੇਸ਼ ਕੁਮਾਰ ਖਿੱਚੀ, ਬਲਦੇਵ ਤੰਵਰ, ਲੱਛਮਣ ਦਾਸ ਖਿੱਚੀ, ਛਿੰਦਰਪਾਲ, ਡਾਕਟਰ ਦਲੀਪ ਸਿੰਘ, ਜਗਜੀਤ ਸੈਕਟਰੀ ਤੇ ਸ੍ਰੀ ਰੋਸ਼ਨ ਲਾਲ ਆਦਿ ਵੱਲੋਂ ਨਿਭਾਈ ਗਈ।

## ਪ੍ਰਬੁੱਧ ਭਾਰਤ ਫਾਉਂਡੇਸ਼ਨ ਦੇ ਸਹਿਯੋਗ ਨਾਲ ਕਰਵਾਏ ਵਿੱਦਿਅਕ ਮੁਕਾਬਲੇ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਪ੍ਰਬੁੱਧ ਭਾਰਤ ਫਾਉਂਡੇਸ਼ਨ ਤੇ ਪਿੰਡਾਂ ਦੀਆਂ ਡਾ. ਭੀਮ ਰਾਓ ਅੰਬੇਡਕਰ ਵੈੱਲਫੇਅਰ ਕਮੇਟੀਆਂ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ ਨੂੰ ਸਮਰਪਤ ਪ੍ਰਬੁੱਧ ਭਾਰਤ ਫਾਉਂਡੇਸ਼ਨ ਦੇ ਸਹਿਯੋਗ ਨਾਲ ਇਨਾਮੀ ਵਿੱਦਿਅਕ ਪ੍ਰੀਖਿਆ ਬੁਢਲਾਡਾ ਹਲਕੇ ਦੇ ਵੱਖ ਵੱਖ ਪਿੰਡਾਂ, ਸ਼ਹਿਰਾਂ ਵਿਖੇ ਕਰਵਾ ਕੇ ਵਿਦਿਆਰਥੀਆਂ ਨੂੰ ਬਾਬਾ ਸਾਹਿਬ ਦੀ ਵਿਚਾਰਧਾਰਾ ਨਾਲ ਜੋੜਨ ਦਾ ਨਿਵੇਕਲਾ ਉਪਰਾਲਾ ਕੀਤਾ ਗਿਆ।ਇਸ ਮੌਕੇ ਬਾਬਾ ਸਾਹਿਬ ਦੇ ਜੀਵਨ ਤੇ ਵਿਚਾਰਧਾਰਾ ’ਤੇ ਵੱਖ ਵੱਖ ਬੁਲਾਰਿਆਂ ਵੱਲੋਂ ਚਾਨਣਾ ਪਾਇਆ ਗਿਆ।ਇਸ ਦੇ ਨਾਲ ਹੀ ਬਾਬਾ ਸਾਹਿਬ ਦੀ ਜੀਵਨੀ ਤੇ ਭਾਰਤੀ ਸੰਵਿਧਾਨ ਬਾਰੇ ਪ੍ਰਬੁੱਧ ਭਾਰਤ ਫਾਉਂਡੇਸ਼ਨ ਵੱਲੋਂ ਹਰ ਸਾਲ ਦੀ ਤਰ੍ਹਾਂ ਇੱਕ ਇਨਾਮੀ ਵਿੱਦਿਅਕ ਪ੍ਰੀਖਿਆ ਦਾ ਆਯੋਜਨ ਕਰਵਾਇਆ ਗਿਆ, ਜਿਸ ਵਿੱਚ 1500 ਦੇ ਕਰੀਬ ਬੱਚਿਆਂ ਨੇ ਭਾਗ ਲਿਆ, ਜਿਨ੍ਹਾਂ ਨੂੰ ਅੰਤਿਮ ਨਤੀਜਾ ਆਉਣ ’ਤੇ ਪ੍ਰਬੁੱਧ ਭਾਰਤ ਫਾਉਂਡੇਸ਼ਨ ਵੱਲੋਂ ਐਲਾਨੀ ਇਨਾਮੀ ਰਾਸ਼ੀ ਕ੍ਰਮਵਾਰ 50000, 20000 ਤੇ 10000 ਰੁਪਏ ਨਾਲ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਸੈਂਟਰ ਇੰਚਾਰਜ ਪੂਰਨ ਸਿੰਘ, ਸੋਨੂੰ ਕਟਾਰੀਆ ਬੁਢਲਾਡਾ ਵੱਲੋਂ ਸੈਂਟਰ ਹੈੱਡ ਦੀ ਭੂਮਿਕਾ ਨਿਭਾਈ ਗਈ ਤੇ ਪੂਰੀ ਪ੍ਰਕਿਰਿਆ ਨੂੰ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਗਿਆ।

## ਕੰਗਣਾ ਰਣੌਤ ਵੱਲੋਂ ਬੇਤੁਕੀ ਬਿਆਨਬਾਜ਼ੀ ਪੰਜਾਬ ਦੀ ਸ਼ਾਂਤੀ ਲਈ ਖਤਰਾ : ਹਰਸਿਮਰਤ ਬਾਦਲ



**ਮਲੋਟ (ਗੁਰਮੀਤ ਸਿੰਘ ਮੱਕੜ)**-ਲੋਕ ਸਭਾ ਹਲਕਾ ਬਠਿੰਡਾ ਤੋਂ ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਵੱਲੋਂ ਹਲਕਾ ਲੰਬੀ ਦੇ ਅੱਧੀ ਦਰਜਨ ਦੇ ਕਰੀਬ ਪਿੰਡਾਂ ਵਿੱਚ ਧੰਨਵਾਦੀ ਦੌਰਾ ਕੀਤਾ ਗਿਆ। ਉਹ ਪਿੰਡ ਕਰਮਗੜ੍ਹ, ਕੱਟਿਆਂਵਾਲੀ, ਪੱਕੀ ਟਿੱਬੀ, ਗੁਰੂਸਰ ਜੋਧਾ, ਲੰਬੀ ਆਦਿ ਪਿੰਡਾਂ ਵਿੱਚ ਲੋਕ ਸਭਾ ਚੋਣ ਜਿੱਤਣ ਤੋਂ ਬਾਅਦ ਲੋਕਾਂ ਦਾ ਧੰਨਵਾਦ ਕਰਨ ਪਹੁੰਚੇ ਸਨ, ਜਿਨ੍ਹਾਂ ਨੇ ਪਿੰਡ ਪੱਕੀ ਟਿੱਬੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਾਂਸਦ ਕੰਗਣਾ ਰਣੌਤ ਵੱਲੋਂ ਪੰਜਾਬ ਦੇ ਕਿਸਾਨਾਂ ਪ੍ਰਤੀ ਦਿੱਤੇ ਬੇਤੁਕੇ ਬਿਆਨ ’ਤੇ ਬੋਲਦੇ ਕਿਹਾ ਕਿ ਜਦੋ ਸਹੁੰ ਚੁਕਾਈ ਜਾਂਦੀ ਹੈ ਤਾਂ ਉਸ ਸਮੇਂ ਅਮਨ ਸ਼ਾਂਤੀ ਤੇ ਆਖੰਡਤਾ ਦੀ ਰਾਖੀ ਦੀ ਸਹੁੰ ਚੁਕਾਈ ਜਾਂਦੀ ਹੈ। ਇਸ ਦੇ ਉਲਟ ਉਹ ਅਜਿਹੇ ਬਿਆਨ ਦੇ ਕੇ ਪੰਜਾਬ ਵਿੱਚ ਸ਼ਾਂਤੀ ਭੰਗ ਕਰਨਾ ਚਾਹੁੰਦੀ ਹੈ। ਬੀਬਾ ਬਾਦਲ ਨੇ ਕਿਹਾ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਦਿਨੋਂ-ਦਿਨ ਵਿਗੜ ਰਹੀ ਹੈ ਤੇ ਪੰਜਾਬ ਦਾ ਕੋਈ ਵਾਲੀ ਵਾਰਿਸ ਨਹੀਂ ਹੈ। ਹਰ ਰੋਜ਼ ਗੋਲੀਆਂ ਚੱਲ ਰਹੀਆਂ ਹਨ ਤੇ ਗੈਂਗਸਟਰ ਜੇਲ੍ਹਾਂ ਵਿੱਚ ਇੰਟਰਵਿਊ ਦੇ ਰਹੇ ਹਨ ਅਤੇ ਨਸ਼ਾ ਪੰਜਾਬ ਵਿੱਚ ਪੂਰੀ ਤਰ੍ਹਾਂ ਵਧ ਚੁੱਕਾ ਹੈ, ਜਿਸ ਨੂੰ ਲੈ ਕੇ ਮੁੱਖ ਮੰਤਰੀ ਨੂੰ ਕੋਈ ਪ੍ਰਵਾਹ ਨਹੀਂ ਹੈ ਅਤੇ ਉਹ ਤਾਂ ਸਿਰਫ ਕੇਜਰੀਵਾਲ ਦੀ ਹਾਜ਼ਰੀ ਭਰਨ ਵਿੱਚ ਲੱਗਿਆ ਹੋਇਆ ਹੈ।



ਸ੍ਰੀ ਪ੍ਰਾਚੀਨ ਸ਼ਿਵ ਸ਼ਨੀ ਮੰਦਰ ਸੰਕੀਰਤਨ ਕਰਨ ਉਪਰੰਤ ਵਿਮਲ ਗਰਗ, ਵਿੱਕੀ ਅਤੇ ਰਕੇਸ਼ ਬਾਂਸਲ ਰਿੰਪੀ ਮਾਰਬਲ ਵਾਲਿਆਂ ਨੂੰ ਪ੍ਰਧਾਨ ਰਾਜ ਕੁਮਾਰ ਗਰਗ, ਯੋਗੇਸ਼ ਬਾਂਸਲ ਯੋਗੀ, ਮਨੀਸ਼ ਗਰਗ ਟੀਨੀ, ਮੁੱਖ ਭਜਨ ਗਾਇਕ ਸੁਮਿਤ ਸਾਹਿਲ ਚੰਚਲ ਅਤੇ ਪੰਡਿਤ ਕਾਕੂ ਸ਼ਰਮਾ ਨੇ ਸਨਮਾਨਿਤ ਕੀਤਾ।। (ਫੋਟੋ ਤੇ ਵੇਰਵਾ : ਮਨੀ ਸਿੰਗਲਾ, ਬਾਘਾ ਪੁਰਾਣਾ)



ਸ੍ਰੀ ਪ੍ਰਾਚੀਨ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਕੱਢੀ ਗਈ ਪ੍ਰਭਾਤ ਫੇਰੀ ਦੌਰਾਨ ਵਿਜੇ ਸ਼ਰਮਾ ਤੇ ਅਸ਼ਵਨੀ ਸ਼ਰਮਾ ਦੇ ਗ੍ਰਹਿ ਵਿਖੇ ਸੰਕੀਰਤਨ ਕਰਨ ਉਪਰੰਤ ਉਨ੍ਹਾਂ ਨੂੰ ਸਨਮਾਨਤ ਕਰਦੇ ਹੋਏ ਕਮੇਟੀ ਦੇ ਪ੍ਰਧਾਨ ਬਲਵਿੰਦਰ, ਗਰਗ ਰੋਸ਼ਨ ਲਾਲ ਰੋਸ਼ੀ, ਸੰਦੀਪ ਗੋਇਲ ਠੰਡੂ, ਅਜੇ ਪੁਰੀ, ਨੌਤਮ ਕੰਬੋਜ, ਤੀਰਥ ਬਾਂਸਲ ਤੇ ਹੋਰ।(ਫੋਟੋ ਤੇ ਵੇਰਵਾ : ਮਨੀ ਸਿੰਗਲਾ, ਬਾਘਾ ਪੁਰਾਣਾ)



ਸ੍ਰੀ ਸ਼ਿਵ ਮੰਦਿਰ ਪ੍ਰਬੰਧਕ ਕਮੇਟੀ ਵੱਲੋਂ ਪ੍ਰਭਾਤ ਫੇਰੀ ਦੌਰਾਨ ਪ੍ਰਦੀਪ ਗੋਇਲ ਤੇ ਉਨ੍ਹਾਂ ਦੇ ਸਪੁੱਤਰ ਜਤਿਨ ਗੋਇਲ ਨੂੰ ਸਨਮਾਨਤ ਕਰਦੇ ਹੋਏ ਮੰਦਰ ਕਮੇਟੀ ਦੇ ਪ੍ਰਧਾਨ ਬਲਵਿੰਦਰ ਗਰਗ, ਸੰਦੀਪ ਕੁਮਾਰ ਠੰਡੂ, ਰੋਸ਼ਨ ਲਾਲ ਰੋਸ਼ੀ, ਅਸ਼ਵਨੀ ਸ਼ਰਮਾ, ਪ੍ਰਸ਼ੈਨ ਕੁਮਾਰ ਅਤੇ ਹੋਰ। (ਫੋਟੋ ਤੇ ਵੇਰਵਾ : ਮਨੀ ਸਿੰਗਲਾ, ਬਾਘਾ ਪੁਰਾਣਾ)

## ਗੁਰੂ ਨਾਨਕ ਨੈਸ਼ਨਲ ਕਾਲਜ ’ਚ ਬਾਸਕਟਬਾਲ ਦੇ ਟ੍ਰਾਇਲ ਕਰਾਏ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਸਰੀਰਕ ਸਿੱਖਿਆ ਵਿਭਾਗ ਵੱਲੋਂ ਬਾਸਕਟਬਾਲ ਦੇ ਅੰਤਰ ?ਕਲਾਸ ਟ੍ਰਾਇਲ ਕਰਾਏ ਗਏ।ਡੀਨ ਆਫ਼ ਸਪੋਰਟਸ ਡਾ. ਨਿਰਲੇਪ ਕੌਰ ਨੇ ਦੱਸਿਆ ਕਿ ਯੂਨੀਵਰਸਿਟੀ ਪੱਧਰ ਦੇ ਅੰਤਰ ਕਾਲਜ ਮੁਕਾਬਲਿਆਂ ਦੀ ਤਿਆਰੀ ਕਰਦਿਆਂ ਬਾਸਕਟਬਾਲ ਟੀਮ ਦੀ ਚੋਣ ਲਈ ਕਾਲਜ ਦੇ ਵਿਦਿਆਰਥੀਆਂ ਦਰਮਿਆਨ ਅੰਤਰ ?ਕਲਾਸ ਟ੍ਰਾਇਲ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚ 20 ਲੜਕਿਆਂ ਅਤੇ 20 ਲੜਕੀਆਂ ਨੇ ਭਾਗ ਲਿਆ।ਇਨ੍ਹਾਂ ਮੁਕਾਬਲਿਆਂ ਰਾਹੀਂ 12-12 ਵਿਦਿਆਰਥੀ ਖਿਡਾਰੀਆਂ ਦੀਆਂ ਦੋ ਟੀਮਾਂ (ਲੜਕੇ ਤੇ ਲੜਕੀਆਂ) ਦੀ ਚੋਣ ਕੀਤੀ ਗਈ।ਇਹ ਟੀਮਾਂ ਪੰਜਾਬ ਯੂਨੀਵਰਸਿਟੀ ਵਿੱਚ ਸਤੰਬਰ ਦੇ ਆਖ਼ਰੀ ਹਫ਼ਤੇ ਹੋਣ ਵਾਲੇ ਅੰਤਰ ?ਕਾਲਜ ਮੁਕਾਬਲਿਆਂ ਵਿੱਚ ਭਾਗ ਲੈਣਗੀਆਂ।ਇਸ ਖੇਡ ਗਤੀਵਿਧੀ ਦੇ ਆਯੋਜਨ ਵਿੱਚ ਡਾ. ਕਰਮਜੀਤ ਸਿੰਘ ਤੇ ਕੋਚ ਸ੍ਰੀ ਸਾਹਿਬਜੀਤ ਸਿੰਘ ਨੇ ਯੋਗਦਾਨ ਪਾਇਆ।ਖੇਡ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਰੀਰਕ ਸਿੱਖਿਆ ਵਿਭਾਗ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ।

## ਨਵੇਂ ਟੈਕਸ ਲਗਾ ਕੇ ‘ਆਪ’ ਸਰਕਾਰ ਲੋਕਾਂ ਤੋਂ ਵਸੂਲ ਰਹੀ ਹੈ ਮੁਫਤ ਬਿਜਲੀ ਦੀ ਕੀਮਤ : ਸਿਮਰਜੀਤ ਬੈਂਸ

**ਸਮਰਾਲਾ (ਸੁਰਜੀਤ ਸਿੰਘ)**-ਸੱਤਾ ਵਿੱਚ ਆਉਣ ਤੋਂ ਪਹਿਲਾਂ ਤਾਂ ਆਮ ਆਦਮੀ ਪਾਰਟੀ ਵੱਲੋਂ ਦਾਅਵਾ ਕੀਤਾ ਗਿਆ ਸੀ ਕਿ ਲੋਕਾਂ ਨੂੰ ਮੁਫ਼ਤ ਬਿਜਲੀ ਦਿੱਤੀ ਜਾਵੇਗੀ, ਕਿਉਂਕਿ ਮਾਈਨਿੰਗ ਤੋਂ ਹੀ ਸਾਲਾਨਾ 20 ਹਜ਼ਾਰ ਕਰੋੜ ਦਾ ਮਾਲੀਆ ਸਰਕਾਰ ਨੂੰ ਮਿਲ ਜਾਵੇਗਾ। ਮਾਈਨਿੰਗ ਤੋਂ 20 ਹਜ਼ਾਰ ਕਰੋੜ ਤਾਂ ਨਹੀਂ ਆਇਆ ਹੈ, ਪਰ ਪਿਛਲੇ ਪੌਣੇ ਤਿੰਨ ਸਾਲਾਂ ਵਿੱਚ ਪੰਜਾਬ ਦੇ ਲੋਕਾਂ ’ਤੇ ਮਹਿੰਗੇ ਕੀਤੇ ਗਏ ਬਿਜਲੀ, ਪੈਟਰੋਲ-ਡੀਜ਼ਲ ਤੋਂ ਇਲਾਵਾ ਕਲੈਕਟਰ ਰੇਟ ਤੇ ਗਰੀਨ ਟੈਕਸ ਸਮੇਤ ਟੈਕਸਾਂ ਦੀ ਰਕਮ ਹਜ਼ਾਰਾਂ ਕਰੋੜ ਤੱਕ ਜ਼ਰੂਰ ਪੁੱਜ ਗਈ ਹੈ। ਇਹ ਸ਼ਬਦ ਸਾਬਕਾ ਵਿਧਾਇਕ ਤੇ ਸੀਨੀਅਰ ਕਾਂਗਰਸੀ ਆਗੂ ਸਿਮਰਜੀਤ ਸਿੰਘ ਬੈਂਸ ਨੇ ਆਪ ਸਰਕਾਰ ਦੀ ਕਾਰਗੁਜ਼ਾਰੀ ’ਤੇ ਸਵਾਲ ਉਠਾਉਂਦਿਆਂ ਕਹੇ।ਬੈਂਸ ਨੇ ਕਿਹਾ ਕਿ ਉਸ ਵੇਲੇ ਲੋਕਾਂ ਵਿਚ ਇਸ ਗੱਲ ਦੀ ਭਾਰੀ ਖ਼ੁਸ਼ੀ ਸੀ ਕਿ ਉਨ੍ਹਾਂ ਨੂੰ ਮੁਫ਼ਤ ਬਿਜਲੀ ਮਿਲਣ ਜਾ ਰਹੀ ਹੈ, ਪਰ ਰਾਜ ਵਿੱਚ ਲੋਕਾਂ ਨੂੰ ਮੁਫ਼ਤ ਬਿਜਲੀ ਕਿਸ ਤਰ੍ਹਾਂ ਨਾਲ ਮਿਲ ਰਹੀ ਹੈ, ਇਹ ਤਾਂ ਕਿਸੇ ਤੋਂ ਛੁਪਿਆ ਨਹੀਂ, ਇਹ ਗੱਲ ਵੱਖ ਹੈ ਕਿ ਲੋਕਾਂ ਨੂੰ ਗਰਮੀਆਂ ਤੇ ਝੋਨੇ ਦੇ ਸੀਜ਼ਨ ਵਿੱਚ ਕਿਸ ਤਰ੍ਹਾਂ ਨਾਲ ਬਿਜਲੀ ਮਿਲਦੀ ਹੈ। ਬੈਂਸ ਨੇ ਕਿਹਾ ਕਿ ਸੂਬੇ ਦੇ ਲੋਕਾਂ ’ਤੇ ਪਿਛਲੇ ਪੌਣੇ ਤਿੰਨ ਸਾਲਾਂ ਵਿੱਚ ਹੀ ਹਜ਼ਾਰਾਂ ਕਰੋੜ ਰੁਪਏ ਦਾ ਭਾਰ ਪੈ ਚੁੱਕਾ ਹੈ, ਜਦੋਂਕਿ ਕਲੈਕਟਰ ਰੇਟਾਂ, ਗਰੀਨ ਟੈਕਸ ਸਮੇਤ ‘ਆਪ’ ਸਰਕਾਰ ਵੱਲੋਂ ਲੋਕਾਂ ’ਤੇ ਕਰੀਬ 1600 ਕਰੋੜ ਦਾ ਹੋਰ ਭਾਰ ਪਾ ਦਿੱਤਾ ਗਿਆ ਹੈ, ਜੋ ਰੁਕਣ ਦਾ ਨਾਂਅ ਨਹੀਂ ਲੈ ਰਿਹਾ ਹੈ। ਸਾਲ 2023-24 ਵਿਚ ਬਿਜਲੀ ਮਹਿੰਗੀ ਕਰਨ ਨਾਲ ਦੋ ਮਹੀਨੇ ਦੀ 600 ਯੂਨਿਟਾਂ ਤੋਂ ਜ਼ਿਆਦਾ ਬਿਜਲੀ ਦੀ ਖਪਤ ਕਰਨ ਵਾਲੇ ਖਪਤਕਾਰਾਂ ਤੋਂ ਇਲਾਵਾ ਵਪਾਰਕ ਵਰਗ ਤੇ ਇੰਡਸਟਰੀ ਦੀ ਬਿਜਲੀ ਮਹਿੰਗੀ ਕਰਕੇ ਕਰੀਬ 3600 ਕਰੋੜ ਦਾ ਭਾਰ ਪਾਇਆ ਗਿਆ ਸੀ ਤਾਂ ਹੁਣ ਕੁਝ ਸਮਾਂ ਪਹਿਲਾਂ ਹੀ ਸਾਲ 2024-25 ਦੀ ਬਿਜਲੀ ਮਹਿੰਗੀ ਕਰਕੇ ਕਰੀਬ 4000 ਕਰੋੜ ਦਾ ਭਾਰ ਪਾਇਆ ਗਿਆ ਹੈ। ‘ਆਪ’ ਸਰਕਾਰ ਵਲੋਂ ਪੌਣੇ ਤਿੰਨ ਸਾਲਾਂ ਵਿੱਚ ਦੋ ਵਾਰ ਬਿਜਲੀ, ਪੈਟਰੋਲ ਤੇ ਡੀਜ਼ਲ ਪਹਿਲਾਂ ਹੀ ਮਹਿੰਗਾ ਕੀਤਾ ਜਾ ਚੁੱਕਾ ਹੈ। ਹੁਣ ਜ਼ਮੀਨਾਂ ਦੇ ਕਲੈਕਟਰ ਰੇਟਾਂ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਹੈ, ਜਿਸ ਨਾਲ ਰਾਜ ਸਰਕਾਰ ਨੂੰ ਵਾਧੂ 1500 ਕਰੋੜ ਰੁਪਏ ਆਏਗਾ ਤੇ ਗਰੀਨ ਟੈਕਸ ਲਾਗੂ ਹੋਣ ਨਾਲ ਸੂਬੇ ਨੂੰ 100 ਕਰੋੜ ਰੁਪਏ ਮਿਲਣ ਦੀ ਆਸ ਹੈ। ਅਜੇ ਵੀ ਨਵੇਂ ਟੈਕਸ ਲਗਾਉਣ ਦਾ ਕੰਮ ਲਗਾਤਾਰ ਜਾਰੀ ਹੈ। ਉਨ੍ਹਾ ਕਿਹਾ ਕਿ ਆਪ ਸਰਕਾਰ ਮੁਫਤ ਬਿਜਲੀ ਦੇਣ ਦੇ ਨਾਂ ਉਤੇ ਪੰਜਾਬ ਦੀ ਭੋਲੀ ਭਾਲੀ ਜਨਤਾ ਨੂੰ ਗੁੰਮਰਾਹ ਕਰ ਰਹੀ ਹੈ।

## ਮਨਪ੍ਰੀਤ ਸਿੰਘ ਗਿੱਲ (ਮਨੀ) ਦੀ ਯਾਦ ’ਚ ਖ਼ੂਨਦਾਨ ਕੈਂਪ




**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜੈਂਡਰ ਡਿਸੂਜ਼ਾ)**-ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈਲਫ਼ੇਅਰ ਸੁਸਾਇਟੀ (ਰਜਿ) ਤੇ ਭਾਈ ਘਨੱਈਆ ਯੂਥ ਕਲੱਬ (ਰਜਿ) ਤੇ ਸਵ : ਮਨਪ੍ਰੀਤ ਸਿੰਘ ਗਿੱਲ (ਮਨੀ) ਦੇ ਪਰਵਾਰ ਦੇ ਸਹਿਯੋਗ ਨਾਲ ਸਾਂਝ ਬਲੱਡ ਵੈਲਫੇਅਰ ਕਲੱਬ (ਰਜਿ) ਵੱਲੋਂ ਸਵ: ਮਨਪ੍ਰੀਤ ਸਿੰਘ ਗਿੱਲ ਦੀ ਯਾਦ ਨੂੰ ਸਮਰਪਤ ਵਿਸ਼ਾਲ ਖ਼ੂਨਦਾਨ ਕੈਂਪ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ ਦੇ ਬਲੱਡ ਬੈਂਕ ਵਿੱਚ ਲਾਇਆ ਗਿਆ, ਜਿਸ ਵਿੱਚ 80 ਵੀਰਾਂ, ਭੈਣਾਂ ਨੇ ਖ਼ੂਨਦਾਨ ਕੀਤਾ। ਇਸ ਮੌਕੇ ਪਰਵਾਰ ਵੱਲੋਂ ਤਿੰਨਾਂ ਸੁਸਾਇਟੀ ਦੇ ਅਹੁਦੇਦਾਰਾਂ, ਮੈਂਬਰਾਂ ਵੱਲੋਂ ਅਤੇ ਸਾਰੇ ਖ਼ੂਨਦਾਨ ਕਰਨ ਵਾਲੇ ਵੀਰਾਂ ਦਾ ਦਿਲੋਂ ਧੰਨਵਾਦ ਕੀਤਾ।

## ਸ਼ਿਵ ਸ਼ੰਕਰ ਯੂਥ ਸੇਵਾ ਦਲ ਨੇ ਲੋੜਵੰਦ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੰਡੀਆਂ



**ਸਮਾਣਾ (ਗੁਰ ਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਸ਼ਿਵ ਸ਼ੰਕਰ ਯੂਥ ਸੇਵਾ ਕਲੱਬ ਵੱਲੋਂ ਸਮਾਜ ਸੇਵੀ ਤੇ ਮਾਨਵਤਾ ਭਲਾਈ ਕਾਰਜਾਂ ਵਿੱਚ ਵਾਧਾ ਕਰਦੇ ਹੋਏ ਸ਼੍ਰੀ ਸੱਚਾ ਮਹਾਂ ਕਮਲੇਸ਼ਵਰ ਮੰਦਰ ਵਿਖੇ ਲੋੜਵੰਦ 11 ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ। ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਰੋਟਰੀ ਜ਼ਿਲ੍ਹਾ ਗਵਰਨਰ ਸ਼੍ਰੀ ਅਮਿਤ ਸਿੰਗਲਾ, ਅਗਰਵਾਲ ਧਰਮਸ਼ਾਲਾ ਪ੍ਰਧਾਨ ਮਦਨ ਮਿੱਤਲ, ਵੇਦ ਪ੍ਰਕਾਸ਼ ਕਾਂਸਲ, ਪ੍ਰਦੀਪ ਮਿੰਕਾ ਗੋਇਲ, ਪੀ ਏ ਟਿਵਾਣਾ, ‘ਆਪ’ ਐਸ ਸੀ ਵਿੰਗ ਦੇ ਹਲਕਾ ਇੰਚਾਰਜ ਸੁਰਜੀਤ ਸਿੰਘ ਦਈਆ, ਯੂਥ ਪ੍ਰਧਾਨ ਪਾਰਸ ਸ਼ਰਮਾ ਤੇ ਲਵ ਕੁਮਾਰ ਆਦਿ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ਅਤੇ ਸੰਸਥਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਜੌੜਾਮਾਜਰਾ ਤੇ ਰੋਟਰੀ ਜ਼ਿਲ੍ਹਾ ਗਵਰਨਰ ਸ਼੍ਰੀ ਅਮਿਤ ਸਿੰਗਲਾ ਨੇ ਕਿਹਾ ਕਿ ਸ਼ਿਵ ਸ਼ੰਕਰ ਯੂਥ ਸੇਵਾ ਦਲ ਦੇ ਪ੍ਰਧਾਨ ਰਮਨ ਮਹਿੰਦਰਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਵਧਾਈ ਦੀ ਪਾਤਰ ਹੈ, ਜੋ ਧਾਰਮਿਕ ਅਤੇ ਸਮਾਜਿਕ ਖੇਤਰ ਵਿੱਚ ਨਿਰਸਵਾਰਥ ਵਡਮੁੱਲੀਆਂ ਸੇਵਾਵਾਂ ਨਿਭਾਉਂਦੀ ਆ ਰਹੀ ਹੈ।ਸੰਸਥਾ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਵਿਸ਼ੇਸ਼ ਤੌਰ ’ਤੇ ਯਾਦਗਾਰੀ ਚਿੰਨ੍ਹ ਭੇਟ ਕਰਦੇ ਹੋਏ ਸਨਮਾਨਤ ਵੀ ਕੀਤਾ ਗਿਆ।

## ਪੰਜਾਬੀ ਸਾਹਿਤ ਅਕਾਡਮੀ ਵੱਲੋਂ ਬਲਬੀਰ ਸਿੰਘ ਮੋਮੀ ਦੇ ਦੇਹਾਂਤ ’ਤੇ ਅਫ਼ਸੋਸ ਪ੍ਰਗਟ

**ਲੁਧਿਆਣਾ (ਪੱਤਰ ਪ੍ਰੇਰਕ)**-ਪੰਜਾਬੀ ਸਾਹਿਤ ਅਕਾਡਮੀ ਦੇ ਅਹੁਦੇਦਾਰ, ਪ੍ਰਬੰਧਕੀ ਬੋਰਡ ਦੇ ਮੈਂਬਰ ਅਤੇ ਸਮੂਹ ਮੈਂਬਰਾਂ ਵੱਲੋਂ ਕੈਨੇਡਾ ਵੱਸਦੇ ਪੰਜਾਬੀ ਲੇਖਕ ਬਲਬੀਰ ਸਿੰਘ ਮੋਮੀ ਦੇ ਦੇਹਾਂਤ ’ਤੇ ਦੁੱਖ ਤੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ।ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਬਲਬੀਰ ਸਿੰਘ ਮੋਮੀ ਦੇ ਦੇਹਾਂਤ ’ਤੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਬਲਬੀਰ ਸਿੰਘ ਮੋਮੀ ਪਿਛਲੇ ਤਿੰਨ ਦਹਾਕਿਆਂ ਤੋਂ ਟੋਰਾਂਟੋ (ਕੈਨੇਡਾ) ਵੱਸਦੇ ਸਨ।ਉਹ ਸਾਹਿਤ ਸਿਰਜਣਾ ਦੇ ਨਾਲ-ਨਾਲ ਪੰਜਾਬੀ ਦੇ ਪੱਤਰਕਾਰ ਵੀ ਸਨ।ਦੇਸ਼ ਵੰਡ ਮਗਰੋਂ ਬਲਬੀਰ ਸਿੰਘ ਮੋਮੀ ਲੰਮਾ ਸਮਾਂ ਚੰਡੀਗੜ੍ਹ ਰਹੇ।ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਬਲਬੀਰ ਸਿੰਘ ਮੋਮੀ ਦੇ ਦੇਹਾਂਤ ’ਤੇ ਅਫ਼ਸੋਸ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਦੇਹਾਂਤ ਨਾਲ ਪੰਜਾਬੀ ਸਾਹਿਤ ਜਗਤ ਤੇ ਪਰਵਾਰ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ।ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਬਲਬੀਰ ਸਿੰਘ ਮੋਮੀ ਦਾ ਪਹਿਲਾ ਕਹਾਣੀ ਸੰਗ੍ਰਹਿ ‘ਮਸਾਲੇ ਵਾਲਾ ਘੋੜਾ’ 1959 ਵਿੱਚ ਛਪਿਆ ਸੀ।ਫਿਰ ‘ਜੇ ਮੈਂ ਮਰ ਜਾਵਾਂ’ (1965), ‘ਸ਼ੀਸ਼ੇ ਦਾ ਸਮੁੰਦਰ’ (1968) ਵਿੱਚ ਛਪੇ। ਉਨ੍ਹਾਂ ਨੇ ਨਾਵਲਾਂ ਦੀ ਸਿਰਜਣਾ ਵੀ ਕੀਤੀ, ਜਿਸ ਵਿਚ ‘ਜੀਜਾ ਜੀ’ (1961), ‘ਪੀਲਾ ਗੁਲਾਬ’ (1975), ‘ਇਕ ਫੁੱਲ ਮੇਰਾ ਵੀ’ (1986) ਅਲਵਿਦਾ ਹਿੰਦੋਸਤਾਨ ਸ਼ਾਮਲ ਹਨ। ਉਨ੍ਹਾਂ ਦੇ ਦੋ ਨਾਟਕ ‘ਨੌਕਰੀਆਂ ਹੀ ਨੌਕਰੀਆਂ’ (1960) ਤੇ ‘ਲੌਢਾ ਵੇਲਾ’ (1961) ਵਿਚ ਪ੍ਰਕਾਸ਼ਤ ਹੋਏ।ਅਫ਼ਸੋਸ ਕਰਨ ਵਾਲਿਆਂ ’ਚ ਸੁਰਿੰਦਰ ਕੈਲੇ, ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਭੱਠਲ, ਡਾ. ਲਖਵਿੰਦਰ ਜੌਹਲ, ਡਾ. ਅਨੂਪ ਸਿੰਘ, ਡਾ. ਜੋਗਿੰਦਰ ਸਿੰਘ ਨਿਰਾਲਾ, ਬਲਬੀਰ ਮਾਧੋਪੁਰੀ, ਡਾ. ਗੁਰਇਕਬਾਲ ਸਿੰਘ, ਜਨਮੇਜਾ ਸਿੰਘ ਜੌਹਲ, ਡਾ. ਅਰਵਿੰਦਰ ਕੌਰ ਕਾਕੜਾ, ਡਾ ਗੁਰਚਰਨ ਕੌਰ ਕੋਚਰ, ਡਾ. ਹਰਵਿੰਦਰ ਸਿੰਘ, ਤ੍ਰੈਲੋਚਨ ਲੋਚੀ, ਜਸਪਾਲ ਮਾਨਖੇੜਾ, ਜਸਵੀਰ ਝੱਜ, ਡਾ. ਹਰੀ ਸਿੰਘ ਜਾਚਕ, ਸਹਿਜਪ੍ਰੀਤ ਸਿੰਘ ਮਾਂਗਟ, ਸ਼ਬਦੀਸ਼, ਸੰਜੀਵਨ ਸਿੰਘ, ਨਰਿੰਦਰਪਾਲ ਕੌਰ, ਵਾਹਿਦ (ਸਤਿਨਾਮ ਸਿੰਘ), ਡਾ. ਸੰਤੋਖ ਸਿੰਘ ਸੁੱਖੀ, ਡਾ. ਹਰਜਿੰਦਰ ਸਿੰਘ, ਕੰਵਰਜੀਤ ਭੱਠਲ, ਵਰਗਿਸ ਸਲਾਮਤ, ਪ੍ਰੋ. ਸਰਘੀ, ਦੀਪ ਜਗਦੀਪ ਸਿੰਘ, ਕਰਮਜੀਤ ਸਿੰਘ ਗਰੇਵਾਲ, ਪ੍ਰੋ. ਬਲਵਿੰਦਰ ਸਿੰਘ ਚਹਿਲ, ਪ੍ਰੇਮ ਸਾਹਿਲ ਤੇ ਸਮੂਹ ਮੈਂਬਰ ਸ਼ਾਮਲ ਹਨ।

## ਹਡਾਣਾ ਤੇ ਕੋਹਲੀ ਆਪ ਦੇ ਪੰਜਾਬ ਸਪੋਕਸਪਰਸਨ ਬਣੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਵੱਲੋਂ ਵਿਸ਼ਵਾਸ ਜਤਾਉਂਦਿਆ ਪੀ ਆਰ ਟੀ ਸੀ ਦੇ ਚੇਅਰਮੈਨ ਤੇ ਸੂਬਾ ਸਕੱਤਰ ਰਣਜੋਧ ਸਿੰਘ ਹਡਾਣਾ ਅਤੇ ਅਜੀਤਪਾਲ ਸਿੰਘ ਕੋਹਲੀ ਐਮ ਐੱਲ ਏ ਪਟਿਆਲਾ ਸ਼ਹਿਰੀ ਨੂੰ ਪੰਜਾਬ ਦਾ ਸਪੋਕਸਪਰਸਨ ਲਗਾਇਆ ਗਿਆ ਹੈ। ਇਸ ਮੌਕੇ ਦੋਹਾਂ ਨੌਜਵਾਨਾਂ ਦੇ ਘਰ ਵਧਾਈਆਂ ਦੇਣ ਵਾਲੇ ਵਰਕਰਾਂ ਦਾ ਤਾਂਤਾ ਲੱਗ ਗਿਆ।ਦੋਹਾਂ ਆਗੂਆਂ ਦੇ ਨਾਮ ਨੂੰ ਲੈ ਕੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਨਜ਼ਰ ਆ ਰਿਹਾ ਹੈ।

ਇਸ ਮੌਕੇ ਹਡਾਣਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਪਾਰਟੀ ਵੱਲੋਂ ਮਿਹਨਤੀ ਵਰਕਰਾਂ ਦੀ ਪਹਿਲ ਦੇ ਆਧਾਰ ’ਤੇ ਸਾਰ ਲਈ ਜਾ ਰਹੀ ਹੈ।ਇਸ ਦੇ ਨਾਲ ਹੀ ਆਉਣ ਵਾਲੀਆਂ ਜ਼ਿਮਨੀ ਚੋਣਾਂ, ਐੱਮ ਸੀ ਚੋਣਾਂ ਤੇ ਹੋਰ ਚੋਣਾਂ ਵਿੱਚ ਵੀ ਮਿਹਨਤੀ ਵਰਕਰਾਂ ਨੂੰ ਅੱਗੇ ਲਿਆਉਣ ਲਈ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਹੋਰਨਾਂ ਨੌਜਵਾਨਾਂ ਨੂੰ ਵੀ ਪਾਰਟੀ ਵਿੱਚ ਮਿਹਨਤ ਤੇ ਲਗਨ ਨਾਲ ਕੰਮ ਕਰਨ ਲਈ ਅਪੀਲ ਕੀਤੀ।

## ਪ੍ਰਬੁੱਧ ਭਾਰਤ ਫਾਊਂਡੇਸ਼ਨ ਵੱਲੋਂ ‘ਪੁਸਤਕ ਪ੍ਰਤੀਯੋਗਤਾ’ ਕਰਵਾਈ



**ਜਲੰਧਰ (ਨ ਜ਼ ਸ)**-ਪ੍ਰਬੁੱਧ ਭਾਰਤ ਫਾਉਂਡੇਸ਼ਨ ਵੱਲੋਂ ‘ਆਧੁਨਿਕ ਭਾਰਤ ਦੇ ਨਿਰਮਾਤਾ ਡਾ. ਅੰਬੇਡਕਰ’ 15ਵੀਂ ਪੁਸਤਕ ਪ੍ਰਤੀਯੋਗਤਾ ਸੋਫੀ ਪਿੰਡ ਬੁੱਧ ਵਿਹਾਰ ਵਿਖੇ ਕਰਵਾਈ ਗਈ, ਜਿਸ ਵਿੱਚ 28 ਵਿਦਿਆਰਥੀਆਂ ਨੇ ਭਾਗ ਲਿਆ।ਇਸ ਸੈਂਟਰ ਵਿੱਚ ਸੁਪਰਵਾਈਜ਼ਰ ਦੀ ਡਿਊਟੀ ਸ੍ਰੀ ਨਰਿੰਦਰ ਕੁਮਾਰ, ਵਿਨੋਦ ਕੁਮਾਰ, ਪ੍ਰਿੰਸੀਪਲ ਪਰਮਜੀਤ ਜੱਸਲ, ਹਰਜਿੰਦਰ ਬੰਗਾ, ਵਿਨੋਦ ਕੁਮਾਰ ਆਦਿ ਮਿਸ਼ਨਰੀ ਅਧਿਆਪਕਾਂ ਨੇ ਨਿਭਾਈ।ਇਸ ਮੌਕੇ ਬੁੱਧ ਵਿਹਾਰ ਟਰੱਸਟ ਦੇ ਜਨਰਲ ਸਕੱਤਰ ਐਡਵੋਕੇਟ ਹਰਭਜਨ ਸਾਂਪਲਾ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਆਪਣੇ ਰਹਿਬਰਾਂ ਬਾਰੇ ਜਾਣਕਾਰੀ ਦੇਣੀ ਹੋਵੇਗੀ ਤਾਂ ਕਿ ਉਹ ਉਨ੍ਹਾਂ ਤੋਂ ਸੇਧ ਲੈ ਕੇ ਉਚੇਰੀ ਪੜ੍ਹਾਈ ਕਰਨ।ਇਸ ਮੌਕੇ ਮਾਸਟਰ ਰਾਮ ਲਾਲ (ਰਿਟਾ.), ਰੂਪ ਲਾਲ ਨੰਬਰਦਾਰ, ਡਾ. ਗੁਰਪਾਲ ਚੌਹਾਨ, ਗੁਰਮੀਤ ਲਾਲ ਸਾਂਪਲਾ, ਮੁਲਖ ਰਾਜ ਕੌਲ, ਲਹਿੰਬਰ ਰਾਮ ਬੰਗੜ, ਚਮਨ ਦਾਸ ਸਾਂਪਲਾ (ਰਿਟਾ. ਲੈਕਚਰਾਰ), ਨਰੇਸ਼ ਕੁਮਾਰ ਸਾਂਪਲਾ, ਵਿਨੋਦ ਕੁਮਾਰ, ਗੌਤਮ ਸਾਂਪਲਾ ਆਦਿ ਸ਼ਾਮਲ ਸਨ।ਇਸ ਪ੍ਰੀਖਿਆ ਦਾ ਨਤੀਜਾ 3 ਨਵੰਬਰ 2024 ਸਵੇਰੇ 10 ਵਜੇ ਡਾ. ਅੰਬੇਡਕਰ ਸਕੂਲ ਆਫ ਥੌਟ, ਡੱਲੇਵਾਲ ਰੋਡ ਗੁਰਾਇਆ ਵਿਖੇ ਐਲਾਨਿਆ ਜਾਵੇਗਾ, ਜਿਸ ਵਿੱਚ ਦੋਵੇਂ ਗਰੁੱਪਾਂ ਵਿੱਚ ਪਹਿਲਾ ਇਨਾਮ 50 ਹਜ਼ਾਰ ਰੁਪਏ, ਦੂਜਾ 20 ਹਜ਼ਾਰ ਰੁਪਏ ਤੇ ਤੀਜਾ 10 ਹਜ਼ਾਰ ਰੁਪਏ ਦਿੱਤਾ ਜਾਵੇਗਾ।

## ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਜਨਰਲ ਕੌਂਸਲ ਮੀਟਿੰਗ 29 ਨੂੰ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਜਨਰਲ ਕੌਂਸਲ ਦੀ ਮੀਟਿੰਗ ਮੋਗਾ ਵਿਖੇ 29 ਅਗਸਤ ਨੂੰ ਰੱਖੀ ਗਈ ਹੈ।ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੇ ਇਹ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਵਿੱਚ ਆਂਗਣਵਾੜੀ ਸੈਂਟਰਾਂ ਵਿੱਚ ਆ ਰਿਹਾ ਖਰਾਬ ਰਾਸ਼ਨ, ਆਂਗਣਵਾੜੀ ਕੇਂਦਰਾਂ ਦੇ ਸਕੂਲਾਂ ਵਿੱਚ ਦਾਖਲ ਕੀਤੇ ਗਏ 3 ਤੋਂ 6 ਸਾਲ ਦੇ ਬੱਚੇ ਵਾਪਸ ਲੈਣ, ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿਵਾਉਣ ਤੇ ਆਂਗਣਵਾੜੀ ਯੂਨੀਅਨ ਦੀ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀਆਂ ਪੰਜਾਬ ਸਰਕਾਰ ਵੱਲੋਂ ਖਤਮ ਕੀਤੀਆਂ ਗਈਆਂ ਸੇਵਾਵਾਂ ਨੂੰ ਬਹਾਲ ਕਰਾਉਣ ਲਈ ਅਤੇ ਹੋਰ ਮੰਗਾਂ ਨੂੰ ਲੈ ਕੇ ਸੰਘਰਸ਼ ਦੀ ਰੂਪ-ਰੇਖਾ ਉਲੀਕੀ ਜਾਵੇਗੀ ।ਮੀਟਿੰਗ ਵਿੱਚ ਸੂਬਾ ਕਮੇਟੀ ਦੇ ਅਹੁਦੇਦਾਰ, ਜ਼ਿਲ੍ਹਾ ਪ੍ਰਧਾਨ, ਬਲਾਕ ਪ੍ਰਧਾਨ ਤੇ ਸਰਕਲ ਪ੍ਰਧਾਨ ਸ਼ਮੂਲੀਅਤ ਕਰਨਗੇ।

## ਸੂਬੇਦਾਰ ਮਹਾਂ ਸਿੰਘ ਦਾ ਸ਼ਰਧਾਂਜਲੀ ਸਮਾਰੋਹ ਹੋਇਆ



**ਦੋਰਾਹਾ (ਹਰਮਿੰਦਰ ਸੇਠ)**

ਸੂਬੇਦਾਰ ਮਹਾ ਸਿੰਘ ਜੀ ਡਾ. ਲਖਵੀਰ ਸਿੰਘ ਗੁਰੂ ਨਾਨਕ ਲੈਬੋਰਟਰੀ (ਦੋਰਾਹਾ-ਜ਼ੀਰਕਪੁਰ) ਦੇ ਪਿਤਾ ਜੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ।ਪਿੰਡ ਜਟਾਣਾ ਵਿਖੇ ਭੋਗ ਪਾਏ ਗਏ।ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਵੱਖ-ਵੱਖ ਰਾਜਨੀਤਕ ਅਤੇ ਧਾਰਮਿਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

ਸਮਾਪਤੀ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।

## ...ਸ.ਫ਼ਾ 1 ਦੇ ਬਾਕੀ

### ਔਰਤਾਂ ਵਿਰੁੱਧ ਹਿੰਸਾ ਨੂੰ ...

ਜਿੱਥੇ ਉਨ੍ਹਾਂ ਨੂੰ 24 ਘੰਟੇ ਕੰਮ ਕਰਨਾ ਪੈਂਦਾ ਹੈ।

ਔਰਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਅਤੇ ਅਪਰਾਧਿਕ ਅਪਰਾਧਾਂ ਨੂੰ ਰੋਕਣਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ। ਬਦਕਿਸਮਤੀ ਨਾਲ ਕੇਂਦਰ ਸਰਕਾਰ, ਜਿਸ ਦੀ ਇੱਕ ਵੱਡੀ ਭੂਮਿਕਾ ਹੈ, ਨੇ ਮਨੀਪੁਰ ਵਿੱਚ ਔਰਤਾਂ ਵਿਰੁੱਧ ਅਤਿਅੰਤ ਜਿਨਸੀ ਹਿੰਸਾ ਪ੍ਰਤੀ ਅਪਰਾਧਿਕ ਉਦਾਸੀਨਤਾ ਦਿਖਾਈ ਅਤੇ ਕਈ ਵਾਰ ਮਹਿਲਾ ਭਲਵਾਨਾਂ ਦੇ ਮਾਮਲੇ ਵਿੱਚ ਦੋਸ਼ੀਆਂ ਦਾ ਪੱਖ ਲਿਆ ਹੈ। ਨਿਰਭੈਆ ਕਾਂਡ ਦੇ ਇੱਕ ਦਹਾਕੇ ਬਾਅਦ ਵੀ ਜਸਟਿਸ ਵਰਮਾ ਕਮਿਸ਼ਨ ਦੀਆਂ ਜ਼ਿਆਦਾਤਰ ਸਿਫ਼ਾਰਸ਼ਾਂ ਨੂੰ ਲਾਗੂ ਨਹੀਂ ਕੀਤਾ ਗਿਆ। ਨਿਰਭੈਆ ਫੰਡ ਵਿੱਚ ਲਗਾਤਾਰ ਕਟੌਤੀ ਕੀਤੀ ਜਾ ਰਹੀ ਹੈ। ਭਾਰਤ ਨੇ ਹਾਲ ਹੀ ਦੇ ਦਹਾਕਿਆਂ ਵਿੱਚ ਬਲਾਤਕਾਰ ਦੇ ਖਿਲਾਫ ਕਈ ਪ੍ਰਦਰਸ਼ਨਾਂ ਨੂੰ ਦੇਖਿਆ ਹੈ। ਕਾਨੂੰਨਾਂ ਦੇ ਬਾਵਜੂਦ, ਸਿਸਟਮ ਬਹੁਤ ਹੀ ਹੌਲੀ, ਗੈਰ-ਜਵਾਬਦੇਹ ਅਤੇ ਬੇਅਸਰ ਹੈ। ਬਹੁਤ ਘੱਟ ਸਜ਼ਾ ਦਰ ਭਿਆਨਕ ਅਪਰਾਧਾਂ ਬਾਰੇ ਗੰਭੀਰਤਾ ਦੀ ਘਾਟ ਨੂੰ ਉਜਾਗਰ ਕਰਦੀ ਹੈ। ਨਾਲ ਹੀ ਔਰਤਾਂ ਵਿਰੁੱਧ ਹਿੰਸਾ ਨੂੰ ਸਿਰਫ਼ ਕਾਨੂੰਨ ਵਿਵਸਥਾ ਦੀ ਸਮੱਸਿਆ ਵਜੋਂ ਨਹੀਂ ਦੇਖਿਆ ਜਾ ਸਕਦਾ। ਇਸ ਨੂੰ ਮਰਦਪ੍ਰਸਤੀ ਅਤੇ ਔਰਤਾਂ ਦੇ ਖਪਤਕਾਰੀਕਰਨ ਦੇ ਬਹੁਤ ਡੂੰਘੇ ਮੁੱਦੇ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਸਵਾਲ ਇਹ ਹੈ ਕਿ ਇਹ ਕਿਵੇਂ ਯਕੀਨੀ ਬਣਾਇਆ ਜਾਵੇ ਕਿ ਹਰ ਔਰਤ ਕੰਮ ਵਾਲੀ ਥਾਂ, ਜਨਤਕ ਥਾਵਾਂ ਤੇ ਘਰ ਵਿੱਚ ਵੀ ਸੁਰੱਖਿਅਤ ਹੈ।

ਮੀਟਿੰਗ ਵਿੱਚ ਆਰ ਜੀ ਕਾਰ ਬਲਾਤਕਾਰ ਅਤੇ ਕਤਲ ਅਤੇ ਹੋਰ ਸਾਰੇ ਮਾਮਲਿਆਂ ਦੇ ਦੋਸ਼ੀਆਂ ਨੂੰ ਜਲਦੀ ਅਤੇ ਸਮਾਂਬੱਧ ਜਾਂਚ, ਮੁਕੱਦਮੇ ਅਤੇ ਸਖ਼ਤ ਸਜ਼ਾ ਦੀ ਮੰਗ ਕੀਤੀ ਗਈ। ਸਰਕਾਰਾਂ ਤੋਂ ਰੋਕਥਾਮ, ਉਪਾਵਾਂ ਨੂੰ ਮਜ਼ਬੂਤ ਕਰਨ, ਪੁਲਸ ਪ੍ਰਣਾਲੀ ਨੂੰ ਸੰਵੇਦਨਸ਼ੀਲ ਬਣਾਉਣ, ਬਿਨਾਂ ਕਿਸੇ ਸਿਆਸੀ ਜਾਂ ਹੋਰ ਦਖਲ ਤੋਂ ਜਾਂਚ ਨੂੰ ਭਰੋਸੇਯੋਗ ਬਣਾਉਣ, ਔਰਤਾਂ ਵਿਰੁੱਧ ਬਲਾਤਕਾਰ ਅਤੇ ਹਿੰਸਾ ਦੇ ਮਾਮਲਿਆਂ ਵਿੱਚ ਤੇਜ਼ੀ ਨਾਲ ਸੁਣਵਾਈ ਅਤੇ ਸਖ਼ਤ ਸਜ਼ਾ ਨੂੰ ਯਕੀਨੀ ਬਣਾਉਣ, ਕੰਮ ’ਤੇ ਡਾਕਟਰ , ਨਰਸਾਂ, ਪੈਰਾ-ਮੈਡੀਕਲ ਸਟਾਫ਼ ਦੇ ਨਾਲ-ਨਾਲ ਆਸ਼ਾ ਵਰਕਰਾਂ ਅਤੇ ਹੋਰ ਕਮਿਊਨਿਟੀ ਹੈਲਥ ਵਰਕਰਾਂ ਸਮੇਤ ਮੈਡੀਕਲ ਪੇਸ਼ੇਵਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਜਸਟਿਸ ਵਰਮਾ ਕਮੇਟੀ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ, ਨਿਰਭੈਆ ਫੰਡ ਵਿੱਚ ਭਾਰੀ ਵਾਧੇ ਅਤੇ ਸਾਰੀਆਂ ਸੰਸਥਾਵਾਂ ਦੇ ਨਾਲ-ਨਾਲ ਅਸੰਗਠਿਤ ਖੇਤਰ ਵਿੱਚ ਪੋਕਸੋ ਐਕਟ ਨੂੰ ਸਖ਼ਤੀ ਨਾਲ ਲਾਗੂ ਕਰਨ ਦੀ ਮੰਗ ਕੀਤੀ ਗਈ।

ਮੀਟਿੰਗ ’ਚ ਸਮੁੱਚੇ ਸਮਾਜ ਨੂੰ ਪੁਰਸ਼ਾਂ ਦੇ ਤੌਰ ’ਤੇ ਸਾਰੀਆਂ ਔਰਤਾਂ ਅਤੇ ਮਰਦਾਂ ਦੇ ਮਾਣ-ਸਨਮਾਨ ਲਈ ਇਕੱਠੇ ਖੜ੍ਹੇ ਹੋਣ ਦਾ ਸੱਦਾ ਦਿੱਤਾ, ਤਾਂ ਜੋ ਪਿਤਰੀ-ਪ੍ਰਧਾਨ ਕਦਰਾਂ-ਕੀਮਤਾਂ ਅਤੇ ਲਿੰਗ ਭੇਦਭਾਵ ਵਿਰੁੱਧ ਲੜਿਆ ਜਾ ਸਕੇ। ਸਮਾਜ ਦੇ ਸਾਰੇ ਵਰਗਾਂ ਨੂੰ ਔਰਤਾਂ ਵਿਰੁੱਧ ਹਿੰਸਾ ਅਤੇ ਸਮਾਜ ਵਿੱਚ ਔਰਤਾਂ ਦੀ ਬਰਾਬਰੀ ਅਤੇ ਸੁਰੱਖਿਆ ਲਈ ਇੱਕ ਵਿਆਪਕ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ ਗਿਆ।

### ‘ਖੇਡਾਂ ਵਤਨ ਪੰਜਾਬ ਦੀਆਂ’ ...

ਸਕੇ। ਖੇਡਾਂ ਦੌਰਾਨ ਬਲਾਕ ਪੱਧਰੀ ਮੁਕਾਬਲੇ 1 ਤੋਂ 10 ਸਤੰਬਰ ਤੱਕ, ਜ਼ਿਲ੍ਹਾ ਪੱਧਰੀ ਮੁਕਾਬਲੇ 15-22 ਸਤੰਬਰ ਤੱਕ ਅਤੇ ਰਾਜ ਪੱਧਰੀ ਮੁਕਾਬਲੇ 11 ਅਕਤੂਬਰ ਤੋਂ 9 ਨਵੰਬਰ ਤੱਕ ਕਰਵਾਏ ਜਾਣਗੇ। ‘ਖੇਡਾਂ ਵਤਨ ਪੰਜਾਬ ਦੀਆਂ’ ਦਾ ਦੂਜਾ ਸੀਜ਼ਨ ਸਾਲ 2023 ਵਿੱਚ ਹੋਇਆ ਸੀ, ਜਿਸ ਵਿੱਚ 4.5 ਲੱਖ ਖਿਡਾਰੀਆਂ ਨੇ ਭਾਗ ਲਿਆ ਸੀ ਅਤੇ 12,500 ਜੇਤੂ ਖਿਡਾਰੀਆਂ ਨੂੰ 8.87 ਕਰੋੜ ਰੁਪਏ ਦੇ ਇਨਾਮ ਵੰਡੇ ਗਏ ਸਨ।

### ਰੋਡਵਾਈਆਂ ਵੱਲੋਂ ਮੰਗਾਂ ...

ਰੈਲੀਆਂ ਕੀਤੀਆਂ ਜਾਣਗੀਆਂ, ਜਿੱਥੇ ਤਫਸੀਲ ਨਾਲ ਮੁੱਦੇ ਪ੍ਰਚਾਰੇ ਜਾਣਗੇ ਅਤੇ ਸੱਦਾ ਦਿੱਤਾ ਜਾਵੇਗਾ ਕਿ 13 ਸਤੰਬਰ ਨੂੰ ਲੁਧਿਆਣਾ ਵਿਖੇ ਬੱਸ ਸਟੈਂਡ ’ਤੇ ਵਿਸ਼ਾਲ ਰੈਲੀ ਵਿੱਚ ਵਰਕਰ ਹੁੰਮ-ਹੁੰਮਾ ਕੇ ਸ਼ਾਮਲ ਹੋਣ। ਰੈਲੀ ਵਿੱਚ ਅਗਲੇ ਸੰਘਰਸ਼ ਦਾ ਐਲਾਨ ਵੀ ਕੀਤਾ ਜਾਵੇਗਾ।

ਮੀਟਿੰਗ ’ਚ ਜਿਨ੍ਹਾਂ ਮੰਗਾਂ ’ਤੇ ਚਰਚਾ ਕੀਤੀ ਗਈ ਅਤੇ ਮੰਗਾਂ ਵਿੱਚ ਸੋਧ ਜਾਂ ਨਵੀਆਂ ਉਭਰੀਆਂ ਮੰਗਾਂ ’ਤੇ ਵਿਚਾਰ-ਵਟਾਂਦਰਾ ਕਰਨ ਉਪਰੰਤ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ, ਉਨ੍ਹਾਂ ਵਿੱਚ ਕੰਟਰੈਕਟ ਅਤੇ ਆਊਟਸੋਰਸ ਵਰਕਰਾਂ ਨੂੰ ਪੁਰਾਣੇ ਮੁਲਾਜ਼ਮਾਂ ਵਾਂਗ ਰੈਗੂਲਰ ਕੀਤਾ ਜਾਵੇ ਨਾ ਕਿ ਕੋਈ ਅਧੂਰਾ ਜਿਹਾ ਫਾਰਮੂਲਾ ਤਿਆਰ ਕਰਕੇ ਧੋਖਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇ, ਪ੍ਰਫੁੱਲਤ ਹੋ ਰਹੇ ਟਰਾਂਸਪੋਰਟ ਮਾਫੀਏ ਨੂੰ ਖਤਮ ਕਰਨਾ, ਰੋਡਵੇਜ਼ ਅਤੇ ਪੀ ਆਰ ਟੀ ਸੀ ਵਿੱਚ ਕ੍ਰਮਵਾਰ 1800 ਅਤੇ 800 ਨਵੀਆਂ ਬੱਸਾਂ ਆਪਣੀ ਮਾਲਕੀ ਵਾਲੀਆਂ ਪਾਉਣਾ ਅਤੇ ਕਿਲੋਮੀਟਰ ਸਕੀਮ ਤਹਿਤ ਬੱਸਾਂ ਮੁਕੰਮਲ ਤੌਰ ’ਤੇ ਪਾਉਣੀਆਂ ਬੰਦ ਕਰਨਾ, 1990 ਦੀ ਟਰਾਂਸਪੋਰਟ ਪਾਲਸੀ ਬਹਾਲ ਕਰਨਾ, ਪੀ ਆਰ ਟੀ ਸੀ ਨੂੰ ਸਰਕਾਰੀ ਵਿਭਾਗ ਐਲਾਨਣਾ ਅਤੇ ਪਨਬਸ ਦਾ ਪੰਜਾਬ ਰੋਡਵੇਜ਼ ਵਿੱਚ ਮੁਕੰਮਲ ਰਲੇਵਾਂ ਕਰਨਾ, ਪ੍ਰਬੰਧ ਵਿੱਚ ਪਾਰਦਰਸ਼ਤਾ ਲਿਆਉਣੀ ਅਤੇ ਇਸ ਨੂੰ ਭ੍ਰਿਸ਼ਟਾਚਾਰ ਮੁਕਤ ਕਰਨਾ, ਵਰਕਰਾਂ ਨਾਲ ਹਰ ਪੱਧਰ ’ਤੇ ਵਿਤਕਰਾ ਬੰਦ ਕਰਨਾ, ਵਰਕਰਾਂ ਦੇ ਬਕਾਏ ਅਦਾ ਕਰਨਾ, ਸਰਕਾਰ ਵੱਲੋਂ ਮੁਫ਼ਤ ਸਫਰ ਦੇ ਪੈਸੇ ਨਾਲੋਨਾਲ ਅਦਾਰਿਆਂ ਨੂੰ ਦੇਣੇ, ਕੰਟਰੈਕਟ ਵਰਕਰਾਂ ਨੂੰ ਪੱਕੇ ਕਰਨ ਲਈ ਬਣੀ ਕਮੇਟੀ ਵਿੱਚ ਸਭ ਜਥੇਬੰਦੀਆਂ ਨੂੰ ਨੁਮਾਇੰਦਗੀ ਦੇਣੀ ਨਾ ਕਿ ਅੰਸ਼ਕ ਤੌਰ ’ਤੇ, ਵਰਕਰਾਂ ਦੀਆਂ ਬਣਦੀਆਂ ਤਰੱਕੀਆਂ ਬਿਨਾਂ ਦੇਰੀ ਕਰਨਾ, ਪੰਜਾਬ ਸਰਕਾਰ ਵਲੋਂ ਪੀ ਆਰ ਟੀ ਸੀ ਦੀ 200 ਕਰੋੜ ਰੁਪਏ ਦੀ ਯਕਮੁਸ਼ਤ ਗਰਾਂਟ ਦੇਣਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਪੀ ਆਰ ਟੀ ਸੀ ਦੇ 300-400 ਬਜ਼ੁਰਗ ਸੇਵਾਮੁਕਤ ਕਰਮਚਾਰੀਆਂ ਨੂੰ ਪੁਰਾਣੀ ਪੈਨਸ਼ਨ ਸਕੀਮ ਦੇ ਹੱਕਦਾਰ ਬਣਾਉਣਾ, ਆਰ ਟੀ ਏ ਦਫਤਰਾਂ ਵੱਲੋਂ ਕੀਤੀਆਂ ਜਾ ਰਹੀਆਂ ਉਲੰਘਣਾਵਾਂ ਦੀ ਉੱਚ ਪੱਧਰੀ ਜਾਂਚ ਕਰਾਉਣਾ, ਆਊਟਸੋਰਸ ਕਰਮਚਾਰੀਆਂ ਨੂੰ ਬਲੈਕ ਲਿਸਟ ਕਰਨ ਦੀ ਗੈਰਕਾਨੂੰਨੀ ਪ੍ਰਥਾ ਬੰਦ ਕਰਨਾ, ਪੀ ਆਰ ਟੀ ਸੀ ਦੇ ਪੈਨਸ਼ਨਰਾਂ ਨੂੰ ਹਰ ਦੋ ਸਾਲ ਬਾਅਦ ਪੰਜਾਬ ਸਰਕਾਰ ਦੀ ਤਰਜ਼ ’ਤੇ ਇੱਕ ਬੇਸਿਕ ਪੇ ਦੇ ਬਰਾਬਰ ਸਫਰੀ ਭੱਤਾ ਦੇਣਾ, ਮਨਜ਼ੂਰਸ਼ੁਦਾ ਬਸ ਫਲੀਟ ਮੁਤਾਬਕ ਵਰਕਰਾਂ ਦੀ ਗਿਣਤੀ ਪੂਰੀ ਰੱਖਣਾ, ਡਰਾਈਵਰਾਂ ਨੂੰ ਕਲੇਮ ਕੇਸਾਂ ਵਿੱਚ ਸਜ਼ਾਵਾਂ ਦੇਣੀਆਂ ਬੰਦ ਕਰਨਾ, ਪੰਜਾਬ ਰੋਡਵੇਜ਼ ਦੇ ਸਬ ਇੰਸਪੈਕਟਰ ਨੂੰ ਤਰੱਕੀ ਦੀ ਪੋਸਟ ਮੰਨਣਾ, ਘੱਟੋ-ਘੱਟ ਉਜਰਤਾਂ 26000 ਪ੍ਰਤੀ ਮਹੀਨਾ ਕਰਨਾ, ਸੰਵਿਧਾਨ ਦੀ 85ਵੀਂ ਸੋਧ ਇੰਨ-ਬਿੰਨ ਲਾਗੂ ਕਰਨਾ, ਪੰਜਾਬ ਸਰਕਾਰ ਦੇ ਹੁਕਮ ਮੁਤਾਬਕ ਸੇਵਾਮੁਕਤ ਕਰਮਚਾਰੀਆਂ ਨੂੰ ਬਣਦਾ ਨੋਸ਼ਨਲ ਇੰਕਰੀਮੈਂਟ ਦੇਣਾ ਆਦਿ ਸ਼ਾਮਲ ਹਨ। ਜਿਹੜੇ ਹੋਰ ਪ੍ਰਮੁੱਖ ਆਗੂਆਂ ਨੇ ਮੀਟਿੰਗ ਵਿੱਚ ਆਪਣੇ ਮੁਲਵਾਨ ਵਿਚਾਰ ਅਤੇ ਸੁਝਾਅ ਰੱਖੇ, ਉਨ੍ਹਾਂ ਵਿੱਚ ਜਗਦੀਸ਼ ਸਿੰਘ ਚਾਹਲ ਏਟਕ, ਗੁਰਜੀਤ ਸਿੰਘ ਕਰਮਚਾਰੀ ਦਲ, ਮੰਗਤ ਖਾਨ ਇੰਟਕ, ਸੁਰਿੰਦਰ ਸਿੰਘ ਕੰਡਕਟਰ ਯੂਨੀਅਨ, ਸਲਵਿੰਦਰ ਸਿੰਘ, ਐੱਸ ਸੀ/ਬੀ ਸੀ, ਹਰਮਿੰਦਰ ਸਿੰਘ ਕੰਟਰੈਕਟ ਵਰਕਰਜ਼, ਬੀਰਾ ਸਿੰਘ ਡਰਾਈਵਰਜ਼ ਯੂਨੀਅਨ, ਬਲਵੀਰ ਸਿੰਘ ਇੰਪਲਾਈਜ਼ ਯੂਨੀਅਨ ਅਤੇ ਪੀ ਆਰ ਟੀ ਸੀ ਦੇ ਬਲਦੇਵ ਰਾਜ ਬੱਤਾ ਇੰਟਕ, ਹਰਪ੍ਰੀਤ ਸਿੰਘ ਖੱਟੜਾ ਕਰਮਚਾਰੀ ਦਲ, ਮਨਜਿੰਦਰ ਕੁਮਾਰ ਬੱਬੂ ਸ਼ਰਮਾ ਕੰਟਰੈਕਟ ਯੂਨੀਅਨ, ਰਾਕੇਸ਼ ਕੁਮਾਰ ਐੱਸ ਸੀ/ਬੀ ਸੀ ਅਤੇ ਮੁਹੰਮਦ ਖਲੀਲ ਰਿਟਾਇਰਡ ਵਰਕਰਜ਼ ਯੂਨੀਅਨ ਏਟਕ ਸ਼ਾਮਲ ਸਨ।

### ਭਾਜਪਾ ਦੀ ਕੰਗਣਾ...

ਰਾਜਾਂ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪ੍ਰੇਰਿਤ ਹੈ। ਉਨ੍ਹਾ ਕਿਹਾ ਕਿ ਭਾਜਪਾ ਨੇਤਾ ਅਕਸਰ ਕਿਸਾਨਾਂ ਨੂੰ ਅੱਤਵਾਦੀ ਅਤੇ ਵੱਖਵਾਦੀ ਕਰਾਰ ਦਿੰਦੇ ਹਨ, ਪਰ ਪਾਰਟੀ ਨੇ ਉਨ੍ਹਾਂ ਖਿਲਾਫ ਕਦੇ ਵੀ ਕੋਈ ਠੋਸ ਕਾਰਵਾਈ ਨਹੀਂ ਕੀਤੀ। ਗਰਗ ਨੇ ਸੁਝਾਅ ਦਿੱਤਾ ਕਿ ਭਾਜਪਾ ਦੇ ਤਾਜ਼ਾ ਬਿਆਨ ਮੁੱਖ ਰੂਪ ’ਚ ਹਰਿਆਣਾ, ਜਿੱਥੇ ਵਿਧਾਨ ਸਭਾ ਚੋਣਾਂ ਹੋਣ ਜਾ ਰਹੀਆਂ ਹਨ, ਵਿੱਚ ਕਿਸਾਨਾਂ ਦੀ ਅਸੰਤੁਸ਼ਟੀ ਦੇ ਦਬਾਅ ਤੋਂ ਪ੍ਰੇਰਿਤ ਹਨ।

## ਮੱਖਣ ਸਿੰਘ ਬੁੱਟਰ ਦੇ ਜਨਮ ਦਿਨ ਮੌਕੇ ਲੱਗਾ ਖ਼ੂਨਦਾਨ ਕੈਂਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਨਵ ਸੇਵਾ ਬਲੱਡ ਡੋਨਰਜ਼ ਸੁਸਾਇਟੀ (ਰਜਿ:) ਫੂਲ ਟਾਊਨ ਵੱਲੋਂ ਸੁਸਾਇਟੀ ਪ੍ਰਧਾਨ ਮੱਖਣ ਸਿੰਘ ਬੁੱਟਰ ਦੇ ਜਨਮ ਦਿਨ ਮੌਕੇ ਖ਼ੂਨਦਾਨ ਕੈਂਪ ਲਾਇਆ ਗਿਆ।ਸੁਸਾਇਟੀ ਦੇ ਸੀਨੀਅਰ ਮੀਤ ਪ੍ਰਧਾਨ ਸਿਕੰਦਰ ਸਿੰਘ ਸਪਰਾ, ਖ਼ਜ਼ਾਨਚੀ ਡਾਕਟਰ ਇਕਬਾਲ ਸਿੰਘ ਮਾਨ ਨੇ ਦੱਸਿਆ ਕਿ ਖ਼ੂਨਦਾਨੀ, ਸਮਾਜਸੇਵੀ ਤੇ ਪੱਤਰਕਾਰ ਮੱਖਣ ਸਿੰਘ ਬੁੱਟਰ ਦੇ ਜਨਮ ਦਿਨ ਮੌਕੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਿਵਲ ਹਸਪਤਾਲ ਰਾਮਪੁਰਾ ਫੂਲ ਦੀ ਬਲੱਡ ਬੈਂਕ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ।ਕੈਂਪ ’ਚ ਵਿਸ਼ੇਸ਼ ਤੌਰ ’ਤੇ ਪਹੁੰਚੇ ਪਾਥਫਾਈਂਡਰ ਗਲੋਬਲ ਸਕੂਲ ਦੇ ਐਮ.ਡੀ ਸੁਮਿਤ ਬਾਂਸਲ ਵੱਲੋਂ ਕੈਂਪ ਦਾ ਉਦਘਟਨ ਰੀਬਨ ਕੱਟ ਕੇ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ 15 ਯੂਨਿਟ ਖ਼ੂਨਦਾਨ ਕੀਤਾ ਗਿਆ, ਜੋ ਸਿਵਲ ਹਸਪਤਾਲ ਬਲੱਡ ਬੈਂਕ ਦੀ ਟੀਮ ਵੱਲੋਂ ਇਕੱਤਰ ਕੀਤਾ ਗਿਆ।

ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਮੱਖਣ ਸਿੰਘ ਬੁੱਟਰ ਨੇ 56ਵੀਂ ਵਾਰ ਆਪਣਾ ਖ਼ੂਨਦਾਨ ਕੀਤਾ।ਕੈਂਪ ਦੌਰਾਨ ਬੱਚਿਆਂ ਦੇ ਮਾਹਿਰ ਡਾਕਟਰ ਅਸ਼ੀਸ਼ ਬਜਾਜ ਤੇ ਡਾਕਟਰ ਸਵੀਟੀ ਨੇ ਵਿਸ਼ੇਸ਼ ਤੌਰ ’ਤੇ ਪੁੱਜ ਕੇ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਮੱਖਣ ਸਿੰਘ ਬੁੱਟਰ ਨੂੰ ਜਨਮ ਦਿਨ ਦੀ ਮੁਬਾਰਕਬਾਦ ਦਿੱਤੀ।ਇਸ ਮੌਕੇ ਪ੍ਰੈਸ ਕਲੱਬ (ਰਜਿ:) ਰਾਮਪੁਰਾ ਫੂਲ ਦੇ ਪ੍ਰਧਾਨ ਕੁਲਜੀਤ ਸਿੰਘ ਢੀਂਗਰਾ, ਪ੍ਰੈਸ ਕਲੱਬ ਬਲਾਕ ਰਾਮਪੁਰਾ ਦੇ ਪ੍ਰਧਾਨ ਮਨਪ੍ਰੀਤ ਸਿੰਘ ਗਿੱਲ, ਪੱਤਰਕਾਰ ਰਜਨੀਸ਼ ਕਰਕਰਾ, ਪੱਤਰਕਾਰ ਜਸਪ੍ਰੀਤ ਸਿੰਘ ਭੁੱਲਰ, ਪੱਤਰਕਾਰ ਜਗਪਾਲ ਸਿੰਘ ਭੁੱਲਰ, ਪੱਤਰਕਾਰ ਗੁਰਪ੍ਰੀਤ ਸਿੰਘ ਖੋਖਰ, ਪੱਤਰਕਾਰ ਸੁਖਮੰਦਰ ਸਿੰਘ, ਪੱਤਰਕਾਰ ਪ੍ਰਦੀਪ ਕੁਮਾਰ ਬਿੱਲਾ, ਮਨਮੀਤ ਸਿੰਘ ਸਪਰਾ, ਜਗਸੀਰ ਸਿੰਘ ਬੁੱਗਰ, ਰੰਗੀ ਸਿੰਘ ਭੁੰਦੜ, ਰੇਸ਼ਮ ਸਿੰਘ ਧਿੰਗੜ, ਗੁਰਮੇਲ ਸਿੰਘ ਗੋਲੀ ਸਰਪੰਚ ਕੋਠੇ ਰੱਥੜੀਆਂ ਮਹਿਰਾਜ, ਮਨਿੰਦਰਜੀਤ ਸਿੰਘ ਮਹਿਰਾਜ, ਗੁਰਦੀਪ ਸਿੰਘ ਦੀਪਾ ਮਹਿਰਾਜ, ਅਰਮਾਨ ਸਿੰਘ ਮਹਿਰਾਜ, ਲੱਖੂ ਭੁੱਲਰ (ਪ੍ਰੀਤ ਮੈਡੀਕਲ) ਮਹਿਰਾਜ ਤੋਂ ਇਲਾਵਾ ਬਲੱਡ ਬੈਂਕ ਟੀਮ ਦੇ ਐਲ ਟੀ ਗੁਰਿੰਦਰ ਸਿੰਘ ਵਿੱਕੀ, ਨਰਸਿੰਗ ਸਿਸਟਰ ਕੁਲਜੀਤ ਕੌਰ, ਅਜੈ ਕੁਮਾਰ ਦਰਜਾ ਚਾਰ ਤੇ ਰਾਕੇਸ਼ ਕੁਮਾਰ ਦਾ ਕੈਂਪ ਨੂੰ ਸਫ਼ਲ ਬਣਾਉਣ ਲਈ ਭਰਪੂਰ ਸਹਿਯੋਗ ਰਿਹਾ।

## ਨਿਰੰਜਨ ਸਿੰਘ ਗਰੇਵਾਲ ਦੀ ਯਾਦ ’ਚ ਮੈਮੋਰੀਅਲ ਟਰੱਸਟ ਬਣਾਇਆ ਜਾਵੇਗਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸਮਾਜ ਸੇਵੀ ਅਤੇ ਪੀ.ਆਰ.ਟੀ.ਸੀ. ਦੇ ਸੇਵਾ ਮੁਕਤ ਚੀਫ਼ ਇਨਸਪੈਕਟਰ ਨਿਰੰਜਨ ਸਿੰਘ ਗਰੇਵਾਲ ਦੀ ਯਾਦ ਵਿੱਚ ਉਨ੍ਹਾਂ ਦੇ ਪਰਵਾਰ ਵੱਲੋਂ ‘ਨਿਰੰਜਨ ਸਿੰਘ ਗਰੇਵਾਲ ਮੈਮੋਰੀਅਲ ਟਰੱਸਟ’ ਬਣਾਈ ਜਾਵੇਗੀ, ਜਿਹੜੀ ਹਾਇਰ ਸੈਕੰਡਰੀ ਸਕੂਲ ਸਕਰੌਦੀ (ਸੰਗਰੂਰ) ਦੇ ਸਾਇੰਸ ਤੇ ਕੰਪਿਊਟਰ ਵਿਸ਼ਿਆਂ ਵਿੱਚੋਂ 9ਵੀਂ ਤੋਂ ਬਾਰ੍ਹਵੀਂ ਤੱਕ ਦੇ ਪਹਿਲੇ, ਦੂਜੇ ਤੇ ਤੀਜੇ ਨੰਬਰ ’ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਹਰ ਸਾਲ ਇਨਾਮ ਦਿਆ ਕਰੇਗੀ ਤਾਂ ਜੁ ਵਿਦਿਆਰਥੀਆਂ ਵਿੱਚ ਪੜ੍ਹਾਈ ਲਈ ਉਤਸ਼ਾਹ ਬਣਿਆਂ ਰਹੇ।ਇਹ ਟਰੱਸਟ ਵਾਤਾਵਰਨ ਦੀ ਸ਼ੁੱਧਤਾ ਲਈ ਰੁੱਖ ਲਾਉਣ ਦਾ ਕੰਮ ਵੀ ਕਰੇਗੀ।ਸਕਰੌਦੀ ਦੇ ਸੀਨੀਅਰ ਸੈਕੰਡਰੀ ਸਕੂਲ ਜਿਸਦੀ ਇਮਾਰਤ ਲਈ ਨਿਰੰਜਨ ਸਿੰਘ ਗਰੇਵਾਲ ਨੇ ਸਾਢੇ ਚਾਰ ਲੱਖ ਰੁਪਏ ਦੀ ਮਦਦ ਕੀਤੀ ਸੀ, ਦੇ ਵਿੱਚ ਮੈਡੀਸਨ ਤੇ ਹੋਰ ਰੁੱਖ ਵੀ ਲਾਏ ਗਏ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉਜਾਗਰ ਸਿੰਘ ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਪਟਿਆਲਾ ਨੇ ਪਰਿਵਾਰ ਵੱਲੋਂ ਸ਼ਰਧਾਂਜ਼ਲੀ ਸਮਾਗਮ ਵਿੱਚ ਕੀਤਾ।ਸ਼ਰਧਾਂਜਲੀ ਸਮਾਗਮ ਵਿੱਚ ਪੰਜਾਬ ਸਰਕਾਰ ਦੇ ਪ੍ਰਿੰਸੀਪਲ ਸਕੱਤਰ ਸ੍ਰੀ ਕ੍ਰਿਸ਼ਨ ਕੁਮਾਰ ਵੱਲੋਂ ਨਿਰੰਜਨ ਸਿੰਘ ਗਰੇਵਾਲ ਦੀ ਸਕੂਲ ਲਈ ਕੀਤੀ ਆਰਥਿਕ ਮੱਦਦ ਕਰਕੇ ਹਾਇਰ ਸੈਕੰਡਰੀ ਸਕੂਲ ਸਕਰੌਦੀ ਦੇ ਪ੍ਰਿੰਸੀਪਲ ਨੇ ਸਨਮਾਨ ਪੱਤਰ ਉਨ੍ਹਾਂ ਦੇ ਲੜਕਿਆਂ ਪ੍ਰਦੁਮਣ ਸਿੰਘ ਗਰੇਵਾਲ ਤੇ ਪਰਵਿੰਦਰ ਸਿੰਘ ਗਰੇਵਾਲ ਭੇਟ ਕੀਤਾ।ਸਰਬ ਭਾਰਤੀ ਕਾਂਗਰਸ ਕਮੇਟੀ ਦੇ ਸਹਾਇਕ ਖ਼ਜ਼ਾਨਚੀ ਤੇ ਸਾਬਕਾ ਮੰਤਰੀ ਵਿਜੈਇੰਦਰ ਸਿੰਗਲਾ ਨੇ ਕਿਹਾ ਕਿ ਨਿਰੰਜਨ ਸਿੰਘ ਗਰੇਵਾਲ ਸਮਾਜ ਸੇਵਾ ਨੂੰ ਪ੍ਰਣਾਏ ਹੋਏ ਅਤੇ ਖਾਸ ਤੌਰ ’ਤੇ ਗ਼ਰੀਬ ਪਰਵਾਰਾਂ ਦੀਆਂ ਲੜਕੀਆਂ ਦੀ ਮੁਫ਼ਤ ਪੜ੍ਹਾਈ ਲਈ ਸਮਰਪਤ ਸਨ।ਡਾ. ਹਰਕੇਸ਼ ਸਿੰਘ ਸਿੱਧੂ ਸਾਬਕਾ ਆਈ.ਏ.ਐਸ.ਅਤੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਿਰੰਜਨ ਸਿੰਘ ਗਰੇਵਾਲ ਵਿੱਚ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਦਾ ਜਜ਼ਬਾ ਸੀ।ਉਨ੍ਹਾਂ ਨੂੰ ਪੀ.ਆਰ.ਟੀ.ਸੀ ਵਿੱਚ ਜਿਹੜਾ ਵੀ ਕੰਮ ਦਿੱਤਾ ਜਾਂਦਾ ਸੀ, ਉਹ ਇਮਾਨਦਾਰੀ ਤੇ ਲਗਨ ਨਾਲ ਕਰਕੇ ਬਿਹਤਰੀਨ ਨਤੀਜੇ ਲਿਆਉਂਦੇ ਸਨ।ਹਰੀ ਸਿੰਘ ਚਮਕ ਪੀ.ਆਰ.ਟੀ.ਸੀ ਦੇ ਸੇਵਾਮੁਕਤ ਮਲਾਜ਼ਮਾਂ ਦੀ ਜਥੇਬੰਦੀ ਦੇ ਨੇਤਾ ਨੇ ਕਿਹਾ ਕਿ ਉਹ ਇਮਾਨਦਾਰੀ ਨੂੰ ਪ੍ਰਣਾਏ ਹੋਏ ਸਨ, ਪੀ.ਆਰ.ਟੀ.ਸੀ.ਵਿੱਚ ਉਨ੍ਹਾਂ ਦਾ ਭ੍ਰਿਸ਼ਟਾਚਾਰ ਵਿਰੁੱਧ ਪਾਇਆ ਯੋਗਦਾਨ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ।

## ਬਲਾਕ ਮੌੜ ਦੇ ਸੈਂਟਰ ਬਾਲਿਆਂਵਾਲੀ ਦੀਆਂ ਖੇਡਾਂ ਸਮਾਪਤ



**ਬਠਿੰਡਾ (ਬਖਤੌਰ ਢਿੱਲੋਂ)**-ਸਿੱਖਿਆ ਵਿਭਾਗ ਦੀਆਂ ਪ੍ਰਾਇਮਰੀ ਪੱਧਰ ਦੀਆਂ ਬਲਾਕ ਮੌੜ ਦੀਆਂ ਤਿੰਨ ਰੋਜ਼ਾ ਖੇਡਾਂ ਸੈਂਟਰ ਬਾਲਿਆਂਵਾਲੀ ਦੇ ਪਿੰਡ ਹਰਕਿਸਨਪੁਰਾ ਦੇ ਸਕੂਲ ਵਿਖੇ ਹੋਈਆਂ। ਖੇਡਾਂ ਦਾ ਉਦਘਾਟਨ ਸਕੂਲ ਦੇ ਮੁੱਖ ਅਧਿਆਪਕ ਸ੍ਰੀ ਅਮਨਦੀਪ ਸਿੰਘ ਨੇ ਕੀਤਾ। ਖੇਡਾਂ ਦੇ ਪਹਿਲੇ ਦਿਨ ਸੌ ਮੀਟਰ ਲੜਕੇ ’ਚ ਬਾਲਿਆਂਵਾਲੀ ਪਹਿਲੇ ਤੇ ਗਿੱਲ ਗੌਸਲ ਦੂਜੇ ਸਥਾਨ ’ਤੇ ਰਹੇ। ਲੜਕੀਆਂ ਦੀ ਦੌੜ ’ਚ ਮੰਡੀ ਖੁਰਦ ਨੇ ਦੋਵੇਂ ਸਥਾਨ ਹਾਸਲ ਕੀਤੇ। ਕਬੱਡੀ ਨੈਸਨਲ ਤੇ ਸਰਕਲ ਵਿੱਚ ਲੜਕੇ ਬਾਲਿਆਂਵਾਲੀ ਫਸਟ ਅਤੇ ਗਿੱਲ ਗੌਸਲ, ਝੰਡੂਕੇ ਸੈਕਿੰਡ ਰਹੇ।

ਦੂਜੇ ਦਿਨ ਦੇ ਮੁਕਾਬਲਿਆਂ ਵਿੱਚ ਯੋਗਾ ਲੜਕੇ ਤੇ ਲੜਕੀਆਂ ਵਿੱਚ ਹਰਕਿਸ਼ਨਪੁਰਾ ਤੇ ਬਾਲਿਆਂਵਾਲੀ ਨੇ ਪਹਿਲਾ ਅਤੇ ਗੁਰੂ ਅਰਜਨ ਦੇਵ ਪਬਲਿਕ ਸਕੂਲ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਕਰਾਟੇ ਲੜਕੀਆਂ ’ਚ ਬਾਲਿਆਂਵਾਲੀ ਬਾਲਿਆਂਵਾਲੀ ਪ੍ਰਥਮ ਤੇ ਗਿੱਲ ਗੌਸਲ ਦੋਇਮ ਰਹੇ। ਫੁੱਟਬਾਲ ਲੜਕੀਆਂ ਮੁਕਾਬਲੇ ’ਚ ਬਾਲਿਆਂਵਾਲੀ ਬਸਤੀ ਪਹਿਲੇ ਤੇ ਬਾਲਿਆਂਵਾਲੀ ਦੂਜੇ ਸਥਾਨ ’ਤੇ ਰਹੇ। ਖੋ-ਖੋ ਮੁਕਾਬਲੇ ’ਚ ਝੰਡੂਕੇ , ਬਾਲਿਆਂਵਾਲੀ, ਨੰਦਗੜ੍ਹ ਕੋਟੜਾ ਦੀ ਝੰਡੀ ਰਹੀ। ਲੰਬੀ ਛਾਲ ਤੇ ਗੋਲਾ ਸੁੱਟਣ ਵਿੱਚ ਝੰਡੂਕੇ, ਦੌਲਤਪੁਰਾ ਅਤੇ ਬਾਲਿਆਂਵਾਲੀ ਪਹਿਲੇ ਸਥਾਨ ’ਤੇ ਰਹੇ। ਤੀਜੇ ਦਿਨ ਚਾਰ ਸੌ ਮੀਟਰ ਦੌੜ ’ਚ ਨੰਦਗੜ੍ਹ ਕੋਟੜਾ ਤੇ ਮੰਡੀ ਖੁਰਦ ਪਹਿਲੇ ਅਤੇ ਦੌਲਤਪੁਰਾ ਦੂਜੇ ਥਾਂ ਰਹੇ। ਕੁਸ਼ਤੀ ਮੁਕਾਬਲੇ ਵਿੱਚ ਬਾਲਿਆਂਵਾਲੀ ਅਤੇ ਗੁਰੂ ਅਰਜਨ ਦੇਵ ਪਬਲਿਕ ਸਕੂਲ ਨੇ ਪਹਿਲਾ ਅਤੇ ਦੌਲਤਪੁਰਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਸ਼ਤਰੰਜ ਮੁਕਾਬਲੇ ’ਚ ਨੰਦਗੜ੍ਹ ਕੋਟੜਾ ਤੇ ਬਾਲਿਆਂਵਾਲੀ ਨੇ ਕ੍ਰਮਵਾਰ ਪਹਿਲਾ ਦੂਜਾ ਥਾਂ ਹਾਸਲ ਕੀਤਾ।

ਇਸ ਉਪਰੰਤ ਲੇਡੀਜ਼ ਟੀਚਰਜ ਅਤੇ ਮਿਡ ਡੇਅ ਮੀਲ ਵਰਕਰਜ ਦੀ ਨਿੰਬੂ ਚਮਚ ਰੇਸ ਵਿੱਚ ਪਰਵੀਨ ਕਮਾਰੀ ਜੇਤੂ ਰਹੀ। ਇਸ ਤੋਂ ਬਾਅਦ ਮੁੱਖ ਅਧਿਆਪਕ ਅਮਨਦੀਪ ਸਿੰਘ ਦੀ ਅਗਵਾਈ ਵਿੱਚ ਇਨਾਮਾਂ ਦੀ ਵੰਡ ਕੀਤੀ ਗਈ। ਜੇਤੂਆਂ ਨੂੰ ਸੋਨੇ ਤੇ ਸਿਲਵਰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਪ੍ਰਬੰਧਕਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ ਗਏ। ਸੈਂਬਰ ਸਿੰਘ, ਗੁਰਜੰਟ ਸਿੰਘ ਸਿਵੀਆਂ ਤੇ ਪ੍ਰਮੇਸ਼ਰ ਸਿੰਘ ਨੇ ਸਭਨਾਂ ਦਾ ਧੰਨਵਾਦ ਕੀਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਲੁੱਟਾਂ-ਖੋਹਾਂ ਦੇ ਰੋਸ ਵਜੋਂ ਦੁਕਾਨਦਾਰਾਂ, ਵਪਾਰੀਆਂ ਤੇ ਪਿੰਡ ਵਾਸੀਆਂ ਨੇ ਦਿੱਤਾ ਧਰਨਾ



**ਕਾਲਾ ਸੰਘਿਆਂ (ਮਨਜੀਤ ਮਾਨ)**—ਇਥੇ ਇਲਾਕੇ ਵਿੱਚ ਹੋ ਰਹੀਆਂ ਲੁੱਟਾਂ-ਖੋਹਾਂ ਤੋਂ ਸਥਾਨਕ ਤੇ ਇਲਾਕੇ ਦੇ ਲੋਕ ਪ੍ਰੇਸ਼ਾਨ ਹਨ ਅਤੇ ਬੀਤੀ 24 ਅਗਸਤ ਦੀ ਦੇਰ ਰਾਤ ਨੂੰ ਦੋ ਮੋਟਰਸਾਈਕਲ ਲੁਟੇਰਿਆਂ ਵੱਲੋਂ ਇਕ ਕਰਿਆਨਾ ਦੁਕਾਨ ਦੇ ਮਾਲਕ ਤੇ ਗੋਲੀਆਂ ਚਲਾ ਗੰਭੀਰ ਰੂਪ ਵਿੱਚ ਜ਼ਖ਼ਮੀ ਕਰਨ ਦੀ ਵਾਰਦਾਤ ਕਾਰਨ ਕਾਲਾ ਸੰਘਿਆਂ ਦੀ ਦੁਕਾਨਦਾਰ ਯੂਨੀਅਨ ਦੇ ਦੁਕਾਨਦਾਰਾਂ ਵਿੱਚ ਸਰਕਾਰ ਤੇ ਪੁਲਸ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਦੇ ਚਲਦਿਆਂ ਦੁਕਾਨਦਾਰਾਂ ਨੇ ਮੇਨ ਬਜ਼ਾਰ ਵਿਖੇ ਇਕੱਠੇ ਹੋ ਕੇ ਨਕੋਦਰ -ਕਪੂਰਥਲਾ ਮੁੱਖ ਮਾਰਗ ਸਥਿਤ ਚੌਂਕ ਤੱਕ ਰੋਸ ਪ੍ਰਦਰਸ਼ਨ ਤੇ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਨਕੋਦਰ -ਕਪੂਰਥਲਾ ਚੌਂਕ ਵਿਖੇ ਪਹੁੰਚ ਕੇ ਦੁਕਾਨਦਾਰਾਂ ਨੇ ਚੌਂਕ ਤੋਂ ਆਵਾਜਾਈ ਠੱਪ ਕਰਕੇ ਨਾਅਰੇਬਾਜ਼ੀ ਕੀਤੀ। ਦੁਕਾਨਦਾਰਾਂ ਨੇ ਕਿਹਾ ਕਿ ਸਰਕਾਰ ਤੇ ਪੁਲਸ ਪ੍ਰਸ਼ਾਸਨ ਆਮ ਲੋਕਾਂ ਦੀ ਸੁਰੱਖਿਆ ਕਰਨ ਵਿੱਚ ਫੇਲ੍ਹ ਸਾਬਤ ਹੋ ਰਿਹਾ ਹੈ ਜਿਸ ਕਾਰਨ ਚੋਰਾਂ ਲੁਟੇਰਿਆਂ ਦਾ ਇਸ ਕਦਰ ਬੋਲਬਾਲਾ ਹੈ ਕਿ ਇਹ ਮਾੜੇ ਅਨਸਰ ਬਿਨਾਂ ਕਿਸੇ ਡਰ ਖ਼ੌਫ਼ ਪਿਸਤੌਲ ਜਾਂ ਤੇਜ਼ਧਾਰ ਹਥਿਆਰਾਂ ਦੀ ਨੋਕ ਤੇ ਵਾਰਦਾਤਾਂ ਨੂੰ ਅੰਜ਼ਾਮ ਦਿੰਦੇ ਹਨ। ਦੁਕਾਨਦਾਰਾਂ ਵੱਲੋਂ ਕੀਤੇ ਰੋਸ ਪ੍ਰਦਰਸ਼ਨ ਦਾ ਪਤਾ ਲੱਗਣ ਤੇ ਆਮ ਲੋਕ ਵੀ ਕੁੱਝ ਕੁ ਸਮੇਂ ਵਿੱਚ ਦੁਕਾਨਦਾਰਾਂ ਦੇ ਹੱਕ ਵਿੱਚ ਆ ਕੇ ਪ੍ਰਦਰਸ਼ਨ ਦਾ ਹਿੱਸਾ ਬਣਨ ਲੱਗੇ ਤੇ ਕਰੀਬ ਦੋ ਘੰਟੇ ਪ੍ਰਦਰਸ਼ਨਕਾਰੀਆਂ ਨੇ ਨਕੋਦਰ -ਕਪੂਰਥਲਾ ਮੁੱਖ ਮਾਰਗ ਜਾਮ ਰੱਖਿਆ ਤੇ ਨਾਅਰੇਬਾਜ਼ੀ ਕੀਤੀ। ਮੇਨ ਰੋਡ ਜਾਮ ਹੋਣ ਕਾਰਨ ਰਾਹਗੀਰਾਂ ਨੂੰ ਅੱਤ ਦੀ ਗਰਮੀ ਵਿੱਚ ਖੱਜਲ ਖ਼ੁਆਰੀ ਤੇ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਦੁਕਾਨਦਾਰਾਂ ਨੇ ਮੰਗ ਕੀਤੀ ਕਿ ਚੌਂਕੀ ਵਿੱਚ ਮੁਲਾਜ਼ਮਾਂ ਦੀ ਗਿਣਤੀ ਪੂਰੀ ਕਰਕੇ ਪੂਰੀ ਰਾਤ ਪੁਲਸ ਦੀ ਗਸ਼ਤ ਡਿਊਟੀ ਲਗਾਈ ਜਾਵੇ ਅਤੇ ਬਿਨਾਂ ਨੰਬਰ ਪਲੇਟਾਂ ਤੋਂ ਲੰਘਦੇ ਵਾਹਨਾਂ ਤੇ ਸਖ਼ਤੀ ਕੀਤੀ ਜਾਵੇ। ਮੌਕੇ ਤੇ ਪੁਲਸ ਚੌਂਕੀ ਕਾਲਾ ਸੰਘਿਆਂ ਦੇ ਇੰਚਾਰਜ਼ ਏ ਐਸ ਆਈ ਅਮਰਜੀਤ ਸਿੰਘ ਤੇ ਥਾਣਾ ਸਦਰ ਤੋਂ ਸਬ ਇੰਸਪੈਕਟਰ ਜਸਵੀਰ ਸਿੰਘ ਨੇ ਧਰਨਕਾਰੀਆਂ ਨਾਲ ਗੱਲਬਾਤ ਕਰਦੇ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਮੰਗਾਂ ਤੁਰੰਤ ਮੰਨੀਆਂ ਜਾਣਗੀਆਂ ਪਰ ਫਿਰ ਵੀ ਦੁਕਾਨਦਾਰ ਉੱਚ ਅਧਿਕਾਰੀਆਂ ਨੂੰ ਮੌਕੇ ਤੇ ਬੁਲਾਉਣ ਦੀ ਗੱਲ ਕਰਦੇ ਰਹੇ ਤਾਂ ਚੌਂਕੀ ਇੰਚਾਰਜ ਨੇ ਦੋ ਦਿਨਾਂ ਬਾਅਦ ਡੀ ਐਸ ਪੀ ਤੇ ਥਾਣਾ ਮੁਖੀ ਨਾਲ਼ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਜਿਸ ਤੋਂ ਬਾਅਦ ਸਾਰਿਆਂ ਦੁਕਾਨਦਾਰਾਂ ਨੇ ਸਲਾਹ ਮਸ਼ਵਰਾ ਕਰਕੇ ਧਰਨਾ ਸਮਾਪਤ ਕੀਤਾ ਤੇ ਕਿਹਾ ਕਿ ਜੇਕਰ ਪ੍ਰਸ਼ਾਸਨ ਸਾਡੇ ਨਾਲ ਦੋ ਦਿਨਾਂ ਬਾਅਦ ਵੀ ਗੱਲਬਾਤ ਨਹੀਂ ਕਰਦਾ ਤਾਂ ਦੁਬਾਰਾ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਰਾਜੂ ਪੰਡਿਤ, ਵਿਸ਼ਾਲ ਜੋਸ਼ੀ, ਸੰਨੀ ਸ਼ਰਮਾ, ਸੰਜੀਵ ਕੁਮਾਰ ਹੈਪੀ ਸਾਬਕਾ ਸਰਪੰਚ, ਪਰਮਜੀਤ ਸਿੰਘ ਬੱਸਣ ਪ੍ਰਧਾਨ ਗੁਰਦੁਆਰਾ ਬਾਬਾ ਕਾਹਨ ਦਾਸ ਪ੍ਰਬੰਧਕ ਕਮੇਟੀ, ਵਿੱਕੀ, ਡਾ ਬਲਰਾਮ ਸ਼ਰਮਾ ਉਰਫ਼ ਡਾਕਟਰ ਕਿੰਦੀ , ਕੁਲਦੀਪ ਲੂੰਬਾ, ਗੁਰਦਾਵਰ ਸਿੰਘ ਬੱਸਣ, ਸੁਖਵਿੰਦਰ ਸਿੰਘ ਚਾਹਲ, ਲੁਭਾਇਆ ਸਿੰਘ ਸਾਬਕਾ ਸਰਪੰਚ, ਬਾਬਾ ਸੁਰਿੰਦਰ ਸਿੰਘ ਗ਼ਦਰੀ ਬਾਬਾ,ਹੈਪੀ ਵਾਲੀਆ, ਹਰਪਾਲ ਸਿੰਘ ਪਾਲਾ ਟੇਲਰ,ਸੋਨੂੰ ਵਾਲੀਆ, ਸੁਰਿੰਦਰ ਕੁਮਾਰ ਬਾਊ, ਮਨਜੀਤ ਸੋਹਲ, ਜਸਵੀਰ ਜੌਲੀ ਟੇਲਰ, ਬੱਬੂ ਚੌਹਾਨ, ਡਾ.ਨਵਲ, ਨੀਟਾ, ਅਜੇ ਜੋਸ਼ੀ, ਜਸਪਾਲ ਸਿੰਘ ਬਿੱਲਖੂ, ਸਰਪੰਚ ਮਨਿੰਦਰ ਪਾਲ ਮੰਨਾ, ਮੁਖਤਿਆਰ ਸਿੰਘ , ਪ੍ਰੀਤ, ਸਾਹਿਲ ਸ਼ਰਮਾ, ਰਾਕੇਸ਼ ਚਾਹਲ, ਡੇਵਿਡ, ਚਰਨਜੀਤ ਸਿੰਘ, ਹਰਜਿੰਦਰ ਸਿੰਘ ਕਾਲੜਾ ਸਮੇਤ ਵੱਡੀ ਗਿਣਤੀ ਵਿੱਚ ਕਾਲਾ ਸੰਘਿਆਂ ਮਾਰਕਿਟ ਦੇ ਦੁਕਾਨਦਾਰ ਤੇ ਹੋਰ ਲੋਕ ਹਾਜ਼ਰ ਸਨ।

# ਘੱਟ-ਗਿਣਤੀ ਲੋਕਾਂ ਦੇ ਮਸਲੇ ਹੱਲ ਕਰਨ ਲਈ ਮਾਨ ਸਰਕਾਰ ਵਚਨਬੱਧ : ਇਸਲਾਮ ਅਲੀ



ਡੇਰਾਬੱਸੀ (ਐੱਸ. ਏ. ਐੱਸ. ਨਗਰ) (ਗੁਰਜੀਤ ਬਿੱਲਾ)—ਪੰਜਾਬ ਸਟੇਟ ਮਿਨਿਓਰਟੀ (ਘੱਟ ਗਿਣਤੀ) ਕਮਿਸ਼ਨ ਦੇ ਮੈਂਬਰ ਇਸਲਾਮ ਅਲੀ ਡੇਰਾਬੱਸੀ ਦੀ ਮਸਜਿਦ ਵਿੱਚ ਮੁਸਲਿਮ ਵੈੱਲਫੇਅਰ ਅਤੇ ਰੋਜ਼ਾ ਕਮੇਟੀ ਵੱਲੋਂ ਵਕਫ਼ ਅਤੇ ਹੋਰ ਮਸਲਿਆਂ ਸੰਬੰਧੀ ਮੰਗ ਪੱਤਰ ਸੌਂਪਿਆ ਗਿਆ ਜਿਸ ਦੌਰਾਨ ਮੈਂਬਰ ਘੱਟ ਗਿਣਤੀ ਕਮਿਸ਼ਨ ਇਸਲਾਮ ਅਲੀ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਘੱਟ ਗਿਣਤੀਆਂ ਦੇ ਮਾਮਲਿਆਂ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਹੱਲ ਕਰਨ ਲਈ ਵਚਨਬੱਧ ਹਨ।ਇਸ ਮੌਕੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਮਾਈਨਾਰਟੀ ਵਿੰਗ ਦੇ ਪ੍ਰਧਾਨ ਐਡਵੋਕੇਟ ਚਮਨ ਕੁਰੈਸ਼ੀ ਹੋਰਾਂ ਵੱਲੋਂ ਵੀ ਕਨੂੰਨੀ ਮਸਲਿਆਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਕਨੂੰਨ ਦੇ ਪੱਖ ਤੋਂ ਹਰ ਸੰਭਵ ਸਹਾਇਤਾ ਕਰਨ ਦਾ ਵਾਅਦਾ ਵੀ ਕੀਤਾ ਗਿਆ।ਇਸ ਮੌਕੇ ਸੋਨੂੰ ਖਾਨ, ਤਾਰਾ ਚੰਦ ਖਾਨ, ਗੁਫਾਰ ਅਲੀ, ਫ਼ਕੀਰ ਖਾਨ ਅਤੇ ਬਿੱਟੂ ਪ੍ਰਧਾਨ ਹੋਰ ਸਾਥੀ ਹਾਜ਼ਰ ਰਹੇ।

## 10 ਕਿੱਲੋ ਭੁੱਕੀ ਸਮੇਤ ਦੋ ਮੁਲਜ਼ਮ ਕਾਬੂ

**ਦੀਨਾਨਗਰ, (ਸੰਜੀਵ)**-ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਦੇ ਵਜੋਂ ਪੁਲਸ ਵੱਲੋਂ ਲਗਾਤਾਰ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ। ਜਿਸ ਕਾਰਨ ਥਾਣਾ ਦੀਨਾਨਗਰ ਦੀ ਪੁਲਸ ਨੇ 2 ਵਿਅਕਤੀਆਂ ਨੂੰ 10 ਕਿਲੋ ਭੁੱਕੀ ਸਮੇਤ ਗ੍ਰਿਫ਼ਤਾਰ ਕਰਨ ਚ ਸਫਲਤਾ ਹਾਸਲ ਕੀਤੀ ਹੈ।ਜਾਂਚ ਅਧਿਕਾਰੀ ਐੱਸ ਆਈ ਮੋਹਨ ਲਾਲ ਨੇ ਦੱਸਿਆ ਕਿ ਉਨ੍ਹਾਂ ਨੇ ਪੁਲਸ ਪਾਰਟੀ ਸਮੇਤ ਨੈਸ਼ਨਲ ਹਾਈਵੇ 'ਤੇ ਨਾਕਾਬੰਦੀ ਕੀਤੀ ਹੋਈ ਸੀ ਅਤੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ।ਇਸੇ ਦੌਰਾਨ ਪਠਾਨਕੋਟ ਵਾਲੇ ਪਾਸੇ ਤੋਂ ਇੱਕ ਟਰੱਕ ਆ ਰਿਹਾ ਸੀ, ਜਿਸ ਨੂੰ ਸ਼ੱਕ ਦੇ ਆਧਾਰ ਤੇ ਰੋਕਿਆ ਗਿਆ, ਟਰੱਕ ਵਿੱਚ ਕੇਵਲ ਮਸੀਹ ਪੁੱਤਰ ਭੁੱਲਾ ਮਸੀਹ ਵਾਸੀ ਅਬਦੁਲਪੁਰ ਥਾਣਾ ਮੁਕੇਰੀਆਂ ਅਤੇ ਸੈਮੂਅਲ ਮਸੀਹ ਪੁੱਤਰ ਤਰਸੇਮ ਮਸੀਹ ਵਾਸੀ ਚੱਕਾ ਔਲਖ, ਥਾਣਾ ਅਜਨਾਲਾ ਸਵਾਰ ਸਨ। ਕੇਵਲ ਮਸੀਹ ਹੀ ਟਰੱਕ ਚਲਾ ਰਿਹਾ ਸੀ।ਟਰੱਕ ਦੀ ਤਲਾਸ਼ੀ ਦੌਰਾਨ ਇੱਕ ਬੋਰੀ ਬਰਾਮਦ ਹੋਈ, ਜਿਸ ਦੀ ਤਲਾਸ਼ੀ ਲੈਣ ਤੇ 10 ਕਿਲੋ ਭੁੱਕੀ ਬਰਾਮਦ ਹੋਈ।ਪੁਲਸ ਨੇ ਦੋਵਾਂ ਨੂੰ ਕਾਬੂ ਕਰਕੇ ਮਾਮਲਾ ਦਰਜ ਕਰ ਲਿਆ ਹੈ।

## ਡਰਾ-ਧਮਕਾ ਕੇ ਫਿਰੌਤੀਆਂ ਮੰਗਣ ਵਾਲੇ 2 ਦੋਸ਼ੀ ਗ੍ਰਿਫਤਾਰ

**ਸਰਾਏ ਅਮਾਨਤ ਖਾਂ ( ਮੱਖਣ ਮਨੋਜ)**-ਗੌਰਵ ਤੂਰਾ ਆਈਪੀਐੱਸ/ਐੱਸਐੱਸਪੀ ਤਰਨ ਤਾਰਨ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਅਜੇਰਾਜ ਸਿੰਘ ਪੀਪੀਐੱਸ/ਐੱਸਪੀ (ਡੀ) ਤਰਨ ਤਾਰਨ ਅਤੇ ਕਮਲਮੀਤ ਸਿੰਘ ਪੀਪੀਐੱਸ. ਡੀਐਸਪੀ. ਸਿਟੀ ਤਰਨ ਤਾਰਨ ਦੀ ਨਿਗਰਾਨੀ ਹੇਠ ਇੰਸਪੈਕਟਰ ਪ੍ਰਭਜੀਤ ਸਿੰਘ ਇੰਚਾਰਜ ਸੀਆਈਏ ਸਟਾਫ ਤਰਨ ਤਾਰਨ ਅਤੇ ਮੁੱਖ ਅਫਸਰ ਥਾਣਾ ਸਿਟੀ ਤਰਨ ਤਾਰਨ ਇੰਸਪੈਕਟਰ ਹਰਜਿੰਦਰ ਸਿੰਘ ਅਤੇ ਉਹਨਾਂ ਦੀ ਟੀਮ ਵੱਲੋਂ ਫਿਰੌਤੀ ਮੰਗਣ ਵਾਲੇ 2 ਦੋਸ਼ੀਆਂ ਨੂੰ ਟਰੇਸ ਕਰਕੇ ਕਾਬੂ ਕਰ ਲਿਆ ਹੈ।23-08-2024 ਨੂੰ ਮੁਦਈ ਨੇ ਥਾਣਾ ਹਾਜ਼ਰ ਆ ਕੇ ਆਪਣਾ ਬਿਆਨ ਕਲਮਬੰਦ ਕਰਵਾਇਆ ਕਿ ਮੇਰੀ ਰੰਗ ਰੋਗਨ ਦੀ ਦੁਕਾਨ ਹੈ।20.08.2024 ਦਿਨ ਮੰਗਲਵਾਰ ਨੂੰ 01:39 ਵਜੇ ਬਾਅਦ ਦੁਪਹਿਰ ਮੈਨੂੰ ਮੇਰੇ ਨੰਬਰ ਉਪਰ ਤੋਂ 90415-63026 ਨੰਬਰ ਤੋਂ ਵੱਸਟਐਪ ਕਾਲ ਆਈ ਅਤੇ ਮੇਰੇ ਪਾਸੋਂ ਫਿਰੌਤੀ ਦੀ ਮੰਗ ਕੀਤੀ ਗਈ, ਇਸ 'ਤੇ ਮੈਂ ਘਬਰਾ ਕੇ ਕਾਲ ਕੱਟ ਦਿੱਤੀ ਤੇ ਨੈੱਟ ਬੰਦ ਕਰ ਦਿੱਤਾ। ਫਿਰ 06:40 ਸ਼ਾਮ ਨੂੰ ਕਾਲ ਕਰਕੇ 10 ਲੱਖ ਦੀ ਮੰਗ ਕੀਤੀ ਅਤੇ ਨਾ ਦੇਣ ਦੀ ਸੂਰਤ ਵਿੱਚ ਗੋਲੀਆ ਮਾਰਨ ਦੀ ਧਮਕੀ ਦਿੱਤੀ ਗਈ ਜਿਸਤੇ ਥਾਣਾ ਸਿਟੀ ਤਰਨ ਤਾਰਨ ਦੀ ਪੁਲਸ ਵੱਲੋਂ ਸੂਚਨਾ ਮਿਲਣ ਤੇ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।ਦੌਰਾਨੇ ਤਫਤੀਸ਼ ਮੁੱਖ ਅਫਸਰ ਥਾਣਾ ਸਿਟੀ ਤਰਨ ਤਾਰਨ ਅਤੇ ਉਨ੍ਹਾਂ ਦੀ ਟੀਮ ਵੱਲੋਂ ਟੈਕਨੀਕਲ ਸਰਵੀਲੈਂਸ ਅਤੇ ਖੁਫੀਆ ਸੋਰਸਾ ਰਾਹੀਂ ਬਿੱਲੂ ਪੁੱਤਰ ਬਲਦੇਵ ਸਿੰਘ ਵਾਸੀ ਸੱਚਖੰਡ ਰੋਡ ਤਰਨ ਤਾਰਨ ਨੂੰ ਗੁਰਦੁਆਰਾ ਟੱਕਰ ਸਾਹਿਬ ਨਜ਼ਦੀਕ ਗੰਦੇ ਨਾਲੇ ਤੋਂ ਗ੍ਰਿਫਤਾਰ ਕਰਕੇ ਪੁੱਛ-ਗਿੱਛ ਕੀਤੀ ਗਈ, ਜੋ ਦੌਰਾਨੇ ਪੁੱਛ-ਗਿੱਛ ਉਕਤ ਵਿਅਕਤੀ ਦੱਸਿਆ ਕਿ ਮੈਂ ਅਤੇ ਮੇਰਾ ਸਾਥੀ ਜੁਵੀਨਾਈਲ ਜੋ ਮੇਰਾ ਰਿਸ਼ਤੇਦਾਰ ਹੈ, ਅਸੀਂ ਹੀ ਮੁੱਦਈ ਪਾਸੋਂ 10 ਲੱਖ ਰੁਪਏ ਫਿਰੌਤੀ ਦੀ ਮੰਗ ਕੀਤੀ ਸੀ ਜਿਸ 'ਤੇ ਪੁਲਸ ਟੀਮ ਨੇ ਬਿੱਲੂ ਦੀ ਪੁੱਛ-ਗਿੱਛ ਤੇ ਜੁਵੀਨਾਈਲ ਨੂੰ ਵੀ ਫੜ ਲਿਆ ਹੈ ਅਤੇ ਇਨ੍ਹਾਂ ਪਾਸੋਂ ਫਿਰੌਤੀ ਸਮੇਂ ਵਰਤੇ ਗਏ 3 ਮੋਬਾਈਲ ਫੋਨ ਵੀ ਬਰਾਮਦ ਕਰ ਲਏ ਹਨ।ਦੋਸ਼ੀਆਂ ਨੂੰ ਪੇਸ਼ ਅਦਾਲਤ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ। ਦੌਰਾਨੇ ਰਿਮਾਂਡ ਇਨ੍ਹਾਂ ਦੋਸ਼ੀਆਂ ਪਾਸੋਂ ਹੋਰ ਵੀ ਵੱਡੇ ਖੁਲਾਸੇ ਹੋਣ ਦੀ ਸੰਭਾਵਨਾਂ ਹੈ।

## 2 ਅਣਪਛਾਤੇ ਮੋਟਰਸਾਈਕਲ ਸਵਾਰ ਵਸੀਕਾਨਵੀਸ ਨੂੰ ਗੋਲੀ ਮਾਰ ਕੇ ਫ਼ਰਾਰ

**ਰਮਦਾਸ (ਰਤਨ ਪੱਡਾ)**-ਕਰੀਬ 7.30 ਵਜੇ ਵਸੀਕਾਨਵੀਸ, ਵਪਾਰੀ ਗੈਸ ਏਜੰਸੀ ਦੇ ਮਾਲਕ ਸੁਰਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਹਲ ਵਾਸੀ ਰਮਦਾਸ 'ਤੇ ਦੋ ਮੋਟਰਸਾਈਕਲ ਸਵਾਰ ਵਿਅਕਤੀਆਂ ਨੇ ਗੋਲੀ ਮਾਰੀ।ਪਰਤੱਖ ਦਰਸ਼ੀਆ ਅਨੁਸਾਰ ਹਮਲਾਵਰ ਮੋਟਰਸਾਈਕਲ ਤੇ ਸਵਾਰ ਸਨ ਤੇ ਗੋਲੀ ਮਾਰ ਕੇ ਅਜਨਾਲਾ ਵਾਲੇ ਪਾਸੇ ਨੂੰ ਫ਼ਰਾਰ ਹੋ ਗਏ। ਪਤਾ ਲੱਗਾ ਹੈ ਕਿ ਸੁਰਜੀਤ ਸਿੰਘ ਨੂੰ ਫਿਰੌਤੀ ਲਈ ਪਹਿਲਾਂ ਵੀ ਧਮਕੀਆਂ ਮਿਲ ਰਹੀਆਂ ਸਨ ਜਿਸ ਤੇ ਉਸ ਨੂੰ ਪੁਲਸ ਸਕਿਓਰਿਟੀ ਮਿਲੀ ਹੋਈ ਸੀ ਤੇ ਉਹ ਆਪਣੇ ਘਰ ਦੇ ਬਾਹਰ ਖੜਾ ਸੀ।ਜ਼ਿਕਰਯੋਗ ਹੈ ਕਿ ਚਾਰ ਕੁ ਦਿਨ ਪਹਿਲਾਂ ਫਤਿਹਗੜ੍ਹ ਚੂੜੀਆਂ ਰੋਡ ਰਮਦਾਸ ਦੇ ਇੱਕ ਦੁਕਾਨਦਾਰ 'ਤੇ ਗੋਲੀ ਚਲੀ ਸੀ ਜਿਸ ਵਿੱਚ ਦੁਕਾਨਦਾਰ ਵਾਲ-ਵਾਲ ਬਚਿਆ ਸੀ। ਘਟਨਾ ਦੀ ਸੂਚਨਾ ਮਿਲਦਿਆਂ ਡੀ. ਐੱਸ. ਪੀ. ਅਜਨਾਲਾ, ਐੱਸ ਐੱਚ ਓ ਰਮਦਾਸ ਮੌਕਾ ਵਾਰਦਾਤ ਤੇ ਪਹੁੰਚ ਗਏ ਜਿਨ੍ਹਾਂ ਨੇ ਤਹਿਕੀਕਾਤ ਸ਼ੁਰੂ ਕਰ ਦਿੱਤੀ। ਪੁਲਸ ਵੱਲੋਂ ਕੈਮਰੇ ਖੰਗਾਲੇ ਜਾ ਰਹੇ ਹਨ. ਜ਼ਖਮੀ ਸੁਰਜੀਤ ਸਿੰਘ ਨੂੰ ਇਲਾਜ ਲਈ ਹਸਪਤਾਲ ਭੇਜਿਆ ਗਿਆ।

## ਪੱਤਰਕਾਰ ਐਸੋਸੀਏਸ਼ਨ 29 ਨੂੰ ਥਾਣਾ ਬੀ ਡਵੀਜ਼ਨ ਦੇ ਬਾਹਰ ਦੇਵੇਗੀ ਧਰਨਾ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ, ਗੁਰਚਰਨ ਸਿੰਘ)**-ਚੰਡੀਗੜ੍ਹ ਪੰਜਾਬ ਜਰਨਲਿਸਟਸ ਐਸੋਸੀਏਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ ਨੇ ਪੱਤਰਕਾਰਾਂ 'ਤੇ ਹੋ ਰਹੇ ਹਮਲਿਆ ਪ੍ਰਤੀ ਚਿੰਤਾ ਦਾ ਪ੍ਰਗਟਾਵਾ ਕਰਦਿਆ ਕਿਹਾ ਕਿ ਕਰੀਬ ਇੱਕ ਮਹੀਨਾ ਬੀਤ ਜਾਣ ਦੇ ਬਾਵਜੂਦ ਵੀ ਪੱਤਰਕਾਰ ਹਰਦੇਵ ਸਿੰਘ ਪ੍ਰਿੰਸ ਤੇ ਹੋਏ ਹਮਲੇ ਦਾ ਇਨਸਾਫ ਨਾ ਮਿਲਣ ਨੂੰ ਲੈ ਕੇ ਸਮੂਹ ਪੱਤਰਕਾਰ ਭਾਈਚਾਰਾ 29 ਅਗਸਤ 2024 ਨੂੰ ਸਵੇਰੇ 11 ਵਜੇ ਥਾਣਾ ਬੀ ਡਵੀਜ਼ਨ ਦੇ ਨਾ ਅਹਿਲ ਥਾਣਾ ਮੁੱਖੀ ਦੇ ਖਿਲਾਫ ਧਰਨਾ ਦੇਵੇਗੀ ਤੇ ਇਸ ਧਰਨੇ ਵਿੱਚ ਕਿਸਾਨ ਜਥੇਬੰਦੀਆਂ ਤੇ ਹੋਰ ਮੁਲਾਜ਼ਮ ਜਥੇਬੰਦੀਆਂ ਵੀ ਆਪਣਾ ਸਹਿਯੋਗ ਦੇਣਗੀਆਂ।ਜਾਰੀ ਬਿਆਨ ਵਿੱਚ ਜਸਬੀਰ ਸਿੰਘ ਪੱਟੀ ਪ੍ਰਧਾਨ ਜਸਬੀਰ ਸਿੰਘ ਪੱਟੀ ਨੇ ਕਿਹਾ ਕਿ ਪੱਤਰਕਾਰਾਂ ਪ੍ਰਤੀ ਮੌਜੂਦਾ ਸਰਕਾਰ ਵੱਲੋ ਅਪਨਾਈ ਗਈ ਬੇਗਾਨਗੀ ਵਾਲੀ ਨੀਤੀ ਦੀ ਐਸੋਸੀਏਸ਼ਨ ਨਿਖੇਧੀ ਕਰਦੀ ਹੈ ਤੇ ਮੰਗ ਕਰਦੀ ਹੈ ਕਿ ਕੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੱਸ ਸਕਦੇ ਹਨ ਕਿ ਸਰਕਾਰ ਪਿੰਡਾਂ ਵਿੱਚੋ ਚੱਲਦੀ ਹੈ ਜਾਂ ਫਿਰ ਖੂਹ ਖਾਤੇ ਵਿੱਚੋ ਚੱਲਦੀ ਹੈ ? ਉਨਾਂ ਕਿਹਾ ਕਿ ਐਸੋਸੀਏਸ਼ਨ ਪੰਜਾਬ ਸਰਕਾਰ ਤੋਂ ਮੰਗ ਕਰਦੀ ਹੈ ਕਿ ਜਿਥੇ ਪੱਤਰਕਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ ਉਥੇ ਹਰਦੇਵ ਸਿੰਘ ਪ੍ਰਿੰਸ ਨੂੰ ਵੀ ਇਨਸਾਫ ਦਿੱਤਾ ਜਾਵੇ।ਥਾਣਾ ਬੀ ਡਵੀਜ਼ਨ ਦਾ ਨਾ ਅਹਿਲ ਥਾਣਾ ਮੁੱਖੀ ਰਣਜੀਤ ਸਿੰਘ ਜਿਸ ਕੋਲੋ ਮਹਿਕਮੇ ਦੇ ਅਧਿਕਾਰੀ ਵੀ ਸੰਤੁਸ਼ਟ ਨਹੀ ਹਨ ਫਿਰ ਵੀ ਉਸ ਨੂੰ ਸਿੱਧੀ ਲੋਕਾਂ ਨਾਲ ਸੰਪਰਕ ਵਾਲੀ ਪੋਸਟ ਸੌਂਪੀ ਗਈ ਹੈ ਜੋ ਮਹਿਕਮੇ ਲਈ ਹੀ ਨਹੀ ਸਗੋਂ ਪੂਰੇ ਸਮਾਜ ਲਈ ਵੀ ਹਾਨੀਕਾਰਕ ਹੈ।ਸ੍ ਪੱਟੀ ਨੇ ਕਿਹਾ ਕਿ ਜਿਲ੍ਹਾ ਪੁਲੀਸ ਕਮਿਸ਼ਨਰ ਤੇ ਡੀ ਸੀ ਪੀ ਚਾਹੁੰਦੇ ਹਨ ਕਿ ਆਮ ਲੋਕਾਂ ਨੂੰ ਇਨਸਾਫ ਮਿਲੇ ਪਰ ਰਣਜੀਤ ਸਿੰਘ ਵਰਗੇ ਅੱਜ ਉਨ੍ਹਾਂ ਸਮਾਜ ਵਿਰੋਧੀ ਸ਼ਕਤੀਆਂ ਦੇ ਹੱਕ ਵਿੱਚ ਖੜੇ ਹਨ ਜਿਹੜੇ ਸਮਾਜ ਵਿੱਚ ਅਸਾਵਾਪਨ ਪੈਦਾ ਕਰਕੇ ਸਕਰਾਰ ਨੂੰ ਬਦਨਾਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ 29 ਅਗਸਤ ਦੇ ਧਰਨਾ ਇੱਕ ਟਰੇਲਰ ਹੋਵੇਗਾ ਜੇਕਰ ਫਿਰ ਵੀ ਇਨਸਾਫ ਨਾ ਮਿਲਿਆ ਤਾਂ ਐਸੋਸੀਏਸ਼ਨ ਪੂਰੇ ਪੰਜਾਬ ਵਿੱਚ ਸੰਘਰਸ਼ ਛੇੜਣ ਲਈ ਮਜਬੂਰ ਹੋਵੇਗੀ।

## ਡਾ. ਸੋਹਲ ਨੇ ਸਮੂਹ ਭਾਰਤੀਆਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਤਰਨ ਤਾਰਨ ਦੇ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਨੇ ਦੇਸ਼ ਵਿਦੇਸ਼ ਵਿੱਚ ਵੱਸਦੇ ਸਮੂਹ ਭਾਰਤੀਆਂ ਨੂੰ ਪਵਿੱਤਰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀ ਵਧਾਈ ਦਿੱਤੀ ਹੈ। ਵਿਧਾਇਕ ਡਾਕਟਰ ਸੋਹਲ ਨੇ ਕਿਹਾ ਕਿ ਸਾਨੂੰ ਭਗਵਾਨ ਕ੍ਰਿਸ਼ਨ ਜੀ ਦੇ ਦਰਸਾਏ ਮਾਰਗ ਤੇ ਚੱਲਦੇ ਹੋਏ ਸਮਾਜਿਕ ਬੁਰਾਈਆਂ ਨੂੰ ਖਤਮ ਕਰਨ ਲਈ ਯਤਨ ਕਰਨੇ ਚਾਹੀਦੇ ਹਨ। ਉਹਨਾਂ ਕਿਹਾ ਸਾਨੂੰ ਸਾਰੇ ਧਰਮਾਂ ਦੇ ਤਿਉਹਾਰ ਚੱਲ ਕੇ ਮਨਾਉਣੇ ਚਾਹੀਦੇ ਹਨ। ਇਸ ਨਾਲ ਭਾਈਚਾਰਕ ਸਾਂਝ ਹੋਰ ਮਜ਼ਬੂਤ ਹੁੰਦੀ ਹੈ। ਉਹਨਾਂ ਨੇ ਇਸ ਮੌਕੇ ਵਿਸ਼ਵ ਸ਼ਾਂਤੀ ਲਈ ਕਾਮਨਾ ਕੀਤੀ ਹੈ।

## 7 ਲੜਕੀਆਂ ਦੀ ਜ਼ਿਲ੍ਹਾ ਪੱਧਰੀ ਯੋਗਾ ਮੁਕਾਬਲੇ ਲਈ ਹੋਈ ਚੋਣ



**ਬਟਾਲਾ (ਡਾ. ਮਲਵਿੰਦਰ ਸਿੰਘ)**-ਆਰ.ਡੀ.ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਅੰਡਰ 14, 17 ਅਤੇ 19 ਲੜਕੀਆਂ ਦੀ ਟੀਮ ਨੇ ਪੰਜਾਬ ਸਕੂਲ ਖੇਡਾਂ ਦੇ ਤਹਿਤ ਕਰਵਾਏ ਗਏ ਯੋਗਾ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਜ਼ਿਲ੍ਹਾ ਪੱਧਰ ਤੇ ਹੋਏ ਮੁਕਾਬਲੇ ਲਈ ਅੰਡਰ 14 ਟੀਮ ਵਿੱਚ ਰਾਜਵੀਰ ਕੌਰ ਅਤੇ ਮਨੁਲੀਨ ਨੇ ਪਹਿਲਾ ਸਥਾਨ ਹਾਸਲ ਕੀਤਾ।ਅੰਡਰ-17 ਲੜਕੀਆਂ ਦੀ ਟੀਮ ਵਿੱਚ ਅਨੁਰੀਤ ਕੌਰ, ਖੁਸ਼ਮੀਤ ਕੌਰ ਨੇ ਪਹਿਲਾ ਅਤੇ ਅੰਡਰ-19 ਲੜਕੀਆਂ ਦੀ ਟੀਮ ਵਿੱਚ ਅਸ਼ਮਨ ਪ੍ਰੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।ਕਲਾਤਮਕ ਯੋਗਾ ਵਿੱਚ ਮਨੁਲੀਨ ਕੌਰ ਅਤੇ ਖੁਸ਼ਮੀਤ ਕੌਰ ਪਹਿਲੇ ਸਥਾਨ 'ਤੇ ਰਹੀਆਂ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥਣਾਂ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਕੋਚ ਵਿਨੈ ਪੁਸ਼ਕਰਨ ਅਤੇ ਊਸ਼ਾ ਕਿਰਨ ਨੂੰ ਹਾਰਦਿਕ ਵਧਾਈ ਅਤੇ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਅਜਿਹੇ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਦਿਵਯ ਜੋਤੀ ਜਾਗਰਤੀ ਸੰਸਥਾਨ ਵਿਖੇ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਦਿਵਯ ਜੋਤੀ ਜਾਗਰਤੀ ਸੰਸਥਾਨ ਤਰਨਤਾਰਨ ਦੁਆਰਾ ਟੈਂਕੀ ਵਾਲਾ ਚੌਂਕ, ਮੁਰਾਦਪੁਰਾ ਅੰਦਰ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪ੍ਰੋਗਰਾਮ ਕੀਤਾ ਗਿਆ ਜਿਸ ਦੇ ਅੰਦਰ ਬਹੁ ਗਿਣਤੀ ਦੇ ਅੰਦਰ ਸ਼ਰਧਾਲੂ ਪਹੁੰਚੇ।ਪ੍ਰੋਗਰਾਮ ਦੇ ਦੌਰਾਨ ਸਾਧਵੀ ਮਨਸਵਨੀ ਭਾਰਤੀ ਨੇ ਆਪਣੇ ਵਿਚਾਰਾਂ ਅੰਦਰ ਕਿਹਾ ਕਿ ਭਗਵਾਨ ਸ਼੍ਰੀ ਕ੍ਰਿਸ਼ਨ ਦਾ ਇੱਕ ਨਾਮ ਲੀਲਾਧਾਰੀ ਵੀ ਹੈ।ਉਨ੍ਹਾਂ ਨੇ ਬਹੁਤ ਸਾਰੀਆਂ ਲੀਲਾਵਾਂ ਕੀਤੀਆਂ।ਹਰ ਇੱਕ ਲੀਲਾ ਸਾਨੂੰ ਅਧਿਆਤਮਿਕ ਸੰਦੇਸ਼ ਦਿੰਦੀ ਹੈ।ਇਸ ਮੌਕੇ ਸਾਧਵੀ ਭੈਣਾਂ ਵੱਲੋਂ ਭਗਵਾਨ ਸ਼੍ਰੀ ਕ੍ਰਿਸ਼ਨ ਜੀ ਦੇ ਸੁੰਦਰ ਭਜਨਾਂ ਦਾ ਗਾਇਨ ਕੀਤਾ ਗਿਆ।ਪ੍ਰੋਗਰਾਮ ਦੇ ਦੌਰਾਨ ਗੁਰਸੇਵਕ ਸਿੰਘ ਔਲਖ, ਦਿਲਬਾਗ ਸਿੰਘ (ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ), ਹਰਿੰਦਰ ਅਗਰਵਾਲ (ਅਧਿਕਾਰੀ ਗਊ ਰੱਖਿਆ ਵਿਸ਼ਵ ਹਿੰਦੂ), ਸੰਦੀਪ ਸੋਨੂੰ ਦੋਦਾ (ਬਲਾਕ ਪ੍ਰਧਾਨ ਕਾਂਗਰਸ), ਅਮਨਦੀਪ ਕੌਰ (ਜ਼ਿਲ੍ਹਾ ਪ੍ਰੀਸ਼ਦ ਬੀਜੇਪੀ ਮਹਿਲਾ ਮੋਰਚਾ ਤਰਨ ਤਾਰਨ), ਅਵਤਾਰ ਸਿੰਘ ਤਨੇਜਾ, ਦਿਨੇਸ਼ ਜੋਸ਼ੀ, (ਜ਼ਿਲ੍ਹਾ ਪ੍ਰਧਾਨ ਯੁਵਾ ਮੋਰਚਾ ਬੀਜੇਪੀ), ਅਭਿਸ਼ੇਕ ਜੋਸ਼ੀ (ਪ੍ਰਧਾਨ ਭਗਵਾਂ ਸੈਨਾ ,ਤਰਨ ਤਾਰਨ) ਵਿਨਾਇਕ ਮਹਿਤਾ, ਅਮਨ ਅਰੋੜਾ, ਲੱਕੀ ਜੋਸ਼ੀ, ਅੰਕੁਰ ਚਾਵਲਾ, ਚੌਧਰੀ ਹੰਸਰਾਜ, ਜਤਿੰਦਰ ਬਿੱਟੂ, ਮਾਤਾ ਚਿੰਤਪੁਰਨੀ (ਸੇਵਕ ਸਭਾ), ਅਮਨਦੀਪ ਸਿੰਘ ਸੰਧੂ, ਰੌਕੀ ਬੁਰਜ (ਬੀਜੇਪੀ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

# ਬਦਲੀਆਂ ਲਈ ਸਟੇਸ਼ਨ ਚੋਣ ਪ੍ਰਕਿਰਿਆ ਕਾਰਨ ਹਜ਼ਾਰਾਂ ਅਧਿਆਪਕ ਨਿਰਾਸ਼ ਤੇ ਪ੍ਰੇਸ਼ਾਨ

## * ਡਾਟਾ ਠੀਕ ਕਰਨ ਲਈ ਵਿਸ਼ੇਸ਼ ਮੌਕਾ ਦਿੱਤਾ ਜਾਵੇ : ਜੀ ਟੀ ਯੂ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਲੰਬੀ ਉਡੀਕ ਤੋਂ ਬਾਅਦ ਕੱਲ੍ਹ 24 ਅਗਸਤ ਦੇਰ ਸ਼ਾਮ ਨੂੰ ਸਿੱਖਿਆ ਵਿਭਾਗ ਵੱਲੋਂ ਅਧਿਆਪਕਾਂ ਨੂੰ ਬਦਲੀਆਂ ਲਈ ਸਟੇਸਨ ਚੋਣ ਕਰਨ ਦਾ ਮੌਕਾ ਦਿੱਤਾ ਗਿਆ, ਜਿਸ ਵਿੱਚ ਵੱਖ-ਵੱਖ ਸਮੇਂ ਤੇ ਹੋਈਆਂ ਭਰਤੀਆਂ ਸਮੇਤ 3704 ਮਾਸਟਰ ਕੇਡਰ, 2392 ਮਾਸਟਰ ਕੇਡਰ, 873 ਡੀ.ਪੀ.ਈ, 53 ਡੀ.ਪੀ.ਈ, 3582 ਮਾਸਟਰ ਕੇਡਰ ਵੇਟਿੰਗ, 180 ਈ.ਟੀ.ਟੀ ਅਤੇ 4161 ਮਾਸਟਰ ਕੇਡਰ, ਸਪੈਸ਼ਲ ਕੈਟਾਗਿਰੀ ਅਧਿਆਪਕ ਵਰਗ ਵਿੱਚੋਂ ਬਦਲੀਆਂ ਦੇ ਚਾਹਵਾਨ ਅਧਿਆਪਕਾਂ ਲਈ ਪਹਿਲੇ ਗੇੜ (ਜ਼ਿਲੇ ਦੇ ਅੰਦਰ) ਲਈ ਸਟੇਸ਼ਨ ਚੋਣ ਦੀ ਆਪਸ਼ਨ ਖੋਲ੍ਹੀ ਗਈ। ਪਰ ਇਸ ਆਪਸ਼ਨ ਦੇ ਖੁੱਲ੍ਹਦਿਆਂ ਹੀ ਬਦਲੀਆਂ ਦੀ ਆਸ ਵਿੱਚ ਬੈਠੇ ਵੱਖ ਵੱਖ ਕੈਗਾਗਿਰੀ ਦੇ ਅਧਿਆਪਕਾਂ ਵਿੱਚ ਭਾਰੀ ਨਿਰਾਸ਼ਾ ਅਤੇ ਬੇਚੈਨੀ ਦਾ ਆਲਮ ਪੈਦਾ ਹੋ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਆਗੂਆਂ ਕੁਲਦੀਪ ਪੁਰੋਵਾਲ, ਦਿਲਦਾਰ ਭੰਡਾਲ , ਅਨਿਲ ਕੁਮਾਰ,ਸੁਖਵਿੰਦਰ ਰੰਧਾਵਾ, ਸੁਖਦੇਵ ਸਿੰਘ, ਗੁਰਮੀਤ ਬਾਜਵਾ, ਗੁਰਪ੍ਰੀਤ ਰੰਗੀਲਪੁਰ ਨੇ ਕਿਹਾ ਕਿ ਕੱਲ੍ਹ ਜਦੋਂ ਬਦਲੀਆਂ ਲਈ ਸਟੇਸ਼ਨ ਚੋਣ ਪੋਰਟਲ ਖੁੱਲ੍ਹਿਆ ਤਾਂ ਹਜ਼ਾਰਾਂ ਅਧਿਆਪਕਾਂ ਨੂੰ ਡਾਟਾ ਮਿਸਮੈਚ, ਸਰਵਿਸ ਹਿਸਟਰੀ ਮਿਸਮੈਚ, ਰਿਜ਼ਲਟ ਮਿਸਮੈਚ ਆਦਿ ਜਿਹੇ ਇਤਰਾਜ਼ ਲਾ ਕੇ ਬਲਦੀਆਂ ਤੋਂ ਅਯੋਗ ਠਹਿਰਾ ਦਿੱਤਾ ਗਿਆ ਹੈ। ਇਥੋਂ ਤੱਕ ਕਿ ਵਿਸ਼ੇਸ਼ ਰਾਖਵਾਂਕਰਨ ਦੇ ਹੱਕਦਾਰ ਵਿਧਵਾ/ਵਿਧੁਰ, ਅੰਗਹੀਣ ਅਤੇ ਉਹ ਅਧਿਆਪਕਾਵਾਂ ਜਿਨ੍ਹਾਂ ਦੇ ਪਤੀ ਸੈਨਾ ਵਿੱਚ ਨੌਕਰੀ ਕਰ ਰਹੇ ਹਨ, ਇਨ੍ਹਾਂ ਸਭ ਲਈ ਸਿੱਖਿਆ ਵਿਭਾਗ ਦੀ ਟਰਾਂਸਫ਼ਰ ਪਾਲਿਸੀ ਲਈ ਪ੍ਰੋਬੇਸ਼ਨ ਪੀਰੀਅਡ ਪੂਰਾ ਕਰਨ ਜਾਂ ਇਕੋ ਸਕੂਲ ਵਿੱਚ ਤਿੰਨ ਸਾਲ ਦੀ ਨੌਕਰੀ ਕਰਨ ਦੀ ਕੋਈ ਸ਼ਰਤ ਨਾ ਹੋਣ ਦੇ ਬਾਵਜੂਦ ਇਨ੍ਹਾਂ ਅਧਿਆਪਕਾਂ ਨੂੰ ਵੀ ਕੋਈ ਨਾ ਕੋਈ ਇਤਰਾਜ਼ ਲਾ ਕੇ ਅਯੋਗ ਘੋਸ਼ਿਤ ਕਰ ਦਿੱਤਾ ਗਿਆ ਹੈ। ਬਹੁਤ ਸਾਰੇ ਅਧਿਆਪਕਾਂ ਨੂੰ ਬਿਨਾਂ ਕੋਈ ਕਾਰਨ ਦੱਸੇ ਵੀ ਅਯੋਗ ਠਹਿਰਾਇਆ ਗਿਆ ਹੈ। ਕਈ ਅਧਿਆਪਕਾਂ ਦੇ ਕੇਸ ਵਿੱਚ ਕਾਫ਼ੀ ਹੈਰਾਨੀਜਨਕ ਤੱਥ ਵੀ ਸਾਹਮਣੇ ਆਏ ਹਨ ਕਿ ਇਕੋ ਜਿਹੀ ਕੈਟਾਗਿਰੀ, ਸਰਵਿਸ ਵਿੱਚ ਆਉਣ ਦੀ ਇਕੋ ਹੀ ਮਿਤੀ ਅਤੇ ਬਦਲੀ ਅਪਲਾਈ ਕਰਨ ਸਮੇਂ ਇਕੋ ਜਿਹਾ ਡਾਟਾ ਭਰਨ ਦੇ ਬਾਵਜੂਦ ਵਿਭਾਗ ਵੱਲੋਂ ਕਿਸੇ ਅਧਿਆਪਕ ਨੂੰ ਸਟੇਸ਼ਨ ਚੋਣ ਦਾ ਮੌਕਾ ਦਿੱਤਾ ਗਿਆ ਹੈ ਅਤੇ ਕਿਸੇ ਅਧਿਆਪਕ ਨੂੰ ਬਿਨਾ ਕੋਈ ਠੋਸ ਕਾਰਨ ਦੱਸਿਆਂ ਨਾਂਹ ਕਰ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਬਦਲੀਆਂ ਲਈ ਚਾਹਵਾਨ ਕਰਮਚਾਰੀਆਂ ਵੱਲੋਂ ਬਦਲੀ ਅਪਲਾਈ ਕਰਨ ਤੋਂ ਬਾਅਦ ਸਾਰਾ ਡਾਟਾ ਚੈੱਕ ਕਰਕੇ ਡੀ.ਡੀ.ਉਜ਼ (ਪ੍ਰਿੰਸੀਪਲ) ਨੇ ਅਪਰੂਵ ਕਰਕੇ ਵਿਭਾਗ ਨੂੰ ਭੇਜਣਾ ਹੁੰਦਾ ਹੈ ਪਰ ਡੀ.ਡੀ. ਉਜ਼ ਦੀ ਅਣਗਹਿਲੀ ਅਤੇ ਵਿਭਾਗੀ ਖਾਮੀਆਂ ਦਾ ਖ਼ਮਿਆਜ਼ਾ ਘਰਾਂ ਤੋਂ ਕਈ ਕਿਲੋਮੀਟਰ ਦੂਰ ਬੈਠੇ ਅਧਿਆਪਕਾਂ ਨੂੰ ਭੁਗਤਣਾ ਪੈ ਰਿਹਾ ਹੈ। ਸਿੱਖਿਆ ਵਿਭਾਗ ਦੀ ਇਸ ਲਾਪ੍ਰਵਾਹੀ ਨੇ ਇੱਕ ਵਾਰ ਫਿਰ ਤੋਂ ਹਜ਼ਾਰਾਂ ਅਧਿਆਪਕਾਂ ਨੂੰ ਮਾਨਸਿਕ ਤੌਰ ਤੇ ਬੇਹੱਦ ਪ੍ਰੇਸ਼ਾਨ ਦੇ ਨਿਰਾਸ਼ ਕਰਕੇ ਰੱਖ ਦਿੱਤਾ ਹੈ। ਸਮੁੱਚਾ ਅਧਿਆਪਕ ਵਰਗ ਆਪਣੇ ਆਪ ਨੂੰ ਲਾਚਾਰ ਅਤੇ ਠੱਗਿਆ ਹੋਇਆ ਮਹਿਸੂਸ ਕਰ ਰਿਹਾ ਹੈ। ਇਸ ਤੋਂ ਇਲਾਵਾ ਸਿੱਖਿਆ ਵਿਭਾਗ ਦੀ ਸਾਈਟ 'ਈ.ਪੰਜਾਬ' ਵੀ ਕੱਲ੍ਹ ਤੋਂ ਨਾ-ਮਾਤਰ ਹੀ ਚੱਲ ਰਹੀ ਹੈ। ਅਧਿਆਪਕ ਜਥੇਬੰਦੀ ਨੇ ਸਿੱਖਿਆ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ, ਸਿੱਖਿਆ ਸਕੱਤਰ ਅਤੇ ਡੀ. ਪੀ. ਆਈ (ਸੈਕੰਡਰੀ) ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸਟੇਸ਼ਨ ਚੋਣ ਲਈ ਦਿੱਤਾ 26 ਅਗਸਤ ਤੱਕ ਦੀ ਤਾਰੀਕ ਵਧਾ ਕੇ 30 ਅਗਸਤ ਤੱਕ ਕੀਤਾ ਜਾਵੇ ਅਤੇ ਬਦਲੀਆਂ ਦੇ ਚਾਹਵਾਨ ਅਧਿਆਪਕਾਂ ਦੇ ਡਾਟੇ ਵਿਚਲੀਆਂ ਖ਼ਾਮੀਆਂ ਨੂੰ ਦੂਰ ਕਰਕੇ ਸਾਰੇ ਯੋਗ ਅਧਿਆਪਕਾਂ ਨੂੰ ਪਹਿਲੇ ਗੇੜ ਦੀਆਂ ਬਦਲੀਆਂ ਵਿੱਚ ਤੁਰੰਤ ਮੌਕਾ ਦਿੱਤਾ ਜਾਵੇ।

## ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਜਨਮ ਅਸ਼ਟਮੀ ਉਹ ਸਮਾਂ ਹੈ ਜਦੋਂ ਹਨੇਰਾ ਖਤਮ ਹੁੰਦਾ ਹੈ ਅਤੇ ਸਾਰੀਆਂ ਬੁਰਾਈਆਂ ਨੂੰ ਦੂਰ ਕਰਦਾ ਹੈ ਇਸੇ ਭਾਵਨਾ ਤਹਿਤ ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਕਿੰਡਰ ਗਾਰਟਨ ਸੈਕਸ਼ਨ ਦੇ ਬੱਚਿਆਂ ਨੇ ਭਗਵਾਨ ਕ੍ਰਿਸ਼ਨ ਦਾ ਜਨਮ ਦਿਵਸ ਸ਼ਰਧਾ ਭਾਵਨਾ ਨਾਲ ਮਨਾਇਆ।ਬੱਚਿਆਂ ਨੇ ਸ੍ਰੀ ਕ੍ਰਿਸ਼ਨ ਅਤੇ ਰਾਧਾ ਜੀ ਦੇ ਕੱਪੜੇ ਪਾ ਕੇ ਸਾਰਿਆਂ ਦਾ ਮਨ ਮੋਹ ਲਿਆ। ਭਗਵਾਨ ਕ੍ਰਿਸ਼ਨ ਜੀ ਦੀ ਮੂਰਤੀ ਨੂੰ ਸੁੰਦਰ ਅਤੇ ਰੰਗੀਨ ਢੰਗ ਨਾਲ ਸਜਾਇਆ ਗਿਆ ਸੀ ਸੁਰੀਲੇ ਭਜਨਾ ਅਤੇ ਨਾਚਾਂ ਨੇ ਮਾਹੌਲ ਨੂੰ ਪ੍ਰਭੂ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਫੰਕਸ਼ਨ ਦੀ ਸ਼ੁਰੂਆਤ ਵਿੱਚ ਪਲੇ ਪੈਨ ਦੇ ਨੰਨ੍ਹੇ ਮੁੰਨੇ ਬੱਚਿਆ ਨੇ ਕਿਸੀ ਨੇ ਮੇਰਾਸ਼ਾਮ ਦੇਖਾ ਗਾਣੇ ਤੇ ਨਾਚ ਪੇਸ਼ ਕਰਕੇ ਸਾਰਿਆਂ ਨੂੰ ਸ੍ਰੀ ਕ੍ਰਿਸ਼ਨ ਜੀ ਦੀ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ।ਉਪਰੰਤ ਐਲਕੇਜੀ ਦੇ ਬੱਚਿਆਂ ਨੇ ਕਨਈਆ ਆਲਾ ਰੇ ਆਲਾ ਅਤੇ ਯੂਕੇ ਜੀ ਦੇ ਬੱਚਿਆਂ ਨੇ ਕਾਨ੍ਹਾ ਨੰਦ ਕਿਸ਼ੋਰਗਾਣੇ ਤੇ ਸ਼ਾਨਦਾਰ ਡਾਂਸ ਆਈਟਮਾਂ ਪੇਸ਼ ਕੀਤੀਆਂ। ਉਪਰੰਤ ਪਹਿਲੀ ਕਲਾਸ ਦੇ ਬੱਚਿਆਂ ਨੇ ਮਾਖਨ ਚੁਰਾ ਲੇ ਗਿਆ ਅਤੇ ਦੂਸਰੀ ਕਲਾਸ ਦੇ ਬੱਚਿਆਂ ਨੇ ਕ੍ਰਿਸ਼ਨਾ ਕ੍ਰਿਸ਼ਨਾ ਗਾਣੇ ਤੇ ਨਾਜ ਪੇਸ਼ ਕਰਕੇ ਕ੍ਰਿਸ਼ਨ ਭਗਤੀ ਦਾ ਸੁੰਦਰ ਨਜ਼ਾਰਾ ਪੇਸ਼ ਕੀਤਾ ।ਇਹ ਇੱਕ ਆਨੰਦਮਈ ਧੁਨ ਅਤੇ ਡਾਂਸ ਕਰਦੇ ਬੱਚਿਆਂ ਨਾਲ ਇੱਕ ਸ਼ਾਨਦਾਰ ਪੇਸ਼ਕਾਰੀ ਵਿੱਚ ਬਦਲ ਗਿਆ। ਇਸ ਮੌਕੇ ਤੇ ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਨੇ ਬੱਚਿਆਂ ਦੀਆਂ ਪੇਸ਼ਕਾਰੀਆਂ ਨੂੰ ਖੂਬ ਸਰਾਇਆ।ਉਨ੍ਹਾਂ ਨੇ ਅਧਿਆਪਕਾਂ ਦੀ ਮਿਹਨਤ ਦੀ ਵੀ ਖੂਬ ਤਾਰੀਫ ਕੀਤੀ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਨੇ ਭਗਵਾਨ ਕ੍ਰਿਸ਼ਨ ਜੀ ਦੀ ਜੀਵਨੀ ਤੋ ਸਭ ਨੂੰ ਜਾਣੂ ਕਰਾਇਆ। ਉਹਨਾਂ ਕਿਹਾ ਕਿ ਇਹ ਅਧਿਆਤਮਕਤਾ ਦੀ ਮਜ਼ਬੂਤ ਭਾਵਨਾ ਅਤੇ ਸ੍ਰੀ ਕ੍ਰਿਸ਼ਨ ਜੀ ਪ੍ਰਤੀ ਸ਼ਰਧਾ ਦਾ ਭਰਪੂਰ ਦਿਨ ਸੀ ।

ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ, ਨਿਲਾਕਸੀ ਗੁਪਤਾ, ਪ੍ਰਿਅੰਕਾ ਸ਼ਰਮਾ, (ਕੋਆਰਡੀਨੇਟਰ) ਸਮੂਹ ਸਟਾਫ ਅਤੇ ਬੱਚੇ ਹਾਜਰ ਸਨ

## ਨਵੇਂ ਵਿੱਦਿਅਕ ਵਰ੍ਹੇ ਨੂੰ ਸਮਰਪਿਤ ਕਰਵਾਇਆ ਕਾਲਜ 'ਚ ਧਾਰਮਿਕ ਸਮਾਗਮ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਿੱਖ ਨੈਸ਼ਨਲ ਕਾਲਜ ਅਤੇ ਸਿੱਖ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵੱਲੋਂ ਨਵੇਂ ਵਿਦਿਅਕ ਵਰ੍ਹੇ ਨੂੰ ਸਮਰਪਿਤ ਆਰੰਭਿਕ ਦਿਹਾੜਾ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ450 ਸਾਲਾ ਜੋਤੀ ਜੋਤ ਦਿਹਾੜਾ ਮਨਾਉਂਦੇ ਹੋਏ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਾਲਜ ਆਡੀਟੋਰੀਅਮ ਵਿੱਚ ਕਰਵਾਏ ਗਏ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਵਿਦਿਆਰਥੀ ਜੈਪ੍ਰੀਤ ਸਿੰਘ ਦਿਲਜੀਤ ਸਿੰਘ ਕਰਨਬੀਰ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਨਾਲ ਜੁੜੀਆਂ ਸੰਗਤਾਂ ਨੂੰ ਨਿਹਾਲ ਕੀਤਾ। ਕਥਾਵਾਚਕ ਭਾਈ ਗੁਰਪ੍ਰੀਤ ਸਿੰਘ ਗੁਰਦੁਆਰਾ ਅਰਬਨ ਸਟੇਟ ਬਟਾਲਾ ਵੱਲੋਂ ਗੁਰਮਤਿ ਵਿਚਾਰਾਂ ਕਰਦਿਆਂ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੀਵਨ, ਸਿੱਖਿਆਵਾਂ ਤੇ ਚਾਨਣਾ ਪਾਇਆ ਗਿਆ।ਸਮਾਗਮ ਦੌਰਾਨ ਕਾਲਜ ਸਥਾਨਕ ਪ੍ਰਬੰਧਕ ਕਮੇਟੀ ਦੇ ਸਕੱਤਰ ਡਾਕਟਰ ਬਲਚਰਨਜੀਤ ਸਿੰਘ ਭਾਟੀਆ, ਮੈਂਬਰ ਸਾਬਕਾ ਕੈਬਨਿਟ ਮੰਤਰੀ ਕੈਪਟਨ ਬਲਬੀਰ ਸਿੰ ਸਿੰਘ ਬਾਠ, ਇੰਜੀਨੀਅਰ ਨਰਿੰਦਰ ਪਾਲ ਸਿੰਘ ਸੰਧੂ, ਗੁਰਿੰਦਰਪਾਲ ਸਿੰਘ ਸਾਹਬੀ, ਕਸ਼ਮੀਰ ਸਿੰਘ ਬੋਪਾਰਾਏ ਸਮੇਤ ਇਲਾਕੇ ਦੀਆਂ ਸ਼ਖ਼ਸ਼ੀਅਤਾਂ ਹਾਜ਼ਰ ਸਨ।ਕਾਲਜ ਪ੍ਰਿੰ. ਡਾ. ਹਰਪ੍ਰੀਤ ਸਿੰਘ ਹੁੰਦਲ ਨੇ ਆਈਆਂ ਸ਼ਖ਼ਸੀਅਤਾਂ ਦਾ ਸਵਾਗਤ ਕਰਦਿਆਂ ਕਾਲਜ ਵੱਲੋਂ ਨਵੇਂ ਵਿਦਿਅਕ ਵਰ੍ਹੇ ਦੀ ਆਰੰਭਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਕੀਤੀ। ਉਨ੍ਹਾਂ ਕਿਹਾ ਕਿ ਇਹ ਕਾਲਜ ਕੁਸ਼ਲ ਪ੍ਰਬੰਧਕਾਂ ਦੀ ਦੇਖਰੇਖ ਹੇਠ ਇਸ ਸਮੇਂ ਬੁਲੰਦੀਆਂ ਨੂੰ ਛੂਹ ਰਿਹਾ ਹੈ। ਲੋੜਵੰਦ ਤੇ ਹੋਣਹਾਰ ਵਿਦਿਆਰਥੀਆਂ ਨੂੰ ਕਾਲਜ ਹਮੇਸ਼ਾ ਵਜ਼ੀਫੇ ਪ੍ਰਦਾਨ ਕਰਦਾ ਆ ਰਿਹਾ ਹੈ। ਇਸ ਮੌਕੇ ਰਾਗੀ ਜਥੇ ਤੇ ਕਥਾਵਾਚਕ ਭਾਈ ਗੁਰਪ੍ਰੀਤ ਸਿੰਘ ਸਿੰਘ ਨੂੰ ਗੁਰੂ ਘਰ ਦੀ ਬਖਸ਼ਿਸ਼ ਸਰੋਪਾ ਉ ਦੇ ਕੇ ਸਨਮਾਨਿਤ ਕੀਤਾ ਗਿਆ।ਮੰਚ ਦਾ ਸੰਚਾਲਨ ਕਾਲਜ ਦੀ ਵਿਦਿਆਰਥਣ ਸੰਦੀਪ ਕੌਰ ਵੱਲੋਂ ਕੀਤਾ ਗਿਆ।

## ਢਿੰਗਨੰਗਲ ਵਿਖੇ ਸੰਤ ਬਾਬਾ ਕਲਿਆਣ ਸਿੰਘ ਦੀ ਸਾਲਾਨਾ ਬਰਸੀ ਮਨਾਈ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਜ਼ਿਲਾ ਅੰਮ੍ਰਿਤਸਰ ਦੇ ਹਲਕਾ ਮਜੀਠਾ ਵਿੱਚ ਪੈਂਦੇ ਪਿੰਡ ਢਿੰਗ ਨੰਗਲ ਵਿੱਚ ਅੱਜ ਇਸ ਇਲਾਕੇ ਦੇ ਲੋਕਾਂ ਦੇ ਬਹੁਤ ਹੀ ਸਤਿਕਾਰਯੋਗ ਸੰਤ ਮਹਾਂ ਪੁਰਸ਼ ਬਾਬਾ ਕਲਿਆਣ ਸਿੰਘ ਜੀ ਦੀ ਸਾਲਾਨਾ ਬਰਸੀ ਹਰ ਸਾਲ ਦੀ ਤਰ੍ਹਾਂ ਪਿੰਡ ਤੇ ਇਲਾਕੇ ਵਾਲਿਆਂ ਵੱਲੋਂ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਈ ਜਾਂਦੀ ਹੈ ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਤੋ ਇਲਾਵਾ ਦੇਸ਼ਾ ਵਿਦੇਸ਼ਾਂ ਦੀਆਂ ਸੰਗਤਾਂ ਵੀ ਆਪਣੀ ਆਸਥਾ ਅਨੁਸਾਰ ਹਾਜ਼ਰੀਆਂ ਭਰਦੀਆਂ ਹਨ ਤੇ ਵੱਡੀ ਗਿਣਤੀ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਠ ਪਾਠ ਸਾਹਿਬ ਰਖਵਾਕੇ ਭੋਗ ਪਾਏ ਜਾਂਦੇ ਹਨ, ਧਾਰਮਿਕ ਦੀਵਾਨ ਸਜਾਏ ਜਾਂਦੇ ਹਨ। ਕਬੱਡੀ ਦੇ ਮੈਚਾਂ ਤੋਂ ਇਲਾਵਾ ਗੁਰੂ ਕੇ ਅਟੁੱਟ ਲੰਗਰ ਵਰਤਾਏ ਜਾਂਦੇ ਹਨ । ਇਸ ਸਮਾਗਮ ਵਿੱਚ ਮਜੀਠਾ ਹਲਕੇ ਦੇ ਕਾਂਗਰਸ ਪਾਰਟੀ ਦੇ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਸ੍ ਭਗਵੰਤ ਪਾਲ ਸਿੰਘ ਸੱਚਰ ਵੀ ਸਾਥੀਆਂ ਸਮੇਤ ਨਤਮਸਤਕ ਹੋਏ ਗੁਰਦਵਾਰਾ ਸਾਹਿਬ ਤੇ ਸਰਪੰਚ ਵੱਲੋ ਉਹਨਾਂ ਨੂੰ ਸਿਰੋਪਾਓ ਦੀ ਬਖਸ਼ਿਸ ਵੀ ਕੀਤੀ ਗਈਮੱਥਾ ਟੇਕਣ ਉਪਰੰਤ ਬਾਹਰ ਆਕੇ ਸ੍ ਭਗਵੰਤ ਪਾਲ ਸਿੰਘ ਸੱਚਰ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਅਸਥਾਨ ਦੀ ਬਹੁਤ ਹੀ ਮਹਾਨਤਾ ਹੈ ਇਸ ਜਗ੍ਹਾ ਤੇ ਮਹਾਂਪੁਰਖਾਂ ਵੱਲੋ ਖੂਹੀਆਂ ਦਾ ਨਿਰਮਾਣ ਕਰਵਾਇਆ ਗਿਆ ਜੱਗ ਇਹ ਖੂਬੀਆਂ ਦਾ ਨਿਰਮਾਣ ਹੁੱਦਾ ਸੀ ਤਾਂ ਹਰ ਇੱਟ ਲੱਗਣ ਤੋਂ ਪਹਿਲਾਂ ਗੁਰਬਾਣੀ ਜਪੁਜੀ ਸਾਹਿਬ ਦਾ ਪਾਠ ਕੀਤਾ ਜਾਂਦਾ ਸੀ ਪਿੰਡ ਵਾਲਿਆਂ ਤੇ ਸਰਪੰਚ ਜਗਜੀਤ ਸਿੰਘ ਜੱਗੀ ਦੇ ਦੱਸਣ ਅਨੁਸਾਰ ਇਨਾਂ ਖੂਹੀਆਂ ਤੇ ਇਸ਼ਨਾਨ ਕਰਨ ਨਾਲ ਬੀਬੀਆਂ ਦੀ ਕੁੱਖ ਹਰੀ ਹੁੰਦੀ ਸੀ। ਤਪਦਿਕ ਦੇ ਰੋਗ ਤੇ ਹੋਰ ਵੀ ਕਈ ਬਿਮਾਰੀਆਂ ਇਸ ਜਗਾ ਤੇ ਇਸ਼ਨਾਨ ਕਰਨ ਨਾਲ ਠੀਕ ਹੁੰਦੀਆਂ ਸਨ ਤੇ ਭਾਵੇਂ ਹੁਣ ਪਾਣੀ ਦਾ ਪੱਧਰ ਹੇਠਾਂ ਚਲਾ ਗਿਆ ਹੈ ਪਰ ਅੱਜ ਵੀ ਸਬਮਰਸੀਬਲ ਮੋਟਰਾਂ ਦੇ ਰਾਹੀਂ ਪਾਣੀ ਇਸ ਖੂਹੀ ਵਿੱਚੋਂ ਨਿਕਲਦਾ ਹੈ ਤੇ ਸੰਗਤਾਂ ਇਸ ਜਲ ਨਾਲ ਇਸ਼ਨਾਨ ਕਰਕੇ ਆਪਣੀਆਂ ਮਨੋਕਾਮਨਾਵਾਂ ਪੂਰੀਆਂ ਕਰਦੇ ਹਨ। ਸਰਪੰਚ ਜੱਗੀ ਨੇ ਦੱਸਿਆ ਕਿ ਵਿਦੇਸ਼ਾਂ ਵਿੱਚੋਂ ਵੀ ਲੋਕ ਆਕੇ ਨਤਮਸਤਕ ਹੁੰਦੇ ਹਨ ਤੇ ਆਪਣੀਆਂ ਝੋਲੀਆਂ ਖ਼ੁਸ਼ੀਆਂ ਨਾਲ ਭਰਦੀਆਂ ਹਨ। ਇਸ ਮੌਕੇ ਭਗਵੰਤ ਪਾਲ ਸਿੰਘ ਨੂੰ ਸਿਰੋਪਾਓ ਦੀ ਬਖਸ਼ਿਸ਼ ਕੀਤੀ। ਉਨਾਂ ਦੇ ਨਾਲ ਸਰਪੰਚ ਜਗਜੀਤ ਸਿੰਘ ਜੱਗੀ, ਗੁਰਮੇਜ ਸਿੰਘ, ਨਵਤੇਜ ਪਾਲ ਸਿੰਘ ਸੋਹੀਆਂ ਬਲਾਕ ਪ੍ਰਧਾਨ, ਸੁਲੱਖਣ ਸਿੰਘ ਕੱਥੂਨੰਗਲ, ਡਾ ਸੁੱਖਵਿੰਦਰ ਸਿੰਘ ਰੰਧਾਵਾ ਵੀ ਸਨ ।

## ਫਿਲਮ 'ਐਮਰਜੈਂਸੀ' 'ਤੇ ਰੋਕ ਲੱਗਣੀ ਚਾਹੀਦੀ: ਸੰਤ ਬਾਬਾ ਸੱਜਣ ਸਿੰਘ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸਿੱਖਾਂ ਦੇ ਅਕਸ ਨੂੰ ਵੱਖਵਾਦੀ ਵਜੋਂ ਪੇਸ਼ ਕਰਨ ਵਾਲੀ ਕੰਗਨਾ ਰਣੌਤ ਦੀ ਵਿਵਾਦਿਤ ਫਿਲਮ ਐਮਰਜੈਂਸੀ ਤੇ ਪੂਰਨ ਤੌਰ ਤੇ ਰੋਕ ਲੱਗਣੀ ਚਾਹੀਦੀ ਹੈ।ਇਹ ਪ੍ਰਗਟਾਵਾ ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ ਮੱਤੇਵਾਲ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ> ਸੰਤ ਬਾਬਾ ਸੱਜਣ ਸਿੰਘ ਨੇ ਕਿਹਾ ਕਿ ਸਿੱਖ ਕੌਮ ਨਾਲ ਹੋਈਆ ਵਧੀਕੀਆਂ ਨੂੰ ਉਜਾਗਰ ਕਰਨ ਵਾਲੀਆਂ ਫਿਲਮਾਂ ਤੇ ਤਾਂ ਸੈਂਸਰ ਬੋਰਡ ਵੱਲੋਂ ਰੋਕ ਲਗਾ ਦਿੱਤੀ ਜਾਂਦੀ ਹੈ, ਪਰ ਸਿੱਖ ਕੌਮ ਦੀਆ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਫਿਲਮਾਂ ਨੂੰ ਬੇਝਿਜਕ ਸਰਟੀਫਿਕੇਟ ਜਾਰੀ ਕਰ ਕੇ ਸਿੱਖ ਜਗਤ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਜਾ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾ ਕਿਹਾ ਕਿ ਸਿੱਖ ਇਤਿਹਾਸ ਦੇ ਸੁਨਹਿਰੀ ਪੰਨੇ ਕੁਰਬਾਨੀਆਂ ਨਾਲ ਭਰੇ ਹਨ।ਉਨ੍ਹਾਂ ਕਿਹਾ ਕਿ ਦੇਸ਼ ਵਿਚ ਸਿੱਖ ਕੌਮ ਵਲੋਂ ਸੰਕਟ ਦੇ ਸਮੇਂ ਮੋਹਰੀ ਬਣ ਕੇ ਸਰਬੱਤ ਦਾ ਭਲਾ ਮੰਗਦਿਆ ਮਨੁੱਖਤਾ ਦੀ ਸੇਵਾ ਕੀਤੀ ਗਈ ਹੈ, ਜਿਸ ਲਈ ਸਮੇਂ ਦੀਆਂ ਸਰਕਾਰਾਂ ਵਲੋਂ ਸ਼ਲਾਘਾ ਵੀ ਕੀਤੀ ਜਾਂਦੀ ਰਹੀ ਹੈ। ਉਹਨਾਂ ਕਿਹਾ ਕਿ ਐਮਰਜੈਸੀ ਫ਼ਿਲਮ ਰਿਲੀਜ਼ ਹੋਣ ਨਾਲ ਮਾਹੌਲ ਵੀ ਖਰਾਬ ਹੋ ਸਕਦਾ ਹੈ।ਉਨ੍ਹਾਂ ਕਿਹਾ ਕਿ ਸਿੱਖ ਕੌਮ ਵਲੋਂ ਫਿਲਮ ਦਾ ਡੱਟ ਕੇ ਵਿਰੋਧ ਕੀਤਾ ਜਾ ਰਿਹਾ ਹੈ ਅਤੇ ਪੂਰਨ ਤੌਰ ਤੇ ਰੋਕ ਲੱਗਣੀ ਚਾਹੀਦੀ ਹੈ।

## 10 ਗ੍ਰਾਮ ਹੈਰੋਇਨ ਸਮੇਤ ਦੋਸ਼ੀ ਗ੍ਰਿਫ਼ਤਾਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਥਾਣਾ ਕਾਦੀਆਂ ਦੀ ਪੁਲਸ ਵੱਲੋਂ ਇੱਕ ਨੌਜਵਾਨ ਨੂੰ 10 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਨ ਦਾ ਦਾਅਵਾ ਕੀਤਾ ਹੈ। ਐੱਸ ਐੱਚ ਓ ਕਾਦੀਆਂ ਗੁਰਦੇਵ ਸਿੰਘ ਤੋਂ ਮਿਲੀ ਜਾਣਕਾਰੀ ਅਨੁਸਾਰ ਪੁਲਿਸ ਜਿਲਾ ਬਟਾਲਾ ਅੰਦਰ ਗੈਰ ਸਮਾਜਿਕ ਅੰਸਰਾਂ ਖ਼ਿਲਾਫ਼ ਵਿੱਢੀ ਮੁਹਿੰਮ ਅਤੇ ਨਸ਼ਿਆਂ ਦੀ ਰੋਕਥਾਮ ਲਈ ਮਾਨਯੋਗ ਐਸਐਸਪੀ ਬਟਾਲਾ ਸੁਹੇਲ ਕਾਸਮ ਮੀਰ ਅਤੇ ਡੀਐਸਪੀ ਸ੍ਰੀ ਹਰਗੋਬਿੰਦਪੁਰ ਹਰਕ੍ਰਿਸ਼ਨ ਸਿੰਘ ਦੇ ਦਿਸ਼ਾ ਨਿਰਦੇਸ਼ ਹੇਠ ਕਾਦੀਆਂ ਪੁਲਿਸ ਵੱਲੋਂ ਨਜ਼ਦੀਕੀ ਪਿੰਡ ਨੰਗਲ ਬਾਗਵਾਨਾ ਵਿਖੇ ਗੁਜਰਾਂ ਦੇ ਡੇਰਿਆਂ ਦੇ ਕੋਲ ਏਐਸਆਈ ਮੰਗਲ ਸਿੰਘ ਦੀ ਅਗਵਾਈ ਵਿੱਚ ਗਸ਼ਤ ਕੀਤੀ ਜਾ ਰਹੀ ਸੀ ਤਾਂ ਨੰਗਲ ਬਾਗਵਾਨਾਂ ਵਾਲੇ ਪਾਸਿਓਂ ਇੱਕ ਨੌਜਵਾਨ ਪੁਲਿਸ ਪਾਰਟੀ ਨੂੰ ਵੇਖ ਕੇ ਵਾਪਸ ਮੁੜਨ ਲੱਗਾ ਜਦ ਉਸਨੂੰ ਪੁਲਿਸ ਮੁਲਾਜ਼ਮਾਂ ਵੱਲੋਂ ਕਾਬੂ ਕੀਤਾ ਗਿਆ ਤੇ ਉਸ ਪਾਸੋਂ 10 ਗ੍ਰਾਮ ਹੈਰੋਇਨ ਸੀ। ਪੁਲਿਸ ਪਾਰਟੀ ਵੱਲੋਂ ਦੋਸ਼ੀ ਨੂੰ ਮੌਕੇ ਤੇ ਕਾਬੂ ਕਰ ਲਿਆ ਤੇ ਉਸ ਖਿਲਾਫ਼ ਥਾਣਾ ਕਾਦੀਆਂ ਅੰਦਰ ਮੁਕਦਮਾ ਨੰਬਰ 59 ਮਿਤੀ 24 ਅਗਸਤ 2024 ਐਨਡੀਪੀਐਸ ਐਕਟ ਦੀ ਧਾਰਾ21-61-85 ਦਰਜ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ ਜਿਸ ਦੀ ਪਹਿਚਾਣ ਗੌਰਵ ਉਰਫ ਭੂਤੀ ਪੁੱਤਰ ਸੁਭਾਸ਼ ਚੰਦਰ ਉਰਫ ਗੰਜਾ ਭਗਤ ਵਾਸੀ ਵਾਲਮੀਕ ਮੁਹੱਲਾ ਕਾਦੀਆਂ ਵਜੋਂ ਹੋਈ।

## ਜੀ.ਟੀ.ਬੀ.ਆਈ. ਸਕੂਲ ਕਲਿਆਣਪੁਰ ਵਿਖੇ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਗੁਰੂ ਤੇਗ ਬਹਾਦਰ ਇੰਟਰਨੈਸ਼ਨ (ਜੀ.ਟੀ.ਬੀ.ਆਈ.) ਸਕੂਲ ਕਲਿਆਣਪੁਰ ਵਿਖੇ ਕ੍ਰਿਸ਼ਨ ਜਨਮ ਅਸ਼ਟਮੀ ਬੜੀ ਹੀ ਧੂਮਧਾਮ ਨਾਲ ਮਨਾਈ ਗਈ। ਇਸ ਸਬੰਧੀ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਅਤੇ ਪ੍ਰਿੰਸੀਪਲ ਬਰਿੰਦਰ ਜੋਤ ਕੌਰ ਨੇ ਸਾਂਝੇ ਤੌਰ ਤੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਸ ਦਿਨ ਭਗਵਾਨ ਸ੍ਰੀ ਕ੍ਰਿਸ਼ਨ ਜੀ ਦਾ ਜਨਮ ਉਤਸਵ ਬੜੀ ਹੀ ਧੂਮਧਾਮ ਨਾਲ ਜਨਮ ਅਸ਼ਟਮੀ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਇਸ ਮੌਕੇ ਪ੍ਰਿੰ. ਬਰਿੰਦਰ ਜੋਤ ਕੌਰ ਨੇ ਸਭ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ। ਇਸ ਮੌਕੇ ਅਯੋਜਿਤ ਪ੍ਰੋਗਰਾਮ ਵਿੱਚ ਨਰਸਰੀ ਤੋਂ ਸੱਤਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਪ੍ਰੋਗਰਾਮ ਦੌਰਾਨ ਸ੍ਰੀ ਕ੍ਰਿਸ਼ਨ ਭਗਵਾਨ ਨਾਲ ਸੰਬੰਧਿਤ ਵੱਖ-ਵੱਖ ਤਰ੍ਹਾਂ ਦੀਆਂ ਝਲਕੀਆਂ ਅਤੇ ਨਾਟਕ ਜਿਵੇਂ ਕਿ ਕ੍ਰਿਸ਼ਨ ਜਨਮ, ਬਾਲ ਲੀਲਾ, ਕ੍ਰਿਸ਼ਨ ਸੁਦਾਮਾ ਮੇਲ, ਰਾਸ ਲੀਲਾ ਅਤੇ ਗੀਤਾ ਸਾਰ ਆਦਿ ਪੇਸ਼ ਕੀਤੇ ਗਏ। ਇਸ ਪ੍ਰੋਗਰਾਮ ਨੂੰ ਵਧੀਆ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਪੇਸ਼ ਕਰਨ ਵਿੱਚ ਅਧਿਆਪਿਕਾ ਸ੍ਰੀਮਤੀ ਸਪਨਾ ਮੈਂਗੀ, ਸ੍ਰੀਮਤੀ ਕੁਲਵਿੰਦਰ ਕੌਰ, ਸ੍ਰੀਮਤੀ ਸ਼ਕਤੀ ਬਾਲਾ ਅਤੇ ਸ੍ਰੀਮਤੀ ਨੀਤੂ ਬਾਲਾ ਨੇ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸੀ।

# ਵਰੋਲਾ ਵਿਖੇ ਕਰਵਾਇਆ 61ਵਾਂ ਸਲਾਨਾ ਛਿੰਝ ਮੇਲਾ ਤੇ ਸੱਭਿਆਚਾਰਕ ਪ੍ਰੋਗਰਾਮ

## * ਬਹਿਲ ਤੇ ਵਿਧਾਇਕ ਸ਼ੈਰੀ ਕਲਸੀ ਨੇ ਛਿੰਝ ਮੇਲੇ ਦੇ ਜੇਤੂਆਂ ਨੂੰ ਕੀਤੇ ਇਨਾਮ ਤਕਸੀਮ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਬਾਬਾ ਗੁੱਜਾਪੀਰ ਮੇਲਾ ਕਮੇਟੀ ਅਤੇ ਪਿੰਡ ਵਰੋਲਾ ਦੇ ਸਮੂਹ ਵਸਨੀਕਾਂ ਵੱਲੋਂ ਅੱਜ ਆਪਣੇ ਪਿੰਡ ਵਿੱਚ 61ਵਾਂ ਸਲਾਨਾ ਛਿੰਝ ਮੇਲਾ ਅਤੇ ਸਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ। ਦੋ ਦਿਨ ਚੱਲੇ ਇਸ ਛਿੰਝ ਮੇਲੇ ਵਿੱਚ ਮੁੱਖ ਮਹਿਮਾਨ ਸੂਬੇ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਤੋਂ ਇਲਾਵਾ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ, ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸ਼ਮਸ਼ੇਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਛਿੰਝ ਮੇਲੇ ਦੌਰਾਨ ਜਿੱਥੇ ਨਾਮੀ ਪਹਿਲਵਾਨਾਂ ਨੇ ਘੋਲ ਮੁਕਾਬਲਿਆਂ ਵਿੱਚ ਹਿੱਸਾ ਲਿਆ ਓਥੇ ਅੱਜ ਹੋਏ ਸਭਿਆਚਾਰਕ ਪ੍ਰੋਗਰਾਮ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰਾਂ ਨੇ ਰੰਗ ਬੰਨ੍ਹਿਆ। ਇਸ ਛਿੰਝ ਮੇਲੇ ਦੌਰਾਨ ਵਾਲੀਬਾਲ ਅਤੇ ਕਬੱਡੀ ਦੇ ਮੈਚ ਵੀ ਕਰਵਾਏ ਗਏ।ਪਿੰਡ ਵਰੋਲਾ ਦੇ ਛਿੰਝ ਮੇਲੇ ਅਤੇ ਸਭਿਆਚਾਰਕ ਪ੍ਰੋਗਰਾਮ ਦੌਰਾਨ ਵੱਡੀ ਗਿਣਤੀ ਵਿੱਚ ਹਾਜ਼ਰ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਘੋਲ-ਕੁਸ਼ਤੀਆਂ ਵਿੱਚ ਹਿੱਸਾ ਲੈਣਾ ਅਤੇ ਖ਼ੁਸ਼ੀ ਵਿੱਚ ਭੰਗੜੇ ਪਾਉਣੇ ਸਾਡੇ ਰੰਗਲੇ ਪੰਜਾਬ ਦੇ ਉਹ ਰੰਗ ਹਨ ਜਿਨ੍ਹਾਂ ਉੱਪਰ ਹਰ ਪੰਜਾਬੀ ਮਾਣ ਕਰਦਾ ਹੈ।ਉਨ੍ਹਾਂ ਕਿਹਾ ਕਿ ਪਿੰਡ ਵਰੋਲਾ ਦੇ ਵਸਨੀਕ ਇਸ ਗੱਲੋਂ ਵਧਾਈ ਦੇ ਪਾਤਰ ਹਨ ਕਿ ਉਨ੍ਹਾਂ ਨੇ ਪੰਜਾਬ ਦੇ ਅਮੀਰ ਵਿਰਾਸਤ ਨੂੰ ਬਚਾ ਕੇ ਰੱਖਿਆ ਹੋਇਆ ਹੈ ਅਤੇ ਅੱਜ 61ਵਾਂ ਸਲਾਨਾ ਛਿੰਝ ਮੇਲਾ ਅਤੇ ਸਭਿਆਚਾਰਕ ਪ੍ਰੋਗਰਾਮ ਕਰਵਾ ਰਹੇ ਹਨ।ਇਸ ਮੌਕੇ ਉਨ੍ਹਾਂ ਨੇ ਆਪਣੇ ਅਖ਼ਤਿਆਰੀ ਫ਼ੰਡ ਵਿਚੋਂ ਪਿੰਡ ਦੇ ਵਿਕਾਸ ਅਤੇ ਖੇਡ ਮੈਦਾਨ ਲਈ 6 ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਇਸ ਮੌਕੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਜਿੱਥੇ ਛਿੰਝਾਂ, ਤੀਆਂ ਤੇ ਸਭਿਆਚਾਰਕ ਮੇਲਿਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਉਥੇ ਨਾਲ ਹੀ ਖੇਡਾਂ ਵਤਨ ਪੰਜਾਬ ਦੀਆਂ ਕਰਵਾ ਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾ ਕੇ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਰਾਜ ਸਰਕਾਰ ਅਤੇ ਸੂਬਾ ਵਾਸੀਆਂ ਦੇ ਅਜਿਹੇ ਯਤਨਾਂ ਸਦਕਾ ਸਾਡਾ ਪੰਜਾਬ ਮੁੜ 'ਰੰਗਲਾ ਪੰਜਾਬ' ਬਣ ਕੇ ਉੱਭਰੇਗਾ।ਇਸ ਮੌਕੇ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ, ਚੇਅਰਮੈਨ ਸ੍ਰੀ ਰਮਨ ਬਹਿਲ, ਵਿਧਾਇਕ ਸ੍ਰੀ ਸ਼ੈਰੀ ਕਲਸੀ ਅਤੇ ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ ਨੇ ਛਿੰਝ ਮੇਲੇ ਦੇ ਜੇਤੂ ਭਲਵਾਨਾਂ, ਸਭਿਆਚਾਰਕ ਪ੍ਰੋਗਰਾਮ ਵਿੱਚ ਹਿੱਸਾ ਲੈਣ ਵਾਲੇ ਕਲਾਕਾਰਾਂ ਨੂੰ ਸਨਮਾਨਿਤ ਕਰਨ ਦੇ ਨਾਲ ਇਸ ਸਾਰੇ ਪ੍ਰੋਗਰਾਮ ਨੂੰ ਸਫਲ ਬਣਾਉਣ ਵਾਲੇ ਕਮੇਟੀ ਮੈਂਬਰਾਂ ਦਾ ਵੀ ਸਨਮਾਨ ਕੀਤਾ।ਇਸ ਮੌਕੇ ਪ੍ਰਧਾਨ ਤਜਿੰਦਰ ਸਿੰਘ ਢਿੱਲੋਂ, ਅਜੇਪਾਲ ਸਿੰਘ, ਧਰਮਿੰਦਰ ਸਿੰਘ, ਸੁਪਿੰਦਰ ਸਿੰਘ, ਹਰਜਿੰਦਰ ਸਿੰਘ, ਸੰਨੀ, ਮਨਜੀਤ ਸਿੰਘ, ਸੁੱਚਾ ਸਿੰਘ, ਮਨਪ੍ਰੀਤ ਸਿੰਘ ਤੋਂ ਇਲਾਵਾ ਚੇਅਰਮੈਨ ਮਾਰਕਿਟ ਕਮੇਟੀ ਗੁਰਦਾਸਪੁਰ ਸ੍ਰੀ ਭਾਰਤ ਭੂਸ਼ਨ, ਸਾਬਕਾ ਚੇਅਰਮੈਨ ਸ੍ਰੀ ਕੇਸ਼ਵ ਬਹਿਲ, ਬਲਾਕ ਪ੍ਰਧਾਨ ਹਿੱਤਪਾਲ ਵੀ ਮੌਜੂਦ ਸਨ।

ਨਵਾਂ ਜ਼ਮਾਨਾ
ਮੰਗਲਵਾਰ, 27 ਅਗਸਤ 2024

# ਪਲਾਸਟਿਕ ਨੂੰ ਨਾਂਹ ਕਹੋ

ਪਲਾਸਟਿਕ ਕਚਰੇ ਦਾ ਮਸਲਾ ਅੱਜ ਦੇ ਸਮੇਂ ਵਿੱਚ ਗੰਭੀਰ ਸਮੱਸਿਆ ਬਣ ਚੁੱਕਾ ਹੈ। ਇਹ ਸਰਵ-ਵਿਆਪੀ ਸਮੱਸਿਆ ਹੈ। ਦੁਨੀਆ ਦਾ ਕੋਈ ਵੀ ਸਥਾਨ ਇਸ ਤੋਂ ਅਛੂਤ ਨਹੀਂ ਰਿਹਾ। ਇਹ ਹਿਮਾਲਿਆ ਦੀ ਚੋਟੀ ਤੋਂ ਲੈ ਕੇ ਸਮੁੰਦਰ ਦੇ ਗਰਭ ਤੱਕ ਫੈਲ ਚੁੱਕਾ ਹੈ। ਹਵਾ, ਪਾਣੀ, ਸਬਜ਼ੀਆਂ, ਅਨਾਜ, ਮਾਸ, ਫਲ ਤੇ ਜੰਗਲੀ ਜੀਵਾਂ ਤੱਕ ਕੋਈ ਵੀ ਇਸ ਦੀ ਮਾਰ ਤੋਂ ਬਚ ਨਹੀਂ ਸਕਿਆ। ਮਨੁੱਖੀ ਸਰੀਰ ਦਾ ਹਰ ਅੰਗ, ਮਾਸਪੇਸ਼ੀਆਂ, ਖ਼ੂਨ, ਦਿਲ, ਕਿਡਨੀ, ਫੇਫੜੇ, ਅੰਤੜੀਆਂ ਤੇ ਹੱਡੀਆਂ ਦੀ ਮਿੱਝ ਤੱਕ ਵਿੱਚ ਇਹ ਮੌਜੂਦ ਹੈ। ਹੁਣ ਇਸ ਨੇ ਸਾਡੇ ਸਰੀਰ ਦੇ ਸਭ ਤੋਂ ਸੁਰੱਖਿਅਤ ਹਿੱਸੇ ਦਿਮਾ.ਗ ਨੂੰ ਵੀ ਆਪਣਾ ਸ਼ਿਕਾਰ ਬਣਾਉਣਾ ਸ਼ੁਰੂ ਕਰ ਦਿੱਤਾ ਹੈ।

ਹੁਣ ਤੱਕ ਵਿਗਿਆਨੀ ਇਹ ਮੰਨਦੇ ਰਹੇ ਹਨ ਕਿ ਸਾਡੇ ਸਰੀਰ ਅੰਦਰ ਦਿਮਾ.ਗ ਅਜਿਹਾ ਅੰਗ ਹੈ, ਜਿਸ ਨੂੰ ਹਾਨੀਕਾਰਕ ਰਸਾਇਣ, ਵਾਇਰਸ, ਬੈਕਟੀਰੀਆ ਤੇ ਹੋਰ ਪਦਾਰਥ ਸੁਖਾਲਿਆਂ ਪ੍ਰਭਾਵਤ ਨਹੀਂ ਕਰ ਸਕਦੇ, ਪਰ ਪਲਾਸਟਿਕ ਦੀ ਮਾਰ ਤੋਂ ਇਹ ਵੀ ਨਹੀਂ ਬਚ ਸਕਿਆ।

ਯੂਨੀਵਰਸਿਟੀ ਆਫ ਨਿਊ ਮੈਕਸੀਕੋ ਦੇ ਵਿਗਿਆਨੀ ਮੈਥਿਊ ਕੈਂਪੇਨ ਦੀ ਅਗਵਾਈ ਵਿੱਚ ਵਿਗਿਆਨੀਆਂ ਦੀ ਇੱਕ ਟੀਮ ਨੇ ਨੈਸ਼ਨਲ ਇੰਸਟੀਚਿਊਟ ਆਫ਼ ਹੈਲਥ ਦੇ ਪਰਚੇ ਵਿੱਚ ਇੱਕ ਅਧਿਐਨ ਰਿਪੋਰਟ ਛਾਪੀ ਹੈ। ਵਿਗਿਆਨੀਆਂ ਦੀ ਇਸ ਟੀਮ ਦਾ ਮਕਸਦ ਮਨੁੱਖੀ ਸਰੀਰ 'ਤੇ ਪਲਾਸਟਿਕ ਦੇ ਪ੍ਰਭਾਵਾਂ ਦਾ ਅਧਿਐਨ ਕਰਨਾ ਸੀ। ਇਸ ਟੀਮ ਨੇ ਵੱਖ-ਵੱਖ ਹਸਪਤਾਲਾਂ ਵਿੱਚ ਜਾ ਕੇ 91 ਮਨੁੱਖੀ ਲਾਸ਼ਾਂ ਦੀ ਪੜਤਾਲ ਕੀਤੀ ਸੀ। ਇਨ੍ਹਾਂ ਸਾਰੀਆਂ ਲਾਸ਼ਾਂ ਵਿੱਚ ਸਰੀਰ ਦੇ ਕਿਸੇ ਵੀ ਅੰਗ—ਜਿਵੇਂ ਮਿਹਦਾ, ਫੇਫੜੇ ਤੇ ਕਿਡਨੀ ਆਦਿ ਨਾਲੋਂ ਦਿਮਾਗ ਵਿੱਚ ਪਲਾਸਟਿਕ ਦੀ ਮਾਤਰਾ 10 ਤੋਂ 20 ਗੁਣਾ ਵੱਧ ਸੀ। ਸਾਲ 2024 ਵਿੱਚ ਮਰੇ 24 ਵਿਅਕਤੀਆਂ ਵਿੱਚ ਤਾਂ ਇਹ ਹੋਰ ਵੀ ਵੱਧ ਸੀ। ਇਸ ਦਾ ਮਤਲਬ ਹੈ ਕਿ ਸਾਲ-ਦਰ-ਸਾਲ ਇਹ ਸਮੱਸਿਆ ਗੰਭੀਰ ਰੂਪ ਧਾਰਨ ਕਰਦੀ ਜਾ ਰਹੀ ਹੈ। ਸਾਲ 2016 ਵਿੱਚ ਮਰੇ ਵਿਅਕਤੀ ਦੇ ਦਿਮਾਗ ਨਾਲੋਂ 2024 ਵਿੱਚ ਮਰੇ ਵਿਅਕਤੀ ਦੇ ਦਿਮਾਗ ਵਿੱਚ ਇਹ 50 .ਫ਼ੀਸਦੀ ਵੱਧ ਸੀ।

ਅਧਿਐਨ ਕਰਨ ਵਾਲੇ ਵਿਗਿਆਨੀਆਂ ਅਨੁਸਾਰ ਦਿਮਾਗ ਵਿੱਚ ਪਲਾਸਟਿਕ ਦੀ ਮਾਤਰਾ ਉਨ੍ਹਾਂ ਦੀ ਕਲਪਨਾ ਤੋਂ ਪਰ੍ਹੇ ਸੀ। ਇਸ ਤੋਂ ਸਪੱਸ਼ਟ ਹੈ ਕਿ ਮਨੁੱਖੀ ਸਰੀਰ ਵਿੱਚ ਦਿਮਾਗ ਸਭ ਤੋਂ ਵੱਧ ਪਲਾਸਟਿਕ ਪ੍ਰਦੂਸ਼ਣ ਤੋਂ ਪੀੜਤ ਹੈ। ਅਧਿਐਨ ਵਿੱਚ ਇਕ ਹੋਰ ਗੱਲ ਸਾਹਮਣੇ ਆਈ ਕਿ ਪਾਗਲ ਜਾਂ ਮਾਨਸਿਕ ਰੋਗੀ ਵਿਅਕਤੀਆਂ ਦੀਆਂ ਲਾਸ਼ਾਂ ਦੇ ਦਿਮਾਗਾਂ ਵਿੱਚ ਪਲਾਸਟਿਕ ਦੀ ਮਾਤਰਾ ਆਮ ਵਿਅਕਤੀਆਂ ਨਾਲੋਂ 10 ਗੁਣਾ ਵੱਧ ਸੀ। ਇਸ ਦਾ ਮਤਲਬ ਇਹ ਹੈ ਕਿ ਵਿਅਕਤੀ ਦੇ ਮਾਨਸਿਕ ਰੋਗੀ ਹੋ ਜਾਣ ਵਿੱਚ ਪਲਾਸਟਿਕ ਦੀ ਵੀ ਭੂਮਿਕਾ ਹੋ ਸਕਦੀ ਹੈ।

ਪਲਾਸਟਿਕ ਕਚਰਾ ਭਾਵੇਂ ਸੰਸਾਰਵਿਆਪੀ ਸਮੱਸਿਆ ਬਣ ਚੁੱਕਾ ਹੈ, ਪਰ ਇਸ ਦਾ ਉਤਪਾਦਨ ਲਗਾਤਾਰ ਵਧ ਰਿਹਾ ਹੈ। ਇਸ ਸਮੱਸਿਆ ਪ੍ਰਤੀ ਨਾ ਸਰਕਾਰਾਂ ਗੰਭੀਰ ਹਨ ਤੇ ਨਾ ਸਾਡਾ ਸਮਾਜ। ਕੁਝ ਸਾਲ ਪਹਿਲਾਂ ਜਦੋਂ ਪਲਾਸਟਿਕ ਕਚਰਾ ਖਾ ਕੇ ਮਰੀਆਂ ਗਾਵਾਂ ਦੇ ਪੋਸਟ-ਮਾਰਟਮ ਬਾਅਦ ਉਨ੍ਹਾਂ ਦੇ ਪੇਟ ਵਿੱਚ ਪਲਾਸਟਿਕ ਮਿਲਿਆ ਤਾਂ ਇਸ ਨੂੰ ਬੰਦ ਕਰਨ ਦੀ ਚਰਚਾ ਸ਼ੁਰੂ ਹੋਈ ਸੀ। ਬਰਸਾਤਾਂ ਸਮੇਂ ਸੀਵਰੇਜ ਬੰਦ ਹੋਣ ਬਾਅਦ ਵੀ ਪਲਾਸਟਿਕ ਬੰਦ ਕੀਤੇ ਜਾਣ ਦੇ ਸਰਕਾਰੀ ਬਿਆਨ ਅਖ਼ਬਾਰਾਂ ਦੀਆਂ ਸੁਰਖੀਆਂ ਬਣਦੇ ਰਹਿੰਦੇ ਹਨ। ਇਸ ਤੋਂ ਬਾਅਦ ਕੁਝ ਦਿਨ ਛਾਪੇ ਪੈਂਦੇ ਹਨ, ਜਿਹੜੇ ਰਿਸ਼ਵਤ ਦੇ ਦਿੰਦੇ ਹਨ, ਉਹ ਬਚ ਜਾਂਦੇ ਹਨ ਤੇ ਜਿਹੜੇ ਨਹੀਂ ਦਿੰਦੇ ਉਨ੍ਹਾਂ ਦੇ ਚਲਾਨ ਕੱਟ ਦਿੱਤੇ ਜਾਂਦੇ ਹਨ। ਕੁਝ ਦਿਨ ਤਮਾਸ਼ਾ ਹੋਣ ਤੋਂ ਬਾਅਦ ਫਿਰ ਹਾਲਾਤ ਪਹਿਲਾਂ ਵਾਂਗ ਹੋ ਜਾਂਦੇ ਹਨ।

ਅਸਲ ਵਿੱਚ ਵਾਤਾਵਰਨ ਪ੍ਰਦੂਸ਼ਣ ਬਾਰੇ ਸਭ ਤੋਂ ਵੱਡੀ ਸਮੱਸਿਆ ਸਰਕਾਰਾਂ ਦੀਆਂ ਕਾਰਪੋਰੇਟ-ਪੱਖੀ ਨੀਤੀਆਂ ਹਨ। ਹਵਾ ਪ੍ਰਦੂਸ਼ਣ ਰੋਕਣ ਲਈ ਪੈਟਰੋਲੀਅਮ ਪਦਾਰਥਾਂ ਨਾਲ ਚੱਲਣ ਵਾਲੇ ਵਾਹਨਾਂ ਨੂੰ ਬੰਦ ਕਰਨਾ ਪਵੇਗਾ, ਪਰ ਇਸ ਨਾਲ ਕਾਰਪੋਰੇਟਾਂ ਦੇ ਕਾਰਖਾਨੇ ਬੰਦ ਹੋ ਜਾਣਗੇ। ਇਸ ਦਾ ਹੱਲ ਬਿਜਲਈ ਵਾਹਨਾਂ ਦੇ ਉਤਪਾਦਨ ਨੂੰ ਤੇਜ਼ ਕਰਨਾ ਹੈ, ਪਰ ਸਰਕਾਰ ਨੇ 15 ਸਾਲ ਪੁਰਾਣੇ ਵਾਹਨਾਂ ਨੂੰ ਬੰਦ ਕਰਨ ਦਾ ਹੁਕਮ ਚਾੜ੍ਹ ਦਿੱਤਾ ਹੈ। ਇਹ ਹਵਾ ਪ੍ਰਦੂਸ਼ਣ ਦਾ ਹੱਲ ਨਹੀਂ, ਸਗੋਂ ਵਾਤਾਵਰਨ ਪ੍ਰਦੂਸ਼ਣ ਦਾ ਬਹਾਨਾ ਬਣਾ ਕੇ ਕਾਰਪੋਰੇਟਾਂ ਦੇ ਮੁਨਾ.ਫ਼ੇ ਨੂੰ ਨਵੀਂਆਂ ਉਚਾਈਆਂ ਉੱਤੇ ਪੁਚਾਉਣਾ ਹੈ।

ਅੱਜ ਦੇਸ਼ ਦੀ ਕੋਈ ਵੀ ਨਦੀ ਜਾਂ ਜਲ ਸਰੋਤ ਪਾਣੀ ਦੇ ਪ੍ਰਦੂਸ਼ਣ ਤੋਂ ਬਚੇ ਹੋਏ ਨਹੀਂ। ਇਹ ਲਗਾਤਾਰ ਵਧਦਾ ਜਾ ਰਿਹਾ ਹੈ। ਦੁਨੀਆ ਦੇ ਵਿਕਸਤ ਦੇਸ਼ ਸੀਵਰੇਜ ਦੇ ਪਾਣੀ ਨੂੰ ਸਾ.ਫ਼ ਕਰਕੇ ਖੇਤਾਂ ਤੋਂ ਲੈ ਕੇ ਘਰ ਦੀਆਂ ਲੋੜਾਂ ਤੱਕ ਲਈ ਵਰਤ ਰਹੇ ਹਨ, ਪਰ ਸਾਡੇ ਦੇਸ਼ ਅੰਦਰ ਕਾਰਪੋਰੇਟਾਂ ਦੇ ਕਾਰਖਾਨੇ ਬਿਨਾਂ ਸਾ.ਫ਼ ਕੀਤਿਆਂ ਤੇਜ਼ਾਬੀ ਪਾਣੀ ਤੱਕ ਨਦੀਆਂ 'ਚ ਸੁੱਟ ਰਹੇ ਹਨ। ਪ੍ਰਦੂਸ਼ਣ ਕੰਟਰੋਲ ਬੋਰਡ ਰਿਸ਼ਵਤ ਇਕੱਠੀ ਕਰਨ ਦੇ ਮਹਿਕਮੇ ਬਣ ਚੁੱਕੇ ਹਨ। ਪੰਜਾਬ ਦੇ ਲੱਗਭੱਗ ਹਰ ਪਿੰਡ ਵਿੱਚ ਸੀਵਰੇਜ ਦੇ ਛੱਪੜ ਪਿੰਡ ਵਾਲਿਆਂ ਲਈ ਨਰਕ ਕੁੰਡ ਬਣ ਚੁੱਕੇ ਹਨ। ਇਨ੍ਹਾਂ ਵਿਚਲਾ ਪਾਣੀ ਆਧੁਨਿਕ ਯੂਨਿਟਾਂ ਰਾਹੀਂ ਸਾ.ਫ਼ ਕਰਕੇ ਖੇਤਾਂ ਲਈ ਵਰਤਣਾ ਇੱਕ ਜ਼ਰੂਰੀ ਕਾਰਜ ਹੈ। ਇਸ ਨਾਲ ਰੁਜ਼ਗਾਰ ਦੇ ਮੌਕੇ ਵੀ ਵਧਣਗੇ ਤੇ ਗੰਦਗੀ ਦੀ ਪ੍ਰੋਸੈਸਿੰਗ ਰਾਹੀਂ ਤਿਆਰ ਕੀਤੀ ਖਾਦ ਵੀ ਮਿਲੇਗੀ। ਸਰਕਾਰਾਂ ਇਨ੍ਹਾਂ ਕਾਰਜਾਂ ਨੂੰ ਏਜੰਡੇ 'ਤੇ ਲਿਆਉਣ, ਉਸ ਲਈ ਜਨਤਾ ਨੂੰ ਸੰਘਰਸ਼ ਕਰਨਾ ਪਵੇਗਾ।

ਜਿੱਥੋਂ ਤੱਕ ਪਲਾਸਟਿਕ ਦੇ ਕਚਰੇ ਦਾ ਸੰਬੰਧ ਹੈ, ਇਹ ਭਵਿੱਖੀ ਪੀੜ੍ਹੀਆਂ ਨਾਲ ਵੀ ਜੁੜਿਆ ਹੋਇਆ ਹੈ, ਕਿਉਂਕਿ ਮਾਂਵਾਂ ਦੇ ਦੁੱਧ ਵੀ ਇਸ ਤੋਂ ਪ੍ਰਭਾਵਤ ਹਨ। ਇਸ ਵਿੱਚ ਸਰਕਾਰਾਂ ਦੇ ਨਾਲ-ਨਾਲ ਜਨਤਾ ਵੀ ਜ਼ਿੰਮੇਵਾਰ ਹੈ। ਜੇ ਸਰਕਾਰ ਦੀ ਮਨਸ਼ਾ ਹੋਵੇ ਤਾਂ ਉਹ ਪਲਾਸਟਿਕ ਬਣਾਉਣ ਵਾਲੇ ਕਾਰਖਾਨਿਆਂ 'ਤੇ ਪਾਬੰਦੀ ਲਾ ਸਕਦੀ ਹੈ, ਪਰ ਕਾਰਪੋਰੇਟਾਂ ਦੇ ਦਲਾਲਾਂ ਤੋਂ ਇਹ ਆਸ ਰੱਖਣੀ ਫਜ਼ੂਲ ਹੈ। ਇਸ ਲਈ ਜਨਤਾ ਨੂੰ ਇਹ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ। ਇਹ ਔਖਾ ਕੰਮ ਨਹੀਂ ਕਿ ਸਮਾਨ ਖਰੀਦ ਕੇ ਲਿਆਉਣ ਲਈ ਘਰੋਂ ਕੱਪੜੇ ਜਾਂ ਜੂਟ ਦਾ ਝੋਲਾ ਲੈ ਕੇ ਜਾਇਆ ਜਾਵੇ। ਪਲਾਸਟਿਕ ਦੇ ਬਰਤਣ ਤੇ ਹੋਰ ਸਮਾਨ ਖਰੀਦਣ ਤੋਂ ਤੌਬਾ ਕੀਤੀ ਜਾਵੇ। ਇਸ ਨਾਲ ਖ਼ਤਮ ਹੋ ਚੁੱਕੀ ਜੂਟ ਦੀ ਇੰਡਸਟਰੀ ਨੂੰ ਹੁਲਾਰਾ ਮਿਲੇਗਾ ਤੇ ਰੁਜ਼ਗਾਰ ਵੀ ਉਪਲੱਬਧ ਹੋਵੇਗਾ। ਪਲਾਸਟਿਕ ਵਿਰੁੱਧ ਲੜਾਈ ਨੂੰ ਉਸੇ ਤਰ੍ਹਾਂ ਇੱਕ ਜਨ-ਅੰਦੋਲਨ ਬਣਾਉਣ ਦੀ ਲੋੜ, ਜਿਵੇਂ ਅਜ਼ਾਦੀ ਦੀ ਲੜਾਈ ਸਮੇਂ ਮਹਾਤਮਾ ਗਾਂਧੀ ਨੇ ਅੰਗਰੇਜ਼ੀ ਮਾਲ ਦੇ ਬਾਈਕਾਟ ਦਾ ਸੱਦਾ ਦੇ ਕੇ ਬਣਾਇਆ ਸੀ। ਇਸ ਤਰ੍ਹਾਂ ਕਰਨ ਨਾਲ ਘਾਟੇ 'ਚ ਜਾਣ ਬਾਅਦ ਪਲਾਸਟਿਕ ਦੇ ਕਾਰਖਾਨੇ ਆਪਣੇ ਆਪ ਬੰਦ ਹੋ ਜਾਣਗੇ। ਆਓ,ਅੱਜ ਤੋਂ ਹੀ ਸ਼ੁਰੂ ਕਰੀਏ ਕਿ ਅਸੀਂ ਪਲਾਸਟਿਕ ਦੀ ਵਰਤੋਂ ਬੰਦ ਕਰਾਂਗੇ।

-ਚੰਦ ਫਤਿਹਪੁਰੀ

# ਹਰਿਆਣਾ ਤੇ ਜੰਮੂ-ਕਸ਼ਮੀਰ ਚੋਣਾਂ 'ਚ ਭਾਜਪਾ ਦਾ ਅਕਸ ਦਾਅ 'ਤੇ



ਗੁਰਮੀਤ ਸਿੰਘ ਪਲਾਹੀ

ਇਹ ਸਪੱਸ਼ਟ ਹੈ ਕਿ ਹਰਿਆਣਾ ਅਤੇ ਜੰਮੂ-ਕਸ਼ਮੀਰ ਦੋਵਾਂ ਹੀ ਸੂਬਿਆਂ ਵਿੱਚ ਹੋਣ ਜਾ ਰਹੀਆਂ ਚੋਣਾਂ ਭਾਰਤੀ ਜਨਤਾ ਪਾਰਟੀ ਲਈ ਸੌਖੀਆਂ ਨਹੀਂ ਹੋਣਗੀਆਂ। ਉੱਥੇ ਭਾਜਪਾ ਅਤੇ ਕਾਂਗਰਸ/ਇੰਡੀਅਨ ਗਠਜੋੜ ਵਿੱਚ ਸਖ਼ਤ ਟੱਕਰ ਹੋਣ ਵਾਲੀ ਹੈ। ਇਹ ਚੋਣਾਂ ਸਤੰਬਰ/ਅਕਤੂਬਰ 2024 ਵਿੱਚ ਹੋ ਰਹੀਆਂ ਹਨ।

ਆਮ ਤੌਰ 'ਤੇ ਹਰਿਆਣਾ ਅਤੇ ਮਹਾਂਰਾਸ਼ਟਰ ਵਿੱਚ ਚੋਣਾਂ ਹੋਣ ਦਾ ਵੇਲਾ ਇਹੋ ਜਿਹਾ ਰਿਹਾ ਹੈ, ਪਰ ਹਾਰ ਦੇ ਅਣਜਾਣੇ ਡਰ ਕਾਰਨ ਭਾਜਪਾ ਹਕੂਮਤ ਨੇ ਇਹ ਚੋਣਾਂ ਹਰਿਆਣਾ, ਜੰਮੂ ਕਸ਼ਮੀਰ ਦੀਆਂ ਚੋਣਾਂ ਬਾਅਦ ਕਰਵਾਉਣ ਦਾ ਫੈਸਲਾ ਭਾਰਤੀ ਚੋਣ ਕਮਿਸ਼ਨ ਤੋਂ ਕਰਵਾਇਆ ਹੈ। ਇੱਥੋਂ ਭਾਜਪਾ ਨੂੰ ਸ਼ਿਵ ਸੈਨਾ (ਯੂ.ਬੀ.ਟੀ.), ਨੈਸ਼ਨਲਿਸਟ ਕਾਂਗਰਸ ਪਾਰਟੀ (ਐੱਸ.ਸੀ.) ਕਾਂਗਰਸ ਅਤੇ ਹੋਰ ਪਾਰਟੀਆਂ ਦੀ ਆਪਸੀ ਸਾਂਝ ਇੰਡੀਆ ਗਠਜੋੜ ਦਾ ਏਕਾ ਭਾਜਪਾ ਨੂੰ ਪ੍ਰੇਸ਼ਾਨ ਕਰ ਰਿਹਾ ਹੈ, ਕਿਉਂਕਿ ਇੰਡੀਆ ਗੱਠਜੋੜ ਦੇ ਆਗੂ ਸ਼ਰਦ ਪਵਾਰ ਦਾ ਬਿਆਨ ਹੈ ਕਿ ਉਨ੍ਹਾ ਦਾ ਪੂਰਾ ਜ਼ੋਰ ਮਹਾਰਾਸ਼ਟਰ 'ਚ ਸਰਕਾਰ ਬਦਲਣ 'ਤੇ ਕੇਂਦਰਤ ਹੈ।

ਉਧਰ ਜੰਮੂ-ਕਸ਼ਮੀਰ 'ਚ ਨੈਸ਼ਨਲ ਕਾਨਫਰੰਸ ਤੇ ਕਾਂਗਰਸ ਵਿਚਾਲੇ ਗੱਠਜੋੜ ਹੋ ਰਿਹਾ ਹੈ। ਜਿੱਥੇ 90 ਸੀਟਾਂ ਉਤੇ ਗਠਜੋੜ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਹੈ। ਇੱਥੇ ਕਾਂਗਰਸ ਅਤੇ ਨੈਸ਼ਨਲ ਕਾਨਫਰੰਸ ਅਰਥਾਤ ਇੰਡੀਆ ਗੱਠਜੋੜ ਦੀ ਤਰਜੀਹ ਜੰਮੂ ਕਸ਼ਮੀਰ ਦਾ ਪੂਰਨ ਰਾਜ ਦਾ ਦਰਜਾ ਬਹਾਲ ਕਰਨ ਦੀ ਹੈ। ਉਹਨਾ ਦੀ ਤਰਜੀਹ ਲੋਕਾਂ ਦੇ ਖੋਹੇ ਹੋਏ ਹੱਕ ਬਹਾਲ ਕਰਨ ਦੀ ਵੀ ਹੈ। ਇਸ ਗੱਠਜੋੜ ਤੋਂ ਬਾਅਦ ਭਾਜਪਾ ਅਤੇ ਇੰਡੀਆ ਗੱਠਜੋੜ ਦੀ ਟੱਕਰ ਜ਼ਬਰਦਸਤ ਹੋ ਜਾਏਗੀ। ਜੰਮੂ ਕਸ਼ਮੀਰ ਵਿੱਚ ਭਾਜਪਾ ਦੀ ਸਫ਼ਲਤਾ ਦਾ ਅਰਥ ਉੱਥੇ ਕੇਂਦਰ ਸਰਕਾਰ ਦੀਆਂ ਨੀਤੀਆਂ ਦਾ ਸਮਰਥਨ ਵੀ ਹੋਏਗਾ, ਜਿਸ ਵਿੱਚ 370 ਧਾਰਾ ਨੂੰ ਹਟਾਉਣਾ ਵੀ ਸ਼ਾਮਲ ਹੈ, ਪਰ ਇਸ ਗੱਲ ਦੀ ਸ਼ੰਕਾ ਹੈ ਕਿ ਭਾਜਪਾ ਜੰਮੂ ਕਸ਼ਮੀਰ ਵਿੱਚ ਇੱਕ ਮਜ਼ਬੂਤ ਤਾਕਤ ਦੇ ਰੂਪ ਵਿੱਚ ਉੱਭਰ ਪਾਏਗੀ।

2024 ਵਿੱਚ ਭਾਜਪਾ ਨੇ ਜੰਮੂ ਵਿੱਚ ਦੋ ਲੋਕ ਸਭਾ ਸੀਟਾਂ ਜਿੱਤੀਆਂ ਅਤੇ 24.4% ਵੋਟਾਂ ਪ੍ਰਾਪਤ ਕੀਤੀਆਂ, ਪਰ ਇਹ ਵੀ ਸੱਚਾਈ ਹੈ ਕਿ ਭਾਜਪਾ ਨੇ ਸਾਰੀਆਂ 6 ਲੋਕ ਸਭਾ ਸੀਟਾਂ ਉਤੇ ਲੋਕ ਸਭਾ ਚੋਣਾਂ ਨਹੀਂ ਸਨ ਲੜੀਆਂ। ਇਹ ਭਾਜਪਾ ਦੀ ਕਮਜ਼ੋਰੀ ਦਾ ਸਬੂਤ ਹੈ। ਇੱਥੇ ਇਹ ਵੀ ਵਰਨਣਯੋਗ ਹੈ ਕਿ ਜੰਮੂ ਕਸ਼ਮੀਰ ਵਿੱਚ 35 ਫ਼ੀਸਦੀ ਲੋਕ ਰਾਹੁਲ ਗਾਂਧੀ ਨੂੰ ਪ੍ਰਧਾਨ ਮੰਤਰੀ ਅਤੇ 27 ਫ਼ੀਸਦੀ ਨਰੇਂਦਰ ਮੋਦੀ ਨੂੰ ਪ੍ਰਧਾਨ ਮੰਤਰੀ ਵਜੋਂ ਵੇਖਣਾ ਪਸੰਦ ਕਰਦੇ ਸਨ।

2024 ਦੀਆਂ ਲੋਕ ਸਭਾ ਚੋਣਾਂ 'ਚ ਭਾਜਪਾ ਨੇ ਹਰਿਆਣਾ ਅਤੇ ਜੰਮੂ ਕਸ਼ਮੀਰ ਵਿੱਚ ਚੰਗਾ ਪ੍ਰਦਰਸ਼ਨ ਨਹੀਂ ਕੀਤਾ ਸੀ।ਹਰਿਆਣਾ 'ਚ ਭਾਜਪਾ ਨੇ 46.1 ਫ਼ੀਸਦੀ ਵੋਟਾਂ ਪ੍ਰਾਪਤ ਕੀਤੀਆਂ ਅਤੇ 10 ਸੀਟਾਂ ਵਿੱਚੋਂ 5 ਲੋਕ ਸਭਾ ਸੀਟਾਂ ਜਿੱਤੀਆਂ, ਜਦਕਿ ਕਾਂਗਰਸ ਨੇ ਬਾਕੀ 5 ਸੀਟਾਂ 'ਤੇ ਸਫਲਤਾ ਪ੍ਰਾਪਤ ਕੀਤੀ ਅਤੇ 43.7 ਫ਼ੀਸਦੀ ਵੋਟ ਪ੍ਰਾਪਤ ਕੀਤੀਆਂ। ਭਾਜਪਾ ਨੇ 2019 ਚੋਣਾਂ 'ਚ 58 ਫ਼ੀਸਦੀ ਵੋਟਾਂ ਲਈਆਂ ਸਨ ਅਤੇ ਇਸ ਵਾਰ 12 ਫ਼ੀਸਦੀ ਦੀ ਗਿਰਾਵਟ ਇਹਨਾਂ ਚੋਣਾਂ 'ਚ ਵੇਖੀ ਗਈ, ਜਦਕਿ ਕਾਂਗਰਸ ਨੇ 2019 'ਚ 28.4 ਫੀਸਦੀ ਵੋਟ ਲਏ ਅਤੇ ਇਸ ਵਾਰ 15.3 ਫ਼ੀਸਦੀ ਦਾ ਵਾਧਾ ਵੋਟਾਂ 'ਚ ਕੀਤਾ। ਇਹ ਇਸ ਗੱਲ ਦਾ ਸੰਕੇਤ ਹੈ ਕਿ ਇਸ ਵਾਰ ਹਵਾ ਕਿਸ ਪਾਸੇ ਵਗ ਰਹੀ ਹੈ।

ਸਾਲ 2019 'ਚ ਜਦੋਂ ਹਰਿਆਣਾ 'ਚ ਵਿਧਾਨ ਸਭਾ ਚੋਣਾਂ ਹੋਈਆਂ ਸਨ ਤਾਂ ਭਾਜਪਾ ਨੂੰ 36.5 ਫ਼ੀਸਦੀ ਵੋਟ ਮਿਲੇ ਸਨ ਤੇ 40 ਸੀਟਾਂ ਪ੍ਰਾਪਤ ਹੋਈਆਂ। ਇਹ ਲੋਕ ਸਭਾ 2019 ਦੀਆਂ ਭਾਜਪਾ ਨੂੰ ਪ੍ਰਾਪਤ ਵੋਟਾਂ ਤੋਂ ਕਾਫ਼ੀ ਘੱਟ ਸਨ। ਇਸ ਵੇਰ ਦੇਖਣਾ ਹੋਏਗਾ ਕਿ ਹਰਿਆਣਾ ਦੇ ਲੋਕ ਇਸੇ ਕਿਸਮ ਦੇ ਫ਼ੈਸਲੇ ਨੂੰ ਦੁਹਰਾਉਂਦੇ ਹਨ ਜਾਂ ਕੋਈ ਅਲੱਗ ਫ਼ੈਸਲਾ ਕਰਦੇ ਹਨ।

ਹਰਿਆਣਾ ਵਿੱਚ 2019 'ਚ ਭਾਜਪਾ ਨੇ ਗੱਠਜੋੜ ਸਰਕਾਰ ਬਣਾਈ। ਇਸ ਸਮੇਂ ਦੌਰਾਨ ਕਿਸਾਨ ਅੰਦੋਲਨ ਹੋਇਆ। ਇਸ ਅੰਦੋਲਨ 'ਚ ਹਰਿਆਣਾ ਭਾਜਪਾ ਤੇ ਸਰਕਾਰ ਦੀ ਭੂਮਿਕਾ ਬੇਹੱਦ ਇੱਕ ਪਾਸੜ ਰਹੀ। ਕਿਸਾਨਾਂ ਦਾ ਗੁੱਸਾ ਸਰਕਾਰ ਨੂੰ ਝੱਲਣਾ ਪਿਆ। ਪੰਜ ਸਾਲ ਬਾਅਦ 2019 'ਚ ਵੀ ਸਰਕਾਰ ਨੂੰ ਸਰਕਾਰ ਵਿਰੋਧੀ ਰੋਸ ਦਾ ਸਾਹਮਣਾ ਕਰਨਾ ਪਿਆ ਸੀ, ਪਰ ਹੁਣ 10 ਸਾਲਾਂ ਬਾਅਦ ਇਹ ਗੁੱਸਾ ਰੋਸ, ਹੋਰ ਵੀ ਵਧਿਆ। ਮਨੋਹਰ ਲਾਲ ਖੱਟੜ ਵਿੱਚ-ਵਿਚਾਲੇ ਬਦਲੇ ਗਏ, ਨੈਬ ਸਿੰਘ ਸੈਣੀ ਨੂੰ ਲਿਆਂਦਾ ਗਿਆ ਹੈ, ਪਰ ਲੋਕਾਂ 'ਚ ਨਰਾਜ਼ਗੀ ਬਰਕਰਾਰ ਹੈ। ਸਰਕਾਰ ਬਦਲਣ ਨਾਲ ਜਨਤਾ ਦੇ ਮੂਡ ਵਿੱਚ ਕੋਈ ਬਦਲਾਅ ਨਹੀਂ ਹੈ।

ਸੰਭਵ ਹੈ ਕਿ ਰਾਜ ਵਿੱਚ ਨਰੇਂਦਰ ਮੋਦੀ ਦੇ ਅਕਸ ਦਾ ਪੱਤਾ ਖੇਡਿਆ ਜਾਏ, ਪਰ ਭਾਜਪਾ ਲੋਕ ਸਭਾ ਚੋਣਾਂ 'ਚ ਤਾਂ ਮੋਦੀ ਪੱਤੇ ਨਾਲ ਵੋਟਾਂ ਪ੍ਰਾਪਤ ਕਰਨ 'ਚ ਕਾਮਯਾਬ ਰਹਿੰਦੀ ਹੈ, ਪਰ ਵਿਧਾਨ ਸਭਾਵਾਂ 'ਚ ਇਹ ਮੋਦੀ ਪੱਤਾ ਕਾਰਗਰ ਨਹੀਂ ਰਹਿੰਦਾ। ਉਂਜ ਵੀ 2019 ਦੇ ਮੋਦੀ ਦੇ ਅਕਸ ਦੇ ਮੁਕਾਬਲੇ 2024 'ਚ ਵਿਰੋਧੀ ਆਗੂ ਰਾਹੁਲ ਗਾਂਧੀ ਦੀ ਲੋਕ ਪ੍ਰਿਯਤਾ ਵਧੀ ਹੈ। ਲੋਕ ਸਭਾ ਚੋਣਾਂ ਚ ਰਾਹੁਲ ਗਾਂਧੀ ਨੂੰ ਹਰਿਆਣਾ 'ਚ 30 ਫ਼ੀਸਦੀ ਲੋਕ ਪ੍ਰਧਾਨ ਮੰਤਰੀ ਵਜੋਂ ਵੇਖਣਾ ਚਾਹੁੰਦੇ ਸਨ, ਜਦਕਿ 2019 'ਚ ਇਹ ਫ਼ੀਸਦੀ 15 ਫ਼ੀਸਦੀ ਸੀ ਤੇ ਮੋਦੀ ਦੀ ਲੋਕਪ੍ਰਿਯਤਾ 32 ਫ਼ੀਸਦੀ ਸੀ।

ਜਿੱਥੇ ਜੰਮੂ ਕਸ਼ਮੀਰ ਵਿੱਚ ਭਾਜਪਾ ਦੇ ਜਿੱਤਣ ਦੀਆਂ ਸੰਭਾਵਨਾਵਾਂ ਕਾਫੀ ਘੱਟਦੀਆਂ ਜਾ ਰਹੀਆਂ ਹਨ, ਉੱਥੇ ਹਰਿਆਣਾ ਵਿੱਚ ਵੀ ਭਾਜਪਾ ਦੇ ਜਿੱਤਣ ਦੀ ਆਸ ਮੱਧਮ ਹੈ।

ਜੰਮੂ ਕਸ਼ਮੀਰ ਨੈਸ਼ਨਲ ਕਾਨਫਰੰਸ, ਇੰਡੀਅਨ ਨੈਸ਼ਨਲ ਕਾਂਗਰਸ, ਭਾਜਪਾ, ਕਮਿਊਨਿਸਟ ਪਾਰਟੀ (ਮਾਰਕਸੀ) ਪੀ ਡੀ ਪੀ (ਮੁਫਤੀ ਮਹਿਬੂਬਾ) ਵਰਗੀਆਂ ਪਾਰਟੀਆਂ ਚੋਣ ਮੈਦਾਨ ਵਿੱਚ ਹਨ। ਭਾਜਪਾ ਨੂੰ ਛੱਡ ਕੇ ਬਾਕੀ ਲੱਗਭੱਗ ਸਾਰੀਆਂ ਪਾਰਟੀਆਂ 370 ਧਾਰਾ ਖ਼ਤਮ ਕਰਨ ਦੇ ਹੱਕ 'ਚ ਹਨ ਅਤੇ ਇਸੇ ਮੁੱਦੇ 'ਤੇ ਚੋਣ ਲੜਨਗੀਆਂ।

ਹਰਿਆਣਾ ਵਿੱਚ ਭਾਵੇਂ ਮੁੱਖ ਮੁਕਾਬਲਾ ਭਾਜਪਾ ਅਤ ਕਾਂਗਰਸ ਦਰਮਿਆਨ ਹੈ, ਪਰ ਭਾਜਪਾ ਦੀ ਭਾਈਵਾਲ ਜੇ.ਜੇ.ਪੀ. ਜੋ ਕੁਝ ਸਮਾਂ ਪਹਿਲਾਂ ਗੱਠਜੋੜ ਤੋਂ ਵੱਖ ਹੋ ਗਈ, ਕਮਿਊਨਿਸਟ ਪਾਰਟੀ, ਆਈ.ਐੱਸ. ਐੱਲ.ਡੀ., ਬੀ.ਐੱਸ.ਪੀ. ਵੀ ਚੋਣਾਂ 'ਚ ਭਾਗ ਲੈਣਗੀਆਂ, ਪਰ ਕਿਉਂਕਿ ਕਿਸਾਨਾਂ ਦਾ ਵੀ ਇੱਥੇ ਜ਼ੋਰ ਹੈ, ਇਸ ਲਈ ਚਰਚਾ ਹੈ ਕਿ ਗੁਰਨਾਮ ਸਿੰਘ ਚੜੂਨੀ ਪ੍ਰਧਾਨ ਬੀ.ਕੇ.ਯੂ. ਹਰਿਆਣਾ ਦੀ ਅਗਵਾਈ 'ਚ ਕਿਸਾਨ ਵੀ ਚੋਣ ਲੜ ਸਕਦੇ ਹਨ।

ਇਸ ਵੇਲੇ ਹਾਲਾਤ ਉਂਜ ਇਹ ਵੀ ਹੈ ਕਿ ਕਾਂਗਰਸ ਵਿੱਚ ਦੋ ਧੜਿਆਂ 'ਚ ਆਪਸੀ ਫੁੱਟ ਹੈ ਅਤੇ ਇਸ ਦਾ ਨੁਕਸਾਨ ਚੋਣ ਵੇਲੇ ਕਾਂਗਰਸ ਨੂੰ ਹੋ ਸਕਦਾ ਹੈ, ਪਰ ਇੱਥੇ ਵੇਖਣ ਵਾਲੀ ਗੱਲ ਇਹ ਹੋਏਗੀ ਕਿ ਹਰਿਆਣਾ ਦੇ ਕਿਸਾਨ ਕਿਸ ਧਿਰ ਨਾਲ ਖੜਨਗੇ। ਭਾਵੇਂ ਕਿ ਲੋਕ ਸਭਾ 'ਚ ਬਹੁ-ਗਿਣਤੀ ਖਾਪ ਪੰਚਾਇਤਾਂ ਕਾਂਗਰਸ ਲਈ ਖੜੀਆਂ। ਇਥੋਂ ਦੇ ਹੀ ਨਹੀਂ, ਸਗੋਂ ਦੇਸ਼ ਭਰ ਦੇ ਕਿਸਾਨ ਆਗੂ, ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੂੰ ਮਿਲੇ ਸਨ ਅਤੇ ਆਪਣੀਆਂ ਮੰਗਾਂ ਦੇ ਹੱਕ 'ਚ ਸਮਰਥਨ ਮੰਗਿਆ ਸੀ।

ਆਰ.ਐੱਸ.ਐੱਸ ਭਾਜਪਾ ਅਤੇ ਦੇਸ਼ ਦੀ ਹਾਕਮ ਧਿਰ ਇਹਨਾਂ ਦੋਵਾਂ ਰਾਜਾਂ ਵਿਚ ਜਿੱਤ ਦੀ ਪ੍ਰਾਪਤੀ ਲਈ ਹਰ ਹੀਲਾ ਵਰਤੇਗੀ। ਖ਼ਾਸ ਕਰਕੇ ਨਰੇਂਦਰ ਮੋਦੀ, ਜਿਹੜੇ ਲੋਕ ਸਭਾ ਚੋਣਾਂ 'ਚ ਚੰਗਾ ਪ੍ਰਦਰਸ਼ਨ ਨਹੀਂ ਕਰ ਸਕੇ ਅਤੇ ਜਿਹਨਾਂ ਦੀ ਸਿਆਸੀ ਅਤੇ ਸ਼ਖਸੀ ਤਾਕਤ ਨੂੰ ਵੱਡਾ ਖੋਰਾ ਲੱਗਾ ਹੈ, ਉਹ ਆਪਣਾ ਅਕਸ ਸੁਧਾਰਨ ਲਈ ਚੋਣਾ ਜਿੱਤਣ ਲਈ ਹਰ ਹੀਲਾ ਵਰਤਣਗੇ। ਦੂਜੇ ਪਾਸੇ ਇੰਡੀਆ ਗੱਠਜੋੜ, (ਵਿਰੋਧੀ ਧਿਰ) ਵੀ ਇਹਨਾ ਮਹੱਤਵਪੂਰਨ ਸੂਬਿਆਂ 'ਚ ਆਪਣੀ ਤਾਕਤ ਵਧਾਉਣ ਲਈ ਯਤਨਸ਼ੀਲ ਰਹੇਗਾ।

ਵਿਰੋਧੀ ਧਿਰ ਵੱਲੋਂ ਮੌਜੂਦਾ ਸਰਕਾਰ ਦੇ ਪੁੱਟੇ ਗਲਤ ਕਦਮਾਂ, ਜਿਹਨਾ ਵਿੱਚ ਰਿਜ਼ਰਵੇਸ਼ਨ, ਲੈਟਰਲ ਇੰਟਰੀ ਨਾਲ ਵੱਡੇ ਅਫ਼ਸਰਾਂ ਦੀ ਭਰਤੀ, ਬੇਰੁਜ਼ਗਾਰੀ, ਵਧਦੀ ਭੁੱਖਮਰੀ ਜਿਹੇ ਮੁੱਦਿਆਂ ਨੂੰ ਗੰਭੀਰਤਾ ਨਾਲ ਚੁੱਕਿਆ ਜਾ ਰਿਹਾ ਹੈ, ਉਸ ਨਾਲ ਲੋਕਾਂ ਵਿੱਚ ਸਰਕਾਰ ਦੀਆਂ ਨੀਤੀਆਂ ਦੀ ਅਸਲੀਅਤ ਉੱਘੜ ਰਹੀ ਹੈ ਅਤੇ ਲੋਕਾਂ 'ਚ ਰੋਸ ਅਤੇ ਨਰਾਜ਼ਗੀ ਵਧ ਰਹੀ ਹੈ।

ਬਿਨਾਂ ਸ਼ੱਕ ਵਿਧਾਨ ਸਭਾ ਚੋਣਾਂ 'ਚ ਸਥਾਨਕ ਮੁੱਦੇ ਵੀ ਚਰਚਾ 'ਚ ਆਉਂਦੇ ਹਨ, ਪਰ ਦੇਸ਼ 'ਚ ਵਾਪਰ ਰਹੀਆਂ ਘਟਨਾਵਾਂ, ਕੇਂਦਰੀ ਸਰਕਾਰ ਦੀ ਕਾਰਗੁਜ਼ਾਰੀ ਅਤੇ ਗੁਆਂਢੀ ਦੇਸ਼ਾਂ ਨਾਲ ਸੰਬੰਧ ਆਦਿ ਵੀ ਇਹਨਾ ਚੋਣਾਂ 'ਚ ਵੋਟਰਾਂ 'ਤੇ ਪ੍ਰਭਾਵ ਪਾਏਗੀ।ਉਂਜ ਹਰਿਆਣਾ ਅਤੇ ਜੰਮੂ ਕਸ਼ਮੀਰ ਵਿੱਚ ਚੋਣਾਂ ਨੂੰ ਦੋ ਸੂਬਿਆਂ ਦੀਆਂ ਚੋਣਾਂ ਵਜੋਂ ਹੀ ਨਹੀਂ ਵੇਖਣਾ ਚਾਹੀਦਾ। ਉਸ ਦੇ ਨਤੀਜਿਆਂ ਦਾ ਅਸਰ ਦੇਸ਼ ਦੀ ਰਾਜਨੀਤੀ 'ਤੇ ਕਾਫੀ ਪਏਗਾ। ਇਹ ਭਾਜਪਾ ਦੀ ਇਨ੍ਹਾਂ ਸੂਬਿਆਂ 'ਚ ਤਾਕਤ ਦੀ ਇਮਤਿਹਾਨੀ ਦੀ ਘੜੀ ਹੈ। ਇਸ ਦਾ ਅਸਰ ਮਹਾਰਾਸ਼ਟਰ ਦੀਆਂ ਚੋਣਾਂ ਉੱਤੇ ਵੀ ਪਵੇਗਾ। ਜਿੱਥੇ ਆਉਣ ਵਾਲੇ ਮਹੀਨਿਆਂ 'ਚ ਚੋਣਾਂ ਹੋਣੀਆਂ ਹਨ। ਅਸਲ 'ਚ ਮਹਾਰਾਸ਼ਟਰ ਦੀਆਂ ਚੋਣਾਂ 'ਚ ਵੋਟਰਾਂ ਦਾ ਸਿਆਸੀ ਮੂਡ ਇਹਨਾਂ ਸੂਬਿਆਂ ਦੇ ਚੋਣ ਨਤੀਜਿਆਂ 'ਤੇ ਵੀ ਨਿਰਭਰ ਕਰੇਗਾ।

*# ਸੰਪਰਕ : 98158-02070*

# ਬੇਟੀ ਪੜ੍ਹ ਤਾਂ ਗਈ ਸੀ, ਪਰ...



ਨਰਿੰਦਰ ਸੋਹਲ

ਕੋਲਕਾਤਾ ਦੇ ਆਰ.ਜੀ ਕਾਰ ਮੈਡੀਕਲ ਕਾਲਜ ਤੇ ਹਸਪਤਾਲ ਵਿੱਚ ਨਾਈਟ ਡਿਊਟੀ ਦੌਰਾਨ ਬਲਾਤਕਾਰ ਤੋਂ ਬਾਅਦ ਕਤਲ ਕੀਤੀ ਗਈ ਸਿਖਿਆਰਥੀ ਡਾਕਟਰ ਦਾ ਮਾਮਲਾ ਪੂਰੇ ਦੇਸ਼ 'ਚ ਭਖਿਆ ਹੋਇਆ ਹੈ। ਇਹ ਘਟਨਾ ਨਾ ਕੋਈ ਪਹਿਲੀ ਹੈ, ਨਾ ਆਖਰੀ। 2012 ਨੂੰ ਦਿੱਲੀ ਵਿੱਚ ਵਾਪਰੇ ਨਿਰਭੈਆ ਕਾਂਡ ਨੇ ਪੂਰੇ ਦੇਸ ਨੂੰ ਹਲੂਣ ਕੇ ਰੱਖ ਦਿੱਤਾ ਸੀ। ਵੱਡੀ ਗਿਣਤੀ ਵਿੱਚ ਲੋਕ ਸੜਕਾਂ 'ਤੇ ਉਤਰ ਆਏ ਅਤੇ ਇਸ ਜੁਰਮ ਸੰਬੰਧੀ ਸਖਤ ਕਾਨੂੰਨ ਬਣਾਉਣ ਦੀ ਮੰਗ ਉਠਾਈ ਗਈ ਸੀ। ਬੇਸ਼ੱਕ ਕਾਨੂੰਨ ਸਖਤ ਬਣਾ ਦਿੱਤਾ ਗਿਆ, ਪਰ ਨਾ ਇਹ ਦਰਿੰਦਗੀ ਰੁਕੀ ਤੇ ਨਾ ਰੁਕਣ ਦੀ ਸੰਭਾਵਨਾ ਨਜ਼ਰ ਆਉਂਦੀ ਹੈ।

ਧੀ ਵੱਲੋਂ ਡਾਕਟਰ ਬਣਨ ਦਾ ਵੇਖਿਆ ਸੁਪਨਾ ਪਿਤਾ ਨੇ ਸਕੂਲਾਂ ਦੀਆਂ ਵਰਦੀਆਂ ਵੇਚ ਸਖਤ ਮਿਹਨਤ ਕਰਕੇ ਪੂਰਾ ਕੀਤਾ ਸੀ। ਅਚਾਨਕ ਸਾਰੇ ਸੁਪਨੇ ਟੁੱਟ ਗਏ। 36 ਘੰਟੇ ਦੀ ਲੰਮੀ ਡਿਊਟੀ ਦੌਰਾਨ ਉਸ ਦਾ ਬਲਾਤਕਾਰ ਕਰਕੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਬੀਤੀ 9 ਅਗਸਤ ਸਵੇਰੇ ਹਸਪਤਾਲ ਦੇ ਸੈਮੀਨਾਰ ਹਾਲ ਵਿੱਚੋਂ ਉਸ ਦੀ ਲਾਸ਼ ਮਿਲੀ। ਮਾਪਿਆਂ ਨੂੰ ਫੋਨ 'ਤੇ ਬੇਟੀ ਦੇ ਖੁਦਕੁਸ਼ੀ ਕਰਨ ਬਾਰੇ ਦੱਸਿਆ ਗਿਆ, ਪਰ ਉਸ ਦੀ ਲਾਸ਼ ਜਿਸ ਹਾਲਤ ਵਿੱਚ ਮਿਲੀ, ਉਸ ਨੇ ਸ਼ੰਕੇ ਪੈਦਾ ਕਰ ਦਿੱਤੇ ਸਨ ਕਿ ਕੁੱਝ ਗਲਤ ਹੋਇਆ ਹੈ, ਜਦ ਕਿ ਹਸਪਤਾਲ ਪ੍ਰਸ਼ਾਸਨ ਵੱਲੋਂ ਕੇਸ ਨੂੰ ਖੁਦਕੁਸ਼ੀ ਦੱਸ ਕੇ ਰਫਾ-ਦਫਾ ਕਰਨ ਦੀ ਪੂਰੀ ਕੋਸ਼ਿਸ਼ ਕੀਤੀ ਗਈ। ਹੈਰਾਨੀਜਨਕ ਹੈ ਕਿ ਪੀੜਤ ਮਾਪਿਆਂ ਨੂੰ ਕਈ ਘੰਟਿਆਂ ਤੱਕ ਆਪਣੀ ਧੀ ਦੀ ਲਾਸ਼ ਵੀ ਨਹੀਂ ਦੇਖਣ ਦਿੱਤੀ ਗਈ। ਟਰੇਨੀ ਡਾਕਟਰ ਦੀ ਪੋਸਟਮਾਰਟਮ ਰਿਪੋਰਟ ਵਿੱਚ ਵੱਡੇ ਖੁਲਾਸੇ ਹੋਏ ਹਨ। ਉਸ ਦੇ ਕਤਲ ਦਾ ਮੁੱਖ ਕਾਰਨ 'ਹੱਥੀਂ ਗਲਾ ਘੁੱਟਣਾ' ਦੱਸਿਆ ਗਿਆ, ਜਿਸ ਕਾਰਨ ਥਾਇਰਾਇਡ ਕਾਰਟੀਲੇਜ ਟੁੱਟ ਗਿਆ ਸੀ। ਰਿਪੋਰਟ ਮੁਤਾਬਕ ਉਸ ਦੇ ਗੁਪਤ ਅੰਗ 'ਤੇ ਡੂੰਘੇ ਜ਼ਖਮ ਤੋਂ ਇਲਾਵਾ ਸਰੀਰ 'ਤੇ 16 ਬਾਹਰੀ ਅਤੇ 9 ਅੰਦਰੂਨੀ ਸੱਟਾਂ ਦੇ ਨਿਸ਼ਾਨ ਸਨ। ਲਾਸ਼ ਕੋਲੋਂ ਮਿਲੇ ਇੱਕ ਹੈੱਡ ਫੋਨ ਜ਼ਰੀਏ ਇੱਕ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਗਿਆ, ਜੋ ਕੋਲਕਾਤਾ ਪੁਲਸ ਵਿੱਚ ਇੱਕ ਸਿਵਲ ਵਲੰਟੀਅਰ ਸੀ। ਹੁਣ ਇਹ ਕੇਸ ਕੋਲਕਾਤਾ ਹਾਈ ਕੋਰਟ ਦੇ ਹੁਕਮਾਂ 'ਤੇ ਕੇਂਦਰੀ ਜਾਂਚ ਬਿਊਰੋ (ਸੀ ਬੀ ਆਈ) ਨੂੰ ਸੌਂਪ ਦਿੱਤਾ ਗਿਆ ਹੈ।

ਇਸ ਘਟਨਾ ਨਾਲ ਹਰ ਦਿਲ ਵਲੂੰਧਰਿਆ ਗਿਆ। ਦੇਸ਼ ਭਰ ਦੇ ਡਾਕਟਰਾਂ ਨੇ ਆਪਣੀਆਂ ਸੇਵਾਵਾਂ ਬੰਦ ਕਰਕੇ ਪ੍ਰਦਰਸ਼ਨ ਆਰੰਭ ਦਿੱਤੇ। ਆਮ ਲੋਕ ਵੀ ਉਹਨਾਂ ਨਾਲ ਆ ਖੜ੍ਹੇ। ਦੂਜੇ ਪਾਸੇ ਹਜ਼ਾਰਾਂ ਸ਼ਰਾਰਤੀ ਅਨਸਰਾਂ ਨੇ ਸਰਕਾਰੀ ਹਸਪਤਾਲ ਵਿੱਚ ਭੰਨ-ਤੋੜ ਕਰਨ ਦੇ ਨਾਲ-ਨਾਲ ਪ੍ਰਦਸ਼ਨਕਾਰੀਆਂ ਉਤੇ ਹਮਲਾ ਕਰ ਦਿੱਤਾ। ਸ਼ਰਾਰਤੀ ਅਨਸਰਾਂ ਨੂੰ ਫੜਨ ਦੀ ਬਜਾਏ ਕਲਕੱਤਾ ਪੁਲਸ ਉਥੋਂ ਭੱਜ ਗਈ। ਇਸ ਤੋਂ ਇਲਾਵਾ ਕੇਸ ਦਰਜ ਕਰਨ ਵਿੱਚ ਵੀ ਬਹੁਤ ਦੇਰ ਕੀਤੀ ਗਈ, ਜਦਕਿ ਤੁਰੰਤ ਦਰਜ ਕਰਵਾਉਣ ਦੀ ਜ਼ਿੰਮੇਵਾਰੀ ਹਸਪਤਾਲ ਦੀ ਸੀ। ਸੈਮੀਨਾਰ ਹਾਲ ਨੇੜੇ ਮੁਰੰਮਤ ਦੇ ਨਾਂਅ 'ਤੇ ਭੰਨਤੋੜ ਵੀ ਸ਼ੁਰੂ ਕਰ ਦਿੱਤੀ ਗਈ। ਇਹ ਸਭ ਘਟਨਾਵਾਂ ਸ਼ੱਕ ਪੈਦਾ ਕਰਦੀਆਂ ਕਿ ਕੁਝ ਨਾ ਕੁਝ ਅਜਿਹਾ ਜ਼ਰੂਰ ਹੈ, ਜਿਸ ਨੂੰ ਛੁਪਾਉਣ ਲਈ ਸਬੂਤਾਂ ਨੂੰ ਨਸ਼ਟ ਕਰਨ ਦੇ ਯਤਨ ਕੀਤੇ ਜਾ ਰਹੇ ਸਨ। ਸੁਪਰੀਮ ਕੋਰਟ ਨੇ ਵੀ ਇਸ ਦਾ ਨੋਟਿਸ ਲਿਆ ਕਿ ਜਿੱਥੇ ਇਹ ਅਪਰਾਧ ਹੋਇਆ, ਜਾਂਚ ਜਾਰੀ ਸੀ। ਸੂਬਾ ਸਰਕਾਰ ਉਸ ਹਸਪਤਾਲ ਦੇ ਅਹਾਤੇ ਵਿਚ ਭੰਨ-ਤੋੜ ਦੀ ਘਟਨਾ ਨਾਲ ਨਜਿੱਠਣ ਲਈ ਤਿਆਰ ਕਿਉਂ ਨਹੀਂ ਸੀ, ਜਦਕਿ ਪੁਲਸ ਨੂੰ ਕ੍ਰਾਈਮ ਸੀਨ ਦੀ ਰਾਖੀ ਕਰਨੀ ਚਾਹੀਦੀ ਸੀ। ਕਾਲਜ ਦੇ ਸਾਬਕਾ ਪ੍ਰਿੰਸੀਪਲ ਸੰਦੀਪ ਘੋਸ਼ ਵੀ ਸ਼ੱਕ ਦੇ ਘੇਰੇ ਵਿੱਚ ਹਨ, ਕਿਉਂਕਿ ਉਸ ਨੇ ਇਸ ਕੇਸ ਨੂੰ ਖੁਦਕੁਸ਼ੀ ਦੱਸ ਕੇ ਰਫਾ-ਦਫਾ ਕਰਨ ਦੀ ਕੋਸ਼ਿਸ਼ ਕੀਤੀ ਸੀ। ਹੈਰਾਨੀ ਇਸ ਗੱਲ ਦੀ ਵੀ ਹੈ ਕਿ ਉਸ ਵੱਲੋਂ ਅਸਤੀਫਾ ਦੇਣ ਮਗਰੋਂ ਜਲਦ ਹੀ ਉਸ ਨੂੰ ਕਿਸੇ ਦੂਜੇ ਕਾਲਜ ਵਿਚ ਫੌਰੀ ਨਿਯੁਕਤ ਕਿਉਂ ਕਰ ਦਿੱਤਾ ਗਿਆ, ਜਦਕਿ ਜਾਂਚ ਚੱਲ ਰਹੀ ਸੀ? ਮ੍ਰਿਤਕ ਡਾਕਟਰ ਦੇ ਪਿਤਾ ਨੇ ਵੀ ਇਹ ਸ਼ੱਕ ਜ਼ਾਹਰ ਕੀਤਾ ਕਿ ਜਿਸ ਤਰ੍ਹਾਂ ਸ਼ਮਸ਼ਾਨਘਾਟ 'ਚ ਅੰਤਮ ਸੰਸਕਾਰ ਸਮੇਂ ਹਾਲੇ 3 ਲਾਸ਼ਾਂ ਦਾ ਸਸਕਾਰ ਕੀਤਾ ਜਾਣਾ ਸੀ, ਪਰ ਉਹਨਾ ਦੀ ਧੀ ਦਾ ਸਸਕਾਰ ਸਭ ਤੋਂ ਪਹਿਲਾਂ ਕਰ ਦਿੱਤਾ ਗਿਆ, ਕਿਤੇ ਇਹ ਵੀ ਸਬੂਤ ਮਿਟਾਉਣ ਦੀ ਸਾਜਿਸ਼ ਤਹਿਤ ਤਾਂ ਨਹੀਂ ਕੀਤਾ ਗਿਆ?

ਕੁਝ ਸਾਲ ਪਹਿਲਾਂ ਇਸੇ ਹਸਪਤਾਲ ਵਿੱਚ ਇੱਕ ਲੜਕੇ ਵੱਲੋਂ ਖੁਦਕੁਸ਼ੀ ਕਰਨ ਦੀ ਖਬਰ ਆਈ ਸੀ, ਪਰ ਉਸ ਦੇ ਪਰਿਵਾਰ ਵੱਲੋਂ ਇਸ ਨੂੰ ਕਤਲ ਦੱਸਿਆ ਗਿਆ ਸੀ। ਇਹ ਵੀ ਸ਼ੰਕਾ ਜਤਾਈ ਗਈ ਸੀ ਕਿ ਉਹ ਹਸਪਤਾਲ ਵਿੱਚ ਬਣਨ ਵਾਲੀਆਂ ਪੋਰਨ ਫਿਲਮਾਂ ਬਾਰੇ ਜਾਣ ਗਿਆ ਸੀ। ਇਸ ਕਰਕੇ ਉਸ ਦਾ ਕਤਲ ਕਰਕੇ ਖੁਦਕੁਸ਼ੀ ਦਾ ਰੂਪ ਦੇ ਦਿੱਤਾ ਗਿਆ ਸੀ। ਉਦੋਂ ਸੋਸ਼ਲ ਮੀਡੀਆ ਏਨਾ ਸਰਗਰਮ ਨਾ ਹੋਣ ਕਾਰਨ ਗੱਲ ਦੱਬੀ ਗਈ ਸੀ, ਪਰ ਇਸ ਵਾਰ ਕੇਸ ਹਸਪਤਾਲ ਪ੍ਰਸ਼ਾਸਨ ਹੱਥੋਂ ਨਿਕਲ ਗਿਆ। ਹੁਣ ਹਸਪਤਾਲ ਬਾਰੇ ਕਈ ਖੁਲਾਸੇ ਹੋ ਰਹੇ ਹਨ। ਇਥੇ ਮਨੁੱਖੀ ਅੰਗਾਂ ਦੀ ਤਸਕਰੀ ਦੇ ਨਾਲ-ਨਾਲ ਸੈਕਸ ਰੈਕੇਟ ਚੱਲਣ ਦੀ ਗੱਲ ਵੀ ਕਹੀ ਜਾ ਰਹੀ ਹੈ। ਇਥੋਂ ਤੱਕ ਵੀ ਕਿਹਾ ਜਾ ਰਿਹਾ ਕਿ ਇਥੇ ਪੋਰਨ ਫਿਲਮਾਂ ਬਣਾਈਆਂ ਜਾਂਦੀਆਂ ਸਨ, ਜਿਸ ਲਈ ਹਸਪਤਾਲ ਦੇ ਨੇੜਲੇ 'ਲਾਲ ਬੱਤੀ ਏਰੀਏ' ਵਿਚੋਂ ਔਰਤਾਂ ਨੂੰ ਲਿਆਂਦਾ ਜਾਂਦਾ ਸੀ। ਜੇ ਹੋਰ ਪ੍ਰਬੰਧ ਨਾ ਹੁੰਦਾ ਤਾਂ ਜੋ ਮੁਰਦਾ ਔਰਤਾਂ ਦੇ ਸਰੀਰ ਹਸਪਤਾਲ ਆਉਂਦੇ ਸਨ, ਉਹਨਾਂ ਨਾਲ ਵੀ ਫਿਲਮ ਫਿਲਮਾਈ ਜਾਂਦੀ ਸੀ। ਫੜੇ ਗਏ ਦੋਸ਼ੀ ਦੇ ਫੋਨ ਵਿਚੋਂ ਵੀ ਅਸ਼ਲੀਲ ਵੀਡੀਓ ਦਾ ਭੰਡਾਰ ਮਿਲਿਆ ਹੈ। ਹੁਣ ਸੀ ਬੀ ਆਈ ਜਾਂਚ ਵਿੱਚ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਫਿਲਹਾਲ ਇਸ ਘਟਨਾ ਨੇ ਇੱਕ ਵਾਰ ਫਿਰ ਔਰਤਾਂ ਦੀ ਸੁਰੱਖਿਆ ਦਾ ਮੁੱਦਾ ਸਾਹਮਣੇ ਲਿਆਂਦਾ ਹੈ। ਇਸ ਦੇ ਨਾਲ ਹੀ ਡਾਕਟਰਾਂ ਦੀ ਸੁਰੱਖਿਆ ਨਾਲ ਜੁੜੇ ਮੁੱਦਿਆਂ ਨੂੰ ਵੀ ਉਭਾਰਿਆ ਹੈ। ਹਸਪਤਾਲ, ਜਿਥੇ ਡਾਕਟਰਾਂ ਵੱਲੋਂ ਮਰੀਜ਼ ਨੂੰ ਨਵੀਂ ਜ਼ਿੰਦਗੀ ਦਿੱਤੀ ਜਾਂਦੀ ਹੈ, ਉਥੇ ਉਹਨਾਂ ਦੀ ਆਪਣੀ ਜ਼ਿੰਦਗੀ ਹੀ ਮਹਿਫੂਜ਼ ਨਹੀਂ ਰਹੀ। ਜ਼ਿਆਦਾਤਰ ਨੌਜਵਾਨ ਡਾਕਟਰਾਂ ਨੂੰ 36-36 ਘੰਟੇ ਕੰਮ ਕਰਨਾ ਪੈ ਰਿਹਾ ਹੈ, ਪਰ ਉਹਨਾਂ ਲਈ ਖਾਸ ਕਰਕੇ ਮਹਿਲਾਂ ਡਾਕਟਰਾਂ ਤੇ ਨਰਸਿੰਗ ਸਟਾਫ ਲਈ ਕੋਈ ਡਿਊਟੀ ਰੂਮ ਜਾਂ ਵੱਖਰੇ ਅਰਾਮ ਕਮਰੇ ਉਪਲੱਬਧ ਨਹੀਂ ਹਨ। ਡਾਕਟਰ ਸਰੀਰਕ ਕਸ਼ਟ ਤੋਂ ਇਲਾਵਾ ਮਾਨਸਿਕ ਕਸ਼ਟ ਵੀ ਝੱਲਣ ਲਈ ਮਜਬੂਰ ਹਨ।

ਔਰਤਾਂ ਉਥੇ ਸੁਰੱਖਿਅਤ ਕਿਵੇਂ ਹੋਣ, ਜਿਥੇ ਸਰਮਾਏਦਾਰੀ ਪ੍ਰਬੰਧ ਨੇ ਔਰਤ ਨੂੰ ਭੋਗਣ ਦੀ ਵਸਤੂ ਬਣਾ ਕੇ ਰੱਖ ਦਿੱਤਾ ਹੋਵੇ। ਜਿਥੇ ਸੰਸਦ ਤੇ ਵਿਧਾਨ ਸਭਾਵਾਂ ਵਿੱਚ ਵੀ ਵੱਡੀ ਗਿਣਤੀ 'ਚ ਅਪਰਾਧੀ ਬੈਠੇ ਹੋਣ। ਜਦੋਂ ਕਠੂਆ ਕਾਂਡ ਦੇ ਦੋਸ਼ੀਆਂ ਦੇ ਹੱਕ ਵਿੱਚ ਤਿਰੰਗਾ ਮਾਰਚ ਕੀਤਾ ਜਾਵੇ, ਜਦੋਂ ਬਿਲਕਿਸ ਬਾਨੋ ਦੇ ਬਲਾਤਕਾਰੀਆਂ ਨੂੰ ਚੰਗੇ ਆਚਰਣ ਦਾ ਸਰਟੀਫਿਕੇਟ ਦੇ ਕੇ ਜੇਲ੍ਹ ਤੋਂ ਬਾਹਰ ਲਿਆ ਕੇ ਹਾਰ ਪਾ ਸਵਾਗਤ ਕੀਤਾ ਜਾਂਦਾ ਹੋਵੇ। ਜਦੋਂ ਪਹਿਲਵਾਨ ਧੀਆਂ ਦੇ ਦੋਸ਼ੀ ਬ੍ਰਿਜ ਭੂਸ਼ਣ ਦਾ ਵਾਲ ਵੀ ਵਿੰਗਾ ਨਾ ਹੁੰਦਾ ਹੋਵੇ। ਜਦੋਂ ਰਾਮ ਰਹੀਮ ਵਰਗਿਆਂ ਨੂੰ ਜੇਲ੍ਹ ਵਿੱਚ ਮਹਿਮਾਨ ਬਣਾ ਕੇ ਰੱਖਿਆ ਜਾਵੇ ਤੇ ਜਦੋਂ ਦਿਲ ਕਰੇ ਬਾਹਰ ਲਿਆਂਦਾ ਜਾਂਦਾ ਹੋਵੇ। ਜਦੋਂ ਦੋਸ਼ੀਆਂ ਨੂੰ ਸੱਤਾ ਵੱਲੋਂ ਹੱਲਾਸ਼ੇਰੀ ਦਿੱਤੀ ਜਾ ਰਹੀ ਹੋਵੇ ਤਾਂ ਉਥੇ ਧੀਆਂ ਸੁਰੱਖਿਅਤ ਰਹਿ ਵੀ ਕਿਵੇਂ ਸਕਦੀਆਂ?

ਸਖਤ ਕਾਨੂੰਨ ਇਹਨਾਂ ਘਟਨਾਵਾਂ ਨੂੰ ਨਹੀਂ ਰੋਕ ਪਾਏ, ਕਿਉਂਕਿ ਪ੍ਰਬੰਧ ਵੱਲੋਂ ਔਰਤ ਨੂੰ ਵਸਤੂ ਸਮਝਣ ਵਾਲੀ ਮਾਨਸਿਕਤਾ ਭਾਰੂ ਕੀਤੀ ਜਾ ਰਹੀ ਹੈ। ਇਸ ਮਾਨਸਿਕਤਾ ਨੂੰ ਬਦਲਣ ਦੀ ਸ਼ੁਰੂਆਤ ਸਾਨੂੰ ਆਪਣੇ ਘਰਾਂ ਤੋਂ ਕਰਨੀ ਪਵੇਗੀ। ਇੱਕ ਵਾਰ ਕਿਸੇ ਘਟਨਾ ਦੇ ਸੰਬੰਧ ਵਿੱਚ ਕਰਨਾਟਕਾ ਹਾਈ ਕੋਰਟ ਨੇ ਕਿਹਾ ਸੀ, 'ਬੇਟਾ ਪੜ੍ਹਾਓ, ਬੇਟੀ ਬਚਾਓ।' ਇਹ ਗੱਲ ਕਾਫੀ ਹੱਦ ਤੱਕ ਠੀਕ ਵੀ ਹੈ। ਸਾਨੂੰ ਆਪਣੇ ਬੇਟਿਆਂ ਨੂੰ ਔਰਤ ਦੀ ਇੱਜ਼ਤ ਕਰਨਾ ਸਿਖਾਉਣਾ ਪਵੇਗਾ। ਕਿਸੇ ਹੋਰ ਤੋਂ ਸੁਰੱਖਿਆ ਦੀ ਉਮੀਦ ਕਰਨ ਦੀ ਬਜਾਏ ਖੁਦ ਮੈਦਾਨ ਮੱਲਣਾ ਪੈਣਾ। ਸਮਾਜ ਵਿੱਚ ਫੈਲੇ ਹਨੇਰੇ ਨੂੰ ਦੂਰ ਕਰਨ ਲਈ ਹੁਣ ਮੋਮਬੱਤੀਆਂ ਦੀ ਥਾਂ ਮਸ਼ਾਲਾਂ ਫੜਨ ਦੀ ਲੋੜ ਹੈ।

**# ਸੰਪਰਕ : 94641-13255**

# ਇਨਸਾਨਾਂ ਤੇ ਪਸ਼ੂਆਂ ਦੀ ਖੁਰਾਕ 'ਚ ਰਸਾਇਣਾਂ ਲਈ ਜ਼ਿੰਮੇਵਾਰ ਕੌਣ



ਡਾ. ਅਮਨਪ੍ਰੀਤ ਸਿੰਘ ਬਰਾੜ

ਪੰਜਾਬ ਦੀ ਖੇਤੀ ਸੰਬੰਧੀ ਅੱਜ ਇਕ ਬਿਰਤਾਂਤ ਸਿਰਜਿਆ ਜਾ ਰਿਹਾ ਹੈ ਕਿ ਪੰਜਾਬ ਦਾ ਕਿਸਾਨ ਵੱਧ ਪੈਦਾਵਾਰ ਲੈਣ ਦੇ ਚੱਕਰ ਵਿੱਚ ਲੋੜ ਤੋਂ ਵੱਧ ਰਸਾਇਣ (ਫਰਟੀਲਾਈਜ਼ਰ) ਅਤੇ ਕੀੜੇਮਾਰ ਜ਼ਹਿਰਾਂ ਵਰਤਦਾ ਹੈ, ਜਦ ਕਿ ਇਹ ਸਚਾਈ ਨਹੀਂ, ਕਿਉਂਕਿ ਏਥੇ ਕਿਸਾਨ ਪੈਦਾਵਾਰ ਜ਼ਿਆਦਾ ਲੈਂਦਾ ਹੈ ਜ਼ਿਆਦਾ ਪੈਦਾਵਾਰ ਲਈ ਫਸਲ ਨੂੰ ਖੁਰਾਕ ਵੀ ਜ਼ਿਆਦਾ ਚਾਹੀਦੀ ਹੈ। ਜਿਹੜੇ ਲੋਕ ਖੇਤੀ ਨਾਲ ਸੰਬੰਧ ਨਹੀਂ ਰੱਖਦੇ, ਉਹ ਮੁਕਾਬਲਾ ਕਰਦੇ ਹਨ ਪੰਜਾਬ ਅਤੇ ਭਾਰਤ ਦਾ। ਕਹਿੰਦੇ ਹਨ ਰਸਾਇਣਕ ਖਾਦਾਂ ਦੀ ਔਸਤ ਭਾਰਤ ਵਿੱਚ 90 ਕਿਲੋ ਪ੍ਰਤੀ ਹੈਕਟੇਅਰ ਹੈ, ਜਦ ਕਿ ਪੰਜਾਬ ਵਿੱਚ 223 ਕਿਲੋ ਪ੍ਰਤੀ ਹੈਕਟੇਅਰ ਹੈ, ਪਰ ਉਹਨਾਂ ਨੂੰ ਇਹ ਨਹੀਂ ਪਤਾ ਕਿ ਪੰਜਾਬ ਦਾ 99 ਫੀਸਦੀ ਰਕਬਾ ਸੇਂਜੂ ਹੈ ਅਤੇ ਭਾਰਤ ਦਾ ਸਿਰਫ 40 ਫੀਸਦੀ। ਭਾਰਤ ਦੇ 60 ਫੀਸਦੀ ਰਕਬੇ ਵਿੱਚ ਖਾਦ ਦੀ ਵਰਤੋਂ ਬਹੁਤ ਘੱਟ ਹੁੰਦੀ ਹੈ, ਕਿਉਂਕਿ ਉੱਥੇ ਖੇਤੀ ਬਾਰਿਸ਼ 'ਤੇ ਨਿਰਭਰ ਹੈ। ਬਾਰਿਸ਼ ਦਾ ਪਤਾ ਨਹੀਂ ਕਦੋਂ ਪੈਣੀ ਹੈ ਕਿ ਨਹੀਂ, ਜਿਵੇਂ ਇਸ ਸਾਲ ਪੰਜਾਬ ਵਿੱਚ ਬਾਰਿਸ਼ ਔਸਤ ਨਾਲੋਂ ਬਹੁਤ ਘੱਟ ਹੈ, ਦੂਜੇ ਪਾਸੇ ਪੰਜਾਬ ਦੀ ਪੈਦਾਵਾਰ ਤਕਰੀਬਨ ਭਾਰਤ ਦੀ ਔਸਤ ਨਾਲੋਂ ਡੇਢ ਗੁਣਾਂ ਜ਼ਿਆਦਾ ਹੈ। ਮਿਸਾਲ ਦੇ ਤੌਰ 'ਤੇ ਭਾਰਤ ਵਿੱਚ ਕਣਕ ਦੀ ਔਸਤ ਪੈਦਾਵਾਰ 35 ਕੁਇੰਟਲ ਪਰਤੀ ਹੈਕਟੇਅਰ ਹੈ, ਜਦ ਕਿ ਪੰਜਾਬ ਵਿੱਚ ਇਹ ਔਸਤ ਇਸ ਸਾਲ 52 ਕੁਇੰਟਲ ਸੀ। ਜਿੱਥੋਂ ਤੱਕ ਕੀੜੇਮਾਰ ਦਵਾਈਆਂ/ਜ਼ਹਿਰਾਂ ਦੀ ਗੱਲ ਹੈ, ਪੰਜਾਬ ਵਿੱਚ ਇਨ੍ਹਾਂ ਦੀ ਵਰਤੋਂ ਸਿਰਫ 700 ਗ੍ਰਾਮ ਪ੍ਰਤੀ ਹੈਕਟੇਅਰ ਹੈ, ਜਦ ਕਿ ਜਪਾਨ ਵਰਗੇ ਵਿਕਸਿਤ ਦੇਸ਼ਾਂ ਵਿੱਚ ਇਹਨਾਂ ਦੀ ਵਰਤੋਂ 12 ਕਿਲੋ ਪ੍ਰਤੀ ਹੈਕਟੇਅਰ ਤੋਂ ਵੱਧ ਹੈ। ਏਨਾ ਹੀ ਨਹੀਂ, ਇਹ ਸਾਰੇ ਰਸਾਇਣ ਬਾਇਓਡੀਗਰੇਡੇਬਲ ਹੈ, ਭਾਵ ਸਮੇਂ ਨਾਲ ਇਹਨਾਂ ਵਿਚਲਾ ਜ਼ਹਿਰੀਲਾ ਮਾਦਾ ਅਸਰ ਰਹਿਤ ਹੋ ਜਾਂਦਾ ਹੈ।

**ਬਾਹਰਲੇ ਖਾਣੇ** : ਅੱਜ ਇਕ ਨਵੀਂ ਸਮੱਸਿਆ ਜੋ ਸਾਡੇ ਬਦਲਦੇ ਰਹਿਣ-ਸਹਿਣ ਨਾਲ ਆਈ ਹੈ, ਉਹ ਹੈ ਬਾਹਰ ਦੇ ਖਾਣੇ ਦੀ ਵਧਦੀ ਵਰਤੋਂ। ਇਸ ਵੇਲੇ ਮੈਂ ਗੱਲ ਕਰਦਾ ਹਾਂ ਪ੍ਰੋਸੈਸਡ ਫੂਡ ਜਿਸ ਵਿੱਚ ਬੇਕਰੀ, ਜੰਕ ਫੂਡ, ਸੈਮੀ ਕੁਕਡ ਫੂਡ (ਅੱਧ ਪੱਕਿਆ ਖਾਣਾ), ਰੈਡੀ ਟੂ ਈਟ ਫੂਡ (ਪੱਕਿਆ ਪਕਾਇਆ) ਇਹ ਆਉਂਦੇ ਹਨ। ਕਹਿਣ ਦਾ ਭਾਵ ਕਿ ਜੂਸ ਤੋਂ ਲੈ ਕੇ ਸਟੋਰ 'ਤੇ ਪਈ ਬਰੈਂਡ ਤੱਕ ਇਹਨਾਂ ਨੂੰ ਖਾਣ ਨਾਲ ਸਾਡੀ ਸਿਹਤ ਉੱਤੇ ਕਈ ਤਰ੍ਹਾਂ ਦੇ ਅਸਰ ਪੈਂਦੇ ਹਨ। ਜਿਨ੍ਹਾਂ ਵਿੱਚ ਪ੍ਰਮੁੱਖ ਹਨ ਕੈਂਸਰ, ਮੋਟਾਪਾ, ਸ਼ੂਗਰ ਅਤੇ ਦਿਲ ਦੀ ਬੀਮਾਰੀ, ਜਿਸ ਕਰਕੇ ਛੋਟੀ ਉਮਰ ਵਿੱਚ ਹੀ ਮੌਤ ਹੋ ਜਾਂਦੀ ਹੈ। ਪਿਛਲੇ ਸਾਲ ਦੋ ਪ੍ਰਮੁੱਖ ਖੋਜਾਂ ਹੋਈਆਂ ਹਨ, ਇਕ ਅਮਰੀਕਾ ਵਿੱਚ ਤੇ ਦੂਜੀ ਇਟਲੀ ਵਿੱਚ। ਅਮਰੀਕਨ ਕੈਂਸਰ ਸੁਸਾਇਟੀ ਦੀ ਰੀਸਰਚ 31 ਅਗਸਤ 2022 ਨੂੰ ਬ੍ਰਿਟਿਸ਼ ਮੈਡੀਕਲ ਜਰਨਲ ਵਿੱਚ ਛਪੀ ਹੈ ਜਿਸ ਮੁਤਾਬਕ ਅਲਟਰਾ ਪ੍ਰੋਸੈਸਡ ਖਾਣਾ, ਜਿਵੇਂ ਹਾਟ-ਡਾਗ, ਬਰਗਰ, ਪੀਜ਼ਾ, ਚਿਪਸ ਆਦਿ ਆਦਮੀਆਂ ਦੇ ਵਿੱਚ ਕੋਲਨ ਅਤੇ ਰੈਕਟਲ ਕੈਂਸਰ ਦਾ ਰਿਸਕ ਵਧਾ ਦਿੰਦੇ ਹਨ। ਇਹਨਾਂ ਕਰਕੇ ਦੋਵਾਂ ਆਦਮੀਆਂ ਅਤੇ ਔਰਤਾਂ ਵਿੱਚ ਦਿਲ ਦੇ ਰੋਗ ਵਧਣ ਕਰਕੇ ਛੇਤੀ ਮੌਤ ਹੋ ਜਾਂਦੀ ਹੈ। ਇਸ ਵਿੱਚ ਇਟਲੀ ਦੀ ਟੀਮ ਨੇ ਲੱਭਿਆ ਕਿ ਫੂਡ ਪ੍ਰੋਸੈਸਿੰਗ ਨਾਲ ਖਾਣੇ ਦੀ ਪੌਸ਼ਟਿਕਤਾ 'ਤੇ ਮਾੜਾ ਅਸਰ ਪੈਂਦਾ ਹੈ ਅਤੇ ਮੌਤ ਦਰ ਵਧਦੀ ਹੈ।

**ਪ੍ਰੈਜ਼ਰਵੇਟਿਵ**:- ਤੁਸੀਂ ਕੋਈ ਵੀ ਚੀਜ਼ ਲੈ ਲਓ ਉਸ ਦੀ ਸ਼ੈਲਫ ਲਾਈਫ ਵਧਾਉਣ ਲਈ ਉਸ ਵਿੱਚ ਪ੍ਰੈਜ਼ਰਵੇਟਿਵ ਪਾਏ ਜਾਂਦੇ ਹਨ। ਅੱਡ-ਅੱਡ ਪਦਾਰਥਾਂ ਵਿੱਚ ਅਲੱਗ-ਅਲੱਗ ਪ੍ਰੈਜ਼ਰਵੇਟਿਵ ਪੈਂਦੇ ਹਨ। ਕੁੱਝ ਤਾਂ ਸਾਧਾਰਨ ਹੀ ਹਨ, ਜਿਸ ਤਰ੍ਹਾਂ ਨਮਕ, ਆਰਟੀਫੀਸ਼ਲ ਖੰਡ ਦੀ ਮਾਤਰਾ ਵਧਾ ਕੇ ਪਾਉਣਾ। ਨਮਕ ਨਾਲ ਸੋਡੀਅਮ ਪੋਟਾਸ਼ੀਅਮ ਵਧ ਗਿਆ। ਇਸ ਤੋਂ ਬ੍ਰੈੱਡ ਦੇ ਨਾਲ-ਨਾਲ ਜੋ ਚੀਜ਼ ਵਿੱਚ ਲਗਾਈ ਉਸ ਦਾ ਸੋਡੀਅਮ ਵੀ ਨਾਲ ਜਮ੍ਹਾਂ ਹੋ ਗਿਆ। ਜ਼ਿਆਦਾ ਨਕਮ ਬੀ ਪੀ ਅਤੇ ਹਾਰਟ ਵਾਸਤੇ ਠੀਕ ਨਹੀਂ। ਇਸੇ ਤਰ੍ਹਾਂ ਵਧੀ ਹੋਈ ਸ਼ੂਗਰ ਨਾਲ ਡਾਇਬਟੀਜ਼ ਹੋਣ ਦਾ ਖਤਰਾ ਹੈ। ਲਗਾਤਾਰ ਕਾਰਬੋਨੇਟਿਡ ਠੰਢੇ ਪੀਣ ਨਾਲ ਕੈਂਸਰ ਤੇ ਟਿਊਮਰ ਹੋਣ ਦਾ ਵੀ ਖਤਰਾ ਹੋ ਜਾਂਦਾ ਹੈ।

**ਬੇਕਰੀ**:- ਬੇਕਰੀ ਵਿੱਚ ਬ੍ਰੈੱਡ, ਬਰਗਰ, ਪੀਜ਼ਾ, ਕੁਲਚੇ, ਹਾਟ-ਡਾਗ ਆਦਿ ਤੋਂ ਇਲਾਵਾ ਬਿਸਕੁਟ, ਨਮਕੀਨ, ਚਿਪਸ, ਚਾਕਲੇਟ ਆਉਂਦੇ ਹਨ। ਇਹਨਾਂ ਵਿੱਚ ਅੱਡ-ਅੱਡ ਤਰ੍ਹਾਂ ਦੇ ਪ੍ਰੈਜ਼ਰਵੇਟਿਵ ਦੇ ਨਾਲ-ਨਾਲ ਹੋਰ ਇਮਲਸੀਫਾਈਅਰ ਸਟੇਬਲਾਈਜ਼ਰ, ਆਰਟੀਫੀਸ਼ਲ ਫਲੇਵਰ (ਨਕਲੀ ਸੁਗੰਧ ਅਤੇ ਸਵਾਦ) ਵਰਗੇ ਪਦਾਰਥ ਆ ਜਾਂਦੇ ਹਨ। ਇਹਨਾਂ ਦੀ ਗੱਲ ਕਰਨੀ ਜ਼ਿਆਦਾ ਜ਼ਰੂਰੀ ਹੈ, ਕਿਉਂਕਿ ਇਹ ਸ਼ਹਿਰ ਹੋਵੇ ਜਾਂ ਪਿੰਡ ਹਰ ਘਰ ਵਿੱਚ ਰੋਜ਼ ਮਰਤਬਾ ਤੇ ਵਰਤੇ ਜਾਣ ਵਾਲੇ ਪ੍ਰੋਡਕਟ ਹਨ। ਇਸ ਵਿੱਚ ਬ੍ਰੈੱਡ ਦੀ ਹੀ ਗੱਲ ਕਰ ਲਈਏ ਤਾਂ ਅੱਜ ਬਹੁਤੇ ਲੋਕ ਚਿੱਟੀ ਬ੍ਰੈੱਡ ਲੈਂਦੇ ਹਨ। ਇਸ ਵਿੱਚ ਆਟਾ ਨਹੀਂ, ਮੈਦਾ ਹੁੰਦਾ ਹੈ। ਇਸ ਤੋਂ ਬਾਅਦ ਬਰਾਊਨ ਬ੍ਰੈੱਡ ਆਉਂਦੀ, ਜਿਸ ਨੂੰ ਲੋਕ ਸਮਝਦੇ ਹਨ ਕਿ ਉਹ ਆਟਾ ਬ੍ਰੈੱਡ ਹੈ ਜਦਕਿ ਉਸ ਵਿੱਚ ਰੰਗ ਵੀ ਹੁੰਦਾ ਹੈ। ਇਸ ਤੋਂ ਇਲਾਵਾ ਆਟਾ ਬ੍ਰੈਡ ਹੈ, ਇਸ ਵਿੱਚ ਵੀ ਆਟਾ ਸਿਰਫ 53 ਫੀਸਦੀ ਅਤੇ ਇਹਨਾਂ ਸਭ ਵਿੱਚ ਉਪਰੋਂ ਕਣਕ ਵਾਲੇ ਗਲੂਟਿਨ ਤੋਂ ਇਲਾਵਾ ਗਲੂਟਿਨ ਹੋਰ ਪਾਇਆ ਜਾਂਦਾ ਹੈ। ਇਸ ਦੇ ਨਾਲ ਇਸ ਵੇਲੇ ਮਿਲਟ ਦੀ ਖੇਤੀ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਕਣਕ ਨੂੰ ਮਾੜੀ ਦੱਸ ਕੇ। ਪਰ ਪਹਿਲ ਦੇ ਅਧਾਰ 'ਤੇ ਮਿਲਟ ਨੂੰ ਵਰਤ ਕੇ ਜਿਹੜੀ ਬ੍ਰੈੱਡ ਬਣਾਈ ਗਈ ਅਤੇ ਨਾਂਅ ਦਿੱਤਾ ਮਿਲਟ ਬ੍ਰੈੱਡ ਦਾ, ਉਸ ਵਿੱਚ ਕਣਕ ਦਾ ਆਟਾ 44 ਫੀਸਦੀ, ਰਾਗੀ ਆਟਾ 8.8 ਫੀਸਦੀ, ਬਾਜਰੇ ਦਾ ਆਟਾ 3.9 ਫੀਸਦੀ ਅਤੇ ਜਵਾਰ ਦਾ ਆਟਾ 1 ਫੀਸਦੀ ਹੈ। ਮਿਲਟ ਪੀਜ਼ਾ ਬੇਸ ਵਿੱਚ ਆਟਾ 45.5 ਫੀਸਦੀ ਹੈ। ਰਾਗੀ ਆਟਾ (ਫਿੰਗਰ ਮਿਲਟ) 10.1 ਫੀਸਦੀ, ਬਾਜਰਾ (ਪਰਲ ਮਿਲਟ) 2.5 ਫੀਸਦੀ ਅਤੇ ਜਵਾਰ 1 ਫੀਸਦੀ। ਇਸ ਵਿੱਚ ਸੋਚਣ ਵਾਲੀ ਗੱਲ ਹੈ ਕਣਕ ਨੂੰ ਗਲੂਟਿਨ ਕਰਕੇ ਮਾੜਾ ਕਿਹਾ ਜਾਂਦਾ ਹੈ। ਮਿਲਟ ਦੇ ਪਦਾਰਥ ਬਣਾਉਣ ਵੇਲੇ ਕਣਕ ਦੇ ਆਟੇ ਤੋਂ ਇਲਾਵਾ ਗਲੂਟਿਨ ਫੇਰ ਪਾਈ ਜਾਂਦੀ ਹੈ।

**ਸਾਫਟ ਡਰਿੰਕ (ਠੰਢਾ)**:- ਅੱਜ ਮਲਟੀਨੈਸ਼ਨਲ ਕੰਪਨੀਆਂ ਦੇ ਬਣਾਏ ਹੋਏ ਠੰਢਿਆਂ ਨੇ ਲੋਕਾਂ ਦੇ ਘਰਾਂ ਵਿੱਚੋਂ ਪੁਰਾਤਨ ਠੰਢੇ ਜਿਵੇਂ ਸ਼ਿਕੰਜਵੀ, ਸੱਤੂ, ਕੱਚੀ ਲੱਸੀ (ਦੁੱਧ ਦੀ ਲੱਸੀ) ਵਰਗੇ ਠੰਢੇ ਖਤਮ ਕਰ ਦਿੱਤੇ ਹਨ। ਇਸ ਦੇ ਨਾਲ ਰੂਹਅਫਜ਼ਾ, ਰਸਨਾ, ਸੁਕੇਸ਼ ਬਜ਼ਾਰ ਵਿੱਚ ਆਏ, ਜਿਨ੍ਹਾਂ ਦਾ 10 ਤੋਂ 20 ਐੱਮ ਐੱਲ ਪਾਓ ਬਾਕੀ ਪਾਣੀ ਪਾਓ ਅਤੇ ਪੀ ਲਓ। ਇਸ ਵੇਲੇ ਠੰਢਿਆਂ ਵਿੱਚ ਸਭ ਤੋਂ ਵੱਧ ਖਪਤ ਕੋਲਾਜ਼ ਦੀ ਹੈ। ਇਹਨਾਂ ਦੇ ਅਲੱਗ-ਅਲੱਗ ਸਵਾਦ ਹਨ। ਇਸੇ

(ਬਾਕੀ ਸਫ਼ਾ 8 'ਤੇ)

# ਸੌ ਕਰੋੜ ਨਾਲ ਪਟਿਆਲਾ ਦੀ ਕਾਇਆ-ਕਲਪ ਕਰੇਗੀ ਪੰਜਾਬ ਸਰਕਾਰ : ਡਾ. ਬਲਬੀਰ ਸਿੰਘ

## ਸਿਹਤ ਮੰਤਰੀ ਵੱਲੋਂ ਦਰਜਨ ਦੇ ਕਰੀਬ ਕਲੋਨੀਆਂ ਦਾ ਦੌਰਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ, ਨਗਰ ਨਿਗਮ ਕਮਿਸ਼ਨਰ ਆਦਿੱਤਿਆ ਡੇਚਲਵਾਲ, ਵਧੀਕ ਡਿਪਟੀ ਕਮਿਸ਼ਨਰ (ਜ) ਕੰਚਨ, ਐੱਸ. ਪੀ. ਸਿਟੀ ਸਰਫ਼ਰਾਜ਼ ਆਲਮ ਤੇ ਹੋਰ ਅਧਿਕਾਰੀਆਂ ਨੂੰ ਨਾਲ ਲੈ ਕੇ ਪਟਿਆਲਾ ਦਿਹਾਤੀ ਹਲਕੇ ਦੀਆਂ ਦਰਜਨ ਦੇ ਕਰੀਬ ਕਲੋਨੀਆਂ ਦਾ ਦੌਰਾ ਕੀਤਾ।ਇਸ ਮੌਕੇ ਸਿਹਤ ਮੰਤਰੀ ਨੇ ਸਥਾਨਕ ਵਸਨੀਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਵਿਕਾਸ ਕੰਮਾਂ ਨੂੰ ਲੈ ਕੇ ਸਮੱਸਿਆਵਾਂ ਸੁਣੀਆਂ ਤੇ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਤਹਿਤ ਹੋਣ ਵਾਲੇ ਸਾਰੇ ਵਿਕਾਸ ਕੰਮ ਜਲਦ ਪੂਰੇ ਕੀਤੇ ਜਾਣਗੇ।ਡਾ. ਬਲਬੀਰ ਸਿੰਘ ਨੇ ਉੱਪਲ ਚੌਕ ਵਿਖੇ ਸੁਖਦੇਵ ਨਗਰ ਤੋਂ ਸਿਊਨਾ ਨੂੰ ਜਾਂਦੀ ਸੜਕ ਸਮੇਤ ਮਨਜੀਤ ਨਗਰ, ਅਨੰਦ ਨਗਰ-ਬੀ ਤੇ ਅਨੰਦ ਨਗਰ-ਏ ਦੀਆਂ ਮੁੱਖ ਸੜਕਾਂ ਸਮੇਤ ਅਨੰਦ ਨਗਰ ਐਕਟੈਂਸ਼ਨ ਤਾਰਾਂ ਵਾਲੀ ਸੜਕ, ਇੰਦਰਾ ਕਲੋਨੀ ਦੀਆਂ ਸਮੱਸਿਆਵਾਂ, ਗਰੀਨ ਪਾਰਕ ਨੇੜੇ ਮਾਤਾ ਗੁਰਦਿਆਲ ਕੌਰ ਗੁਰਦੁਆਰਾ ਸਾਹਿਬ, ਬੰਨਾ ਰੋਡ, ਫੈਕਟਰੀ ਏਰੀਆ, ਤਫ਼ੱਜ਼ਲਪੁਰ ਆਦਿ ਕਲੋਨੀਆਂ ਵਿਖੇ ਸੜਕਾਂ, ਸੀਵਰੇਜ, ਬਰਸਾਤੀ ਪਾਣੀ ਦੀ ਨਿਕਾਸੀ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਤੇ ਸਟਰੀਟ ਲਾਇਟਾਂ ਦੇ ਕੰਮਾਂ ਦਾ ਧਰਾਤਲ 'ਤੇ ਜਾ ਕੇ ਜਾਇਜ਼ਾ ਲਿਆ।ਸਿਹਤ ਮੰਤਰੀ ਨੇ ਮੌਕੇ 'ਤੇ ਹੀ ਨਗਰ ਨਿਗਮ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਵੱਲੋਂ ਗਿਣਾਏ ਗਏ ਕੰਮ ਤੁਰੰਤ ਪੂਰੇ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਨੇ ਇਨ੍ਹਾਂ ਕਲੋਨੀਆਂ ਵਿੱਚ ਬੰਦ ਪਈਆਂ ਸੀਵਰੇਜ ਲਾਈਨਾਂ ਦੀ ਸੁਪਰਸੱਕਸ਼ਨ ਮਸ਼ੀਨ ਨਾਲ ਸਫ਼ਾਈ ਸ਼ੁਰੂ ਕਰਵਾਉਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਨੇ ਇੰਦਰਾ ਕਲੋਨੀ ਵਿਖੇ ਟਾਇਰ ਸਾੜਦੇ ਤੇ ਰਾਤ ਨੂੰ ਲੋਹੇ ਦਾ ਕੰਮ ਕਰਦੇ ਲੋਕਾਂ ਨੂੰ ਇਹ ਕੰਮ ਬੰਦ ਕਰਨ ਦੀ ਅਪੀਲ ਕੀਤੀ ਤੇ ਕਿਹਾ ਕਿ ਇਸ ਕਲੋਨੀ ਵਿੱਚ ਪਾਰਕ ਨੂੰ ਠੀਕ ਕਰਵਾਇਆ ਜਾਵੇਗਾ।ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅੰਮ੍ਰਿਤ-2 ਦੇ ਤਹਿਤ 100 ਕਰੋੜ ਰੁਪਏ ਦੇ ਬਜਟ 'ਚ ਉਹ ਕੰਮ ਕਰਕੇ ਦਿਖਾਏਗੀ, ਜੋ ਪਿਛਲੀ ਸਰਕਾਰ 'ਚ 550 ਕਰੋੜ ਰੁਪਏ ਖ਼ਰਚਣ ਦਾ ਦਾਅਵਾ ਕਰਨ ਦੇ ਬਾਵਜੂਦ ਨਹੀਂ ਹੋ ਸਕਿਆ।ਉਨ੍ਹਾਂ ਕਿਹਾ ਕਿ ਹੁਣ ਜਿੱਥੇ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਹੱਲ ਕੀਤਾ ਜਾ ਰਿਹਾ ਹੈ, ਉਥੇ ਹੀ ਪਟਿਆਲਾ ਦਿਹਾਤੀ ਹਲਕੇ ਦੀਆਂ ਕਲੋਨੀਆਂ ਵਿੱਚ ਟੁੱਟੀਆਂ ਸੜਕਾਂ ਦੀ ਮੁਰੰਮਤ ਕਰਵਾਈ ਜਾਵੇਗੀ ਤੇ ਕੋਈ ਵੀ ਸਟਰੀਟ ਲਾਈਟ ਖ਼ਰਾਬ ਨਹੀਂ ਰਹਿਣ ਦਿੱਤੀ ਜਾਵੇਗੀ।

ਇਸ ਮੌਕੇ ਕਰਨਲ ਜੇ. ਵੀ. ਸਿੰਘ, ਅਮਰੀਕ ਸਿੰਘ ਬੰਗੜ, ਸੁਰੇਸ਼ ਰਾਏ, ਜਸਬੀਰ ਸਿੰਘ ਗਾਂਧੀ, ਗੱਜਣ ਸਿੰਘ, ਸੰਤੋਖ ਸ਼ੌਕੀ, ਦਵਿੰਦਰ ਕੌਰ, ਚਰਨਜੀਤ ਸਿੰਘ ਐੱਸ. ਕੇ., ਮਨਜੀਤ ਵਿਰਦੀ, ਲਾਲ ਸਿੰਘ, ਰਵੀ ਰਣਜੀਤ, ਭੁਪਿੰਦਰ ਨੰਬਰਦਾਰ, ਰਾਜਵੰਤ ਸੰਧੂ, ਜੀਤ ਸਿੰਘ, ਜਸਵੰਤ ਰਾਏ, ਗੁਰਚਰਨ ਸਿੰਘ ਰੁਪਾਨਾ ਆਦਿ ਸਥਾਨਕ ਆਗੂਆਂ ਸਮੇਤ ਸਿਵਲ ਸਰਜਨ ਡਾ. ਜਤਿੰਦਰ ਕਾਂਸਲ, ਨਗਰ ਨਿਗਮ ਦੇ ਐੱਸ.ਈ. ਗੁਰਪ੍ਰੀਤ ਵਾਲੀਆ, ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਪਿਯੂਸ਼ ਅਗਰਵਾਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਸਮੇਤ ਸਥਾਨਕ ਵਸਨੀਕ ਮੌਜੂਦ ਸਨ।

## ਪੁਲਸ ਵੱਲੋਂ ਚੋਰਾਂ ਨੂੰ ਕਾਬੂ ਕਰਕੇ ਮੁਕੱਦਮਾ ਦਰਜ



ਸੁਨਾਮ (ਅਸ਼ੋਕ ਬਾਂਸਲ, ਹਾਕਮ ਸਿੰਘ ਭੱਟੀ)-ਸ੍ਰੀ ਹਰਵਿੰਦਰ ਸਿੰਘ ਖਹਿਰਾ ਡੀਐਸਪੀ ਸੁਨਾਮ ਵੱਲੋਂ ਦੱਸਿਆ ਗਿਆ ਕਿ ਉਪਿੰਦਰ ਮੰਡਲ ਉਰਫ ਓਪੀ, ਵਾਸੀ ਮਾਧੇਪੁਰਾ ਬਿਹਾਰ, ਜੋ ਆਪਣੇ ਸਾਥੀਆਂ ਸਮੇਤ ਜੀਰੀ ਦਾ ਸੀਜ਼ਨ ਲਾਉਣ ਲਈ ਸ਼ਮਸ਼ੇਰ ਸਿੰਘ ਵਾਸੀ ਬਠਿੰਡਾ ਰੋਡ ਸੁਨਾਮ ਦੀ ਖੇਤ ਵਾਲੀ ਮੋਟਰ ਦੇ ਕੋਠੇ ਵਿੱਚ ਰੁਕਿਆ ਹੋਇਆ ਸੀ, ਦੇ ਜੀਰੀ ਲਗਾ ਕੇ ਕਮਾਏ ਹੋਏ ਇਕ ਲੱਖ 20 ਹਜ਼ਾਰ ਰੁਪਏ ਅਤੇ ਪੰਜ ਮੋਬਾਇਲ ਕੁਝ ਬੰਦੇ ਚੋਰੀ ਕਰਕੇ ਲੈ ਗਏ, ਜਿਸ ਸਬੰਧੀ ਮੁਕਦਮਾ ਥਾਣਾ ਸਿਟੀ ਸੁਨਾਮ ਵਿੱਚ ਦਰਜ ਕਰਾਇਆ ਗਿਆ ਸੀ।ਮੁਕੱਦਮਾ ਦਰਜ ਕਰਨ ਉਪਰੰਤ ਐਸਐਸਪੀ ਦੀਆਂ ਹਦਾਇਤਾਂ ਅਨੁਸਾਰ ਇੰਸਪੈਕਟਰ ਪ੍ਰਤੀਕ ਜਿੰਦਲ ਮੁੱਖ ਅਫਸਰ ਥਾਣਾ ਸਿਟੀ ਸੁਨਾਮ ਦੀ ਅਗਵਾਈ ਹੇਠ ਸਮੁੱਚੀ ਪੁਲਿਸ ਟੀਮ ਨਾਲ ਇਸ ਚੋਰੀ ਨੂੰ ਟਰੇਸ ਕਰਦੇ ਹੋਏ ਬਚਿੱਤਰ ਸਿੰਘ, ਗੁਰਦਿੱਤ ਸਿੰਘ, ਮੱਖਣ ਸਿੰਘ,ਵਾਸੀ ਸਾਈ ਕਲੋਨੀ ਸੁਨਾਮ ਅਤੇ ਸਤੀਸ਼ ਕੁਮਾਰ ਵਾਸੀ ਥੱਲੇਸਾ ਰੋਡ ਰਾਮਪੁਰਾ ਥਾਣਾ ਸਿਟੀ ਸੰਗਰੂਰ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਚੋਰੀ ਸਮੇਂ ਵਰਤਿਆ ਗਿਆ ਮੋਟਰਸਾਈਕਲ, ਚੋਰੀ ਕੀਤੀ ਰਕਮ ਵਿੱਚੋਂ ਇਕ ਲੱਖ ਪੰਜ ਹਜ਼ਾਰ ਰੁਪਏ ਅਤੇ ਪੰਜ ਮੋਬਾਇਲ ਫੋਨ ਬਰਾਮਦ ਕਰ ਲਏ ਗਏ ਹਨ।ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਲੈ ਲਿਆ ਗਿਆ ਹੈ ਅਤੇ ਅੱਗੇ ਤਫ਼ਤੀਸ਼ ਜਾਰੀ ਹੈ।

# ਪ੍ਰਿੰਸੀਪਲਾਂ ਦੀਆਂ ਬਦਲੀਆਂ ਵਿਵਾਦਾਂ 'ਚ ਘਿਰੀਆਂ, ਸਿਆਸੀ ਦਖਲ-ਅੰਦਾਜ਼ੀ ਦਾ ਖਦਸ਼ਾ

ਫਰੀਦਕੋਟ (ਰਛਪਾਲ ਭੁੱਲਰ)-ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ 23 ਅਗਸਤ ਨੂੰ ਪ੍ਰਿੰਸੀਪਲਾਂ ਦੀਆਂ ਬਦਲੀਆਂ ਦੀ ਜਾਰੀ ਹੋਈ ਸੂਚੀ ਨੇ ਫਰੀਦਕੋਟ ਜ਼ਿਲ੍ਹੇ ਦੇ ਕਈ ਪ੍ਰਿੰਸੀਪਲਾਂ ਨੂੰ ਮਾਨਸਿਕ ਪ੍ਰੇਸ਼ਾਨੀ ਵਿੱਚ ਪਾਕੇ ਰੱਖ ਦਿੱਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਦੇ ਪ੍ਰਿੰਸੀਪਲ ਪ੍ਰਭਜੋਤ ਸਿੰਘ ਦੀ ਬਦਲੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘੁਗਿਆਣਾ ਵਿਖੇ ਕਰ ਦਿੱਤੀ ਗਈ ਹੈ।ਵਰਨਣਯੋਗ ਹੈ ਕਿ ਪ੍ਰਿੰਸੀਪਲ ਪ੍ਰਭਜੋਤ ਸਿੰਘ ਦੇ ਪਿਛਲੇ ਪੰਜ ਸਾਲਾਂ ਦੇ ਕਾਰਜਕਾਲ ਦੌਰਾਨ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ ਲੱਖਾਂ ਰੁਪਏ ਦੀ ਰਾਸ਼ੀ ਤੇ ਹੋਰ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਸਕੂਲ ਦੇ ਮੂੰਹ ਮੁਹਾਂਦਰੇ, ਇਮਾਰਤ ਤੇ ਵਿਕਾਸ ਵਿੱਚ ਚੋਖਾ ਵਾਧਾ ਹੋਇਆ ਹੈ।ਸਕੂਲ ਨੇ ਵਿੱਦਿਅਕ ਤੇ ਖੇਡਾਂ ਵਿੱਚ ਕਾਫੀ ਮਾਣਮੱਤੀਆਂ ਪ੍ਰਾਪਤੀਆਂ ਕੀਤੀਆਂ ਹਨ।ਸਾਲ 2023-24 ਦੇ ਵਿੱਦਿਅਕ ਸੈਸ਼ਨ ਦੌਰਾਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦਸਵੀਂ ਜਮਾਤ ਦੇ ਸਾਲਾਨਾ ਨਤੀਜੇ ਵਿੱਚ ਇਸ ਸਕੂਲ ਦੀਆਂ ਤਿੰਨ ਵਿਦਿਆਰਥਣਾਂ ਨੇ ਜ਼ਿਲ੍ਹਾ ਫਰੀਦਕੋਟ 'ਚ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ।ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਸਾਲ 2023-24 ਇਸ ਸਕੂਲ ਨੂੰ ਜ਼ਿਲ੍ਹਾ ਫਰੀਦਕੋਟ ਦਾ ਸਭ ਤੋਂ ਬੇਹਤਰੀਨ ਸਕੂਲ ਦਾ ਸਨਮਾਨ ਦਿੰਦੇ ਹੋਏ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ 10 ਲੱਖ ਰੁਪਏ ਦੀ ਰਾਸ਼ੀ ਦਾ ਚੈੱਕ ਦੇ ਕੇ ਸਨਮਾਨਤ ਕੀਤਾ ਗਿਆ ਸੀ।ਇਸ ਤਰ੍ਹਾਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਪੰਜਗਰਾਈ ਕਲਾਂ ਵਿੱਚ ਕੰਮ ਕਰਦੇ ਪ੍ਰਿੰਸੀਪਲ ਦੀਪਕ ਸਿੰਘ ਨੇ ਵੀ ਪੰਜਾਬ ਸਰਕਾਰ ਤੇ ਹੋਰ ਸਹਿਯੋਗੀ ਸੱਜਣਾ ਦੇ ਯੋਗਦਾਨ ਨਾਲ ਸਕੂਲ ਦੀ ਦਿੱਖ ਸੰਵਾਰਨ ਵਿੱਚ ਪੂਰੀ ਮਿਹਨਤ ਕੀਤੀ ਹੈ।ਇਸ ਸਕੂਲ ਨੂੰ ਵੀ ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਸਾਲ 2022-23 ਦੌਰਾਨ ਜ਼ਿਲ੍ਹਾ ਫਰੀਦਕੋਟ ਦਾ ਸਭ ਤੋਂ ਬਿਹਤਰੀਨ ਸਕੂਲ ਹੋਣ ਦਾ ਮਾਨ ਦਿੰਦੇ ਹੋਏ 10 ਲੱਖ ਰੁਪਏ ਦੀ ਰਾਸ਼ੀ ਦਾ ਚੈੱਕ ਦੇ ਕੇ ਸਨਮਾਨਤ ਕੀਤਾ ਗਿਆ ਸੀ।ਇਸ ਤੋਂ ਇਲਾਵਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸਾਲ 2023-24 ਦੇ ਅੱਠਵੀਂ ਜਮਾਤ ਦੇ ਸਾਲਾਨਾ ਨਤੀਜੇ ਵਿੱਚ ਸਕੂਲ ਦੀ ਇੱਕ ਵਿਦਿਆਰਥਣ ਨੇ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕੀਤਾ ਹੈ।ਸਕੂਲ ਦੇ ਪ੍ਰਿੰਸੀਪਲ ਦੀਪਕ ਸਿੰਘ ਨੂੰ ਵੀ ਉਨ੍ਹਾਂ ਦੀ ਇੱਛਾ ਦੇ ਵਿਰੁੱਧ ਸਰਕਾਰੀ ਬਲਬੀਰ ਸੀਨੀਅਰ ਸੈਕੰਡਰੀ ਸਕੂਲ ਫਰੀਦਕੋਟ ਵਿਖੇ ਬਦਲ ਦਿੱਤਾ ਗਿਆ ਹੈ।ਇੰਜ ਜਾਪਦਾ ਹੈ ਕਿ ਜ਼ਿਲ੍ਹਾ ਫਰੀਦਕੋਟ ਦੇ ਇਨ੍ਹਾਂ ਦੋਵਾਂ ਸਕੂਲਾਂ ਦੇ ਮੁਖੀਆਂ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਮਿਹਨਤ ਕਰਕੇ ਸਕੂਲ ਨੂੰ ਵਧੀਆ ਬਣਾਉਣਾ ਗੁਨਾਹ ਬਣ ਗਿਆ ਹੋਵੇ।ਇਸ ਦੇ ਨਾਲ ਹੀ ਬਲਬੀਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਫਰੀਦਕੋਟ ਦੇ ਪ੍ਰਿੰਸੀਪਲ ਰਾਜੇਸ਼ ਕੁਮਾਰ, ਜੋ ਪਿਛਲੇ ਲਗਭਗ 20 ਸਾਲਾਂ ਤੋਂ ਇੱਕ ਦੁਰਘਟਨਾ ਦਾ ਸ਼ਿਕਾਰ ਹੋਣ ਕਰਕੇ 50 ਫੀਸਦੀ ਤੋਂ ਵਧੇਰੇ ਅੰਗਹੀਣ ਹੋ ਗਏ ਸਨ, ਉਨ੍ਹਾਂ ਦੀ ਬਦਲੀ ਵੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮੇਆਣਾ ਤੇ ਮੱਤਾ ਦੇ ਸਕੂਲਾਂ ਵਿੱਚ ਦੋ ਥਾਵਾਂ 'ਤੇ ਕਰ ਦਿੱਤੀ ਗਈ ਹੈ।

ਇਸ ਦੇ ਨਾਲ ਹੀ ਹੈਰਾਨੀਜਨਕ ਪੱਖ ਇਹ ਵੀ ਹੈ ਕਿ ਡਾਕਟਰ ਹਰੀ ਸਿੰਘ ਸੇਵਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਕੋਟਕਪੂਰਾ ਦੇ ਪ੍ਰਿੰਸੀਪਲ ਮਨਿੰਦਰ ਕੌਰ ਖਿਲਾਫ ਕੁਝ ਮਹੀਨੇ ਪਹਿਲਾਂ ਹੋਈਆਂ ਵੱਖ ਵੱਖ ਸ਼ਿਕਾਇਤਾਂ ਦੀ ਪੜਤਾਲੀਆ ਟੀਮ ਵੱਲੋਂ ਕੀਤੀ ਗਈ ਪੜਤਾਲ ਦੌਰਾਨ ਮਨਿੰਦਰ ਕੌਰ ਪ੍ਰਿੰਸੀਪਲ ਖਿਲਾਫ ਬਹੁਤ ਸਾਰੇ ਦੋਸ਼ ਸਿੱਧ ਹੋਣ ਦੇ ਬਾਵਜੂਦ ਤੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਫਰੀਦਕੋਟ ਵੱਲੋਂ ਤਿੰਨ ਮਹੀਨੇ ਪਹਿਲਾਂ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਇਸ ਪ੍ਰਿੰਸੀਪਲ ਦੀ ਬਦਲੀ ਕਰਨ ਦੀ ਭੇਜੀ ਗਈ ਤਜਵੀਜ਼ ਨੂੰ ਕਿਸੇ ਦਬਾਅ ਹੇਠ ਇਨ੍ਹਾਂ ਬਦਲੀਆਂ ਵਿੱਚ ਪ੍ਰਵਾਨ ਨਹੀਂ ਕੀਤਾ ਗਿਆ ਤੇ ਪ੍ਰਿੰਸੀਪਲ ਮਨਿੰਦਰ ਕੌਰ ਦੀ ਬਦਲੀ ਨਹੀਂ ਕੀਤੀ ਗਈ।ਇਸ ਸਾਰੇ ਮਾਮਲੇ 'ਤੇ ਟਿੱਪਣੀ ਕਰਦੇ ਹੋਏ ਅਧਿਆਪਕ ਤੇ ਪੈਨਸ਼ਨਰ ਆਗੂ ਪ੍ਰੇਮ ਚਾਵਲਾ ਨੇ ਸਿੱਖਿਆ ਵਿਭਾਗ ਪੰਜਾਬ ਸਰਕਾਰ ਤੇ ਇਨ੍ਹਾਂ ਬਦਲੀਆਂ ਵਿੱਚ ਸਿਆਸੀ ਦਖਲ ਅੰਦਾਜ਼ੀ ਹੋਣ ਦਾ ਖਦਸ਼ਾ ਪ੍ਰਗਟਾਇਆ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਬਦਲੀਆਂ ਹੋਣ ਨਾਲ ਸਕੂਲਾਂ ਵਿੱਚ ਮਿਹਨਤ ਨਾਲ ਕੰਮ ਕਰਨ ਵਾਲੇ ਸਕੂਲ ਪ੍ਰਿੰਸੀਪਲਾਂ ਵਿੱਚ ਨਿਰਾਸ਼ਤਾ ਆਵੇਗੀ ਤੇ ਸਕੂਲਾਂ ਦੇ ਵਿੱਦਿਅਕ ਪ੍ਰਬੰਧ ਵਿੱਚ ਸੁਧਾਰ ਹੋਣ ਦੀ ਥਾਂ ਹੋਰ ਨਿਘਾਰ ਪੈਦਾ ਹੋਣਗੇ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਕੂਲ ਪ੍ਰਬੰਧਾਂ ਵਿੱਚ ਕੀਤੀ ਜਾ ਰਹੀ ਸਿਆਸੀ ਦਖਲ ਅੰਦਾਜ਼ੀ ਤੁਰੰਤ ਬੰਦ ਕੀਤੀ ਜਾਵੇ।ਇਸ ਦੌਰਾਨ ਵੱਖ ਵੱਖ ਸਕੂਲਾਂ ਦੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਤੇ ਹਲਕਾ ਕੋਟਕਪੂਰਾ ਦੇ ਵਿਧਾਇਕ ਕੁਲਤਾਰ ਸਿੰਘ ਸੰਧਵਾਂ ਨੂੰ ਮਿਲ ਕੇ ਮੰਗ ਕੀਤੀ ਹੈ ਕਿ ਪ੍ਰਿੰਸੀਪਲ ਪ੍ਰਭਜੋਤ ਸਿੰਘ, ਦੀਪਕ ਸਿੰਘ ਤੇ ਰਾਜੇਸ਼ ਕੁਮਾਰ ਨੂੰ ਇਨਸਾਫ ਦਿੱਤਾ ਜਾਵੇ ਤੇ ਬਦਲੀਆਂ ਦੇ ਹੁਕਮ ਤੁਰੰਤ ਰੱਦ ਕੀਤੇ ਜਾਣ ਅਤੇ ਪੜਤਾਲ ਵਿੱਚ ਦੋਸ਼ ਸਿੱਧ ਹੋਣ ਕਰਕੇ ਮਨਿੰਦਰ ਕੌਰ ਪ੍ਰਿੰਸੀਪਲ ਦੀ ਤੁਰੰਤ ਇਸ ਸਕੂਲ ਵਿੱਚੋਂ ਬਦਲੀ ਕੀਤੀ ਜਾਵੇ।ਸਪੀਕਰ ਸਾਹਿਬ ਨੇ ਵਫਦਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਕਤ ਸਾਰੇ ਮਾਮਲੇ ਜਲਦੀ ਹੀ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਪ੍ਰਮੁੱਖ ਸਕੱਤਰ, ਸਿੱਖਿਆ ਵਿਭਾਗ ਪੰਜਾਬ ਸਰਕਾਰ ਨਾਲ ਗੱਲਬਾਤ ਕਰਕੇ ਹੱਲ ਕਰਵਾਏ ਜਾਣਗੇ।

## ਕਾਤਰਾਂ

### ਗੁਰਮਤਿ ਸਮਾਗਮ 29 ਨੂੰ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਤੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਤ ਮਾਸਿਕ ਗੁਰਮਤਿ ਸਮਾਗਮ 29 ਅਗਸਤ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਮੂਹ ਸੇਵਾ ਸੁਸਾਇਟੀਆਂ ਦੇ ਸਹਿਯੋਗ ਨਾਲ 29 ਅਗਸਤ ਨੂੰ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿੱਚ ਪ੍ਰਸਿੱਧ ਕਥਾਵਾਚਕ ਭਾਈ ਸੁਖਦੇਵ ਸਿੰਘ ਸੰਗਤਾਂ ਨੂੰ ਬਾਣੀ ਨਾਲ ਜੋੜਨਗੇ। ਇਸ ਤੋਂ ਇਲਾਵਾ ਰਾਗੀ, ਢਾਡੀ ਜਥੇ ਇਤਿਹਾਸਕ ਪ੍ਰਸੰਗ ਸੁਣਾਉਣਗੇ।

### ਸੜਕ ਹਾਦਸੇ 'ਚ ਕਿਸਾਨ ਆਗੂ ਦੀ ਮੌਤ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਚੁਹਾਣਕੇ ਕਲਾਂ (ਬਰਨਾਲਾ) ਵਿਖੇ ਵਾਪਰੇ ਹਾਦਸੇ 'ਚ ਇੱਕ ਕਿਸਾਨ ਆਗੂ ਦੀ ਮੌਤ ਹੋ ਗਈ।ਮਿਲੀ ਜਾਣਕਾਰੀ ਅਨੁਸਾਰ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਆਗੂ, ਸਮਾਜ ਸੇਵੀ ਕੁਲਬ੍ਰਿਛ ਸਿੰਘ ਧਾਲੀਵਾਲ (45) ਪੁੱਤਰ ਮੇਜਰ ਸਿੰਘ ਵਾਸੀ ਚੁਹਾਣਕੇ ਕਲਾਂ ਬੀਤੀ ਰਾਤ 8 ਕੁ ਵਜੇ ਆਪਣੇ ਖੇਤਾਂ ਚੁਹਾਣਕੇ ਖੁਰਦ ਤੋਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਘਰ ਪਰਤ ਰਿਹਾ ਸੀ, ਘਟਨਾ ਸਮੇਂ ਉਸ ਦਾ ਮੋਟਰਸਾਈਕਲ ਅੱਗਿਓਂ ਆ ਰਹੀ ਪੱਠਿਆਂ ਵਾਲੀ ਰੇਹੜੀ ਨਾਲ ਟਕਰਾ ਕੇ ਹਾਦਸਾਗ੍ਰਸਤ ਹੋਣ ਨਾਲ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਅੱਜ ਉਸ ਦਾ ਅੰਤਿਮ ਸੰਸਕਾਰ ਗਮਗੀਨ ਮਾਹੌਲ ਵਿੱਚ ਕੀਤਾ ਗਿਆ।ਇਸ ਮੌਕੇ ਭਾਕਿਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਮ੍ਰਿਤਕ ਕਿਸਾਨ ਆਗੂ ਦੀ ਦੇਹ ਉੱਪਰ ਜਥੇਬੰਦੀ ਦਾ ਝੰਡਾ ਪਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਜਥੇਦਾਰ ਨਾਥ ਸਿੰਘ ਹਮੀਦੀ, ਸੁਖਵਿੰਦਰ ਸਿੰਘ ਸੁੱਖਾ, ਭਾਈ ਮਨਜੀਤ ਸਿੰਘ ਸਹਿਜੜਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

### ਪੱਤਰਕਾਰ ਸਵੱਦੀ ਦੀ ਮਾਤਾ ਨਮਿਤ ਭੋਗ ਅੱਜ



ਚੌਂਕੀਮਾਨ (ਬਲਬੀਰ ਮਾਨ)-ਬੀਤੇ ਦਿਨੀਂ ਹਲਕਾ ਸਵੱਦੀ ਕਲਾਂ ਤੋਂ ਪੱਤਰਕਾਰ ਤਰਲੋਕ ਸਵੱਦੀ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਿਆ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਮਹਿੰਦਰ ਕੌਰ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਗਏ।ਇਸ ਦੁੱਖ ਦੀ ਘੜੀ ਵਿੱਚ ਪੰਜਾਬੀ ਗੀਤਕਾਰ ਸਭਾ ਪੰਜਾਬ ਦੇ ਪ੍ਰਧਾਨ ਪਾਲੀ ਦੇਤਵਾਲੀਆ, ਜਨਰਲ ਸਕੱਤਰ ਬਲਬੀਰ ਸਿੰਘ ਮਾਨ, ਸਰਪ੍ਰਸਤ ਅਮਰੀਕ ਸਿੰਘ ਤਲਵੰਡੀ, ਸੀਨੀਅਰ ਮੀਤ ਪ੍ਰਧਾਨ ਸਾਧੂ ਸਿੰਘ ਦਿਲਸ਼ਾਦ, ਜਸਪਾਲ ਮਾਨ, ਸੁਖਵਿੰਦਰ ਕੋਹਲੀ, ਤੇਜਾ ਤਲਵੰਡੀ ਆਦਿ ਨੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਦਾ ਪ੍ਰਗਟਾਵਾ ਕੀਤਾ।ਸ੍ਰੀ ਜੋਗਿੰਦਰ ਸਿੰਘ ਦੀ ਸੁਪਤਨੀ ਮਹਿੰਦਰ ਕੌਰ ਦੀ ਅੰਤਿਮ ਅਰਦਾਸ 27 ਅਗਸਤ ਨੂੰ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

# ਮੰਗਤ ਸਿੰਘ ਦੇ ਕਤਲ ਦੀ ਗੁੱਥੀ ਸੁਲਝੀ, 3 ਮੁਲਜ਼ਮ ਗ੍ਰਿਫਤਾਰ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)-ਤੁਸ਼ਾਰ ਗੁਪਤਾ ਆਈ.ਪੀ.ਐੱਸ. ਦੀ ਅਗਵਾਈ ਹੇਠ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਪਿੰਡ ਥਾਂਦੇਵਾਲਾ ਵਿਖੇ ਹੋਏ ਮੰਗਤ ਸਿੰਘ ਦੇ ਕਤਲ ਦੀ 12 ਘੰਟਿਆਂ ਵਿੱਚ ਗੁੱਥੀ ਨੂੰ ਸੁਲਝਾ ਕੇ 3 ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ।ਤੁਸ਼ਾਰ ਗੁਪਤਾ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ 23 ਅਗਸਤ 2024 ਨੂੰ ਮੰਗਤ ਸਿੰਘ ਪੁੱਤਰ ਬੋਸਾ ਸਿੰਘ ਵਾਸੀ ਥਾਂਦੇਵਾਲਾ ਦੀ ਲਾਸ਼ ਮਲੋਟ ਤੋਂ ਡੱਬਵਾਲੀ ਰੋਡ ਆਧਨੀਆ ਪੁਲ ਨਹਿਰ ਤੋਂ ਮਿਲੀ ਸੀ, ਜਿਸ 'ਤੇ ਮ੍ਰਿਤਕ ਮੰਗਤ ਸਿੰਘ ਦੇ ਚਾਚਾ ਜਸਵੰਤ ਸਿੰਘ ਉਰਫ ਬਬਲੀ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਥਾਦੇਵਾਲਾ ਦੇ ਬਿਆਨਾਂ 'ਤੇ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਜੁਵੈਨਾਇਲ, ਦਲੀਪ ਸਿੰਘ ਉਰਫ ਦੀਪੂ ਪੁੱਤਰ ਸ਼ੀਰਾ ਸਿੰਘ ਤੇ ਜਗਨਾਮ ਸਿੰਘ ਪੁੱਤਰ ਉਰਫ ਜੱਗ ਪੁੱਤਰ ਸ਼ਮਸ਼ੇਰ ਸਿੰਘ ਵਾਸੀਆਨ ਥਾਂਦੇਵਾਲਾ ਦਰਜ ਕੀਤਾ ਗਿਆ।ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਆਧੁਨਿਕ ਢੰਗ ਤਰੀਕਿਆਂ ਦੀ ਵਰਤੋਂ ਕਰਦਿਆਂ ਉੱਕਤ ਜੁਵੈਨਾਇਲ, ਦਲੀਪ ਸਿੰਘ ਤੇ ਜਗਨਾਮ ਸਿੰਘ ਨੂੰ ਕਾਬੂ ਕਰ ਲਿਆ ਹੈ। ਮੁੱਢਲੀ ਪੁੱਛਗਿੱਛ ਦੌਰਾਨ ਮੰਗਤ ਸਿੰਘ ਦੇ ਕਤਲ ਦੀ ਵਜ੍ਹਾ ਰੰਜਿਸ਼ ਦੱਸੀ ਕਿ ਮੰਗਤ ਸਿੰਘ ਜੋ ਕੇ ਜੁਵੈਨਾਇਲ ਦੀ ਭੈਣ 'ਤੇ ਅੱਖ ਰੱਖਦਾ ਸੀ, ਜਿਸ ਕਾਰਨ ਲੋਹੇ ਦੀ ਰਾੜ ਮੰਗਤ ਸਿੰਘ ਦੇ ਸਿਰ ਵਿੱਚ ਮਾਰ ਕੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ।ਉਨ੍ਹਾਂ ਕਿਹਾ ਉੱਕਤ ਵਿਅਕਤੀਆਂ ਨੂੰ ਮਾਣਯੋਗ ਅਦਾਲਤ ਵਿਖੇ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਹੋਰ ਵੀ ਡੁਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ, ਜਿਸ 'ਤੇ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ।

# ਪਹਿਲੀ ਵਾਰ ਹੋਈ 25 ਕਿਲੋਮੀਟਰ ਸਾਇਕਲ ਮੈਰਾਥਨ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਨੌਜਵਾਨ ਫਿਟਨੈੱਸ ਟਰੇਨਰ ਅਰਸ਼ਦੀਪ ਸਿੰਘ ਗੁਰੂ ਵੱਲੋਂ ਇਲਾਕੇ ਦੇ ਸਮੂਹ ਨੌਜਵਾਨਾਂ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਮਹਿੰਮ ਤਹਿਤ 25 ਕਿਲੋਮੀਟਰ ਸਾਈਕਲ ਮੈਰਾਥਨ ਕਰਾਈ ਗਈ, ਜਿਸ ਦੌਰਾਨ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ 150 ਦੇ ਕਰੀਬ ਲੋਕਾਂ ਨੇ ਉਤਸ਼ਾਹਪੂਰਵਕ ਢੰਗ ਨਾਲ ਭਾਗ ਲਿਆ।ਭਾਗ ਲੈਣ ਵਾਲਿਆਂ 'ਚ 6 ਸਾਲਾਂ ਦੇ ਬੱਚੇ ਤੋਂ ਲੈ ਕੇ 62 ਸਾਲ ਤੱਕ ਦੇ ਵਿਅਕਤੀ, ਜਿਨ੍ਹਾਂ 'ਚ ਨੌਜਵਾਨ ਲੜਕੇ, ਲੜਕੀਆਂ, ਅਧਿਆਪਕ, ਸਾਬਕਾ ਫ਼ੌਜੀ, ਸਾਬਕਾ ਪੁਲਸ ਕਰਮੀ ਸ਼ਾਮਲ।ਸ਼ਹੀਦ ਬੀਬੀ ਕਿਰਨਜੀਤ ਕੌਰ ਸੀਨੀਅਰ ਸੈਕੰਡਰੀ ਸਕੂਲ ਮਹਿਲ ਕਲਾਂ ਦੇ ਖੇਡ ਗਰਾਊਂਡ ਤੋਂ ਸਵੇਰੇ 6 ਵਜੇ ਪੁਲਸ ਥਾਣਾ ਮਹਿਲ ਕਲਾਂ ਦੇ ਮੁੱਖ ਅਫ਼ਸਰ ਕਮਲਜੀਤ ਸਿੰਘ ਗਿੱਲ ਨੇ ਨੌਜਵਾਨਾਂ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਮੈਰਾਥਨ ਨੂੰ ਰਵਾਨਾ ਕੀਤਾ।ਨੌਜਵਾਨਾਂ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਹੋ ਕੇ ਖੇਡਾਂ ਨਾਲ ਜੋੜਨ ਲਈ ਅਜਿਹੇ ਉਪਰਾਲੇ ਪਿੰਡ-ਪਿੰਡ ਹੋਣੇ ਚਾਹੀਦੇ ਹਨ। ਉਨ੍ਹਾਂ ਪੰਜਾਬ ਪੁਲਸ ਵਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਹ ਸਾਇਕਲ ਮੈਰਾਥਨ ਮਹਿਲ ਕਲਾਂ ਤੋਂ ਸ਼ੁਰੂ ਹੋ ਕੇ ਮਹਿਲ ਖੁਰਦ, ਪੰਡੋਰੀ, ਕੁਰੜ, ਛਾਪਾ, ਕੁਤਬਾ, ਬਾਹਮਣੀਆਂ, ਨਿਹਾਲੂਵਾਲ, ਗੰਗੋਹਰ, ਮਹਿਲ ਖੁਰਦ ਹੁੰਦੀ ਹੋਈ 9 ਵਜੇ ਮੁੜ ਮਹਿਲ ਕਲਾਂ ਗਰਾਊਂਡ 'ਚ ਪਹੁੰਚ ਕੇ ਸਮਾਪਤ ਹੋਈ।ਕੋਚ ਅਰਸ਼ ਗੁਰੂ ਨੇ ਸਾਰੇ ਪ੍ਰਤਿਯੋਗੀਆਂ ਦੀ ਪ੍ਰਸੰਸਾ ਕਰਦਿਆਂ ਕਿਹਾ ਅਗਲੇ ਦਿਨੀਂ ਇਸ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਪ੍ਰਤਿਯੋਗੀਆਂ ਦਾ ਵਰਗੀਕਰਨ ਕਰ ਕੇ ਉਨ੍ਹਾਂ ਨੂੰ ਵੱਖੋ-ਵੱਖਰੇ ਡਾਇਟ ਪਲੈਨ ਮੁਹੱਈਆ ਕਰਾਏ ਜਾਣਗੇ ਅਤੇ ਖੇਡ ਗਰਾਉਂਡਾਂ ਨਾਲ ਜੁੜੇ ਨਾਮੀ ਚਿਹਰੇ ਇੱਥੇ ਪਹੁੰਚ ਕੇ ਫਿਟਨੈੱਸ ਸਬੰਧੀ ਗੁਰ ਦੇਣਗੇ।ਉਨ੍ਹਾਂ ਹੋਰਾਂ ਲੋਕਾਂ ਨੂੰ ਇਸ ਮਹਿੰਮ ਦਾ ਹਿੱਸਾ ਬਣਨ।ਨੌਜਵਾਨ ਆਗੂ ਗੁਰਪ੍ਰੀਤ ਸਿੰਘ ਅਣਖੀ ਨੇ ਕਿਹਾ ਕਿ ਮਹਿਲ ਕਲਾਂ ਇਤਿਹਾਸ 'ਚ ਪਹਿਲੀ ਸਾਇਕਲ ਮੈਰਾਥਨ ਕਰਾਈ ਗਈ ਹੈ, ਲੋਕਾਂ ਵੱਲੋਂ ਆਪ ਮੁਹਾਰੇ ਇਸ ਪ੍ਰੋਗਰਾਮ ਦਾ ਹਿੱਸਾ ਬਣਨਾ ਇਕ ਸ਼ੁਭ ਸ਼ਗਨ ਹੈ। ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗਗਨਦੀਪ ਸਿੰਘ ਸਰਾਂ, ਕਰਮਜੀਤ ਸਿੰਘ ਉੱਪਲ, ਚੇਅਰਮੈਨ ਜਗਸੀਰ ਸਿੰਘ ਖ਼ਾਲਸਾ, ਡਾ. ਮਿੱਠੂ ਮੁਹੰਮਦ ਨੇ ਨੌਜਵਾਨਾਂ ਸਾਈਕਲ ਸਵਾਰਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਪ੍ਰੋਗਰਾਮ ਦੀ ਸਫ਼ਲਤਾ ਲਈ ਸਹਿਯੋਗ ਦੇਣ ਤੇ ਸਾਰਿਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੈਰਾਥਨ ਦੇ ਸਾਰੇ ਪ੍ਰਤਿਯੋਗੀਆਂ ਨੂੰ ਕੋਚ ਅਰਸ਼ ਗੁਰੂ ਵਲੋਂ ਮੈਡਲ ਭੇਟ ਕਰਕੇ ਸਨਮਾਨਤ ਕੀਤਾ ਗਿਆ।



# ਜਵੰਦਾ ਦਾ ਸਰਵੋਤਮ ਫ਼ਿਲਮੀ ਪੱਤਰਕਾਰ ਐਵਾਰਡ ਨਾਲ ਸਨਮਾਨ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪੰਜਾਬੀ ਫਿਲਮ ਐਂਡ ਟੀ ਵੀ ਐਕਟਰ ਐਸੋਸੀਏਸ਼ਨ (ਪਫ਼ਟਾ) ਵੱਲੋਂ ਸੰਸਥਾ ਪ੍ਰਧਾਨ ਪਦਮਸ਼੍ਰੀ ਨਿਰਮਲ ਰਿਸ਼ੀ, ਜਨਰਲ ਸਕੱਤਰ ਬੀ ਐੱਨ ਸ਼ਰਮਾ, ਭਾਰਤ ਭੂਸ਼ਣ ਵਰਮਾ ਤੇ ਮਲਕੀਤ ਰੌਣੀ ਦੀ ਅਗਵਾਈ ਹੇਠ ਕਰਵਾਏ ਗਏ ਸੰਸਥਾ ਦੇ ਸਥਾਪਨਾ ਦਿਵਸ ਸਮਾਰੋਹ ਮੌਕੇ ਫ਼ਿਲਮੀ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਨੂੰ ਪੰਜਾਬੀ ਸਿਨੇਮਾ ਦੇ ਸਰਵੋਤਮ ਫ਼ਿਲਮੀ ਪੱਤਰਕਾਰ ਐਵਾਰਡ-2024 ਨਾਲ ਨਿਵਾਜਿਆ ਗਿਆ।

ਦੱਸ ਦਈਏ ਕਿ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਪਿਛਲੇ ਲੰਮੇ ਸਮੇਂ ਤੋਂ ਪੰਜਾਬੀ ਪੱਤਰਕਾਰੀ ਰਾਹੀਂ ਪੰਜਾਬੀ ਫਿਲਮ ਸਿਨੇਮਾ ਤੇ ਮਾਂ ਬੋਲੀ ਪੰਜਾਬੀ ਦੀ ਸੇਵਾ ਕਰਦੇ ਆ ਰਹੇ ਹਨ।ਆਪਣੀ ਪਾਰਦਰਸ਼ੀ, ਇਮਾਨਦਾਰੀ, ਨਿਰਪੱਖ ਤੇ ਨਿਰਸਵਾਰਥ ਪੱਤਰਕਾਰੀ ਰਾਹੀਂ ਉਨ੍ਹਾਂ ਪੰਜਾਬੀ ਫ਼ਿਲਮ ਇੰਡਸਟਰੀ ਵਿੱਚ ਆਪਣਾ ਇੱਕ ਵੱਖਰਾ ਮੁਕਾਮ ਹਾਸਲ ਕੀਤਾ ਹੈ।ਉਨ੍ਹਾਂ ਵੱਲੋਂ ਪੰਜਾਬੀ ਸਿਨੇਮਾ, ਪੋਲੀਵੁੱਡ ਇੰਡਸਟਰੀ ਅਤੇ ਪਫਟਾ ਪ੍ਰਤੀ ਪਾਏ ਜਾ ਰਹੇ ਯੋਗਦਾਨ ਨੂੰ ਮੁੱਖ ਰੱਖਦਿਆਂ ਉਨ੍ਹਾਂ ਨੂੰ ਪੰਜਾਬੀ ਫਿਲਮ ਐਂਡ ਟੀ ਵੀ ਐਕਟਰ ਐਸੋਸੀਏਸ਼ਨ (ਪਫ਼ਟਾ) ਵੱਲੋਂ ਸਾਲ 2024 ਦੇ ਸਰਵੋਤਮ ਪੱਤਰਕਾਰ ਦੇ ਐਵਾਰਡ ਨਾਲ ਨਿਵਾਜਿਆ ਗਿਆ ਹੈ।ਇਸ ਸਮਾਰੋਹ ਮੌਕੇ ਅਦਾਕਾਰ ਕਰਮਜੀਤ ਅਨਮੋਲ, ਬੀਨੂੰ ਢਿੱਲੋਂ, ਸਵਿੰਦਰ ਮਾਹਲ, ਤਰਸੇਮ ਪੋਲ, ਪਰਮਜੀਤ ਸਿੰਘ ਭੰਗੂ, ਵਨਿੰਦਰ ਬਿੰਨੀ, ਪੰਮੀ ਬਾਈ, ਗੀਤਕਾਰ ਸ਼ਮਸ਼ੇਰ ਸੰਧੂ, ਦੀਦਾਰ ਗਿੱਲ, ਗਗਨ ਥਿੰਦ, ਸੁਨੀਤਾ ਧੀਰ, ਮੈਡਮ ਗੁਰਪ੍ਰੀਤ ਭੰਗੂ, ਸੀਮਾ ਕੌਸ਼ਲ, ਪੂਨਮ ਸੂਧ, ਸਤਵੰਤ ਕੌਰ, ਨਿਰਭੈ ਸਿੰਘ ਧਾਲੀਵਾਲ, ਨਵਦੀਪ ਗਿੱਲ, ਨਿਰਦੇਸ਼ਕ ਸਿਮਰਨਜੀਤ ਹੁੰਦਲ, ਮਨਪ੍ਰੀਤ ਬਰਾੜ, ਸੰਜੂ ਸੋਲੰਕੀ, ਜਸਦੀਪ ਸਿੰਘ ਰਤਨ, ਬੱਲ ਤੁਲੇਵਾਲ ਤੇ ਯੂਵੀ ਜਵੰਦਾ ਆਦਿ ਮੌਜੂਦ ਰਹੇ।

# ਵਿਸ਼ਵ ਪੰਜਾਬੀ ਨਾਰੀ ਮੰਚ ਵੱਲੋਂ ਵਿਰਸਾ ਵਿਹਾਰ 'ਚ ਸਾਹਿਤਕ ਮਿਲਣੀ



ਹਰੂਰ (ਨਛੱਤਰ ਸੰਧੂ)-ਵਿਸ਼ਵ ਪੰਜਾਬੀ ਨਾਰੀ ਸਾਹਿਤਕ ਮੰਚ ਵੱਲੋਂ ਵਿਸ਼ੇਸ਼ ਤੌਰ 'ਤੇ ਸਾਹਿਤਕ ਮਿਲਣੀ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਕਰਵਾਈ ਗਈ।ਇਸ ਪ੍ਰੋਗਰਾਮ ਵਿੱਚ ਪੰਜਾਬ ਭਰ ਤੋਂ ਨਾਰੀ ਕਲਮਾਂ ਨੇ ਭਾਗ ਲਿਆ।ਕਲਕੱਤਾ ਵਿਖੇ ਹੋਈ ਇੱਕ ਦੁਰਘਟਨਾ, ਜਿਸ ਵਿੱਚ ਡਾਕਟਰ ਲੜਕੀ ਮੋਮੀਤਾ ਦੇ ਨਾਲ, ਜੋ ਘਿਨਾਉਣਾ ਵਰਤਾਰਾ ਹੋਇਆ, ਉਸ ਦੇ ਸੋਗ ਵਜੋਂ ਦੋ ਮਿੰਟ ਦਾ ਮੌਨ ਰੱਖ ਕੇ ਇਸ ਪ੍ਰੋਗਰਾਮ ਦਾ ਆਗਾਜ਼ ਕੀਤਾ ਗਿਆ।ਮੰਚ ਸੰਚਾਲਨ ਮੈਡਮ ਕੁਲਵਿੰਦਰ ਕੌਰ ਨੰਗਲ ਵੱਲੋਂ ਕੀਤਾ ਗਿਆ। ਇਸ ਮੌਕੇ ਵਿਸ਼ਵ ਪੰਜਾਬੀ ਨਾਰੀ ਸਾਹਿਤਕ ਮੰਚ ਦੇ ਪ੍ਰਧਾਨ ਮੈਡਮ ਨਿਰਮਲ ਕੌਰ ਕੋਟਲਾ ਵੱਲੋਂ ਪੰਜਾਬ ਭਰ ਤੋਂ ਆਈਆਂ ਕਵਿਤਰੀਆਂ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸਮਾਜ ਪ੍ਰਤੀ ਆਪਣੀ ਸੁਹਿਰਦਤਾ ਵਿਖਾਉਂਦਿਆਂ ਵੱਖ ਵੱਖ ਵਿਸ਼ਿਆਂ 'ਤੇ ਵਿਚਾਰ ਚਰਚਾ ਵੀ ਕੀਤੀ ਗਈ। ਸਮਾਜ ਵਿੱਚ ਵਧ ਰਹੇ ਨਸ਼ੇ, ਬਲਾਤਕਾਰ, ਸ਼ੋਸ਼ਣ ਦੀ ਬੁਰਾਈ ਸੰਬੰਧੀ, ਬੱਚਿਆਂ ਨੂੰ ਕਿਤਾਬਾਂ ਨਾਲ ਜੋੜਨਾ ਤੇ ਵਾਤਾਵਰਨ ਸਬੰਧੀ ਵੀ ਵਿਚਾਰ ਚਰਚਾਵਾਂ ਕੀਤੀਆਂ ਗਈਆਂ।ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ 'ਤੇ ਮੈਡਮ ਅੰਦਲੀਬ ਕੌਰ ਔਜਲਾ ਵੀ ਪਹੁੰਚੇ।ਉਨ੍ਹਾਂ ਇਸ ਮੌਕੇ ਆਪਣੇ ਖੂਬਸੂਰਤ ਵਿਚਾਰ ਪੇਸ਼ ਕੀਤੇ।ਇਸ ਪ੍ਰੋਗਰਾਮ ਵਿੱਚ ਮਨਦੀਪ ਭਦੌੜ ਵੱਲੋਂ ਸਮਾਜ ਅੰਦਰ ਵਧ ਰਹੀ ਹਿੰਸਾ ਵਾਤਾਵਰਨ ਤੇ ਸਾਹਿਤ ਵਿੱਚ ਸਮਾਜਿਕ ਮੁੱਦਿਆਂ ਬਾਰੇ ਆਪਣੇ ਵਿਚਾਰ ਰੱਖੇ ਵਿਸ਼ੇਸ਼ ਤੌਰ ਬੰਗੇ ਤੋਂ ਪਹੁੰਚੇ ਮਨਜੀਤ ਕੌਰ ਬੋਲਾ, ਮਲੋਟ ਤੋਂ ਰੁਪਿੰਦਰ ਕੌਰ, ਦਲਜੀਤ ਕੌਰ ਜਲੰਧਰ ਤੋਂ ਸਤਵੰਤ ਕੌਰ ਸੱਤੀ, ਸਰਬਜੀਤ ਹਾਜੀਪੁਰ, ਹੁਸ਼ਿਆਰਪੁਰ ਤੋਂ ਸੁਖਬੀਰ ਕੌਰ ਸੁੱਖੀ, ਬਲਜੀਤ ਕੌਰ ਝੂਟੀ ਹਰਚੋਵਾਲ ਤੋਂ ਪ੍ਰੀਤ ਰਿਆੜ ਤੇ ਉਨ੍ਹਾਂ ਦੇ ਮਾਤਾ ਜੀ, ਬਟਾਲੇ ਤੋਂ ਭੈਣ ਨਵਜੋਤ ਕੌਰ ਬਾਜਵਾ ਤੇ ਨੰਗਲ ਤੋਂ ਕੁਲਵਿੰਦਰ ਕੌਰ ਨੰਗਲ, ਨਾਨਕ ਸਿੰਘ ਨੰਗਲ, ਚਰਨ ਸਿੰਘ ਭਦੌੜ, ਹਰਮੀਤ ਆਰਟਿਸਟ, ਭੁਪਿੰਦਰ ਸਿੰਘ ਸੰਧੂ, ਧਰਵਿੰਦਰ ਸਿੰਘ ਔਲਖ, ਅੰਮ੍ਰਿਤਸਰ ਤੋਂ ਜਸਬੀਰ ਕੌਰ ਜੱਸ, ਕੰਵਲਪ੍ਰੀਤ ਕੌਰ ਥਿੰਦ, ਰਿਤੂ ਵਰਮਾ, ਸੁਰਿੰਦਰ ਸਰਾਏ ਤੇ ਮੋਹਾਲੀ ਤੋਂ ਦਵਿੰਦਰ ਕੌਰ ਖੁਸ਼ ਧਾਲੀਵਾਲ, ਬਲਵਿੰਦਰ ਕੌਰ ਪੰਧੇਰ, ਰਜਿੰਦਰ ਕੌਰ ਟਕਾਪੁਰ, ਗਗਨਦੀਪ ਸਿੰਘ ਕੋਟਲਾ ਹਾਜ਼ਰ ਸਨ।

# ਮਾਤਾ ਚਿੰਤਪੁਰਨੀ ਦੇ ਜਾਗਰਣ 'ਚ ਮਾਤਾ ਦੀਆਂ ਭੇਟਾਂ 'ਤੇ ਝੂੰਮੇ ਭਗਤ



ਜ਼ੀਰਾ (ਨਰਿੰਦਰ ਅਨੇਜਾ)-ਛਿਨ ਮਸਤਿਕਾ ਜਾਗਰਣ ਕਮੇਟੀ ਜ਼ੀਰਾ ਵੱਲੋਂ ਮਾਤਾ ਚਿੰਤਪੁਰਨੀ ਜੀ ਦਾ ਸਾਲਾਨਾ ਜਾਗਰਣ ਜਨ ਕਲਿਆਣ ਭਵਨ ਸ੍ਰੀ ਕ੍ਰਿਸ਼ਨਾ ਮੰਦਰ ਚੌਕ ਬਸਤੀ ਮਾਛੀਆਂ ਜ਼ੀਰਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਇਸ ਮੌਕੇ ਮਹਾਂਮਾਈ ਦੇ ਜਾਗਰਣ ਦਾ ਸ਼ੁਭ ਆਰੰਭ ਸਾਬਕਾ ਐੱਮ ਸੀ ਪਵਨ ਕੁਮਾਰ ਅਨੇਜਾ ਪੱਪੂ ਨੇ ਆਪਣੇ ਪਰਿਵਾਰ ਨਾਲ ਆਖੰਡ ਜੋਤ ਦੀ ਪੂਜਾ ਕਰਕੇ ਕੀਤਾ।ਇਸ ਮੌਕੇ ਮੁੱਖ ਮਹਿਮਾਨ ਵਜੋਂ ਨਰੇਸ਼ ਕਟਾਰੀਆ ਹਲਕਾ ਵਿਧਾਇਕ ਜ਼ੀਰਾ, ਸਰਬਜੀਤ ਕੌਰ ਪ੍ਰਧਾਨ ਨਗਰ ਕੌਂਸਲ, ਗੁਰਪ੍ਰੀਤ ਸਿੰਘ ਜੱਜ, ਗੁਰਪ੍ਰੀਤ ਸਿੰਘ ਸਿੱਧੂ ਮੁੱਖ ਸੰਪਾਦਕ ਰਾਖਾ ਪ੍ਰਭ ਅਖਬਾਰ ਜਲੰਧਰ, ਪਵਨ ਕੁਮਾਰ ਲੱਲੀ ਪ੍ਰਧਾਨ, ਪ੍ਰਮੋਦ ਕੁਮਾਰ ਮਾਂ ਕਾਲਕਾ ਧਾਮ ਮੰਦਿਰ ਜ਼ੀਰਾ, ਜਸਵਿੰਦਰ ਭਾਟੀਆ ਪ੍ਰਧਾਨ ਕਰਿਆਨਾ ਯੂਨੀਅਨ ਜ਼ੀਰਾ, ਪ੍ਰਮੋਦ ਕੁਮਾਰ ਜਨਰਲ ਸਟੋਰ ਆਦਿ ਨੇ ਸ਼ਮੂਲੀਅਤ ਕੀਤੀ।ਇਸ ਦੌਰਾਨ ਜਾਗਰਣ ਦੀ ਆਰੰਭਤਾ ਗਣੇਸ਼ ਪੂਜਾ ਤੇ ਝੰਡਾ ਪੂਜਨ ਕਰਨ ਉਪਰੰਤ ਧਾਰਮਿਕ ਗਾਇਕਾਂ ਵੱਲੋਂ ਮਹਾਂਮਾਈ ਦਾ ਗੁਣਗਾਣ ਕੀਤਾ ਗਿਆ।ਇਸ ਮੌਕੇ ਮਾਤਾ ਚਿੰਤਪੁਰਨੀ ਸੇਵਾ ਕਮੇਟੀ ਦੇ ਪ੍ਰਧਾਨ ਸੁਰਿੰਦਰ ਕੁਮਾਰ ਅਨੇਜਾ, ਵਾਇਸ ਪ੍ਰਧਾਨ ਤਰਸੇਮ ਲਾਲ ਖੁਰਾਣਾ, ਦੀਪਕ ਅਨੇਜਾ, ਵਿਨੋਦ ਬਾਹਰੀਆ, ਦੀਪਕ ਧਵਨ, ਡਾ. ਆਤਮਾ ਸਿੰਘ ਕੰਡਿਆਲ, ਅੱਜੂ ਜ਼ੀਰਾ ਆਦਿ ਮੈਂਬਰਾਂ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਮਾਤਾ ਚਿੰਤਪੁਰਨੀ ਜੀ ਦੇ ਸਰੂਪ ਤੇ ਚੁਨਰੀਆਂ ਨਾਲ ਸਨਮਾਨਤ ਕੀਤਾ ਗਿਆ।

# 'ਇਨ੍ਹਾਂ ਨਾਲੋਂ ਤਾਂ ਅਕਾਲੀ-ਕਾਂਗਰਸੀ ਹੀ ਚੰਗੇ ਸੀ'

ਭਗਤਾ ਭਾਈ ਕਾ (ਰਾਜੀਵ ਗੋਇਲ)

ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ ਪਾਰਟੀ ਵੱਲੋਂ ਲੋਕਾਂ ਨਾਲ ਕਾਫੀ ਵਾਅਦੇ ਕੀਤੇ ਗਏ ਸਨ ਤੇ ਸਭ ਤੋਂ ਮੁੱਖ ਮੁੱਦਾ ਸੂਬੇ ਅੰਦਰ ਫੈਲ ਚੁੱਕੇ 'ਚਿੱਟੇ' ਵਰਗੇ ਦੈਂਤ ਦਾ ਸੀ,ਜਿਹੜਾ ਸਾਡੇ ਨੌਜਵਾਨਾਂ ਦੀ ਚਮਕਦੀ ਜਵਾਨੀ ਨੂੰ ਸਿਵਿਆਂ ਦੇ ਰਾਹ ਤੋਰ ਰਿਹਾ ਹੈ। ਸ਼ਹਿਰ ਅੰਦਰ ਨਸ਼ਾ ਰੋਕੂ ਐਕਸ਼ਨ ਕਮੇਟੀ ਮੁੜ ਸਰਗਰਮ ਹੋਈ ਹੈ, ਜਿਸ ਤਹਿਤ ਨੌਜਵਾਨਾਂ ਵੱਲੋਂ ਆਮ ਲੋਕਾਂ ਦੀ ਮੱਦਦ ਦੇ ਨਾਲ ਨਸ਼ਾ ਤਸਕਰਾਂ 'ਤੇ ਖਾਸ ਨਿਗ੍ਹਾ ਰੱਖੀ ਜਾ ਰਹੀ ਹੈ। ਉਧਰ ਕਮੇਟੀ ਵੱਲੋਂ ਹਲਕਾ ਵਿਧਾਇਕ ਬਲਕਾਰ ਸਿੱਧੂ 'ਤੇ ਵੀ ਗਿਲ੍ਹਾ ਜਤਾਇਆ ਜਾ ਰਿਹਾ ਹੈ ਅਤੇ ਕਿਹਾ ਜਾ ਰਿਹਾ ਹੈ ਕਿ ਸਾਡੇ ਹਲਕਾ ਵਿਧਾਇਕ ਕਿਤੇ ਗੁਆਚ ਗਏ ਹਨ, ਕਿਉਂਕਿ ਕਮੇਟੀ ਨੂੰ ਦੁੱਖ ਹੈ ਕਿ ਵਧ ਰਹੇ ਨਸ਼ੇ ਦੇ ਮੁੱਦੇ 'ਤੇ ਅਜੇ ਤੱਕ ਹਲਕਾ ਵਿਧਾਇਕ ਦਾ ਕੋਈ ਵੀ ਬਿਆਨ ਸਾਹਮਣੇ ਨਹੀਂ ਆਇਆ। ਖੁੰਡ ਚਰਚਾ ਦੀ ਕੀਤੀ ਜਾਵੇ ਤਾਂ ਆਮ ਲੋਕਾਂ ਦੇ ਜ਼ਿਹਨ ਵਿੱਚ ਇਹ ਗੱਲ ਘਰ ਕਰ ਚੁੱਕੀ ਹੈ ਕਿ 'ਇਹਨਾਂ ਨਾਲੋਂ ਤਾਂ ਅਕਾਲੀ-ਕਾਂਗਰਸੀ ਹੀ ਚੰਗੇ ਸੀ'। ਇਸ ਮਸਲੇ ਨੂੰ ਲੈ ਕੇ ਜਦੋਂ ਹਲਕਾ ਵਿਧਾਇਕ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਵੱਲੋਂ ਫੋਨ ਨਹੀਂ ਚੁੱਕਿਆ ਗਿਆ।

# ਕਬਾੜੀਆਂ ਦੇ ਨੈੱਟਵਰਕ 'ਤੇ ਵੱਡੀ ਕਾਰਵਾਈ, ਚੋਰੀ ਦੇ ਸਾਮਾਨ ਸਮੇਤ 5 ਕਾਬੂ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਚਾਵਲਾ)-ਜ਼ਿਲ੍ਹਾ ਪੁਲਸ ਮੁਖੀ ਤੁਸ਼ਾਰ ਗੁਪਤਾ ਦੀ ਅਗਵਾਈ ਹੇਠ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਕਾਰਵਾਈ ਕਰਦੇ ਹੋਏ ਅੰਤਰਰਾਜੀ ਕਬਾੜ ਦਾ ਕੰਮ ਕਰਨ ਵਾਲੇ 5 ਮੈਂਬਰਾਂ ਨੂੰ ਚੋਰੀ ਦੇ 7 ਮੋਬਾਇਲ ਟਾਵਰਾਂ ਦੇ ਆਰ ਆਰ ਯੂਨਿਟ ਤੇ 40 ਕਿੱਲੋ ਚੋਰੀ ਦੇ ਮੋਬਾਇਲ ਫੋਨਾਂ ਦੀਆਂ ਸਕਰੀਨਾਂ ਤੇ ਪਾਰਟਸ ਸਮੇਤ ਕਾਬੂ ਕੀਤਾ ਗਿਆ ਹੈ।ਤੁਸ਼ਾਰ ਗੁਪਤਾ ਐੱਸ. ਐੱਸ. ਪੀ. ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਮੁਖਬਰ ਦੀ ਇਤਲਾਹ ਤੇ ਪੁਲਸ ਵੱਲੋਂ ਮਲੋਟ ਰੋਡ ਨੇੜੇ ਰਾਧਾ ਸੁਆਮੀ, ਦੇ ਸਾਹਮਣੇ ਦਰੱਖਤ ਥੱਲੇ ਖੜੀ ਆਰਟਿਕਾ ਗੱਡੀ ਨੰਬਰੀ ਪੀ.ਬੀ.-01ਈ.-2835 ਸਮੇਤ 05 ਵਿਅਕਤੀ ਸਹਿਜ਼ਾਦ ਪੁੱਤਰ ਖੁਰਸ਼ੈਦ, ਮੋਨੂੰ ਪੁੱਤਰ ਆਬਿਦ, ਫੈਜਾਲ ਪੁੱਤਰ ਗੁੱਲੂ, ਜਾਵੇਦ ਪੁੱਤਰ ਕਾਸਿਮ, ਮਸਤਾਕ ਅਲੀ ਉਰਫ ਜੱਸੀ ਪੁੱਤਰ ਅਮਰਨਾਥ ਵਾਸੀਆਨ ਬੈਕ ਸਾਇਡ ਬੱਸ ਸਟੈਂਡ ਗਲੀ ਨੰ;3 ਬਠਿੰਡਾ ਨੂੰ ਕਾਬੂ ਕੀਤਾ ਹੈ ਤੇ ਮੁੱਕਦਮਾ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਜ ਕਰਕੇ ਤਫਤੀਸ਼ ਸ਼ੁਰੂ ਕੀਤੀ ਗਈ।ਮੁੱਢਲੀ ਪੁੱਛਗਿੱਛ ਦੌਰਾਨ ਉੱਕਤ ਵਿਅਕਤੀਆਂ ਨੇ ਦੱਸਿਆ ਕਿ ਉਹ ਪਿਛਲੇ ਸਮੇਂ ਤੋਂ ਕ੍ਰੀਬ 01 ਕਰੋੜ ਦੇ ਚੋਰੀ ਦੇ ਮੋਬਾਇਲ ਟਾਵਰਾਂ ਦੇ ਆਰ.ਆਰ.ਯੂਨਿਟ ਤੇ ਚੋਰੀ ਦੇ ਮੋਬਾਇਲ ਫੋਨ ਦੇ ਪਾਰਟਸ ਖ੍ਰੀਦ ਕਰਕੇ ਦਿੱਲੀ ਅਲੱਗ ਅਲੱਗ ਥਾਵਾਂ 'ਤੇ ਵੇਚ ਚੁੱਕੇ ਹਨ।ਉਕਤ ਵਿਅਕਤੀਆਂ ਨੂੰ ਮਾਨਯੋਗ ਅਦਾਲਤ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ, ਜਿਸ 'ਤੇ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਫੂਡ ਕਾਰਪੋਰੇਸ਼ਨ ਆਫ਼ ਇੰਡੀਆ 'ਚ ਪਸਰੇ ਭ੍ਰਿਸ਼ਟਾਚਾਰ 'ਤੇ ਸਭ ਨੇ ਧਾਰੀ ਚੁੱਪ !

ਜੈਤੋ (ਸਤੀਸ਼ ਕੁਮਾਰ ਭੀਰੀ)-ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਤੇ ਭ੍ਰਿਸ਼ਟਾਚਾਰ ਦੇ ਰਿਸ਼ਤਿਆਂ ਨੂੰ ਜੱਗ ਜ਼ਾਹਰ ਕਰਦੀਆਂ ਖਬਰਾਂ ਅਕਸਰ ਹੀ ਪਿਛਲੇ ਲੰਮੇ ਸਮੇਂ ਤੋਂ ਅਖ਼ਬਾਰਾਂ ਦੀਆਂ ਸੁਰਖੀਆਂ ਬਣ ਰਹੀਆਂ ਹਨ, ਪ੍ਰੰਤੂ ਮਜ਼ਾਲ ਹੈ ਕਿ ਕਿਸੇ ਵੀ ਉੱਚ ਅਧਿਕਾਰੀ ਨੇ ਇਸ ਸਬੰਧੀ ਕੋਈ ਜ਼ੁਬਾਨ 'ਚੋਂ ਇੱਕ ਸ਼ਬਦ ਬੋਲਣ ਦੀ ਖੇਚਲ ਕੀਤੀ ਹੋਵੇ।ਇਨ੍ਹਾਂ ਗੱਲਾਂ ਤੋਂ ਸਾਬਿਤ ਕਰਨ ਲਈ ਕੋਈ ਸਬੂਤ ਦੀ ਲੋੜ ਨਹੀਂ ਪੈਂਦੀ ਕਿ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਆਲ੍ਹਾ ਅਧਿਕਾਰੀਆਂ ਨੂੰ ਸਮੇਂ ਸਿਰ ਹਿੱਸਾ ਪਹੁੰਚਾ ਦਿੱਤਾ ਜਾਂਦਾ ਹੈ।ਦੱਸਣਯੋਗ ਹੈ ਕਿ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਜ਼ੁੰਮੇਵਾਰ ਪ੍ਰੰਤੂ ਭ੍ਰਿਸ਼ਟ ਟੋਲੇ ਵੱਲੋਂ ਆਪਣੇ ਗੁਦਾਮਾਂ ਵਿੱਚ ਲੱਗਣ ਵਾਲੇ ਅਨਾਜ ਵਿੱਚ ਅਨੇਕਾਂ ਖਾਮੀਆਂ ਨੂੰ ਨਜ਼ਰਅੰਦਾਜ਼ ਕਰਦੇ ਹੋਏ ਤੇ ਗਰੀਬ ਜਨਤਾ ਦੀ ਸਿਹਤ ਨਾਲ ਖਿਲਵਾੜ ਕਰਦੇ ਹੋਏ ਹੱਦੋਂ ਵੱਧ ਟੁੱਟ, ਬੇਹਿਸਾਬੀ ਡਿਸਕਲਰ, ਡੈਮੇਜ ਤੈਅ ਮਾਪਦੰਡਾਂ ਤੋਂ ਜ਼ਿਆਦਾ, ਵਜ਼ਨ ਵਿੱਚ ਲਕੋਅ ਤੇ ਬਾਰਦਾਨੇ ਦੀ ਕਵਾਲਿਟੀ ਨਾਲ ਸਮਝੌਤਾ ਕਰਦੇ ਹੋਏ ਪ੍ਰਤੀ ਗੱਡੀ ਹਜ਼ਾਰਾਂ ਰੁਪਏ ਦੀ ਰਿਸ਼ਵਤ ਦੀ ਗੰਦਗੀ ਵਿੱਚ ਲੋਟਣੀਆਂ ਲਾਉਣ ਤੋਂ ਵੀ ਗੁਰੇਜ਼ ਨਹੀਂ ਕੀਤਾ ਜਾਂਦਾ।ਜੇਕਰ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਉੱਚ ਅਧਿਕਾਰੀਆਂ ਜਾਂ ਜਾਂਚ ਏਜੰਸੀਆਂ ਵੱਲੋਂ ਕੋਈ ਪੜਤਾਲ ਕਰਨ ਲਈ ਕਦਮ ਪੁੱਟਿਆ ਜਾਵੇ ਤਾਂ ਭ੍ਰਿਸ਼ਟਾਚਾਰ ਦਾ ਰਾਕਸ਼ਸ਼ ਉਨ੍ਹਾਂ ਦੇ ਰਾਹ ਵਿੱਚ ਰਿਸ਼ਵਤ ਰੂਪੀ ਟੋਏ ਪੁੱਟ ਦਿੰਦਾ ਹੈ, ਜਿਸ ਨੂੰ ਦੇਖ ਕੇ ਇਸ ਭ੍ਰਿਸ਼ਟ ਟੋਲੇ ਵੱਲੋਂ ਅੱਖਾਂ ਮੀਚ ਲਈਆਂ ਜਾਂਦੀਆਂ ਹਨ ਤੇ ਟੋਇਆ ਟੱਪਣਾ ਇਨ੍ਹਾਂ ਲਈ ਔਖਾ ਹੋ ਜਾਂਦਾ ਹੈ।ਐੱਫ਼ ਸੀ ਆਈ ਦੇ ਗੁਦਾਮਾਂ ਵਿੱਚ ਗਰੀਬਾਂ ਦੀ ਸਿਹਤ ਨਾਲ ਖਿਲਵਾੜ ਕਰਦੇ ਅਨਾਜ ਸਬੰਧੀ ਦੋਸ਼ੀਆਂ ਖ਼ਿਲਾਫ਼ ਕਾਰਵਾਈ ਨੂੰ ਲੈ ਕੇ ਐੱਫ਼ ਸੀ ਆਈ ਦੇ ਜਨਰਲ ਮੈਨੇਜਰ ਸ੍ਰੀ ਨਿਵਾਸਨ ਆਈ ਏ ਐੱਸ ਨੂੰ ਫੋਨ ਕੀਤਾ ਤਾਂ ਹਰ ਵਾਰ ਦੀ ਤਰ੍ਹਾਂ ਕੰਪਿਊਟਰ ਨੇ ਹੀ ਜਬਲੀਆਂ ਮਾਰੀਆਂ, ਇਸ ਤੋਂ ਬਾਅਦ ਡੀ ਜੀ ਐੱਮ ਅੰਸ਼ੂਮਨ ਚੱਕਰਵਰਤੀ, ਡੀ ਜੀ ਐੱਮ ਲੀਗਲ ਸੰਜੇ ਕੁਮਾਰ ਸ਼ਰਮਾ ਤੇ ਡੀ ਜੀ ਐੱਮ ਵਿਜੀਲੈਂਸ ਮਲਿਕ ਰੇਹਨ ਪਾਸ਼ਾ ਨੂੰ ਫੋਨ ਮਿਲਾਇਆ ਗਿਆ, ਪ੍ਰੰਤੂ ਜਵਾਬ ਇਹ ਫੋਨ ਮੌਜੂਦ ਨਹੀਂ ਹੈ, ਇਹ ਫੋਨ ਬੰਦ ਹੈ ਦਾ ਜਵਾਬ ਦਿੰਦੇ ਹੋਏ ਫਿਰ ਤੋਂ ਬੋਲਣ ਵਾਲੇ ਕੰਪਿਊਟਰ ਨੇ ਭ੍ਰਿਸ਼ਟਾਚਾਰ ਬਾਰੇ ਪੱਖ ਲੈਣ ਦੀ ਖਿੱਲੀ ਉਡਾਈ।ਅੰਤ ਵਿੱਚ ਦੱਸਣਾ ਬਣਦਾ ਹੈ ਕਿ ਫੂਡ ਕਾਰਪੋਰੇਸ਼ਨ ਆਫ਼ ਦੇ ਗੁਦਾਮਾਂ ਵਿੱਚ, ਦਫ਼ਤਰਾਂ ਵਿੱਚ ਕਿੰਨੇ ਹੀ ਘੁਟਾਲੇ ਘਪਲੇ ਹੁੰਦੇ ਰਹਿਣ, ਭ੍ਰਿਸ਼ਟਾਚਾਰ ਹੁੰਦਾ ਰਹੇ, ਭ੍ਰਿਸ਼ਟ ਲਾਣੇ 'ਤੇ ਰੋਕ ਲਾਉਣ ਲਈ ਉਨ੍ਹਾਂ ਵਿਰੁੱਧ ਸੁਣਵਾਈ ਕਰਨ ਲਈ ਕਿਸੇ ਵੀ ਉੱਚ ਅਧਿਕਾਰੀ ਨਾਲ ਸੰਪਰਕ ਕਰਨਾ ਇਸ ਕਹਾਵਤ ਨੂੰ ਸੱਚ ਸਾਬਿਤ ਕਰਦਾ ਹੈ ਕਿ ਇਹ ਕਰਨਾ ਕੋਈ ਖਾਲਾ ਜੀ ਦਾ ਵਾੜਾ ਨਹੀਂ।

# ਮਰਹੂਮ ਕਵੀ ਤੂਫ਼ਾਨ ਦੀ ਪੁਸਤਕ 'ਸਿੱਖੀ ਦੀ ਮਹਿਕ' ਦਾ ਲੋਕ ਅਰਪਣ



ਸਮਰਾਲਾ (ਸੁਰਜੀਤ ਸਿੰਘ)-ਬਹੁਪੱਖੀ ਸਾਹਿਤਕਾਰ, ਪੱਤਰਕਾਰ, ਪੰਜਾਬੀ ਭਾਸ਼ਾ ਦੇ ਪਹਿਲੇ ਜਸੂਸੀ ਨਾਵਲਕਾਰ, ਪੰਜਾਬ ਰਾਜ ਬਿਜਲੀ ਬੋਰਡ ਦੇ ਮੁੱਖ ਸੂਚਨਾ ਅਫ਼ਸਰ ਤੇ ਪੰਥਕ ਕਵੀ ਸਵਰਗੀ ਸ੍ਰ. ਅਵਤਾਰ ਸਿੰਘ ਤੂਫਾਨ ਦੀ 27ਵੀਂ ਬਰਸੀ ਮੌਕੇ ਉਨ੍ਹਾਂ ਦੀ ਕਾਵਿ ਪੁਸਤਕ 'ਸਿੱਖੀ ਦੀ ਮਹਿਕ' ਦਾ ਲੋਕ ਅਰਪਣ ਸਮਾਰੋਹ ਯਾਦਗਾਰੀ ਹੋ ਨਿੱਬੜਿਆ।ਪੰਜਾਬੀ ਭਵਨ ਲੁਧਿਆਣਾ ਦੇ ਰਾਣਾ ਦਲਜੀਤ ਸਿੰਘ ਸੈਮੀਨਾਰ ਹਾਲ ਵਿਖੇ ਸ਼੍ਰੋਮਣੀ ਲਿਖਾਰੀ ਬੋਰਡ ਵੱਲੋਂ ਕਰਵਾਏ ਸਮਾਗਮ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਪੁੱਜੇ ਲੇਖਕਾਂ, ਕਲਾਕਾਰਾਂ, ਸਾਹਿਤਕਾਰਾਂ, ਗੀਤਕਾਰਾਂ, ਕਵੀਆਂ/ਕਵਿਤਰੀਆਂ ਤੇ ਵਿੱਦਿਅਕ ਮਾਹਰਾਂ ਦੀ ਹਾਜ਼ਰੀ ਵਿੱਚ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਤੇ ਜਨ. ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ, ਉਪ ਪ੍ਰਧਾਨ ਤ੍ਰੈਲੋਚਨ ਲੋਚੀ, ਡਾ. ਗੁਰਚਰਨ ਕੌਰ ਕੋਚਰ, ਨੈਸ਼ਨਲ ਤੇ ਸਟੇਟ ਐਵਾਰਡੀ ਅਧਿਆਪਕਾ, ਪੰਜਾਬੀ ਲੋਕ ਵਿਰਾਸਤ ਅਕਾਦਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ, ਸਾਬਕਾ ਪ੍ਰਧਾਨ ਪੰਜਾਬੀ ਸਾਹਿਤ ਅਕਾਦਮੀ, ਸਮਾਰੋਹ ਦੀ ਪ੍ਰਬੰਧਕ ਸੰਸਥਾ ਦੇ ਪ੍ਰਧਾਨ ਪ੍ਰਭਕਿਰਨ ਸਿੰਘ ਤੇ ਜਨ. ਸਕੱਤਰ ਪਵਨਪ੍ਰੀਤ ਸਿੰਘ ਤੂਫਾਨ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸ਼੍ਰੋਮਣੀ ਸਾਹਿਤਕਾਰ ਡਾ. ਫਕੀਰ ਚੰਦ ਸ਼ੁਕਲਾ ਤੇ ਪ੍ਰੀਤ ਸਾਹਿਤ ਸਦਨ ਦੇ ਪ੍ਰਧਾਨ ਡਾ. ਮਨੋਜ ਪ੍ਰੀਤ ਵੱਲੋਂ ਸਾਂਝੇ ਤੌਰ 'ਤੇ ਲੋਕ ਅਰਪਣ ਦੀ ਰਸਮ ਅਦਾ ਕੀਤੀ ਗਈ, ਜਦਕਿ ਵਿਸ਼ਵ ਪੰਜਾਬੀ ਕਵੀ ਸਭਾ ਦੇ ਪ੍ਰਧਾਨ ਜੁਗਿੰਦਰ ਸਿੰਘ ਕੰਗ ਵੱਲੋਂ ਪੁਸਤਕ ਸਬੰਧੀ ਜਾਣਕਾਰੀ ਭਰਪੂਰ ਪੇਪਰ ਪੜ੍ਹਿਆ ਗਿਆ। ਸਮਾਰੋਹ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ 'ਸਿੱਖੀ ਦੀ ਮਹਿਕ' ਪੁਸਤਕ ਉਨ੍ਹਾਂ ਦੀਆਂ ਲਿਖੀਆਂ ਨਿਰੋਲ ਧਾਰਮਿਕ ਕਵਿਤਾਵਾਂ ਦੀ ਪੁਸਤਕ ਹੈ, ਜਦਕਿ ਤੂਫ਼ਾਨ ਦੀਆਂ ਪੰਥਕ ਸ਼ਾਨਾਂ, ਜਾਗੋ ਤੇ ਜਗਾਓ, ਬਾਬਾ ਲੰਗੋਟੀ ਵਾਲਾ (ਬਾਲ ਸਾਹਿਤ), ਚਾਰ ਸਾਥੀ (ਬਾਲ ਸਾਹਿਤ), ਸਾਡਾ ਥਾਈ ਸਫ਼ਰਨਾਮਾ, ਜਦੋਂ ਅਸੀਂ ਟੀ ਵੀ ਬਣੇ (ਹਾਸ ਵਿਅੰਗ), ਖ਼ੂਨੀ ਕਵੀ (ਜਾਸੂਸੀ ਨਾਵਲ) ਦੀਆਂ ਪੁਸਤਕਾਂ ਪਹਿਲਾਂ ਹੀ ਪ੍ਰਕਾਸ਼ਤ ਹੋ ਚੁੱਕੀਆਂ ਹਨ।ਲੇਖਕ ਦੇ ਸਾਹਿਤਕ ਸਫਰ ਬਾਰੇ ਰੌਸ਼ਨੀ ਪਾਉਂਦਿਆਂ ਉਨ੍ਹਾਂ ਕਿਹਾ ਕਿ ਤੂਫਾਨ ਸਾਹਿਬ ਨੂੰ ਕਵਿਤਾ ਲਿਖਣ ਤੇ ਬੋਲਣ ਦੀ ਗੁੜ੍ਹਤੀ ਵਿਰਸੇ ਵਿੱਚ ਹੀ ਮਿਲ ਗਈ ਸੀ, ਕਿਉਂਕਿ ਇਨ੍ਹਾਂ ਦੇ ਪਿਤਾ ਸੰਤੋਖ ਸਿੰਘ ਕਾਮਿਲ ਉਰਦੂ ਦੇ ਨਾਮਵਰ ਸ਼ਾਇਰ ਸਨ ਤੇ ਇਨ੍ਹਾਂ ਦੀ ਧਰਮਪਤਨੀ ਸਵ. ਸ੍ਰੀਮਤੀ ਨਿਰੰਜਨ ਅਵਤਾਰ ਕੌਰ ਵੀ ਕਵਿੱਤਰੀ ਹੋਣ ਦੇ ਨਾਲ ਨਾਲ ਬਹੁਪੱਖੀ ਲੇਖਕ ਸੀ।ਤੂਫ਼ਾਨ ਸਾਹਿਬ ਆਪਣੇ ਵਿਦਿਆਰਥੀ ਜੀਵਨ ਦੌਰਾਨ ਕਾਲਜ ਮੈਗਜ਼ੀਨ ਦੇ ਸੰਪਾਦਕ ਰਹੇ, ਸਰਕਾਰੀ ਸੇਵਾ ਦੌਰਾਨ ਮੁਲਜ਼ਮਾਂ ਦੀ ਜਥੇਬੰਦੀ ਵੱਲੋਂ ਅੰਦੋਲਨ ਨਾਂ ਦਾ ਪੰਦਰਵਾੜਾ ਅਖਬਾਰ ਪ੍ਰਕਾਸ਼ਤ ਕਰਦੇ ਰਹੇ। ਪੰਥਕ ਕਵੀ ਤੇ ਸ਼੍ਰੋਮਣੀ ਲਿਖਾਰੀ ਬੋਰਡ ਦੇ ਸਰਪ੍ਰਸਤ ਹਰਦੇਵ ਸਿੰਘ ਕਲਸੀ, ਚਰਨਜੀਤ ਸਿੰਘ ਚੰਨ, ਭੁਪਿੰਦਰ ਸਿੰਘ ਸੈਣੀ ਤੇ ਦਲਬੀਰ ਸਿੰਘ ਕਲੇਰ ਨੇ ਤੂਫ਼ਾਨ ਸਾਹਿਬ ਨੂੰ ਸਮਰਪਤ ਕਵਿਤਾਵਾਂ ਪੜ੍ਹੀਆਂ, ਜਦਕਿ ਸੰਗੀਤ ਨਿਰਦੇਸ਼ਕ ਤੇ ਗਾਇਕ ਭਗਵੰਤ ਸਿੰਘ ਅਹੂਜਾ, ਪ੍ਰਮਿੰਦਰ ਸਿੰਘ ਅਲਬੇਲਾ, ਸਪੈਸ਼ਲ ਚਾਇਲਡ ਸ਼ਰੂਤੀ, ਸ੍ਰੀਮਤੀ ਕੰਵਲ ਵਾਲੀਆ, ਸੁਨਿਧੀ ਸ਼ਰਮਾ, ਕਮਲਪ੍ਰੀਤ ਕੌਰ ਤੇ ਇੰਦਰਜੀਤ ਕੌਰ ਲੋਟੇ ਆਦਿ ਨੇ ਤੂਫਾਨ ਸਾਹਿਬ ਤੇ ਬੀਬੀ ਨਿਰੰਜਨ ਅਵਤਾਰ ਕੌਰ ਦੇ ਲਿਖੇ ਗੀਤਾਂ ਨੂੰ ਆਪਣੇ ਸੁਰਾਂ ਨਾਲ ਸਜਾ ਕੇ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ।ਇਸ ਮੌਕੇ ਕੇ. ਸਾਧੂ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ ਲੈਕਚਰਾਰ ਗੁਰਪ੍ਰੀਤ ਕੌਰ, ਐਡਵੋਕੇਟ ਪਰਮਜੀਤ ਕਪੂਰ, ਹਰਮੀਤ ਕੌਰ ਸੂਦ, ਮਨਿੰਦਰ ਸਿੰਘ ਸੂਦ, ਜਗਜੀਤ ਸਿੰਘ ਚੋਪੜਾ, ਭਵਜੋਤ ਕੌਰ, ਗੀਤਕਾਰ ਸੁਖਬੀਰ ਸੰਧੇ, ਸਤੀਸ਼ ਚੰਦਰ ਧਵਨ ਸਰਕਾਰੀ ਕਾਲਜ ਯੂਨੀਅਨ ਦੇ ਪ੍ਰਧਾਨ ਅਰਮਾਨ ਬਿਰਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ, ਮੁਲਾਜ਼ਮ ਜਥੇਬੰਦੀਆਂ ਦੇ ਕਈ ਮੈਂਬਰ, ਰਾਜਨੀਤਕ ਤੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦੇ ਵੱਡੀ ਗਿਣਤੀ ਵਿੱਚ ਪਹੁੰਚੇ ਹੋਏ ਸਨ, ਜਦਕਿ ਆਏ ਵਿਸ਼ੇਸ਼ ਮਹਿਮਾਨਾਂ ਨੂੰ ਤੂਫਾਨ ਸਾਹਿਬ ਮੈਮੋਰੀਅਲ ਐਜੂਕੇਸ਼ਨਲ ਸੁਸਾਇਟੀ ਵੱਲੋਂ ਯਾਦਕਾਰੀ ਚਿੰਨ੍ਹ ਭੇਟ ਕਰ ਕੇ ਸਨਮਾਨਤ ਕੀਤਾ ਗਿਆ।

# ਗੁਰਦੁਆਰਾ ਆਨੰਦਪੁਰ ਸਾਹਿਬ ਦੀ ਪੁਰਾਤਨ ਦਿੱਖ ਤੇ ਵਿਰਸੇ ਨੂੰ ਕਾਰ ਸੇਵਾ ਦੇ ਨਾਂਅ ਰਾਹੀਂ ਖਤਮ ਕਰਨ ਦੀ ਸਾਜ਼ਿਸ਼ ਬਰਦਾਸ਼ਤਯੋਗ ਨਹੀਂ : ਮਾਨ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਤਰਨਤਾਰਨ ਸਾਹਿਬ ਦੀ ਪੁਰਾਣੀ ਦਰਸ਼ਨੀ ਡਿਊੜੀ, ਗੁਰਦੁਆਰਾ ਭੋਰਾ ਸਾਹਿਬ ਦੀ ਪੁਰਾਤਨ ਇਤਿਹਾਸਕ ਦਿੱਖ ਤੇ ਵਿਰਸੇ ਨੂੰ ਖਤਮ ਕਰਨ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੁਣ ਨੌਵੇਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸੀਸ ਦਾ ਸੰਸਕਾਰ ਕਰਨ ਵਾਲੇ ਇਤਿਹਾਸਕ ਸਥਾਨ ਸੀਸਗੰਜ ਸਾਹਿਬ ਦੀਆਂ ਅੰਦਰਲੀਆਂ ਪੁਰਾਤਨ ਦੀਵਾਰਾਂ 'ਤੇ ਹੋਈ ਮੀਨਾਕਾਰੀ ਨੂੰ ਖਤਮ ਕਰਨ ਦੀ ਕਾਰ ਸੇਵਾ ਦੇ ਬਾਬਿਆਂ ਰਾਹੀਂ ਤਿਆਰੀ ਕੀਤੀ ਜਾ ਰਹੀ ਹੈ, ਜੋ ਸਿੱਖ ਕੌਮ ਲਈ ਬਰਦਾਸ਼ਤ ਕਰਨ ਯੋਗ ਨਹੀਂ ਹੈ, ਕਿਉਂਕਿ ਹਿੰਦੂਤਵ ਕੱਟੜਵਾਦੀ ਹੁਕਮਰਾਨ ਸਿੱਖੀ ਭੇਖ ਵਿੱਚ ਆਪਣੇ ਬੈਠੇ ਸਮਰਥਕਾਂ ਤੇ ਸਾਡੀਆਂ ਸੰਸਥਾਵਾਂ ਦੀ ਦੁਰਵਰਤੋਂ ਇਕ-ਇਕ ਕਰਕੇ ਸਾਡੀਆਂ ਇਤਿਹਾਸਕ ਇਮਾਰਤਾਂ, ਵਿਰਸੇ-ਵਿਰਾਸਤ ਨੂੰ ਪੂਰਨ ਰੂਪ ਵਿੱਚ ਖਤਮ ਕਰਨ 'ਤੇ ਉਤਾਰੂ ਹੋਈ ਪਈ ਹੈ, ਜਿਸ ਨੂੰ ਦ੍ਰਿੜ੍ਹਤਾ ਨਾਲ ਸਾਡੀਆਂ ਸਿੱਖ ਸੰਸਥਾਵਾਂ ਤੇ ਸੁਹਿਰਦ ਲੀਡਰਸ਼ਿਪ ਵੱਲੋਂ ਸਮੂਹਕ ਤੌਰ 'ਤੇ ਆਵਾਜ਼ ਉਠਾਉਂਦੇ ਹੋਏ ਇਸ ਦੁੱਖਦਾਇਕ ਵਰਤਾਰੇ ਨੂੰ ਹਰ ਕੀਮਤ 'ਤੇ ਬੰਦ ਕਰਨਾ ਪਵੇਗਾ।ਇਹ ਵਿਚਾਰ ਸ੍ਰ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸੀਸ ਨਾਲ ਸੰਬੰਧਤ ਸੰਸਕਾਰ ਅਸਥਾਨ ਗੁਰਦੁਆਰਾ ਸੀਸਗੰਜ ਦੀਆਂ ਅੰਦਰਲੀਆਂ ਦੀਵਾਰਾਂ 'ਤੇ ਪੁਰਾਤਨ ਘੜੀ ਹੋਈ ਮੀਨਾਕਾਰੀ ਨੂੰ ਕਾਰ ਸੇਵਾ ਦੇ ਨਾਮ 'ਤੇ ਆਪਣੇ ਵਿਰਸੇ ਨੂੰ ਖਤਮ ਕਰਨ ਦੀਆਂ ਕਾਰਵਾਈਆਂ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਅਤੇ ਮੌਜੂਦਾ ਐੱਸ.ਜੀ.ਪੀ.ਸੀ. 'ਤੇ ਬੈਠੇ ਅਧਿਕਾਰੀਆਂ ਨੂੰ ਇਸ ਅਤਿ ਸੰਜੀਦਾ ਉੱਦਮ ਲਈ ਖ਼ਬਰਦਾਰ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਸੁਝਾਅ ਦਿੰਦੇ ਹੋਏ ਕਿਹਾ ਕਿ ਜਿੰਨੀਆਂ ਵੀ ਸਾਡੀਆਂ ਇਤਿਹਾਸਕ ਇਮਾਰਤਾਂ, ਯਾਦਗਰਾਂ, ਵਿਰਾਸਤਾਂ ਹਨ, ਉਨ੍ਹਾਂ ਦਾ ਨਵੀਨੀਕਰਨ ਕਰਨ ਸਮੇਂ ਜਾਂ ਉਨ੍ਹਾਂ ਦੀ ਸੁੰਦਰਤਾ ਵਿੱਚ ਵਾਧਾ ਕਰਨ ਸਮੇਂ ਪੁਰਾਤਨ ਇਤਿਹਾਸਕ ਦਿੱਖ ਨੂੰ ਸਥਾਈ ਤੌਰ 'ਤੇ ਕਾਇਮ ਰੱਖਣ ਲਈ ਖਾਲਸਾ ਪੰਥ ਵਿੱਚੋਂ ਇਤਿਹਾਸ ਨਾਲ ਸੰਬੰਧਤ ਬੁੱਧੀਜੀਵੀਆਂ ਤੇ ਵਿਦਵਾਨਾਂ ਦੀ ਇੱਕ ਕਮੇਟੀ ਦਾ ਪਹਿਲ ਦੇ ਆਧਾਰ 'ਤੇ ਗਠਨ ਹੋਣਾ ਚਾਹੀਦਾ ਹੈ।ਜਦੋਂ ਵੀ ਅਜਿਹੀ ਕਾਰ ਸੇਵਾ ਰਾਹੀਂ ਨਵੀਨੀਕਰਨ ਕਿਸੇ ਸਥਾਨ ਦੀ ਹੋਵੇ, ਤਾਂ ਇਸ ਕਮੇਟੀ ਦੀ ਹਾਜ਼ਰੀ ਵਿੱਚ ਤੇ ਉਨ੍ਹਾਂ ਦੀ ਰਾਏ ਮਸ਼ਵਰੇ ਤੋਂ ਬਗੈਰ ਕਿਸੇ ਵੀ ਯਾਦਗਰ ਤੇ ਇਤਿਹਾਸ ਨੂੰ ਖਤਮ ਕਰਨ ਤੋਂ ਬਚਾਉਣ ਦੇ ਫਰਜ਼ ਨਿਭਾਉਣੇ ਅਤਿ ਜ਼ਰੂਰੀ ਹਨ।ਉਨ੍ਹਾਂ ਸਿੱਖ ਕੌਮ ਨੂੰ ਇਸ ਗੰਭੀਰ ਵਿਸ਼ੇ 'ਤੇ ਫੌਰੀ ਇਕੱਤਰ ਹੋ ਕੇ ਮੌਜੂਦਾ ਐੱਸ.ਜੀ.ਪੀ.ਸੀ. ਦੇ ਅਧਿਕਾਰੀਆਂ ਤੇ ਕਾਰ ਸੇਵਾ ਵਾਲੇ ਬਾਬਿਆਂ ਦੀ ਇਸ ਅਤਿ ਮੰਦਭਾਵਨਾ ਭਰੇ ਅਮਲ ਨੂੰ ਰੋਕਣ ਲਈ ਆਪੋ ਆਪਣਾ ਇਖਲਾਕੀ ਫਰਜ਼ ਸਮਝ ਕੇ ਜਾਂ ਸਮੂਹਕ ਤੌਰ 'ਤੇ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਅਸੀਂ ਸੁੰਦਰੀਕਰਨ ਤੇ ਨਵੀਨਕਰਨ ਦੇ ਵਿਰੁੱਧ ਨਹੀ ਹਾਂ, ਪਰ ਅਜਿਹਾ ਕਰਦੇ ਹੋਏ ਸਿੱਖ ਕੌਮ ਦੇ ਮਹਾਨ ਵਿਰਸੇ ਤੇ ਵਿਰਾਸਤ ਦੀਆਂ ਯਾਦਗਰਾਂ ਨੂੰ ਰੱਤੀ ਭਰ ਵੀ ਕੋਈ ਨੁਕਸਾਨ ਨਹੀਂ ਹੋਣਾ ਚਾਹੀਦਾ।ਇਸ ਲਈ ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਐੱਸ.ਜੀ.ਪੀ.ਸੀ. ਦੇ ਅਧਿਕਾਰੀ ਤੇ ਸੰਬੰਧਤ ਕਾਰ ਸੇਵਾ ਵਾਲੇ ਬਾਬੇ ਆਪਣੇ ਵਿਰਸੇ ਵਿਰਾਸਤ ਨੂੰ ਖਤਮ ਕਰਨ ਦੀ ਕਦੇ ਵੀ ਬਜਰ ਗੁਸਤਾਖ਼ੀ ਨਹੀਂ ਕਰਨਗੇ।

# ਚਾਰਾ ਮੰਡੀ ਵਿਖੇ ਹੋਏ ਕਤਲ ਮਾਮਲੇ 'ਚ 4 ਗ੍ਰਿਫ਼ਤਾਰ



**ਜਲੰਧਰ, (ਸ਼ੈਲੀ ਐਲਬਰਟ)** : ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਪੁਲਸ ਨੇ ਬੂਟਾ ਮੰਡੀ ਚਾਰਾ ਮੰਡੀ ਵਿਖੇ ਇੱਕ ਵਿਅਕਤੀ ਦਾ ਕਤਲ ਕਰਨ ਦੇ ਦੋਸ਼ ਹੇਠ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਅਜੇ ਕੁਮਾਰ ਪੁੱਤਰ ਵਿਕਰਮਜੀਤ ਸਿੰਘ ਵਾਸੀ ਦਿਓਲ ਨਗਰ ਨੇੜੇ ਦੁਰਗਾ ਸ਼ਕਤੀ ਮੰਦਰ ਭਾਰਗੋ ਕੈਂਪ ਜਲੰਧਰ ਨੇ ਸ਼ਿਕਾਇਤ ਦਿੱਤੀ ਸੀ ਕਿ ਉਸ ਦਾ ਵੱਡਾ ਭਰਾ ਦੀਪਕ ਕੁਮਾਰ ਉਰਫ ਦੀਪੂ ਨਿਗਮ ਵਿੱਚ ਕਲੀਨਰ ਵਜੋਂ ਨੌਕਰੀ ਕਰਦਾ ਸੀ। ਉਸ ਦਾ ਭਰਾ ਅਵਤਾਰ ਸਿੰਘ ਉਰਫ ਤਾਰੀ ਪੁੱਤਰ ਹਰਬੰਸ ਲਾਲ ਵਾਸੀ ਮੁਹੱਲਾ ਜਲੋਵਾਲ ਅਬਾਦੀ ਜਲੰਧਰ ਦਾ ਦੋਸਤ ਹੈ ਅਤੇ ਕਰੀਬ ਦੋ ਮਹੀਨੇ ਪਹਿਲਾਂ ਅਵਤਾਰ ਨੇ ਉਸ ਤੋਂ 1.50 ਲੱਖ ਰੁਪਏ ਲਏ ਸਨ। 20 ਅਗਸਤ ਸ਼ਾਮ 7 ਵਜੇ ਦੇ ਕਰੀਬ ਉਸ ਦਾ ਭਰਾ ਅਤੇ ਉਸ ਦਾ ਦੋਸਤ ਅਨਿਲ ਕੁਮਾਰ ਉਰਫ ਗੱਗੂ ਉਕਤ ਪੈਸੇ ਲੈਣ ਲਈ ਚਾਰਾ ਮੰਡੀ ਬੂਟਾ ਮੰਡੀ ਜਲੰਧਰ ਗਏ ਸਨ। ਅਵਤਾਰ ਸਿੰਘ ਤਾਰੀ ਨੇ 9-10 ਵਿਅਕਤੀਆਂ ਨਾਲ ਮਿਲ ਕੇ ਉਨ੍ਹਾਂ ਨਾਲ ਝਗੜਾ ਕਰ ਕੇ ਜ਼ਖ਼ਮੀ ਕਰ ਦਿੱਤਾ। ਦੀਪਕ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੀ ਮੌਤ ਹੋ ਗਈ ਅਤੇ ਅਨਿਲ ਕੁਮਾਰ ਗੱਗੂ ਦੇ ਵੀ ਸੱਟਾਂ ਲੱਗੀਆਂ ਅਤੇ ਉਸ ਦਾ ਹਸਪਤਾਲ ਵਿਚ ਇਲਾਜ ਚੱਲ ਰਿਹਾ ਹੈ।ਪੁਲਸ ਨੇ ਥਾਣਾ ਭਾਰਗੋ ਕੈਂਪ ਜਲੰਧਰ ਵਿਖੇ ਐੱਫ. ਆਈ ਆਰ ਦਰਜ ਕੀਤੀ ਗਈ। ਜਾਂਚ ਦੌਰਾਨ ਹਮਲਾਵਰਾਂ ਦੀ ਪਹਿਚਾਣ ਅਵਤਾਰ ਸੁਮਨ ਉਰਫ ਤਾਰੀ ਪੁੱਤਰ ਹਰਬੰਸ ਲਾਲ ਵਾਸੀ ਐਚ.ਐਨ. 305 ਨਿਊ ਜਲੋਵਾਲ ਅਬਾਦੀ ਜਲੰਧਰ, ਜੌਨੀ ਪੁੱਤਰ ਹਰਬੰਸ ਲਾਲ ਵਾਸੀ ਐਚ ਵਿਜੇ ਕੁਮਾਰ ਵਾਸੀ ਐਚ.ਐਨ. 223 ਜਲੋਵਾਲ ਅਬਾਦੀ ਜਲੰਧਰ ਅਤੇ ਰਜਤ ਨਾਹਰ ਉਰਫ ਨੋਨਾ ਪੁੱਤਰ ਰਸ਼ਪਾਲ ਸਿੰਘ ਵਾਸੀ ਐਚ.ਐਨ. 108 ਟਾਵਰ ਇਨਕਲੇਵ ਪੀ.ਐੱਚ.-3 ਪੀ.ਐਸ. ਲਾਂਬੜਾ ਜਲੰਧਰ ਵਜੋਂ ਹੋਈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਹਮਲਾਵਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਮੁਲਜ਼ਮ ਜੌਨੀ ਅਤੇ ਰਜਤ ਨਾਹਰ ਨੋਨਾ ਕੋਲੋਂ ਵਾਰਦਾਤ ਵਿੱਚ ਵਰਤੇ ਗਏ ਦੋ ਚਾਕੂ (ਦਾਤਰ) ਬਰਾਮਦ ਹੋਏ ਹਨ।

# ਸਪੀਕਰ ਸੰਧਵਾਂ ਵੱਲੋਂ ਲੋਕ ਮਿਲਣੀ ਪ੍ਰੋਗਰਾਮਾਂ ਦਾ ਸਿਲਸਿਲਾ ਜਾਰੀ



ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਵੱਲੋਂ ਹਫ਼ਤੇ ਦੇ ਹਰ ਸੋਮਵਾਰ ਲਾਏ ਜਾਂਦੇ ਲੋਕ ਮਿਲਣੀ ਪ੍ਰੋਗਰਾਮਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਉਨ੍ਹਾਂ ਆਪਣੇ ਗ੍ਰਹਿ ਪਿੰਡ ਸੰਧਵਾਂ ਵਿਖੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਮੌਕੇ 'ਤੇ ਮੌਜੂਦ ਅਧਿਕਾਰੀਆਂ ਕ੍ਰਮਚਾਰੀਆਂ ਨੂੰ ਫੌਰੀ ਹੱਲ ਦੇ ਨਿਰਦੇਸ਼ ਦਿੱਤੇ। ਸੰਧਵਾਂ ਨੇ ਕਿਹਾ ਕਿ ਉਨ੍ਹਾਂ ਦਾ ਇੱਕੋ ਇੱਕ ਮਕਸਦ ਹੈ ਕਿ ਉਨ੍ਹਾਂ ਦੀ ਸਰਕਾਰ ਵੇਲੇ ਕਿਸੇ ਵੀ ਨੂੰ ਆਪਣੇ ਸਰਕਾਰੀ ਕੰਮਾਂ ਜਾਂ ਹੋਰ ਸਮੱਸਿਆਵਾਂ ਲਈ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਉਹ ਜਦੋਂ ਵੀ ਪਿੰਡ ਸੰਧਵਾਂ ਆਪਣੇ ਗ੍ਰਹਿ ਵਿਖੇ ਆਉਂਦੇ ਹਨ ਤਾਂ ਉਨ੍ਹਾਂ ਦੀ ਕੋਸ਼ਿਸ਼ ਹੁੰਦੀ ਹੈ ਕਿ ਉਹ ਆਮ ਲੋਕਾਂ ਦੇ ਰੂਬਰੂ ਹੋਣ। ਉਨ੍ਹਾਂ ਅੱਗੇ ਦੱਸਿਆ ਕਿ ਜੋ ਵੀ ਲੋਕਾਂ ਵੱਲੋਂ ਸ਼ਿਕਾਇਤਾਂ ਪ੍ਰਾਪਤ ਹੁੰਦੀਆਂ ਹਨ, ਨੂੰ ਮੌਕੇ 'ਤੇ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਬਾਕੀ ਬਚੀਆਂ ਸ਼ਿਕਾਇਤਾਂ ਨੂੰ ਸਬੰਧਤ ਵਿਭਾਗ ਦੇ ਨੁਮਾਇੰਦਿਆਂ ਨੂੰ ਦੇ ਕੇ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ ਜਾਂਦੇ ਹਨ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕਿਸੇ ਕਿਸਮ ਦੀ ਕੋਈ ਸਮੱਸਿਆ ਹੈ ਤਾਂ ਉਨ੍ਹਾਂ ਨੂੰ ਲੋਕ ਮਿਲਣੀ ਪ੍ਰੋਗਰਾਮ ਵਿੱਚ ਆ ਕੇ ਮਿਲ ਸਕਦੇ ਹਨ।

# ਐੱਸ ਆਰ ਐੱਸ ਵਿਦਿਆਪੀਠ ਸਮਾਣਾ 'ਚ ਮਨਾਈ ਜਨਮ ਅਸ਼ਟਮੀ



ਸਮਾਣਾ, (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਆਰ ਐੱਸ ਵਿਦਿਆਪੀਠ ਵਿਖੇ ਕਿੰਡਰਗਾਰਟਨ ਐਕਟੀਵਿਟੀ ਇੰਚਾਰਜ ਸ਼ਰੁਤੀ ਮਿੱਤਲ ਦੀ ਨਿਗਰਾਨੀ ਵਿੱਚ ਬੱਚਿਆਂ ਵੱਲੋਂ ਜਨਮ ਅਸ਼ਟਮੀ ਮਨਾਈ ਗਈ।ਛੋਟੇ-ਛੋਟੇ ਬੱਚਿਆਂ ਨੇ ਰਾਧਾ ਕ੍ਰਿਸ਼ਨ ਦੇ ਪਹਿਰਾਵੇ ਵਿੱਚ ਆਪਣੀ ਕਲਾ ਦੇ ਜੌਹਰ ਵਿਖਾਏ।ਬੱਚਿਆਂ ਨੂੰ ਰਾਧਾ ਕ੍ਰਿਸ਼ਨ ਮੰਦਿਰ ਦੇ ਦਰਸ਼ਨ ਕਰਵਾਏ ਗਏ ਤੇ ਇਸ ਤੋਂ ਇਲਾਵਾ ਅਗਰਵਾਲ ਗਊਸ਼ਾਲਾ ਸਮਾਣਾ ਦਾ ਦੌਰਾ ਵੀ ਕਰਵਾਇਆ ਗਿਆ।ਅਧਿਆਪਕਾਂ ਵੱਲੋਂ ਬੱਚਿਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਨਾਲ ਸੰਬੰਧਤ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਕੂਲ ਪ੍ਰਿੰਸੀਪਲ ਮਿਸ ਮਿਲੀ ਬੋਸ ਨੇ ਵੀ ਬੱਚਿਆਂ ਨੂੰ ਵਧਾਈ ਦਿੰਦੇ ਹੋਏ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਨਾਲ ਸੰਬੰਧਤ ਜਾਣਕਾਰੀ ਦਿੱਤੀ।ਸਕੂਲ ਚੇਅਰਮੈਨ ਅਮਿਤ ਸਿੰਗਲਾ ਤੇ ਸੈਕਟਰੀ ਲਲਿਤ ਸਿੰਗਲਾ ਨੇ ਵੀ ਬੱਚਿਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਦਿਨ ਦੀ ਵਧਾਈ ਦਿੱਤੀ ਅਤੇ ਬੱਚਿਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਅਜ਼ਾਦ ਹਿੰਦ ਪੈਡਲਰ ਕਲੱਬ ਵੱਲੋਂ ਫ਼ਾਜ਼ਿਲਕਾ ਤੋਂ ਗੋਲੂਕਾ ਤੱਕ ਸਾਇਕਲਿੰਗ



ਜਲਾਲਾਬਾਦ, (ਜੀਤ ਕੁਮਾਰ) ਅਜ਼ਾਦ ਹਿੰਦ ਪੈਡਲਰ ਕਲੱਬ ਵੱਲੋਂ ਫ਼ਿਰੋਜ਼ਪੁਰ-ਫ਼ਾਜ਼ਿਲਕਾ ਰੋਡ 'ਤੇ ਫ਼ਾਜ਼ਿਲਕਾ ਤੋਂ ਗੋਲੂਕਾ ਮੋੜ ਤੱਕ ਲਗਭਗ 100 ਕਿਲੋਮੀਟਰ ਸਾਇਕਲਿੰਗ ਕੀਤੀ, ਜਿਸ ਵਿੱਚ ਸ਼ਸ਼ੀਕਾਂਤ ਗੁਪਤਾ ਕਲੱਬ ਦੇ ਸੰਸਥਾਪਕ, ਸਿਮਲਜੀਤ ਸਿੰਘ (ਈ.ਟੀ.ਟੀ ਅਧਿਆਪਕ) ਕਲੱਬ ਦੇ ਸਕੱਤਰ, ਰਾਮ ਕਿਸ਼ਨ ਸੇਵਾਮੁਕਤ ਨਾਇਬ ਤਹਿਸੀਲਦਾਰ, ਕਲੱਬ ਮੈਂਬਰ, ਰਾਹੁਲ ਗੂੰਬਰ ਕਲੱਬ ਦੇ ਐਕਟਿਵ ਮੈਂਬਰ ਦੇ ਜਲਾਲਾਬਾਦ ਵਿਖੇ ਪ੍ਰਭਦੀਪ ਸਿੰਘ ਗੂੰਬਰ ਸਟੇਟ ਐਵਾਰਡੀ ਦੇ ਪਾਸ ਰੁਕੇ। ਵਿਚਾਰ ਚਰਚਾ ਦੌਰਾਨ ਟੀਮ ਨੇ ਦੱਸਿਆ ਕਿ ਇਸ ਟੀਮ ਦਾ ਮੁੱਖ ਮਕਸਦ ਸਾਈਕਲ ਚਲਾਉਣ ਨਾਲ ਸਿਹਤ ਨੂੰ ਹੋਣ ਵਾਲੇ ਲਾਭ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਹੈ। ਇਸ ਟੀਮ ਵੱਲੋਂ ਰੋਜ਼ਾਨਾ ਹੀ 100-100 ਕਿਲੋਮੀਟਰ ਸਾਇਕਲ ਚਲਾ ਕੇ ਦੂਜਿਆਂ ਲਈ ਉਦਾਹਰਨ ਪੇਸ਼ ਕੀਤੀ ਜਾ ਰਹੀ ਹੈ।


## ਜਨਮ ਦਿਨ ਮੁਬਾਰਕ



ਗੁਰਮੀਤ ਸਿੰਘ ਮੱਕੜ
ਮਲੋਟ



## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਤਰਸੇਮ ਲਾਲ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਭੋਗਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ

ਕੇਸ ਅਨੁਵਾਨ : ਸੁਰਜੀਤ ਸਿੰਘ ਵਗੈਰਾ ਬਨਾਮ ਰਾਜਵਿੰਦਰ ਸਿੰਘ ਵਗੈਰਾ

ਵਾਕਿਆ ਪਿੰਡ : ਮਾਣਕਰਾਏ, ਚੱਕ ਸੱਧਾ, ਇਟਾਬੱਦੀ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਕੇਸ ਨੰ:

ਇਸ ਇਸ਼ਤਿਹਾਰ/ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ:-

ਨੋਟਿਸ ਬਨਾਮ :

1. ਰਾਜਵਿੰਦਰ ਸਿੰਘ ਪੁੱਤਰ ਜਰਨੈਲ ਸਿੰਘ, 2. ਅਮਰਜੀਤ ਸਿੰਘ ਪੁੱਤਰ ਤੀਰਥ ਸਿੰਘ, 3. ਜੋਗਾ ਸਿੰਘ ਪੁੱਤਰ ਤੀਰਥ ਸਿੰਘ, 4. ਮਨਦੀਪ ਰਾਏ ਪੁੱਤਰ ਸੰਤੋਖ ਸਿੰਘ, 5. ਗੁਰਪ੍ਰੀਤ ਕੌਰ ਨਾਲ ਰਾਜਵਿੰਦਰ ਸਿੰਘ, 6. ਜਰਨੈਲ ਸਿੰਘ ਨਾਲ ਗੁਰਮੀਤ ਕੌਰ, 7. ਨਮਨੀਤ ਸਿੰਘ ਰਾਏ ਪੁੱਤਰ ਰਾਜਵਿੰਦਰ ਸਿੰਘ, 8. ਗੁਰਨੀਤ ਸਿੰਘ ਰਾਏ ਪੁੱਤਰ ਰਾਜਵਿੰਦਰ ਸਿੰਘ, 9. ਪ੍ਰੀਤਮ ਸਿੰਘ ਪੁੱਤਰ ਰਤਨ ਸਿੰਘ, ਸਾਰੇ ਆਰ/ਓ ਪਿੰਡ ਮਾਣਕਰਾਏ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਪਰੋਕਤ ਤਕਸੀਮ ਕੇਸ ਵਿਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 30.9.24 ਬਾਅਦ ਦੁਪਹਿਰ 2.30 ਵਜੇ ਅਦਾਲਤ ਵਿਚ ਹਾਜ਼ਰ ਆਵੇ ਤੱਕ ਖੁਦ ਪੇਸ਼ ਹੋ ਕੇ/ਮੁਖਤਾਰ ਰਾਹੀਂ/ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿਚ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 16.08.24 ਨੂੰ ਮੇਰੇ ਦਸਤਖਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜ਼ਿਲ੍ਹਾ ਜਲੰਧਰ।

ਰੀਡਰ ਨੰਬਰ : 581/ਆਰ, ਮਿਤੀ 16.08.2024



## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਸਬ-ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ।

ਦਰਖਾਸਤ ਵੱਲੋਂ ਜੋਬਨਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ 3538, ਗਲੀ ਨੰ: 3, ਅਜ਼ਾਦ ਨਗਰ, ਪੁਤਲੀਘਰ, ਅੰਮ੍ਰਿਤਸਰ,

ਵਿਸ਼ਾ : ਮਾਲ ਰਿਕਾਰਡ ਵਿਚ ਨਾਂਅ ਦੀ ਦੁਰਸਤੀ ਬਾਰੇ

ਨੋਟਿਸ ਬਨਾਮ : ਜਨਰਲ ਪਬਲਿਕ

ਉਪਰੋਕਤ ਵਿਸ਼ੇ ਦੇ ਸੰਬਧ ਵਿਚ ਇਸ਼ਤਿਹਾਰ ਅਖਬਾਰ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰ ਦੇ ਦਫ਼ਤਰ ਵਿਚ ਸ੍ਰੀ ਜੋਬਨਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ 3538, ਗਲੀ ਨੰ: 3, ਅਜ਼ਾਦ ਨਗਰ, ਪੁਤਲੀਘਰ, ਅੰਮ੍ਰਿਤਸਰ ਇਕ ਦਰਖਾਸਤ ਪੇਸ਼ ਕੀਤੀ ਗਈ, ਜੋ ਕਿ ਜ਼ਮੀਨ ਵਾਕਿਆ ਰਕਬਾ ਪਿੰਡ ਰਾਮਪੁਰਾ, ਸਬ-ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ ਮੇਰੀ ਮਾਲਕੀ ਹੈ, ਮਾਲ ਰਿਕਾਰਡ ਵਿਚ ਉਸ ਦਾ ਨਾਂਅ ਰਾਜਨਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਦਰਜ ਹੈ, ਉਸ ਨੇ ਜੋ ਨਵੀਂ ਜਮ੍ਹਾਂਬੰਦੀ ਸਾਲ 2020-21 ਵਿਚ ਰਾਜਨਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਗਲਤ ਚੱਲਿਆ ਆ ਰਿਹਾ ਹੈ, ਪਰ ਉਸ ਦਾ ਅਸਲ ਨਾਂਅ ਜੋਬਨਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਹੈ, ਜੋ ਕਿ ਆਧਾਰ ਕਾਰਡ , ਪਾਸਪੋਰਟ ਅਤੇ ਦਸਵੀਂ ਦੇ ਸਰਟੀਫਿਕੇਟ ਮੁਤਾਬਿਕ ਸਹੀ ਹੈ। ਇਸ ਸੰਬਧੀ ਸਰਕਾਰ ਦੀਆਂ ਹਦਾਇਤਾਂ ਅਤੇ ਪੰਜਾਬ ਸਰਕਾਰ ਦੇ ਪੱਤਰ ਨੰ. 12445/71 ਮਿਤੀ 26.07.2013 ਅਨੁਸਾਰ ਅਖਬਾਰ ਵਿਚ ਨਾਂਅ ਦੀ ਦੁਰਸਤੀ ਕਰਨ ਸੰਬਧੀ ਮੁਨਾਦੀ ਕਰਾਉਣ ਲਈ ਇਸ਼ਤਿਹਾਰ ਪ੍ਰਕਾਸ਼ਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵੀ ਧਿਰ ਨੂੰ ਨਾਂਅ ਦੀ ਸੋਧ ਹੋਣ ਵਿਚ ਕੋਈ ਇਤਰਾਜ਼ ਹੋਵੇ ਤਾਂ ਉਹ ਇਸ਼ਤਿਹਾਰ ਪ੍ਰਕਾਸ਼ਤ ਹੋਣ ਤੋਂ 21 ਦਿਨ ਦੇ ਅੰਦਰ-ਅੰਦਰ ਉਜ਼ਰ/ਇਤਰਾਜ਼ ਨਿਮਨਹਸਤਾਖਰ ਦੇ ਦਫ਼ਤਰ ਵਿਚ ਪੇਸ਼ ਕਰ ਸਕਦਾ ਹੈ। ਨਿਰਧਾਰਤ ਸਮਾਂ ਖਤਮ ਹੋਣ 'ਤੇ ਪੇਸ਼ ਹੋਏ ਕੋਈ ਵੀ ਇਤਰਾਜ਼ 'ਤੇ ਗੌਰ ਨਹੀਂ ਕੀਤਾ ਜਾਵੇਗਾ ਅਤੇ ਅਗਲੀ ਲੋੜੀਂਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਇਹ ਇਸ਼ਤਿਹਾਰ ਅੱਜ ਮੇਰੇ ਦਸਤਖਤਾਂ ਹੇਠ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/- ਨਾਇਬ ਤਹਿਸੀਲਦਾਰ, ਅਟਾਰੀ।

ਨੰਬਰ :229, ਮਿਤੀ : 09.08.2024



## COURT NOTICE

In the Court of
Sh. Simrandeep Singh Sohi
Judicial Magistrate-1st Class Ludhiana

Next Date, Purpose of case, Orders and Judgment as well as other case information is available on http://ecourts.gov.in

CNR No. PBLD03-047482-2021
Next Date: 11-10-2024

Harkiran Singh VS Gurmeet Singh
Publication Issued to :
Gurmeet Singh Prop/Partner M/S Fly Route Consultant SCO 79, Sector 54, Second Floor, Phase II, Mohali.

Whereas it has been proved to the satisfaction of this court that you, the above named accused/ accused persons cannot be served in the ordinary way of service. Hence this proclamation under 82 of code of criminal procedure is hereby issued against you with a direction that you should appear Personally before this court on 11.10.2024 at 10.00 A.M. or within 30 days from the date of publication of this proclamation.

Take notice that, in case of default on your part to appear as directed above the above said case will be heard and determined as per law in your absence.

For details logon to https://highcourtchd.gov.in/?trs=district_notice&district=Ludhiana

Judicial Magistrate-1st Class
Ludhiana



## COURT NOTICE

(U/o 5 Rule 20 CPC)
In the Court of
Ms. Radhika Puri
Additional Civil Judge (Senior Division), Ludhiana
CNR No. PBLD02-007281-2023
Next Date :- 06-09-2024

Raghbir Singh S/o Sh. Jit Singh R/o House No . 02, St. No. 10/3,Block-A, Satjot Nagar, Dhandra Distt. Ludhiana. (Plaintiff)

Versus.

Gurmeet Kaur and others.

Suit for Specific Performance of Agreement/-

Notice to defendants No. 3 Legal Hairs:

1. Kamaljit Kaur (Wife), 2. Sukhbir Kaur (Mother), 3. Angadbir Singh (Son), 4. Tajbir Singh (Son), of Late Baninderdeep Singh. All R/o Village Lalton Kalan, Ludhiana.

In above titled petition the respondent(s) could not be served. It is ordered that the respondent(s) should appear in person or through counsel on 06.09.2024 at 10:00 A.M.

For details logon to https://highcourtchd.gov.in/?trs=district_notice &district=Ludhiana

Civil Judge (Junior Division), Ludhiana
Dated this day of 14-08-2024



## COURT NOTICE

(U/o 5 Rule 20 CPC)
In the Court of
Ms. Rajwinder Kaur-II
Civil Judge (Junior Division), Ludhiana
CNR No. PBLD02-001174-2023
Next Date :- 09-10-2024

Harbilas
Vs.
Amandeep Kaur

Publication Issued to :
Amandeep Kaur
D/o Sh. Teja Singh R/o Rahon Road, New Sarwa Park, Near Shifali International School, Basti Jodhewal, Ludhiana.

In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 09.10.2024 at 10:00 A.M.

For details logon to https://highcourtchd.gov.in/?trs=district_notice&district=Ludhiana

Civil Judge (Junior Division), Ludhiana
Dated this day of 18-08-2024



## COURT NOTICE

In the Court of MS. Radhika Puri
Additional Civil Judge (Senior Division), Ludhiana

Publication Notice in petition under Section 8 of the Hindu Minorities and Guardianship Act.

CNR No. PBLD02-011526-2023
Peshi : 07-10-2024

1. Balwinder Kaur aged about 33 years W/o Sh. Hardeep Singh, 2. Gurnoor Singh aged about 11 years Minor son of Hardeep Singh, 3. Manreet Singh aged about 8 years Minor son of Hardeep Singh.

Both Minors through their Mother/Guardian and next Friend Smt. Balwinder Kaur. All R/o H. No. 175, Street No. 4, Shaheed Baba Deep Singh Nagar, Dhandra Road. All Dugri, Ludhiana.

Versus General Public

Notice issued to :- General Public

Whereas the above named petitioners Balwinder Kaur W/o Sh. Hardeep Singh has filed petition to sell the share of minor i.e. petitioner No. 2 and 3 in property/land comprised in Khasra No. 1072, 1073, 1074, 1075, 1069, 1068, 1064, 1067, 1066, 1070, Khata No. 377/3911, 378/392, 381/395, 382/396. 383/397, 384/398. 385/399, 386/400, 387/401. 388/402, as per Jamabandi for the year 2010-11 Situated at village Dugri, H. B. No. 277, Localoty Known as Shaheed Baba Deep Singh Nagar, Dugri Dhandra Road, Ludhiana on the basis of oral and documentary evidence.

This Notice is hereby issued to the general public regarding the institution of this petition. If any person has any objection to the sell the property of the above said petitioner of the said children, then he/she should appear in the court on 07.10.2024 at 10.00 a.m., either in person or through an authorised agent of lawyer for filing objections failing which the petition shall be decided in accordance with law.

Given under my hand and the seal of the court, this 14.08.2024

For details logon to https://highcourtchd.gov.in/?trs=district_notice&district=Ludhiana

Additional Civil Judge (Senior Division), Ludhiana






# ਵੱਖ-ਵੱਖ ਸਕੂਲਾਂ ਵਿਚ ਉਤਸ਼ਾਹ ਨਾਲ ਜਨਮ ਅਸ਼ਟਮੀ ਮਨਾਈ

**ਜੈਤੋ, (ਸਤੀਸ਼ ਕੁਮਾਰ ਭੀਰੀ)**- ਸਥਾਨਕ ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਗਿਆ। ਸਭ ਤੋਂ ਪਹਿਲਾਂ ਸ੍ਰੀ ਕ੍ਰਿਸ਼ਨ ਜੀ ਦੀ ਆਰਤੀ ਕੀਤੀ ਗਈ। ਨੰਨ੍ਹੇ-ਮੁੰਨੇ ਬੱਚੇ ਰਾਧਾ-ਕ੍ਰਿਸ਼ਨ ਦੀਆਂ ਪੁਸ਼ਾਕਾਂ ਵਿੱਚ ਸਜ ਕੇ ਆਏ ਸਨ। ਸਾਰੇ ਕ੍ਰਿਸ਼ਨ ਜੀ ਦੇ ਭਜਨਾਂ 'ਤੇ ਖੂਬ ਝੂਮੇ, ਦ੍ਰਿਸ਼ ਬੜਾ ਹੀ ਮਨਮੋਹਕ ਲੱਗ ਰਿਹਾ ਸੀ। ਇਸ ਮੌਕੇ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਪਵਨ ਕੁਮਾਰ ਗੋਇਲ, ਪ੍ਰਧਾਨ ਰਾਕੇਸ਼ ਰੋਮਾਨਾ, ਮੀਤ ਪ੍ਰਧਾਨ ਰਮੇਸ਼ ਵਰਮਾ, ਸਕੱਤਰ ਮਦਨ ਲਾਲ ਗੋਇਲ, ਮੈਨੇਜਰ ਦਿਨੇਸ਼ ਗੋਇਲ, ਡਿਪਟੀ ਮੈਨੇਜਰ ਮੁਕੇਸ਼ ਗੋਇਲ, ਖ਼ਜ਼ਾਨਚੀ ਅਨਿਲ ਬਾਂਸਲ, ਸਕੂਲ ਦੇ ਪ੍ਰਿੰ: ਮੈਡਮ ਕੁਸਮ ਕਾਲੜਾ ਤੇ ਸਮੂਹ ਸਟਾਫ ਮੌਜੂਦ ਸਨ।

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**- ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਕ੍ਰਿਸ਼ਨ ਜਨਮ ਅਸ਼ਟਮੀ ਦਾ ਉਤਸਵ ਧੂਮ ਧਾਮ ਨਾਲ ਮਨਾਇਆ ਗਿਆ।ਮੁੱਖ ਮਹਿਮਾਨ ਵਜੋਂ ਸੰਸਥਾ ਦੇ ਮੁਖੀ ਡਾਇਰੈਕਟਰ ਚਰਨਜੀਤ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ ਤੇ ਪ੍ਰਿੰਸੀਪਲ ਸ਼ਿਆਮਾ ਨਾਇਰ ਸ਼ਾਮਲ ਹੋਏ।ਪ੍ਰੋਗਰਾਮ ਦਾ ਆਰੰਭ ਮੁੱਖ ਮਹਿਮਾਨਾਂ ਵੱਲੋਂ ਸ੍ਰੀ ਕ੍ਰਿਸ਼ਨ ਜੀ ਦੀ ਆਰਤੀ ਨਾਲ ਹੋਇਆ। ਵਿਦਿਆਰਥੀਆਂ ਦੁਆਰਾ ਸ੍ਰੀ ਕ੍ਰਿਸ਼ਨ ਦੇ ਜਨਮ ਨਾਲ ਸਬੰਧਤ ਝਾਕੀਆ ਤੇ ਡਾਂਸ ਪੇਸ਼ ਕੀਤਾ ਗਿਆ।ਇਸੇ ਦੌਰਾਨ ਵਿਦਿਆਰਥੀਆਂ ਵਿੱਚ ਮਟਕਾ ਸਜਾਉਣ ਦੀ ਪ੍ਰਤਿਯੋਗਿਤਾ ਕਰਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਵਿੱਚ ਦਹੀਂ ਹਾਂਡੀ ਤੋੜਨ ਦੀ ਪ੍ਰਤੀਯੋਗਤਾ ਵੀ ਕਰਾਈ ਗਈ।ਇਸ ਤੋਂ ਬਾਅਦ ਮੁੱਖ ਮਹਿਮਾਨਾਂ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਜਨਮ ਅਸ਼ਟਮੀ ਦੀ ਵਧਾਈ ਦਿੱਤੀ।

# ਹੈਰੋਇਨ ਸਮੇਤ ਗ੍ਰਿਫ਼ਤਾਰ

ਬਲਾਚੌਰ (ਜਸਵਿੰਦਰ ਬੈਂਸ) ਥਾਣਾ ਸਿਟੀ ਬਲਾਚੌਰ ਦੀ ਪੁਲਸ ਵੱਲੋਂ ਇਕ ਵਿਆਕਤੀ ਨੂੰ ਸੱਤ ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ।ਐਸ ਐਚ ਉ ਸਬ ਇੰਸਪੈਕਟਰ ਸਤਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲਣ 'ਤੇ ਏ ਐਸ ਆਈ ਲਖਵੀਰ ਚੰਦ ਗੁਰੂਦੁਆਰਾ ਠੇਰੀ ਸਾਹਿਬ ਮੋੜ ਤੋਂ ਮਹਿਤਪੁਰ ਉੱਲਦਨੀ ਵੱਲ ਜਾ ਰਹੇ ਸਨ ਤਾਂ ਮਹਿਤਪੁਰ ਉੱਲਦਨੀ ਵੱਲੋਂ ਮੋਟਰ ਸਾਈਕਲ 'ਤੇ ਆ ਰਿਹਾ ਨੌਜਵਾਨ ਰੁੱਕ ਗਿਆ ਤੇ ਫਿਰ ਦੌੜਣ ਦੀ ਵਿਉਂਤ ਬਣਾਉਣ ਲੱਗਾ ਪਰ ਪੁਲਸ ਨੇ ਉਸ ਨੂੰ ਕਾਬੂ ਕਰ ਲਿਆ। ਜਦੋਂ ਉਸ ਦੀ ਤਾਲਾਸ਼ੀ ਲਈ ਤਾਂ ਉਸ ਕੋਲੋਂ 7 ਗਰਾਮ ਹੈਰੋਇਨ ਬਰਾਮਦ ਹੋਈ।ਗ੍ਰਿਫਤਾਰ ਕੀਤੇ ਨੌਜਵਾਨ ਦੀ ਪਛਾਣ ਪਿੰਡ ਜੱਟਪੁਰ ਨਿਵਾਸੀ ਜਸਵਿੰਦਰ ਕੁਮਾਰ ਦੀਪਾ ਵੱਜੋਂ ਕੀਤੀ ਗਈ।ਉਸ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।


## ਕਲਾਸੀਫਾਈਡ ਇਸ਼ਤਿਹਾਰ

### Change of Name

I, Balwant Singh S/o Sawaran Singh R/o Vill. Simbli PO Mehtiana Distt. Hoshiarpur Punjab have changed my name from Balvant Singh to Balwant Singh. Concerned Note

I, Simarjeet Kaur W/O Paramjeet Singh H.No. 98/6 Mohalla Ahluwalia Alawalpur, Jalandhar Have Changed My Name From Simranjit Kaur To Simarjeet Kaur Concerned May Mote.

I, Lakhwinder Singh S/O Karnail Singh R/O H.No.4,Phase 1-A,ABC Wali Gali,Guru Nanak Avenue,Majitha Road, Amritsar, Punjab have changed my name from Lakhwinder Singh to Lakhwinder Singh Randhawa. All concerned please note.

I, Gurpreet Kaur W/O Lakhwinder Singh Randhawa R/O H.No.4,Phase 1-A, ABC Wali Gali, Guru Nanak Avenue, Majitha Road, Amritsar, Punjab have changed my name from Gurpreet Kaur to Gurpreet Kaur Randhawa. All concerned please note.

I, Neetu W/o Sunil Kumar Bedi R/o Ghumman Road, Mehta Chowk, Tehsil Baba Bakala, Amritsar, Punjab-143114 have changed my name from Neetu to Nitu Bala.

I, Pankaj S/o Baldev Raj R/o H3/2843, Gali No.2, Jaura Phatak Dashmesh Nagar, Amritsar have changed my name from Pankaj to Pankaj Sunak

I, Manjinder Kaur W/o Mukhtar Singh R/o VPO Mallian Tehsil and Dsitrict Amritsar have declare that my Kaur is my Surname and Manjinder is my Given name

I, Jasleen Kaur D/o Muktar Singh R/o VPO Mallian Tehsil and Dsitrict Amritsar have declare that Jasleen is my Given name and Kaur is my Surname

I, Shamma Sharma W/o Chiranjiv Kumar R/o H.No.15, Phase 2, Hargobind Avenue, Majitha Road, Amritsar have changed my name from Shamma Sharma to Shama Sharma

I, Mandeep Singh S/o Jasbir Singh R/o H.No.908 B, Housing Board Colony, HIG Flats, Ranjit Avenue, Amritsar have changed my name from Mandeep Singh to Mandeep Singh Gambhir

I, Sawraj Kaur Dhillon W/o Jatinder Singh Dhillon R/o VPO Dial Shahabpur, Distt. Tarn Taran have changed my name Sawraj Kaur Dhillon to Sawraj Kaur

I, Gayatri W/o Pankaj Malhotra R/o 2857, Gali Gujjran Wali, Jandiala Guru Distt Amritsar have changed my name from Gayatri to Gaytri Malhotra

I, Kanika Kohli W/o Suraj Kalsi R/o D-3, Shiv Nagar Batala Road, Amritsar have changed my name from Kanika Kohli to Kanika Kalsi

I, Gurdip Singh S/o Swaran Singh R/o Shankarpura, Gurdaspur have changed my name from Gurdip Singh to Gurdeep Singh.

I, Sukhwinder Singh S/o Nirmal Singh R/o Near Gurudwara, VPO Malanwali, Amritsar have changed my name Sukhwinder is my Given name and Singh is my Surname

I, Shivani Dhawan D/o Sukhdev Raj Dhawan R/o Meera Kot Chowk, Kherabad Road Sunder Nagar Amritsar have changed my son's name from Mayur to Mayur Luthra.

I, Sharanjit Kaur W/o Arvinderpal Singh R/o VPO Chak Kare Khan, Tehsil Khadur Sahib, Distt. Tarn Taran Have Changed My Name From Sharanjit Kaur To Sharanjeet Kaur. Concerned note.

I, Hitherto Know as Bhawna W/o Amandeep Gupta R/o H. No. B-1/150, Mohalla Choudhrian, Phillaur, Distt. Jalandhar-144410, Punjab Have Changed My Name and shall hereafter be known as Bhawna Gupta.

I, Arjun S/o Tara Chand R/o House No. 311, Cantt Road, Garha, Jalandhar, Punjab-144022, India have changed my name and shall hereafter be known as Arjun Kumar. All concerned please note.

I, Happy Garg S/O Tarsem Lal, R/o House No- 153, Ward No- 12, Sanour, Bir Sanaur, Patiala, Punjab- 147103, have changed my name and shall hereafter be Known as Puneet Kumar Garg.

I, Rajinder Prashad alias Rajinder Parshad S/O Jugal Kishore, R/o Flat No- 003, Sec- 50, The Close North Tower No- 16, Nirvana Country, Gurgaon, Haryana- 122018, have changed my name and shall hereafter be Known as Rajinder Parshad Goyal.

I, Rubal Preet Singh Gill S/O Ajit Singh R/O H.No.314, 3,Opp.Alpha One,Partap Avenue,Amritsar,Punjab have changed my name from Rubal Preet Singh Gill to Rubalpreet Singh. Concerned note.

### Change of Name

I, Kiran W/O Balvir Chand R/O Hno. 89, Ward No.3, Dr. Ambedkar Nagar, Vill. Dhadde, Dhadda, Teh. Phagwara, Distt. Kapurthala, Punjab have changed my name from Kiran to Kiran Gangar. All note.

I Manjinder Singh Nann S/o Surjit Singh R/o V.Rasulpur Khurd, Po.Lambra Distt. Jalandhar, Punjab have changed my name from Manjinder Singh to Manjinder Singh Nann. All note.

I, Dharampal Singh s/o Gurnam Singh r/o Ramgarh Fatehgarh Sahib, Punjab-147301 have changed my name to Dharam Singh. All Please Note.

I, Harvinder Singh S/o Murat Singh r/o Vill. Ajmer, Po. Gera, Tehsil Mukerian, Hoshiarpur, Punjab-144221 declare that Given name as Harvinder & Surname as Singh. All Please Note.

I, Jobanpreet S/o Sanjeev Kumar R/o Vill. Chakrala, Po. Mustfapur, Distt. Jalandhar have changed my name from Jobanpreet to Jobanpreet Verma. All Please Note.

I, Sandeep Kaur W/o Sukhjit Singh R/o Vill. Rakshan, Po. Jadla, Distt. SBS Nagar, Nawanshahr have changed my name from Sandeep Kaur to Kaur Sandeep (Surname as Kaur). All Please Note.

I, Gurmit Kaur W/o Hardial Singh R/o Village Chicha, Distt. Amritsar, Punjab have changed my name from Gurmit Kaur to Gurmeet Kaur. All Please Note.

I, Raj Kumar S/o Nathu Ram R/o Mohalla Ranka V.P.O Hariana Distt. Hoshiarpur have changed my name to Shiv Kumar. Concerned Note

I, Sukhjit Singh S/o Amarjit Singh R/o Vill. Rakshan, Po. Jadla, Distt. SBS Nagar, Nawanshahr have changed my minor son name from Ishmeet Singh to Singh Ishmeet (Surname as Singh). All Please Note.

I, Sukhjit Singh S/o Amarjit Singh R/o Vill. Rakshan, Po. Jadla, Distt. SBS Nagar, Nawanshahr have changed my minor son name from Jassjot Singh to Singh Jassjot (Surname as Singh). All Please Note.

I, Rahul S/o Rajesh Kumar R/o H.No. WL-195, Basti Guzan, Chowk Binda, Jalandhar, Punjab have changed my name from Rahul to Rahul Sharma (Sharma as Surname). All Please Note.

I, hitherto known as Mamta W/o Arwinder Singh Multani R/o 168, Raipur Araian, Po. Raipur Arryan, Distt. Kapurthala, Punjab-144624 have changed my name and shall hereafter be known as Mamta Multani.

I, Maya Devi W/o Sant Singh R/o Village Kaulpur, Po. Bhangran, Tehsil Mukerian, Distt. Hoshiarpur have changed my name from Maya Devi to Maya Kaur. All Please Note.

I, Jaspal Singh S/o Sansar Singh R/o VPO. Jhingar Kalan, Tehsil Dasuya, Distt. Hoshiarpur have changed my name from Jaspal Singh to Singh Jaspal (Surname as Singh). All Please Note.

### ਆਮ ਸੂਚਨਾ

ਮੈਂ, ਪ੍ਰਦੀਪ ਕੁਮਾਰ ਪੁੱਤਰ ਰਾਜ ਕੁਮਾਰ, ਵਾਸੀ ਵਾਰਡ ਨੰਬਰ 18, ਨੇੜੇ ਓਮਕਾਰ ਨਗਰ, ਗੁਰਦਾਸਪੁਰ, ਪੰਜਾਬ। ਮੇਰਾ ਮੇਰੇ ਭਰਾਵਾਂ ਅਨਿਲ ਕੁਮਾਰ, ਸੁਨੀਲ ਕੁਮਾਰ ਅਤੇ ਉਨ੍ਹਾਂ ਦੇ ਪਰਵਾਰ ਨਾਲ ਕੋਈ ਲੈਣ-ਦੇਣ ਨਹੀਂ ਹੈ। ਮੈਂ ਇਨ੍ਹਾਂ ਤੋਂ ਵੱਖਰਾ ਰਹਿ ਰਿਹਾ ਹਾਂ। ਮੇਰਾ ਉਕਤ ਨਾਲ ਕੋਈ ਤਲਕ-ਵਾਸਤਾ ਨਹੀਂ ਰਿਹਾ।

ਮੈਂ, ਗਗਨਦੀਪ ਸਿੰਘ ਪੁੱਤਰ ਸ਼ਿੰਦਰ ਸਿੰਘ ਪਿੰਡ ਟਿਵਾਣਾ ਕਲਾਂ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦਾ ਹਾਂ ਕਿ ਮੇਰੀ ਭੈਣ ਪਰਮਜੀਤ ਕੌਰ (ਅਣਵਿਆਹੁਤਾ) ਮੇਰੇ ਕਹਿਣੇ ਤੋਂ ਬਾਹਰ ਸੀ, ਜਿਸ ਕਰਕੇ ਮੈਂ ਉਸ ਨੂੰ 11.03.2024 ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ, ਜੋ ਕਿ ਹੁਣ ਮੇਰੀ ਭੈਣ ਮੇਰੇ ਕਹਿਣੇ ਵਿਚ ਹੈ। ਹੁਣ ਮੈਂ ਆਪਣੀ ਭੈਣ ਪਰਮਜੀਤ ਕੌਰ ਦੀ ਬੇਦਖਲੀ ਵਾਪਸ ਲੈਣਾ ਚਾਹੁੰਦਾ ਹਾਂ।

ਮੋਟਰ ਕੂਨੈਕਸ਼ਨ ਜਿਸ ਦਾ ਖਾਤਾ ਨੰਬਰ-AP 19/0260 ਹੈ ਜੋ ਕਿ ਭਗਵਾਨ ਕੌਰ ਪਤਨੀ ਮਹਿੰਦਰ ਸਿੰਘ ਵਾਸੀ ਦੋਦੜਾ ਜ਼ਿਲ੍ਹਾ ਮਾਨਸਾ ਦੇ ਨਾਮ ਤੇ ਚੱਲ ਰਿਹਾ ਹੈ। ਜਿਸ ਨੂੰ ਹੁਣ ਬਲਜੀਤ ਕੌਰ ਪਤਨੀ ਬਲਵਾਨ ਸਿੰਘ ਵਾਸੀ ਦਲੇਲ ਵਾਲਾ ਜ਼ਿਲ੍ਹਾ ਮਾਨਸਾ ਆਪਣੇ ਨਾਮ ਕਰਵਾਉਣਾ ਚਾਹੁੰਦੀ ਹੈ । ਜੇਕਰ ਇਸ ਸੰਬਧੀ ਕਿਸੇ ਨੂੰ ਇੰਤਰਾਜ ਹੈ ਤਾਂ ਉਹ 10 ਦਿਨਾਂ ਦੇ ਅੰਦਰ ਅੰਦਰ ਆਪਣਾ ਇੰਤਰਾਜ ਬਿਜਲੀ ਦਫਤਰ ਬੁਢਲਾਡਾ ਵਿਖੇ ਪੇਸ਼ ਕਰ ਸਕਦਾ ਹੈ ।

### ਨਾਂਅ ਦੀ ਬਦਲੀ

ਮੈਂ, ਪੁਨੀਤ ਕੁਮਾਰ ਪੁੱਤਰ ਮੰਗਤ ਰਾਮ ਪਿੰਡ ਤੇ ਡਾਕ. ਕੱਟ, ਤਹਿ. ਬੰਗਾ, ਜ਼ਿਲ੍ਹਾ ਸ. ਭ. ਸ. ਨਗਰ ਨੇ ਆਪਣਾ ਨਾਂਅ ਬਦਲ ਕੇ ਪੁਨੀਤ ਰੱਖ ਲਿਆ ਹੈ ਅਤੇ ਕੁਮਾਰ ਮੇਰਾ ਉਪਨਾਮ ਹੈ। ਸੰਬੰਧਤ ਨੋਟ ਕਰਨ।

### ਨਾਂਅ ਦੀ ਬਦਲੀ

ਮੈਂ ਰਿਕੂ ਪੁੱਤਰ ਵਿਜੇ ਕੁਮਾਰ ਵਾਸੀ ਧੁਲੇਤਾ, ਤਹਿ. ਫਿਲੌਰ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਂਅ ਬਦਲ ਕੇ ਰਿਕੂ ਮਲ ਰੱਖ ਲਿਆ ਹੈ ਅਤੇ ਹੁਣ ਮੱਲ ਮੇਰਾ ਉਪਨਾਮ ਹੈ।

ਮੈਂ Jagjit Singh ਪੁੱਤਰ Gurnam Singh ਸਿੰਘ ਵਾਸੀ ਪੀਰਕੋਟ ਜਿਲਾ ਬਠਿੰਡਾ ਨੇ ਆਪਣਾ ਨਾਮ ਬਦਲ ਕੇ Jagjeet Singh ਰੱਖ ਲਿਆ ਹੈ।

ਮੈਂ ਕੁਲਦੀਪ ਸਿੰਘ ਸਰਾਂ ਪੁੱਤਰ ਜਗਜੀਤ ਸਿੰਘ ਵਾਸੀ ਪੀਰਕੋਟ ਜਿਲਾ ਬਠਿੰਡਾ ਨੇ ਆਪਣਾ ਨਾਮ ਬਦਲ ਕੇ ਕੁਲਦੀਪ ਸਿੰਘ ਰੱਖ ਲਿਆ ਹੈ।

### ਬੇਦਖਲੀ ਨੋਟਿਸ

ਮੈਂ ਬਲਵਿੰਦਰ ਕੌਰ ਪਤਨੀ ਭਜਨ ਸਿੰਘ, ਪਿੰਡ ਸੂਰੇ ਪੱਡਾ (ਅੰਮ੍ਰਿਤਸਰ) ਆਪਣੇ ਲੜਕੇ ਮਨਜੀਤ ਸਿੰਘ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਉਸ ਨਾਲ ਲੈਨ ਦੇਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮਨਪ੍ਰੀਤ ਕੌਰ ਪੁੱਤਰੀ ਸ੍ਰੀ ਅਮਰੀਕ ਸਿੰਘ ਵਾਸੀ ਪਿੰਡ ਫੇਰੂਮਾਨ ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਖਮਨਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਚਰਨਜੀਤ ਸਿੰਘ ਪੁੱਤਰ ਸ. ਗੁਰਮੇਜ ਸਿੰਘ ਵਾਸੀ ਅਬਾਦੀ ਗੁਰੂ ਨਾਨਕਪੁਰਾ, ਮੁਹੱਲਾ ਚੰਡੀਗੜ੍ਹ, ਵਡਾਲੀ ਗੁਰੂ ਕੀ, ਛੇਹਰਟਾ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸ਼ਿਵਨਾਥ ਸਿੰਘ ਪੁੱਤਰ ਸ੍ਰੀ ਮੁਲਖਾ ਸਿੰਘ, ਵਾਸੀ ਨਿਊ ਪਾਲ ਐਵੀਨਿਊ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਇਸ ਦੀ ਪਤਨੀ ਜਸਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪਵਨ ਕੁਮਾਰ ਆਨੰਦ ਪੁੱਤਰ ਸ੍ਰੀ ਅਵਿਨਾਸ਼ ਚੰਦਰ ਆਨੰਦ ਵਾਸੀ ਮਕਾਨ ਨੰਬਰ 2/3, ਗਲੀ ਨੰ: 1, ਗੋਪਾਲ ਨਗਰ, ਮਜੀਠਾ ਰੋਡ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੋਹਿਤ ਆਨੰਦ ਅਤੇ ਇਸ ਦੀ ਪਤਨੀ ਪਾਇਲ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਪੰਨਾ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਮਕਾਨ ਨੰ. 543, ਗਲੀ ਨੰ.4, ਗੋਬਿੰਦ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਕਾਸ ਸਿੰਘ ਜੋ ਕਿ ਮੇਰੇ ਕਹਿਣੇ ਸੁਨਣੇ ਤੋਂ ਬਾਹਰ ਹੈ, ਕੋਈ ਗੱਲ ਨਹੀਂ ਮੰਨਦਾ,ਮਾੜੀ ਸੰਗਤ ਵਿਚ ਪੈ ਗਿਆ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਮੈਂ ਉਸਨੂੰ ਆਪਣੀ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਸ਼ੇਰੋ ਦੇਵੀ ਪਤਨੀ ਗਗਨਾ ਸਿੰਘ ਵਾਸੀ ਪਿੰਡ ਦੇਧਨਾ ਤਹਿਸੀਲ ਪਾਤੜਾਂ ਪਟਿਆਲਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਮੀਤ ਸਿੰਘ, ਉਸਦੀ ਪਤਨੀ ਮਨਪ੍ਰੀਤ ਕੌਰ ਅਤੇ ਛੋਟਾ ਲੜਕਾ ਹਰੀ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਸਾਰੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ, ਮੇਰਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ। ਇਨ੍ਹਾਂ ਨਾਲ ਸਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੁਰਜੀਤ ਸਿੰਘ ਪੁੱਤਰ ਸ: ਬਚਨ ਸਿੰਘ ਵਾਸੀ ਮਕਾਨ ਨੰ: 19, ਨੇੜੇ ਸੰਤ ਬੀਰ ਸਿੰਘ ਹਸਪਤਾਲ, ਬਾਬਾ ਜਵੰਦ ਸਿੰਘ ਕਾਲੋਨੀ, ਰਾਜਾਸਾਂਸੀ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਸਿੰਘ ਅਤੇ ਉਸ ਦੀ ਪਤਨੀ ਰਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜਸਵੰਤ ਸਿੰਘ ਪੁੱਤਰ ਸ੍ਰੀ ਬਚਿੱਤਰ ਸਿੰਘ ਵਾਸੀ ਪਿੰਡ ਬਮਾਲ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸਰਜੀਤ ਕੌਰ ਪਤਨੀ ਕੁਲਦੀਪ ਸਿੰਘ ਵਾਸੀ ਪਿੰਡ ਕਡਿਆਲ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਖਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਗੁਰਦਿਆਲ ਸਿੰਘ ਪੁੱਤਰ ਜਗਜੀਤ ਸਿੰਘ ਵਾਸੀ ਪਿੰਡ ਸ਼ਹਾਬਪੁਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਵਿੰਦਰ ਸਿੰਘ ਵਾ ਉਸਦੀ ਪਤਨੀ ਨਵਨੀਤ ਕੋਰ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਜਸਵੰਤ ਸਿੰਘ ਪੁੱਤਰ ਬਚਿੱਤਰ ਸਿੰਘ, ਪਿੰਡ ਬਮਾਲ (ਸੰਗਰੂਰ) ਆਪਣੇ ਲੜਕੇ ਹਰਵਿੰਦਰ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁਦ ਜ਼ਿੰਮੇਵਾਰ ਹੋਣਗੇ।

ਮੈਂ, ਸਤਵਿੰਦਰ ਕੌਰ ਪਤਨੀ ਗੁਰਚਰਨ ਸਿੰਘ ਵਾਸੀ ਮਕਾਨ ਨੰ. 171, ਗਲੀ ਨੰ. 5, ਸੈਨਿਕ ਵਿਹਾਰ, ਵਾਰਡ ਨੰ. 11, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮਨਦੀਪ ਸਿੰਘ ਅਤੇ ਉਸਦੀ ਪਤਨੀ ਪ੍ਰਭਜੋਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਰੋਟਰੀ ਕਲੱਬ ਰੋਇਲ ਨੇ ਕਰਾਇਆ ਤਾਜਪੋਸ਼ੀ ਸਮਾਗਮ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** ਰੋਟਰੀ ਕਲੱਬ ਪਾਤੜਾਂ ਰੋਇਲ ਦੇ ਅਗਲੇ ਸਾਲ ਚੁਣੇ ਗਏ ਅਹੁਦੇਦਾਰਾਂ ਦਾ ਤਾਜਪੋਸ਼ੀ ਸਮਾਗਮ ਕਰਾਇਆ ਗਿਆ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਰੋਟਰੀ ਇੰਟਰਨੈਸ਼ਨਲ 3090 ਦੇ ਡਿਸਟ੍ਰਿਕਟ ਗਵਰਨਰ ਡਾਕਟਰ ਸੰਦੀਪ ਚੌਹਾਨ ਨੇ ਸ਼ਿਰਕਤ ਕੀਤੀ, ਜਦੋਂਕਿ ਵਿਸ਼ੇਸ਼ ਮਹਿਮਾਨ ਵਜੋਂ ਘਨਸ਼ਯਮ ਕਾਂਸਲ, ਡਿਸਟ੍ਰਿਕਟ ਸੈਕਟਰੀ ਸੁਨੀਲ ਮੁੰਜਾਲ, ਸੀਏ ਅਮਿਤ ਸਿੰਗਲਾ, ਮਾਨਿਕ ਰਾਜ ਸਿੰਗਲਾ, ਪ੍ਰਧਾਨ ਨਗਰ ਕੌਂਸ਼ਲ ਰਣਵੀਰ ਸਿੰਘ, ਸੀਨੀਅਰ 'ਆਪ' ਆਗੂ ਕੁਲਦੀਪ ਸਿੰਘ ਥਿੰਦ ਅਤੇ ਕਰਨੈਲ ਸਰਪੰਚ ਨੇ ਹਿੱਸਾ ਲਿਆ। ਕਲੱਬ ਦੇ ਨਵੇਂ ਚੁਣੇ ਗਏ ਪ੍ਰਧਾਨ ਕਪਿਲ ਕੌਸ਼ਲ ਮਲਿਕ, ਸੈਕਟਰੀ ਕੁਨਾਲ ਗੋਇਲ, ਕੈਸ਼ੀਅਰ ਅਰੁਣ ਸਿੰਗਲਾ ਨੂੰ ਅਹੁਦਿਆਂ ਦੀ ਸਹੁੰ ਚੁਕਾਈ ਗਈ।ਪ੍ਰੋਗਰਾਮ ਦੀ ਸ਼ੁਰੂਆਤ ਰਾਸ਼ਟਰੀ ਗਾਣ ਨਾਲ ਕਰਨ ਉਪਰੰਤ ਮੁੱਖ ਮਹਿਮਾਨ ਡਿਸਟ੍ਰਿਕਟ ਗਵਰਨਰ ਡਾਕਟਰ ਸੰਦੀਪ ਚੌਹਾਨ ਵੱਲੋਂ ਨਵਨਿਯੁਕਤ ਪ੍ਰਧਾਨ ਕਪਿਲ ਕੌਸ਼ਲ ਮਲਿਕ ਦੇ ਗੱਲ ਵਿਚ ਰੋਟਰੀ ਕਾਲਰ ਪਹਿਨਾਇਆ ਗਿਆ।ਇਸ ਦੇ ਨਾਲ ਹੀ ਕਲੱਬ ਵਿਚ ਨਵੇਂ ਮੈਂਬਰਾਂ ਨੂੰ ਰੋਟਰੀ ਪਿੰਨ ਲਾਏ ਗਏ।

ਮੁੱਖ ਮਹਿਮਾਨ ਡਾਕਟਰ ਸੰਦੀਪ ਚੌਹਾਨ ਨੇ ਕਿਹਾ ਕਿ ਵਿਸ਼ਵ ਭਰ ਵਿੱਚ ਰੋਟਰੀ ਦੀ ਸਮਾਜ ਸੇਵਾ ਦੇ ਕੰਮਾਂ ਵਿਚ ਆਪਣੀ ਵੱਖਰੀ ਪਛਾਣ ਹੈ।ਇਸ ਦੌਰਾਨ ਸਾਲ 2023-2024 ਦੌਰਾਨ ਪ੍ਰਧਾਨ ਰਹਿ ਚੁੱਕੇ ਅਮਨਦੀਪ ਸਿੰਘ ਨੇ ਆਪਣੇ ਕਾਰਜਕਾਲ ਦੌਰਾਨ ਕਲੱਬ ਵਲੋਂ ਕੀਤੇ ਗਏ ਕੰਮਾਂ ਦਾ ਜ਼ਿਕਰ ਕਰਦਿਆਂ ਵਿਸਥਾਰ ਸਾਹਿਤ ਰਿਪੋਰਟ ਪੇਸ਼ ਕੀਤੀ।ਰਿਪੋਰਟ ਨੂੰ ਸਮਾਗਮ ਵਿੱਚ ਹਾਜ਼ਰ ਸਾਰੇ ਵਿਅਕਤੀਆਂ ਨੇ ਤਾੜੀਆਂ ਨਾਲ ਪਾਸ ਕੀਤਾ। ਨਵ ਨਿਯੁਕਤ ਪ੍ਰਧਾਨ ਕਪਿਲ ਕੌਸ਼ਲ ਮਲਿਕ ਨੇ ਆਪਣੇ ਸੰਬੋਧਨ ਦੌਰਾਨ ਆਉਣ ਵਾਲੇ ਸਮੇ ਵਿਚ ਕੀਤੇ ਜਾਣ ਵਾਲੇ ਕੰਮਾਂ ਸੰਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

# ਹਰਦੀਪ ਸਿੰਘ ਢਿੱਲੋਂ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰੇ : ਸੁਖਬੀਰ ਬਾਦਲ



**ਸ੍ਰੀ ਮੁਕਤਸਰ ਸਾਹਿਬ/ਲੰਬੀ, (ਸ਼ਮਿੰਦਰ ਪਾਲ, ਪੂਜਾ/ਗੁਰਮੀਤ ਸਿੰਘ ਮੱਕੜ)** : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਗਿੱਦੜਬਾਹਾ ਹਲਕੇ ਦੇ ਸਾਬਕਾ ਇੰਚਾਰਜ ਹਰਦੀਪ ਸਿੰਘ ਢਿੱਲੋਂ ਨੂੰ ਅਪੀਲ ਕੀਤੀ ਕਿ ਉਹ ਅਕਾਲੀ ਦਲ ਛੱਡਣ ਬਾਰੇ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ।ਅਕਾਲੀ ਦਲ ਦੇ ਪ੍ਰਧਾਨ, ਜਿਨ੍ਹਾਂ ਨੇ ਆਪਣੀ ਰਿਹਾਇਸ਼ 'ਤੇ ਗਿੱਦੜਬਾਹਾ ਹਲਕੇ ਦੇ ਲੋਕਾਂ ਨਾਲ ਵਿਚਾਰ ਵਟਾਂਦਰਾ ਕੀਤਾ, ਨੇ ਕਿਹਾ ਕਿ ਇਹ ਗੱਲ ਕੋਰਾ ਝੂਠ ਤੇ ਨਿਰੀ ਅਫਵਾਹ ਹੈ ਕਿ ਭਾਜਪਾ ਆਗੂ ਮਨਪ੍ਰੀਤ ਸਿੰਘ ਬਾਦਲ ਨੂੰ ਗਿੱਦੜਬਾਹਾ ਹਲਕੇ ਤੋਂ ਜ਼ਿਮਨੀ ਚੋਣ ਵਿੱਚ ਅਕਾਲੀ ਦਲ ਦਾ ਉਮੀਦਵਾਰ ਬਣਾਇਆ ਜਾ ਰਿਹਾ ਹੈ।ਸ੍ਰ. ਬਾਦਲ ਨੇ ਸਪੱਸ਼ਟ ਕੀਤਾ ਕਿ ਪਾਰਟੀ ਉਨ੍ਹਾਂ ਲਈ ਕੀ ਮਹੱਤਤਾ ਰੱਖਦੀ ਹੈ ਤੇ ਕਿਹਾ ਕਿ ਮੇਰੇ ਲਈ ਮੇਰੇ ਪਰਿਵਾਰ ਨਾਲੋਂ ਜ਼ਿਆਦਾ ਮੇਰੀ ਪਾਰਟੀ ਤੇ ਇਸ ਦੇ ਸਿਧਾਂਤ ਜ਼ਿਆਦਾ ਅਹਿਮੀਅਤ ਰੱਖਦੇ ਹਨ।ਉਨ੍ਹਾਂ ਕਿਹਾ ਕਿ ਮੈਂ ਇਹ ਸਪੱਸ਼ਟ ਕਰਨਾ ਚਾਹੁੰਦਾ ਹਾਂ ਕਿ ਗਿੱਦੜਬਾਹਾ ਹਲਕੇ ਦੀ ਜ਼ਿਮਨੀ ਚੋਣ ਵਾਸਤੇ ਹਰਦੀਪ ਸਿੰਘ ਢਿੱਲੋਂ ਪਾਰਟੀ ਉਮੀਦਵਾਰ ਹੋਣਗੇ, ਇਸ ਬਾਰੇ ਮੈਨੂੰ ਕੋਈ ਸ਼ੰਕਾ ਹੀ ਨਹੀਂ ਹੈ।ਸ੍ਰ. ਬਾਦਲ ਨੇ ਕਿਹਾ ਕਿ ਜੇਕਰ ਸ੍ਰ. ਢਿੱਲੋਂ ਕਿਸੇ ਨਾ ਕਿਸੇ ਕਾਰਨ ਪਾਰਟੀ ਤੇ ਪਾਰਟੀ ਕੇਡਰ ਤੋਂ ਆਪਣਾ ਮੂੰਹ ਮੋੜ ਲੈਂਦੇ ਹਨ ਤਾਂ ਫਿਰ ਅਕਾਲੀ ਦਲ ਅਗਲੇ 10 ਦਿਨਾਂ ਵਿੱਚ ਗਿੱਦੜਬਾਹਾ ਹਲਕੇ ਤੋਂ ਪਾਰਟੀ ਉਮੀਦਵਾਰ ਬਾਰੇ ਫੈਸਲਾ ਲਵੇਗਾ।ਉਨ੍ਹਾਂ ਕਿਹਾ ਕਿ ਅਸੀਂ 10 ਦਿਨਾਂ ਤੱਕ ਸ੍ਰ. ਢਿੱਲੋਂ ਦੇ ਫੈਸਲੇ ਦੀ ਉਡੀਕ ਕਰਾਂਗੇ।ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਪਾਰਟੀ ਦੇ ਉਮੀਦਵਾਰ ਬਾਰੇ ਫੈਸਲਾ ਹਲਕੇ ਤੋਂ ਪਾਰਟੀ ਦੇ ਵਰਕਰਾਂ ਤੇ ਆਗੂਆਂ ਨਾਲ ਰਾਇ ਮਸ਼ਵਰਾ ਕਰਨ ਤੋਂ ਬਾਅਦ ਹੀ ਲਿਆ ਜਾਵੇਗਾ। ਉਨ੍ਹਾ ਕਿਹਾ ਕਿ ਮੈਂ ਗਿੱਦੜਬਾਹਾ ਹਲਕੇ ਦੀ ਸੰਗਤ ਦੀ ਮਰਜ਼ੀ ਮੁਤਾਬਕ ਹੀ ਕੰਮ ਕਰਾਂਗੇ ਤੇ ਇਸ ਵਾਸਤੇ ਬਹੁਤ ਨਿਮਰਤਾ ਤੇ ਦ੍ਰਿੜ੍ਹਤਾ ਨਾਲ ਆਪਣੇ ਫਰਜ਼ ਨਿਭਾਉਣ ਲਈ ਵਚਨਬੱਧ ਹਾਂ।

# ਮੈਡੀਕਲ ਪ੍ਰੈਕਟੀਸ਼ਨਰ ਦੀ ਮੀਟਿੰਗ ਹੋਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਰਾਮਪੁਰਾ ਦੀ ਮੀਟਿੰਗ ਟੀਚਰ ਹੋਮ ਵਿਖੇ ਬਲਾਕ ਪ੍ਰਧਾਨ ਡਾਕਟਰ ਨਿਰਮਲ ਸਿੰਘ ਚੌਕੇ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜਥੇਬੰਦੀ ਨੂੰ ਦਰਪੇਸ਼ ਸਮੱਸਿਆਵਾਂ 'ਤੇ ਵਿਚਾਰ ਚਰਚਾ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਡਾਕਟਰ ਜਗਤਾਰ ਸਿੰਘ ਫੂਲ ਨੇ ਕਿਹਾ ਕਿ ਮੌਜੂਦਾ ਕੇਂਦਰੀ ਤੇ ਸੂਬਾ ਸਰਕਾਰ ਮੈਡੀਕਲ ਪ੍ਰੈਕਟੀਸ਼ਨਰ ਦੀਆਂ ਮੰਗਾਂ ਵੱਲ ਫੌਰੀ ਧਿਆਨ ਦੇਵੇ, ਦੇਸ਼ ਅੰਦਰ ਔਰਤਾਂ ਨਾਲ ਹੋ ਰਹੇ ਅੱਤਿਆਚਾਰਾਂ 'ਤੇ ਬੋਲਦਿਆਂ ਕਿਹਾ ਸਮਾਜ ਦੀ ਔਰਤਾਂ ਪ੍ਰਤੀ ਸੋਚ ਨੂੰ ਬਦਲਣ ਲਈ ਤੇ ਉਨ੍ਹਾਂ ਦੀ ਸੁਰੱਖਿਆ ਲਈ ਸਰਕਾਰ ਨੂੰ ਫੌਰੀ ਉਪਰਾਲੇ ਕਰਨੇ ਚਾਹੀਦੇ ਹਨ, ਦੋਸ਼ੀਆਂ ਨੂੰ ਬਿਨਾਂ ਕਿਸੇ ਦੇਰੀ ਦੇ ਗ੍ਰਿਫ਼ਤਾਰ ਕਰਨਾ ਚਾਹੀਦਾ ਹੈ, ਦੋਸ਼ੀਆਂ ਨੂੰ ਬਚਾਉਣ ਤੇ ਉਨ੍ਹਾਂ ਨੂੰ ਹੱਲਾਸ਼ੇਰੀ ਦੇਣ ਵਾਲੇ 'ਤੇ ਵੀ ਕਾਰਵਾਈ ਯਕੀਨੀ ਬਣਾਈ ਜਾਵੇ ਤੇ ਸਖਤ ਸਜ਼ਾਵਾਂ ਦੇਣੀਆਂ ਯਕੀਨੀ ਬਣਾਇਆ ਜਾਵੇ।

ਮੀਟਿੰਗ ਨੂੰ ਡਾਕਟਰ ਕੌਰ ਸਿੰਘ ਫੂਲ, ਰੇਸ਼ਮ ਸਿੰਘ ਫੂਲ, ਕੁਲਵੰਤ ਸਿੰਘ ਸੰਧੂ ਖੁਰਦ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਕਾਰਵਾਈ ਬਲਾਕ ਸਕੱਤਰ ਦੇਵ ਰਾਜ ਜੀ ਨੇ ਨਿਭਾਈ, ਜਿਨ੍ਹਾਂ ਅੰਤ ਵਿੱਚ ਆਏ ਡਾਕਟਰ ਸਾਹਿਬਾਨ ਦਾ ਧੰਨਵਾਦ ਕੀਤਾ।

# ਪੰਜਾਬੀ ਮੰਚ ਵੱਲੋਂ ਪੈਦਲ ਰੋਸ ਮਾਰਚ 29 ਨੂੰ

**ਚੰਡੀਗੜ੍ਹ**- ਚੰਡੀਗੜ੍ਹ ਵਿੱਚ ਪੰਜਾਬੀ ਭਾਸ਼ਾ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਾ ਦਰਜਾ ਦਿਵਾਉਣ ਲਈ ਲਗਾਤਾਰ ਯਤਨਸ਼ੀਲ ਚੰਡੀਗੜ੍ਹ ਪੰਜਾਬੀ ਮੰਚ ਵੱਲੋਂ 29 ਅਗਸਤ ਨੂੰ ਰਾਜ ਭਵਨ ਵੱਲ ਪੈਦਲ ਰੋਸ ਮਾਰਚ ਕੀਤਾ ਜਾ ਰਿਹਾ ਹੈ। ਮੰਚ ਦੇ ਪ੍ਰਧਾਨ ਸੁਖਜੀਤ ਸਿੰਘ ਸੁੱਖਾ ਹੱਲੋਮਾਜਰਾ, ਜਨਰਲ ਸਕੱਤਰ ਕਾਮਰੇਡ ਦੇਵੀ ਦਿਆਲ ਸ਼ਰਮਾ, ਸ਼ਰਨਜੀਤ ਸਿੰਘ ਬੈਦਵਾਨ ਰਾਏਪੁਰ ਕਲਾਂ, ਤਰਕਸ਼ੀਲ ਸੋਸਾਇਟੀ ਤੋਂ ਜੋਗਾ ਸਿੰਘ ਨੇ ਦੱਸਿਆ ਕਿ 29 ਅਗਸਤ ਨੂੰ ਰਾਜ ਭਵਨ ਵੱਲ ਪੈਦਲ ਮਾਰਚ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ ਜੋ ਕਿ ਸੈਕਟਰ 30 ਸਥਿਤ ਮੱਖਣ ਸ਼ਾਹ ਲੁਬਾਣਾ ਭਵਨ ਤੋਂ ਸ਼ੁਰੂ ਹੋ ਕੇ ਵੱਖ-ਵੱਖ ਸੈਕਟਰਾਂ ਅਤੇ ਪਿੰਡਾਂ ਵਿੱਚੋਂ ਦੀ ਹੁੰਦਾ ਹੋਇਆ ਰਾਜ ਭਵਨ ਵੱਲ ਜਾਵੇਗਾ।

# ਜੌੜਾਮਾਜਰਾ ਨੇ ਸੰਤ ਈਸ਼ਰ ਸਿੰਘ ਰਾੜਾ ਸਾਹਿਬ ਵਾਲਿਆਂ ਦੇ ਬਰਸੀ ਸਮਾਗਮਾਂ 'ਚ ਭਰੀ ਹਾਜ਼ਰੀ



ਲੁਧਿਆਣਾ (ਰਾਜ ਸਿੰਗਲਾ) ਭਗਤੀ ਦੇ ਪੁੰਜ ਅਤੇ ਵਿਸ਼ਵ ਪ੍ਰਸਿੱਧ ਗੁਰਦੁਆਰਾ ਕਰਮਸਰ ਰਾੜਾ ਸਾਹਿਬ ਦੇ ਬਾਨੀ ਸੱਚਖੰਡ ਵਾਸੀ ਧੰਨ ਧੰਨ ਬਾਬਾ ਈਸ਼ਰ ਸਿੰਘ ਜੀ ਦੇ 49ਵੇਂ ਬਰਸੀ ਸਮਾਗਮਾਂ ਮੌਕੇ ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ੍ਰੀ ਚੇਤਨ ਸਿੰਘ ਜੌੜਾਮਾਜਰਾ ਅਤੇ ਵਿਧਾਨ ਸਭਾ ਹਲਕਾ ਪਾਇਲ ਦੇ ਵਿਧਾਇਕ ਸ੍ਰੀ ਮਨਵਿੰਦਰ ਸਿੰਘ ਗਿਆਸਪੁਰਾ ਨੇ ਐਤਵਾਰ ਨੂੰ ਸ਼ਰਧਾ ਤੇ ਸਤਿਕਾਰ ਸਹਿਤ ਹਾਜ਼ਰੀ ਭਰੀ। ਜੌੜਾਮਾਜਰਾ ਤੇ ਵਿਧਾਇਕ ਸ੍ਰੀ ਮਨਵਿੰਦਰ ਸਿੰਘ ਗਿਆਸਪੁਰਾ ਦਾ ਬਰਸੀ ਸਮਾਗਮਾਂ ਵਿੱਚ ਪਹੁੰਚਣ 'ਤੇ ਰਾੜਾ ਸਾਹਿਬ ਸੰਪਰਦਾਇ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਵੱਲੋਂ ਸੰਗਤਾਂ ਵਿੱਚ ਬੈਠ ਕੇ ਕੀਰਤਨ ਵੀ ਸਰਵਣ ਕੀਤਾ ਗਿਆ। ਜੌੜਾਮਾਜਰਾ ਨੇ ਆਖਿਆ ਕਿ ਧੰਨ ਧੰਨ ਬਾਬਾ ਈਸ਼ਰ ਸਿੰਘ ਜੀ ਦੀ ਵਰੋਸਾਈ ਧਰਤੀ ਕਰਮਸਰ ਰਾੜਾ ਸਾਹਿਬ ਵਿਖੇ ਨਤਮਸਤਕ ਹੋਏ ਬਹੁਤ ਚੰਗਾ ਲੱਗਿਆ ਅਤੇ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੂੰ ਵੇਖ ਕੇ ਮਨ ਨੂੰ ਸਕੂਨ ਮਿਲਿਆ ਹੈ, ਕਿਉਂਕਿ ਸੰਤ ਬਾਬਾ ਈਸ਼ਰ ਸਿੰਘ ਜੀ ਨੇ ਲੰਮਾ ਸਮਾਂ ਭਗਤੀ ਕਰਕੇ ਵਾਹਿਗੁਰੂ ਦਾ ਗਿਆਨ ਪ੍ਰਾਪਤ ਕੀਤਾ ਅਤੇ ਲੱਖਾਂ-ਕਰੋੜਾਂ ਸੰਗਤਾਂ ਨੂੰ ਮਾਰਗ ਦਰਸ਼ਨ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਾਇਆ ਹੈ।ਉਨ੍ਹਾਂ ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ ਵਾਲਿਆਂ ਨੂੰ ਵਿਸ਼ਵਾਸ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਪੰਜਾਬ ਸਰਕਾਰ ਰਾੜਾ ਸਾਹਿਬ ਦੇ ਪ੍ਰਬੰਧਕਾਂ ਅਤੇ ਸਮੁੱਚੀ ਸੰਗਤ ਦੇ ਨਾਲ ਹੈ ਅਤੇ ਹਰ ਪ੍ਰਕਾਰ ਦੀ ਸਹਾਇਤਾ ਲਈ ਉਹ ਵਚਨਬੱਧ ਹਨ।

## ਹਰਜਿੰਦਰ ਸਿੰਘ ਮਹਿਲ ਖ਼ੁਰਦ ਦੇ ਅੰਗੀਠਾ ਸੰਭਾਲਣ ਦੀ ਰਸਮ ਬੂਟਾ ਲਾ ਕੇ ਕੀਤੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਖੇੜੀ ਕਲਾਂ ਵਿਖੇ ਵਰਕਸ਼ਾਪ ਉੱਪਰ ਕੰਮ ਕਰਦੇ ਸਮੇਂ ਅਚਾਨਕ ਬਿਜਲੀ ਦੀ ਲਪੇਟ ਵਿੱਚ ਆਉਣ ਕਾਰਨ ਹਾਦਸੇ ਦਾ ਸ਼ਿਕਾਰ ਹੋਏ ਪਿੰਡ ਮਹਿਲ ਖ਼ੁਰਦ (ਬਰਨਾਲਾ) ਦੇ ਵਸਨੀਕ ਨੌਜਵਾਨ ਮਿਸਤਰੀ ਹਰਜਿੰਦਰ ਸਿੰਘ ਜਗਦੇ ਪੁੱਤਰ ਹਰਪਾਲ ਸਿੰਘ ਰਾਜ ਮਿਸਤਰੀ ਦੇ ਅੰਗੀਠਾ ਸੰਭਾਲਣ ਦੀ ਰਸਮ ਸਮੇਂ ਪਰਵਾਰ ਵੱਲੋਂ ਨਿਵੇਕਲੀ ਪਹਿਲ ਕਰਦਿਆਂ ਅੰਗੀਠੇ ਦੀ ਰਾਖ ਚੱਲਦੇ ਪਾਣੀ ਵਿੱਚ ਵਹਾਉਣ ਦੀ ਬਜਾਏ ਸਮਸ਼ਾਨਘਾਟ ਵਿਖੇ ਹੀ ਦਫ਼ਨਾ ਕੇ ਉੱਪਰ ਬਰੋਟੇ ਦਾ ਬੂਟਾ ਲਾਇਆ ਗਿਆ।ਪਰਵਾਰਕ ਮੈਬਰਾਂ ਦਾ ਕਹਿਣਾ ਹੈ ਕਿ ਜਾਣ ਵਾਲੇ ਤਾਂ ਬੇਸ਼ੱਕ ਮੁੜਦੇ ਨਹੀਂ, ਪਰ ਸਾਨੂੰ ਕੁਦਰਤੀ ਸੋਮਿਆਂ ਦੀ ਸੰਭਾਲ ਕਰਨੀ ਚਾਹੀਦੀ ਹੈ ਤੇ ਦੂਜੀ ਗੱਲ ਇਹ ਦਰੱਖਤ ਵੱਡਾ ਹੋ ਕੇ ਆਕਸੀਜਨ ਤੇ ਛਾਂ ਦੇ ਨਾਲ-ਨਾਲ ਸਾਨੂੰ ਉਸ ਹਰਦਿਲ-ਅਜ਼ੀਜ਼ ਤੇ ਮਿਲਾਪੜੇ ਸੁਭਾਅ ਦੇ ਸਾਡੇ ਹੋਣਹਾਰ ਪੁੱਤਰ ਦੀ ਯਾਦ ਦਿਵਾਉਂਦਾ ਰਹੇਗਾ।ਇਸ ਮੌਕੇ ਜਗਰਾਜ ਸਿੰਘ, ਲਾਲੀ ਪੰਜ ਗਰਾਈਆਂ, ਕੇਵਲ ਸਿੰਘ ਸ਼ਹਿਣਾ, ਗੁਲਜ਼ਾਰਾ ਸਿੰਘ, ਕਰਨੈਲ ਸਿੰਘ, ਨਿੱਕਾ ਸਿੰਘ, ਬਲਵੀਰ ਸਿੰਘ, ਜਗਤਾਰ ਸਿੰਘ ਪੰਜ ਗਰਾਈਆਂ, ਰਣਜੀਤ ਸਿੰਘ, ਗੁਰਮੀਤ ਸਿੰਘ, ਰਿਸ਼ਤੇਦਾਰਾਂ ਅਤੇ ਮਿੱਤਰਡਾਂ ਪਿਆਰਿਆਂ ਨੇ ਇਸ ਨਿਵੇਕਲੀ ਪਿਰਤ ਦੀ ਸ਼ਲਾਘਾ ਕਰਦਿਆਂ ਹੋਰਨਾਂ ਨੂੰ ਵੀ ਇਸ ਤੋਂ ਸੇਧ ਲੈਣ ਦੀ ਅਪੀਲ ਕੀਤੀ।

## ਅਕਾਲੀ ਦਲ ਨੂੰ ਬਚਾਉਣ ਲਈ ਸੁਖਬੀਰ ਦਾ ਲਾਂਭੇ ਹੋਣਾ ਜ਼ਰੂਰੀ : ਚੰਦੂਮਾਜਰਾ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਸਾਬਕਾ ਸੰਸਦ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਆਗੂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਪੰਜਾਬ ਦੇ ਬੇਹਤਰ ਭਵਿੱਖ ਲਈ ਸ਼੍ਰੋਮਣੀ ਅਕਾਲੀ ਦਲ ਦਾ ਮਜ਼ਬੂਤ ਹੋਣਾ ਬੇਹੱਦ ਲਾਜ਼ਮੀ ਹੈ, ਕਿਉਂਕਿ ਜਿਸ ਵੀ ਖਿੱਤੇ ਦੀ ਆਪਣੀ ਰਾਜਨੀਤਕ ਪਾਰਟੀ ਕਮਜ਼ੋਰ ਹੋਈ ਹੈ, ਉਸ ਖਿੱਤੇ ਦੇ ਲੋਕਾਂ ਦੇ ਹੱਕਾਂ ਦੀ ਆਵਾਜ਼ ਹਕੂਮਤਾਂ ਤੱਕ ਨਹੀਂ ਪਹੁੰਚਦੀ।ਇਸ ਲਈ ਰਸਾਤਲ ਵਿੱਚ ਜਾ ਰਹੇ ਅਕਾਲੀ ਦਲ ਨੂੰ ਬਚਾਉਣ ਤੇ ਪੰਥ ਪ੍ਰਸਤੀ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਲਾਂਭੇ ਹੋਣਾ ਬੇਹਦ ਜਰੂਰੀ ਹੈ।ਪ੍ਰੋਫੈਸਰ ਚੰਦੂਮਾਜਰਾ ਨੇ ਕਿਹਾ ਹੈ ਕਿ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਪਾਰਟੀ ਪ੍ਰਧਾਨ ਵੱਲੋਂ ਆਪਣੀ ਹੀ ਬਣਾਈ ਗਈ ਕਮੇਟੀ ਦੀ ਰਿਪੋਰਟ ਨੂੰ ਮੰਨਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹੋਈ ਸ਼ਰਮਨਾਕ ਹਾਰ ਮਗਰੋਂ ਸੁਖਬੀਰ ਸਿੰਘ ਬਾਦਲ ਨੇ ਖ਼ੁਦ ਇਕਬਾਲ ਸਿੰਘ ਝੂੰਦਾ ਦੀ ਅਗਵਾਈ ਵਿੱਚ ਕਮੇਟੀ ਦਾ ਗਠਨ ਕੀਤਾ ਸੀ, ਪਰ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ ਦੀ ਬਜਾਏ ਸੁਖਬੀਰ ਸਿੰਘ ਬਾਦਲ ਅੜੀਅਲ ਵਤੀਰਾ ਅਪਣਾ ਰਹੇ ਹਨ।ਉਨ੍ਹਾਂ ਕਿਹਾ ਕਿ ਆਪਣੇ ਨਿੱਜੀ ਹਿੱਤਾਂ ਨੂੰ ਪਾਰਟੀ ਤੋਂ ਉੱਪਰ ਰੱਖਣ ਕਰਕੇ ਸੁਖਬੀਰ ਸਿੰਘ ਬਾਦਲ ਨੇ ਅਕਾਲੀ ਦਲ ਨੂੰ ਨਿਵਾਣ ਵੱਲ ਧੱਕਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ।ਜਦੋਂ ਝੂੰਦਾ ਕਮੇਟੀ ਨੇ ਸੂਬੇ ਭਰ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਇਕੱਤਰ ਕਰਕੇ ਸੁਖਬੀਰ ਸਿੰਘ ਬਾਦਲ ਨੂੰ ਪਾਰਟੀ ਦੀ ਪ੍ਰਧਾਨਗੀ ਤੋਂ ਲਾਂਭੇ ਹੋ ਜਾਣ ਲਈ ਕਿਹਾ, ਪਰ ਉਹ ਆਪਣੇ ਅੜੀਅਲ ਵਤੀਰੇ ਉੱਤੇ ਅੜੇ ਹੋਏ ਹਨ।

## ਸਰਕਾਰੀ ਕੰਨਿਆ ਸਕੂਲ ਮਹਿਰਾਜ 'ਚ ਫ਼ਲਦਾਰ ਤੇ ਛਾਂਦਾਰ ਪੌਦੇ ਲਾਏ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪਿੰਡ ਮਹਿਰਾਜ ਦੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਅਲਾਇੰਸ ਕਲੱਬ ਰਾਮਪੁਰਾ ਫੂਲ ਦੇ ਸਹਿਯੋਗ ਨਾਲ ਪ੍ਰਿੰਸੀਪਲ ਗੀਤਾ ਅਰੋੜਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵਾਤਾਵਰਨ ਦੀ ਸ਼ੁੱਧਤਾ ਤੇ ਹਰਿਆਲੀ ਲਈ ਫ਼ਲਦਾਰ ਤੇ ਛਾਂਦਾਰ ਪੌਦੇ ਲਾਏ ਗਏ। ਪੌਦੇ ਲਾਉਣ ਦੀ ਸ਼ੁਰੂਆਤ ਕਲੱਬ ਦੇ ਪ੍ਰਧਾਨ ਤਰਸੇਮ ਢੀਂਗਰਾ ਅਤੇ ਪ੍ਰਿੰਸੀਪਲ ਨੇ ਕੀਤੀ। ਪ੍ਰਿੰਸੀਪਲ ਗੀਤਾ ਅਰੋੜਾ ਨੇ ਆਪਣੇ ਸੰਦੇਸ਼ ਵਿੱਚ ਬੱਚਿਆਂ ਨੂੰ ਪੌਦੇ ਲਾਉਣ ਲਈ ਪ੍ਰੇਰਿਤ ਕੀਤਾ। ਕਲੱਬ ਪ੍ਰਧਾਨ ਤਰਸੇਮ ਢੀਂਗਰਾ ਨੇ ਪੌਦਿਆਂ ਬਾਰੇ ਜਾਣਕਾਰੀ ਦਿੰਦਿਆਂ ਬੱਚਿਆਂ ਨੂੰ ਆਪਣੇ ਜੀਵਨ ਵਿਚ ਵੱਧ ਤੋਂ ਵੱਧ ਪੌਦੇ ਲਾਉਣ ਲਈ ਕਿਹਾ। ਇਸ ਮੌਕੇ ਸੁਭਾਸ ਮੰਗਲਾ, ਹਰਬੰਸ ਸਿੰਗਲਾ, ਤਜਿੰਦਰ ਨਰੂਲਾ, ਮਨੀਸ਼ ਮਹਿਰਾਜ (ਪ੍ਰਧਾਨ ਮੰਦਰ ਕਮੇਟੀ), ਮੋਹਿਤ ਭੰਡਾਰੀ, ਤਰੁਨ ਕੁਮਾਰ, ਸੁਖਵੀਰ ਕੌਰ, ਕੁਲਵੰਤ ਕੌਰ, ਨਿਰਮਲ ਸਿੰਘ ਸਮੇਤ ਹੋਰ ਵੀ ਮੈਂਬਰ ਹਾਜ਼ਰ ਸਨ। ਸਮਾਪਤੀ 'ਤੇ ਕਲੱਬ ਵੱਲੋਂ ਵਿਦਿਆਰਥੀਆਂ ਨੂੰ ਆਪਣੇ ਘਰ ਲਾਉਣ ਲਈ ਵੀ ਪੌਦੇ ਦਿੱਤੇ ਗਏ। ਇਸ ਕਾਰਜ ਤੋਂ ਉਤਸ਼ਾਹਤ ਵਿਦਿਆਰਥੀਆਂ ਦਾ ਕਹਿਣਾ ਸੀ ਕਿ ਉਹ ਲਾਏ ਗਏ ਪੌਦਿਆਂ ਦੀ ਪੂਰੀ ਜ਼ਿੰਮੇਵਾਰੀ ਨਾਲ ਸਾਂਭ-ਸੰਭਾਲ ਕਰਨਗੇ।

## ਛੇੜਛਾੜ ਦੇ ਦੋਸ਼ੀ ਨੂੰ ਸਜ਼ਾ ਦਿਵਾਉਣ ਲਈ ਪੀ ਐੱਸ ਯੂ ਵੱਲੋਂ ਸੰਘਰਸ਼ ਦੀ ਚੇਤਾਵਨੀ



ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਪਿੰਡ ਪੱਖੀ ਕਲਾਂ ਦੀ ਵਿਦਿਆਰਥਣ ਨਾਲ ਪਿੰਡ ਦੇ ਹੀ ਬੰਦੇ ਦੀਪ ਸਪੁੱਤਰ ਮਹਿੰਦਰ ਸਿੰਘ ਵੱਲੋਂ ਛੇੜ ਛਾੜ ਕੀਤੀ ਗਈ।ਦੋਸ਼ੀ ਨੂੰ ਸਜ਼ਾ ਦਿਵਾਉਣ ਲਈ ਸਦਰ ਥਾਣਾ ਫ਼ਰੀਦਕੋਟ ਨੂੰ ਲਿਖ਼ਤੀ ਸ਼ਿਕਾਇਤ ਦਿੱਤੀ ਗਈ। ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਹਰਵੀਰ ਤੇ ਜਸਨੀਤ ਸਿੰਘ ਨੇ ਕਿਹਾ ਕਿ ਪੀੜਤ ਲੜਕੀ ਸਰਕਾਰੀ ਬ੍ਰਿਜਿੰਦਰਾ ਕਾਲਜ ਵਿੱਚ ਵਿਦਿਆਰਥੀ ਯੂਨੀਅਨ ਵਿੱਚ ਕੰਮ ਕਰਦੀ ਹੈ, ਜਦੋਂ ਉਸ ਨੇ ਛੇੜ ਛਾੜ ਦੀ ਘਟਨਾ ਦਾ ਵਿਰੋਧ ਕੀਤਾ ਤਾਂ ਉਸ ਨੂੰ ਤੇ ਉਸ ਦੇ ਘਰਦਿਆਂ ਨੂੰ ਧਮਕਾਇਆ ਜਾ ਰਿਹਾ ਹੈ ਤੇ ਜਾਤੀ ਸੂਚਕ ਗਾਲਾਂ ਕੱਢੀਆਂ ਜਾ ਰਹੀਆਂ ਹਨ।ਦੇਸ਼ ਵਿਚ ਔਰਤਾਂ ਖ਼ਿਲਾਫ ਹਿੰਸਾ ਦੀਆਂ ਘਟਨਾਵਾਂ ਵਧ ਰਹੀਆਂ ਹਨ, ਦਿਨ ਦਿਹਾੜੇ ਵੀ ਲੜਕੀ ਸੁਰਖਿਅਤ ਨਹੀਂ ਹੈ।ਛੋਟੀ ਉਮਰ ਦੀ ਬੱਚੀ ਤੋਂ ਲੈਅ ਕੇ ਬਜ਼ੁਰਗ ਔਰਤਾਂ ਦਾ ਵੀ ਸਰੀਰਕ ਸੋਸ਼ਣ ਹੁੰਦਾ ਹੈ।ਇਸ ਦਾ ਕਾਰਨ ਔਰਤ ਵਿਰੋਧੀ ਮਾਨਸਿਕਤਾ ਹੈ, ਔਰਤਾਂ ਨੂੰ ਵਰਤੋਂ ਯੋਗ ਚੀਜ਼ ਸਮਝਿਆ ਜਾਂਦਾ ਹੈ, ਜੋ ਔਰਤਾਂ ਸੋਸ਼ਣ ਖਿਲਾਫ ਬੋਲਦੀਆਂ ਹਨ, ਉਨ੍ਹਾਂ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਵਿਦਿਆਰਥੀ ਆਗੂ ਸੁਖਬੀਰ ਸਿੰਘ ਤੇ ਸ਼ਰਨਦੀਪ ਸਿੰਘ ਨੇ ਕਿਹਾ ਕਿ ਸਰਕਾਰ ਨੂੰ ਔਰਤਾਂ ਦੀ ਸੁਰੱਖਿਆ ਦੇ ਪ੍ਰਬੰਧ ਕਰਨੇ ਚਾਹੀਦੇ ਹਨ। ਔਰਤ ਵਿਰੋਧੀ ਮਾਨਸਿਕਤਾ ਵਾਲੇ ਅਜਿਹੇ ਅਨਸਰਾਂ ਤੇ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।ਅਗਰ ਦੋਸ਼ੀ 'ਤੇ ਪਰਚਾ ਦਰਜ ਕਰਕੇ ਜਲਦੀ ਗ੍ਰਿਫ਼ਤਾਰ ਨਾ ਕੀਤਾ ਗਿਆ ਤਾਂ ਪੰਜਾਬ ਸਟੂਡੈਂਟਸ ਯੂਨੀਅਨ ਸੰਘਰਸ਼ ਕਰੇਗੀ।

## ਮੌਕਾ ਮਿਲਿਆ ਤਾਂ ਹਲਕੇ ਦੀ ਤਰੱਕੀ ਲਈ ਦਿਨ-ਰਾਤ ਇੱਕ ਕਰ ਦਿਆਂਗਾ : ਦੌਲਤਪੁਰ



ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਤੇ ਹਲਕਾ ਧੂਰੀ ਤੋਂ ਸੀਨੀਅਰ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਸਥਾਨਕ ਵਕੀਲ ਭਾਈਚਾਰੇ ਨਾਲ ਮੀਟਿੰਗ ਕਰਦਿਆਂ ਉਨ੍ਹਾਂ ਤੋਂ ਸਹਿਯੋਗ ਦੀ ਮੰਗ ਕੀਤੀ ਹੈ।ਵਕੀਲ ਨਵਦੀਪ ਸਿੰਘ ਚਾਂਗਲੀ ਦੇ ਯਤਨਾਂ ਸਦਕਾ ਹੋਈ ਇਸ ਮੀਟਿੰਗ ਵਿੱਚ ਬਾਰ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਕੇਵਲ ਸਿੰਘ ਚਹਿਲ, ਜੁਆਇੰਟ ਸੈਕਟਰੀ ਸਰਫਰਾਜ਼ ਅਲੀ, ਸੀਨੀਅਰ ਮੈਂਬਰ ਗਾਂਧੀ ਸਿੰਘ ਰਾਜਪੂਤ, ਅਮਨਦੀਪ ਸਿੰਘ ਚਹਿਲ, ਰਜਨੀਸ਼ ਧੀਰ, ਕੁਲਦੀਪ ਸਿੰਘ ਸਮੇਤ ਹੋਰ ਵਕੀਲ ਭਾਈਚਾਰੇ ਨੇ ਸ਼ਮੂਲੀਅਤ ਕੀਤੀ।ਹਰਦੀਪ ਸਿੰਘ ਦੌਲਤਪੁਰ ਨੇ ਵਕੀਲ ਭਾਈਚਾਰੇ ਨੂੰ ਵਿਸ਼ਵਾਸ ਦਿਵਾਇਆ ਕਿ ਜੇਕਰ ਉਨ੍ਹਾ ਨੂੰ ਹਲਕਾ ਧੂਰੀ ਤੋਂ ਕਾਂਗਰਸ ਟਿਕਟ ਦੇ ਕੇ ਨਿਵਾਜ਼ਦੀ ਹੈ ਤੇ ਉਹ ਸਫ਼ਲ ਹੁੰਦੇ ਹਨ ਤਾਂ ਉਹ ਵਕੀਲ ਭਾਈਚਾਰੇ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਸਮਾਂਬੱਧ ਪੂਰਾ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।ਉਨ੍ਹਾ ਕਿਹਾ ਕਿ ਜੇਕਰ ਉਨ੍ਹਾਂ ਨੂੰ ਹਲਕਾ ਧੂਰੀ ਦੀ ਨੁਮਾਇੰਦਗੀ ਕਰਨ ਦਾ ਮੌਕਾ ਮਿਲਿਆ ਤਾਂ ਉਹ ਹਲਕੇ ਦੇ ਵਿਕਾਸ ਲਈ ਦਿਨ-ਰਾਤ ਇੱਕ ਕਰ ਦੇਣਗੇ।

## ਕੇਂਦਰੀ ਜੇਲ੍ਹ 'ਚੋਂ 6 ਮੋਬਾਇਲ ਬਰਾਮਦ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 6 ਮੋਬਾਇਲ ਫੋਨ ਬਰਾਮਦ ਹੋਏ ਹਨ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 4 ਹਵਾਲਾਤੀਆਂ ਖਿਲਾਫ 52-ਏ ਪ੍ਰੀਸਿਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਬ ਇੰਸਪੈਕਟਰ ਸਰਵਨ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ ਰਾਹੀਂ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਸੁਪਰਡੈਂਟ ਨੇ ਦੱਸਿਆ ਕਿ 26 ਅਗਸਤ ਨੂੰ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਤਲਾਸ਼ੀ ਦੌਰਾਨ ਦੋਸ਼ੀਆਨ ਹਵਾਲਾਤੀ ਬਲਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਭੂਪੇ ਵਾਲਾ, ਹਵਾਲਾਤੀ ਬਲਜਿੰਦਰ ਸਿੰਘ ਪੁੱਤਰ ਸ਼ਿੰਦਰ ਸਿੰਘ ਵਾਸੀ ਪਿੰਡ ਪੀਰ ਕੇ ਉਤਾੜ, ਹਵਾਲਾਤੀ ਸਤਨਾਮ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਮਹਿਮਾ ਸਰਜਾ ਥਾਣਾ ਨਹੀਆਂਵਾਲਾ ਬਠਿੰਡਾ ਤੇ ਹਵਾਲਾਤੀ ਵਿਜੈ ਪੁੱਤਰ ਦਲਬੀਰ ਸਿੰਘ ਵਾਸੀ ਭੀਖਾ ਨੰਗਲ ਥਾਣਾ ਕਰਤਾਰਪੁਰ ਜ਼ਿਲ੍ਹਾ ਜਲੰਧਰ ਕੋਲੋਂ 4 ਮੋਬਾਇਲ ਫੋਨ ਟੱਚ ਸਕਰੀਨ ਤੇ 2 ਮੋਬਾਇਲ ਫੋਨ ਕੀ ਪੈਡ ਬਰਾਮਦ ਹੋਏ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਬਿਜਲੀ ਕਾਮਿਆਂ ਵੱਲੋਂ ਪਾਵਰਕਾਮ ਤੇ ਟਰਾਂਸਕੋ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖਿਲਾਫ ਰੋਸ ਪ੍ਰਦਰਸ਼ਨ



ਚੌਕੀਮਾਨ (ਬਲਬੀਰ ਮਾਨ) ਪਾਵਰਕਾਮ ਤੇ ਟਰਾਂਸਕੋ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖਿਲਾਫ ਬਿਜਲੀ ਏਕਤਾ ਮੰਚ ਤੇ ਸਾਂਝਾ ਫ਼ੋਰਮ ਪੰਜਾਬ ਦੁਆਰਾ ਵਿੱਢੇ ਸੰਘਰਸ਼ਾਂ ਦੀ ਲੜੀ ਤਹਿਤ ਮੰਡਲ ਯੂਨਿਟ ਜਗਰਾਓਂ ਦੇ ਜੁਝਾਰੂ ਬਿਜਲੀ ਕਾਮਿਆਂ ਵੱਲੋਂ ਸੀਨੀਅਰ ਆਗੂਆਂ ਦਲਜੀਤ ਸਿੰਘ ਜੱਸੋਵਾਲ, ਪ੍ਰਧਾਨ ਜਗਤਾਰ ਸਿੰਘ ਮੋਰਕਰੀਮਾਂ, ਮਨਦੀਪ ਸਿੰਘ ਕਮਾਲਪੁਰ, ਕਰਮਜੀਤ ਸਿੰਘ ਬਰਸਾਲ ਦੀ ਅਗਵਾਈ ਵਿੱਚ ਰੋਹ ਭਰਪੂਰ ਰੋਸ ਪ੍ਰਦਰਸ਼ਨ ਕਰਦਿਆਂ 295/19 ਕਾਮਿਆਂ ਦੀ ਭਰਵੀਂ ਸ਼ਮੂਲੀਅਤ ਅੰਦਰ ਪਾਵਰਕਾਮ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਪਰਖ਼ ਕਾਲ਼ ਸਮਾਂ ਪੂਰਾ ਕਰ ਚੁੱਕੇ ਕਾਮਿਆਂ ਦੀਆਂ ਪੂਰੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ, ਨਵੀਂ ਭਰਤੀ ਹੋਣ 'ਤੇ ਪਰਖ ਕਾਲ ਸਮਾਂ ਪਹਿਲਾਂ ਦੀ ਤਰ੍ਹਾਂ ਇੱਕ ਸਾਲ ਕਰਕੇ, ਕਾਮਿਆਂ ਨੂੰ ਪੂਰੀ ਤਨਖਾਹ ਦੀ ਪੂਰਤੀ ਕੀਤੀ ਜਾਵੇ ਨਾ ਕਿ ਮੁੱਢਲੀ ਤਨਖਾਹ ਦੇ ਕੇ ਉਨ੍ਹਾਂ ਦੇ ਹੱਕਾਂ 'ਤੇ ਡਾਕਾ ਮਾਰ ਕੇ ਆਰਥਿਕ ਲੁੱਟ ਕੀਤੀ ਜਾਵੇ, ਸੁਰੱਖਿਅਤ ਪ੍ਰਬੰਧਾਂ ਵਿੱਚ ਸੁਧਾਰ ਕਰਕੇ ਨਵੀਆਂ ਤਕਨੀਕਾਂ ਅਨੁਸਾਰ ਲੋੜੀਂਦਾ ਸਾਮਾਨ ਮੁਹੱਈਆ ਕਰਵਾਇਆ ਜਾਵੇ, ਬਿਜਲੀ ਬੋਰਡ ਵਿੱਚੋਂ ਅਪਰੈਂਟਿਸਸ਼ਿਪ ਲਾਈਨਮੈਨ ਦੀ ਟ੍ਰੇਨਿੰਗ ਲੈ ਕੇ ਭਰਤੀ ਹੋਣ ਵਾਲਿਆਂ ਨੂੰ ਬਤੌਰ ਲਾਈਨਮੈਨ ਭਰਤੀ ਕੀਤਾ ਜਾਵੇ ਨਾ ਕਿ ਸਹਾਇਕ ਲਾਈਨਮੈਨ ਭਰਤੀ ਕਰਕੇ ਉਨ੍ਹਾਂ ਦੇ ਹੱਕਾਂ 'ਤੇ ਡਾਕਾ ਮਾਰਿਆ ਜਾਵੇ।ਪੁਰਾਣੀ ਪੈਨਸ਼ਨ ਸਕੀਮ ਪਹਿਲਾਂ ਦੀ ਤਰ੍ਹਾਂ ਬਹਾਲ ਕੀਤੀ ਜਾਵੇ, ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕੀਤੀਆਂ ਜਾਣ, ਬੰਦ ਭੱਤੇ ਜਾਰੀ ਕੀਤੇ ਜਾਣ, ਸੀ ਐੱਚ ਬੀ ਕਾਮਿਆਂ ਨੂੰ ਮਹਿਕਮਾ ਸਿਖਲਾਈ ਦੇ ਕੇ ਸਿੱਖਿਅਤ ਕਰੇ ਤਾਂ ਜੋ ਆਏ ਦਿਨ ਵਾਪਰਦੇ ਘਾਤਕ ਹਾਦਸਿਆਂ ਨੂੰ ਰੋਕਿਆ ਜਾ ਸਕੇ।ਕੰਮ ਦੌਰਾਨ ਮੌਤ ਹੋਣ 'ਤੇ ਅਗਨੀ ਵੀਰਾਂ ਵਾਂਗ ਲਾਈਨਾਂ 'ਤੇ ਸੜ ਕੇ ਮਰਨ ਵਾਲੇ ਬਿਜਲੀ ਕਾਮਿਆਂ ਨੂੰ ਵੀ ਸ਼ਹੀਦੀ ਦਾ ਦਰਜਾ ਦੇ ਕੇ, ਇੱਕ ਕਰੋੜ ਰੁਪਏ ਸਹਾਇਤਾ ਰਾਸ਼ੀ ਦਾ ਪ੍ਰਬੰਧ ਕਰਕੇ, ਪ੍ਰੀਵਾਰ ਦੇ ਇੱਕ ਮੈਂਬਰ ਨੂੰ ਪੱਕੀ ਸਰਕਾਰੀ ਨੌਕਰੀ ਦਿੱਤੀ ਜਾਵੇ।ਵੱਡੀਆਂ ਲਾਈਨਾਂ 'ਤੇ ਕੰਮ ਕਰਨ ਲਈ ਯੋਗ ਤਕਨੀਕੀ ਸਟਾਫ ਭਰਤੀ ਕੀਤਾ ਜਾਵੇ, ਨਾ ਕਿ ਸਹਿਯੋਗ ਕਰਨ ਲਈ ਭਰਤੀ ਕੀਤੇ ਸਹਾਇਕ ਲਾਈਨਮੈਨਾਂ ਤੇ ਸੀ ਐੱਚ ਬੀ ਕਾਮਿਆਂ ਨੂੰ ਜਬਰੀ ਬਲ਼ਦੀ ਅੱਗ ਵਿੱਚ ਝੋਕ ਕੇ ਮਰਨ ਲਈ ਮਜਬੂਰ ਕੀਤਾ ਜਾਵੇ।ਇਸ ਮੌਕੇ ਇਕੱਤਰ ਸੁਖਦੀਪ ਸਿੰਘ, ਸੁਖਜਿੰਦਰ ਸਿੰਘ ਆਦਿ ਬਿਜਲੀ ਕਾਮਿਆਂ ਨੇ ਜੰਮ ਕੇ ਨਾਹਰੇਬਾਜ਼ੀ ਕਰਦਿਆਂ ਪਾਵਰਕਾਮ ਮੈਨੇਜਮੈਂਟ ਨੂੰ ਮੀਟਿੰਗਾਂ ਦੇ ਕੇ ਮਸਲੇ ਹੱਲ ਕਰਨ ਦੀ ਮੰਗ ਕੀਤੀ।

## ਸਾਹਿਤ ਸਭਾ ਦੇ ਸਮਾਗਮ 'ਚ ਨਾਟਕਾਂ ਦੀ ਪੇਸ਼ਕਾਰੀ ਨੇ ਦਰਸ਼ਕ ਕੀਲੇ



ਜਲਾਲਾਬਾਦ (ਰਣਬੀਰ ਕੌਰ ਢਾਬਾਂ)-ਸਾਹਿਤ ਸਭਾ ਜਲਾਲਾਬਾਦ ਵੱਲੋਂ ਪ੍ਰਧਾਨ ਗੋਪਾਲ ਬਜਾਜ ਦੀ ਪ੍ਰਧਾਨਗੀ ਹੇਠ ਸਥਾਨਕ ਡਰੀਮ ਵਿਲਾ ਵਿੱਚ ਸਿਰਜਣਾ ਆਰਟ ਗਰੁੱਪ ਰਾਏਕੋਟ ਦੇ ਸਹਿਯੋਗ ਨਾਲ ਦੋ ਨਾਟਕ 'ਮੈਂ ਰਾਹਾਂ 'ਤੇ ਨਹੀਂ ਤੁਰਦਾ ਤੇ ਜੋ ਵਿਦੇਸ਼ਾਂ 'ਚ ਰੁਲਦੇ ਨੇ ਰੋਟੀ ਲਈ' ਖੇਡੇ ਗਏ।ਸਾਹਿਤ ਸਭਾ ਜਲਾਲਾਬਾਦ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਮਨਜੀਤ ਸਿੰਘ ਦਰਗਨ ਐੱਮ ਡੀ ਡਰੀਮਜ਼ ਵਿਲਾ ਮੁੱਖ ਮਹਿਮਾਨ ਤੇ ਅੰਕਿਤ ਕਟਾਰੀਆ ਚੇਅਰਮੈਨ ਖੇਡ ਸਟੇਡੀਅਮ, ਜਤਿੰਦਰ ਕੁਮਾਰ ਬਜਾਜ ਵਾਈਸ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ, ਓਮ ਪ੍ਰਕਾਸ਼ ਕੁੱਕੜ ਪ੍ਰਧਾਨ ਸਮਾਜ ਭਲਾਈ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਇਸ ਪ੍ਰੋਗਰਾਮ ਵਿੱਚ ਉਚੇਚੇ ਤੌਰ 'ਤੇ ਭਾਸ਼ਾ ਵਿਭਾਗ ਤੋਂ ਪਹੁੰਚੇ ਭੁਪਿੰਦਰ ਉਤਰੇਜਾ ਵੱਲੋਂ ਨਾਟਕਕਾਰ ਡਾਕਟਰ ਸੋਮਪਾਲ ਹੀਰਾ ਤੇ ਉਨ੍ਹਾਂ ਦੀ ਟੀਮ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮੰਚ ਦਾ ਸੰਚਾਲਨ ਐਡਵੋਕੇਟ ਪ੍ਰੀਤੀ ਬਬੂਟਾ ਵੱਲੋਂ ਬਾਖ਼ੂਬੀ ਕੀਤਾ ਗਿਆ।ਸਾਹਿਤ ਸਭਾ ਦੇ ਸਰਪ੍ਰਸਤ ਸੂਬਾ ਸਿੰਘ ਨੰਬਰਦਾਰ ਦੀ ਦੇਖ ਰੇਖ ਹੇਠ ਕਰਵਾਏ ਗਏ ਪ੍ਰੋਗਰਾਮ ਵਿੱਚ ਆਏ ਲੋਕਾਂ ਨੇ ਇਸ ਦਾ ਆਨੰਦ ਮਾਣਿਆ।ਇਸ ਮੌਕੇ ਸਭਾ ਦੇ ਖਜ਼ਾਨਚੀ ਜਸਕਰਨਜੀਤ ਸਿੰਘ, ਪ੍ਰਵੇਸ਼ ਖੰਨਾ, ਬਲਬੀਰ ਸਿੰਘ, ਰਹੇਜਾ, ਪ੍ਰਕਾਸ਼ ਦੋਸ਼ੀ, ਕੁਲਦੀਪ ਬਰਾੜ, ਐਡਵੋਕੇਟ ਸੰਦੀਪ ਝਾਂਬ, ਸੰਤੋਖ ਸਿੰਘ ਬਰਾੜ, ਨੀਰਜ ਛਾਬੜਾ ਮੀਨਾ ਮਹਿਰੋਕ, ਨਰਿੰਦਰ ਸਿੰਘ ਮੁੰਜਾਲ, ਸਤਨਾਮ ਸਿੰਘ ਮਹਿਰਮ, ਰੋਸ਼ਨ ਲਾਲ ਅਸੀਜਾ, ਸੰਦੀਪ ਹਾਂਡਾ, ਪਰਮਿੰਦਰ ਸਿੰਘ ਪਿਆਸਾ, ਮਦਨ ਲਾਲ ਡੂਮੜਾ, ਦੀਪਕ ਨਾਰੰਗ, ਕਵਿਤਾ ਖੰਨਾ, ਊਸ਼ਾ ਝਾਂਬ, ਪਰਮਜੀਤ ਸਿੰਘ ਧਮੀਜਾ, ਜਾਤਿੰਦਰ ਸਿੰਘ ਬੇਦੀ, ਵਿਪਿਨ ਕੰਬੋਜ, ਹਰਸ਼ਦੀਪ ਬੋਪਾ ਰਾਏ ਜਸਵੰਤ ਸਿੰਘ ਹੱਡੀਵਾਲਾ, ਸੁਰੇਸ਼ ਗਾਬਾ ਹਰਮੀਤ ਸਿੰਘ ਸੋਢੀ, ਆਕਾਸ਼ ਖੰਨਾ ਆਦਿ ਸ਼ਾਮਲ ਹੋਏ।ਪੁਰਾਣੀ ਸਾਹਿਤ ਸਭਾ ਟੀਮ ਨੂੰ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ ਲਈ ਸਨਮਾਨਤ ਕੀਤਾ ਗਿਆ।

## ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਦੂਜੇ ਦਿਨ 'ਚ ਦਾਖ਼ਲ

ਖਿਡਾਰੀਆਂ ਵੱਲੋਂ ਦਿਖਾਏ ਗਏ ਪ੍ਰਭਾਵਸ਼ਾਲੀ ਤੇ ਦਿਲਕਸ਼ ਕਰਤੱਬ



ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)-ਪੰਜਾਬ ਗੱਤਕਾ ਐਸੋਸੀਏਸ਼ਨ ਵੱਲੋਂ ਅਕਾਲ ਕਾਲਜ ਕੌਂਸਲ ਦੇ ਸਹਿਯੋਗ ਨਾਲ ਕਰਾਈ ਜਾ ਰਹੀ ਅੱਠਵੀਂ ਚਾਰ ਰੋਜ਼ਾ ਨੈਸ਼ਨਲ ਚੈਂਪੀਅਨਸ਼ਿਪ ਦਾ ਦੂਜਾ ਦਿਨ ਪ੍ਰਭਾਵਸ਼ਾਲੀ ਮੁਕਾਬਲਿਆਂ ਦੌਰਾਨ ਸੰਪੰਨ ਹੋਇਆ।ਮੁੱਖ ਮਹਿਮਾਨ ਪਰਮਿੰਦਰ ਸਿੰਘ ਢੀਂਡਸਾ, ਸਾਬਕਾ ਵਿੱਤ ਮੰਤਰੀ ਪੰਜਾਬ ਵੱਲੋਂ ਵਿਦਿਆਰਥੀਆਂ ਨੂੰ ਆਸ਼ੀਰਵਾਦ ਦੇਣ ਦੇ ਨਾਲ-ਨਾਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਤੇ ਅਕਾਲ ਕਾਲਜ ਕੌਂਸਲ ਵੱਲੋਂ ਗਤਕੇ ਦੀ ਤਰੱਕੀ ਲਈ ਕੀਤੇ ਜਾ ਰਹੇ ਵਿਸ਼ਵ ਪੱਧਰੀ ਯਤਨਾਂ ਦੀ ਸ਼ਲਾਘਾ ਕੀਤੀ ਗਈ।

ਇਸ ਮੌਕੇ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਹਰਚਰਨ ਸਿੰਘ ਭੁੱਲਰ ਡੀਆਈਜੀ, ਪੰਜਾਬ ਪ੍ਰਧਾਨ ਡਾ. ਰਜਿੰਦਰ ਸਿੰਘ ਸੋਹਲ ਸਾਬਕਾ ਏਆਈਜੀ, ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ, ਅਕਾਲ ਕਾਲਜ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ, ਕੋਆਰਡੀਨੇਟਰ ਬਲਦੇਵ ਸਿੰਘ ਭੰਮਾਵੱਦੀ, ਗੁਰਜੰਟ ਸਿੰਘ ਦੁੱਗਾਂ, ਭੁਪਿੰਦਰ ਸਿੰਘ ਗਰੇਵਾਲ, ਸਿਆਸਤ ਸਿੰਘ ਦੁੱਗਾਂ, ਮਨਜੀਤ ਸਿੰਘ ਬਾਲੀਆਂ, ਡਾ. ਗੀਤਾ ਠਾਕੁਰ, ਡਾ. ਗੁਰਵੀਰ ਸਿੰਘ ਸੋਹੀ, ਡਾ. ਨਿਰਪਜੀਤ ਸਿੰਘ, ਡਾ. ਜਸਪਾਲ ਸਿੰਘ ਮੌਜੂਦ ਸਨ।ਲੜਕਿਆਂ ਦੇ ਅੰਡਰ-11 ਦੇ ਟੀਮ ਫਰੀ ਸੋਟੀ ਮੁਕਾਬਲਿਆਂ ਵਿੱਚ ਪੰਜਾਬ ਦੀ ਟੀਮ ਨੇ ਪਹਿਲਾ, ਹਰਿਆਣਾ ਨੇ ਦੂਜਾ, ਚੰਡੀਗੜ੍ਹ ਤੇ ਦਿੱਲੀ ਦੀਆਂ ਟੀਮਾਂ ਨੇ ਤੀਜਾ ਸਥਾਨ ਹਾਸਲ ਕੀਤਾ।ਲੜਕੇ ਅੰਡਰ-14 ਵਿਅਕਤੀਗਤ ਸਿੰਗਲ ਸੋਟੀ ਵਿੱਚ ਪੰਜਾਬ ਪਹਿਲੇ, ਹਰਿਆਣਾ ਦੂਜੇ, ਦਿੱਲੀ ਤੇ ਉੜੀਸਾ ਤੀਜੇ, ਲੜਕੀਆਂ ਅੰਡਰ-14 ਫਰੀ ਸੋਟੀ ਵਿੱਚ ਪੰਜਾਬ ਪਹਿਲੇ, ਦਿੱਲੀ ਦੂਜੇ, ਹਰਿਆਣਾ ਅਤੇ ਝਾਰਖੰਡ ਤੀਜੇ; ਲੜਕੇ ਅੰਡਰ-17 ਵਿਅਕਤੀਗਤ ਪ੍ਰਦਰਸ਼ਨ ਵਿੱਚ ਚੰਡੀਗੜ੍ਹ ਪਹਿਲੇ, ਮੱਧ-ਪ੍ਰਦੇਸ਼ ਦੂਜੇ ਤੇ ਪੰਜਾਬ ਤੀਜੇ; ਲੜਕੇ ਅੰਡਰ-17 ਟੀਮ ਫਰੀ ਸੋਟੀ ਵਿੱਚ ਚੰਡੀਗੜ੍ਹ ਪਹਿਲੇ, ਪੰਜਾਬ ਦੂਜੇ, ਦਿੱਲੀ ਤੇ ਮੱਧ-ਪ੍ਰਦੇਸ਼ ਤੀਜੇ; ਲੜਕੀਆਂ ਅੰਡਰ-17 ਟੀਮ ਫਰੀ ਸੋਟੀ ਵਿੱਚ ਪੰਜਾਬ ਪਹਿਲੇ, ਮਹਾਰਾਸ਼ਟਰ ਦੂਜੇ, ਉੱਤਰ-ਪ੍ਰਦੇਸ਼ ਅਤੇ ਚੰਡੀਗੜ੍ਹ ਤੀਜੇ; ਲੜਕੀਆਂ ਅੰਡਰ-17 ਸਿੰਗਲ ਸੋਟੀ ਵਿੱਚ ਦਿੱਲੀ ਪਹਿਲੇ, ਪੰਜਾਬ ਦੂਜੇ, ਮੱਧ-ਪ੍ਰਦੇਸ਼ ਅਤੇ ਚੰਡੀਗੜ੍ਹ ਤੀਜੇ; ਅੰਡਰ-19 ਵਿਅਕਤੀਗਤ ਪ੍ਰਦਰਸ਼ਨ ਵਿੱਚ ਪੰਜਾਬ ਪਹਿਲੇ, ਦਿੱਲੀ ਦੂਜੇ ਅਤੇ ਹਰਿਆਣਾ ਤੀਜੇ; ਲੜਕੇ ਅੰਡਰ-25 ਟੀਮ ਪ੍ਰਦਰਸ਼ਨ ਵਿੱਚ ਪੰਜਾਬ ਪਹਿਲੇ, ਦਿੱਲੀ ਦੂਜੇ ਅਤੇ ਮੱਧ ਪ੍ਰਦੇਸ਼ ਤੀਜੇ; ਲੜਕੇ ਅੰਡਰ-25 ਵਿਅਕਤੀਗਤ ਪ੍ਰਦਰਸ਼ਨ ਵਿੱਚ ਚੰਡੀਗੜ੍ਹ ਪਹਿਲੇ, ਰਾਜਸਥਾਨ ਦੂਜੇ ਅਤੇ ਪੰਜਾਬ ਤੀਜੇ; ਲੜਕੇ ਅੰਡਰ-30 ਵਿਅਕਤੀਗਤ ਪ੍ਰਦਰਸ਼ਨ ਵਿੱਚ ਪੰਜਾਬ ਪਹਿਲੇ, ਉੱਤਰ ਪ੍ਰਦੇਸ਼ ਦੂਜੇ, ਰਾਜਸਥਾਨ ਅਤੇ ਦਿੱਲੀ ਤੀਜੇ ਸਥਾਨ ਤੇ ਰਹੇ। ਗਤਕਾ ਫੈਡਰੇਸ਼ਨ ਦੇ ਅਹੁਦੇਦਾਰਾਂ ਅਤੇ ਕੌਂਸਲ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਨੂੰ ਸਨਮਾਨ-ਚਿੰਨ੍ਹ ਨਾਲ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਕਾਲਜਾਂ ਦਾ ਸਮੂਹ ਸਟਾਫ਼ ਮੌਜੂਦ ਸੀ।

## ਕੋਲਕਾਤਾ ਕਾਂਡ ਦੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ



ਜਗਰਾਉਂ (ਅਮਿਤ ਖੰਨਾ)-ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ 133 ਨੇ ਸਰਕਾਰ ਪਾਸੋਂ ਕਲਕੱਤਾ ਜਬਰ-ਜਨਾਹ ਤੇ ਕਤਲ ਕਾਂਡ ਦੇ ਦੋਸ਼ੀਆਂ ਲਈ ਸਖਤ ਕਾਨੂੰਨੀ ਕਾਰਵਾਈ ਤੇ ਮਿਸਾਲੀ ਸਜ਼ਾ ਦੀ ਮੰਗ ਕਰਦਿਆਂ ਪ੍ਰਧਾਨ ਜਿੰਦਰ ਪਾਲ ਧੀਮਾਨ ਨੇ ਕਿਹਾ ਕਿ ਕਲਕੱਤਾ ਵਿਖੇ ਰੈਜ਼ੀਡੈਂਟ ਡਾਕਟਰ ਦੇ ਜਬਰ ਜਨਾਹ ਤੇ ਭੁਖਦੇਵ ਕਤਲ ਨੇ ਰੂਹ ਕੰਬਾਊ ਨਿਰਭੈਆ ਕਾਂਡ ਨੂੰ ਇੱਕ ਵਾਰ ਮੁੜ ਯਾਦ ਕਰਾ ਦਿੱਤਾ ਪੰਜਾਬ ਹੈ।ਅਠੱਤਰ ਸਾਲ ਦੀ ਅਜ਼ਾਦੀ ਦੇ ਬਾਅਦ ਵੀ ਦੀਆਂ ਜੇਕਰ ਭਾਰਤ ਵਿੱਚ ਔਰਤ ਦੀ ਆਬਰੂ ਮਹਿਫੂਜ਼ ਨਹੀਂ ਤਾਂ ਸਿੱਖਿਆ, ਸਿਹਤ ਤੇਤਰੱਕੀ ਦੀਆਂ ਗੱਲਾਂ ਬੇ-ਮਾਅਨੇ ਹਨ।

ਉਨ੍ਹਾਂ ਕਿਹਾ ਕਿ ਇਸ ਸਬੰਧੀ ਕਾਨੂੰਨ ਵਿੱਚ ਵੱਡੀ ਤਬਦੀਲੀ ਕਰਕੇ, ਫ਼ੀ ਸਖਤ ਤੇ ਮਿਸਾਲੀ ਸਜ਼ਾਵਾਂ ਦੇਣ ਦੀ ਲੋੜ ਹੈ ਤਾਂ ਜੁ ਬਲਾਤਕਾਰ ਵਰਗੀ ਹੈਵਾਨੀਅਤ ਭਰੀ ਕਾਰਵਾਈ ਕਰਨ ਵਾਲੇ ਲੋਕਾਂ 'ਚ ਡਰ ਪੈਦਾ ਹੋਵੇ।ਇਸ ਦੇ ਨਾਲ ਹੀ ਔਰਤਾਂ ਦੇ ਕੰਮ ਸਥਾਨਾਂ 'ਤੇ ਸੁਰੱਖਿਆ ਦੀਆਂ ਉੱਚ ਤਕਨੀਕਾਂ ਦਾ ਪ੍ਰਬੰਧ ਕੀਤਾ ਜਾਵੇਗਾ।ਇਸ ਮੌਕੇ ਠੇਕੇਦਾਰ ਕਸ਼ਮੀਰੀ ਲਾਲ, ਠੇਕੇਦਾਰ ਗੁਰਮੇਲ ਸਿੰਘ ਢੁੱਡੀਕੇ, ਪ੍ਰਿਤਪਾਲ ਸਿੰਘ ਮਣਕੂ , ਕਰਮ ਸਿੰਘ ਜਗਦੇ, ਪ੍ਰੀਤਮ ਸਿੰਘ ਗੇਦੂ, ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਅਮਰਜੀਤ ਸਿੰਘ ਘਟੌੜੇ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਮੰਗਲ ਸਿੰਘ ਸਿੱਧੂ, ਖ਼ਜ਼ਾਨਚੀ ਠੇਕੇਦਾਰ ਹਰਨੇਕ ਸਿੰਘ ਸੋਹੀ, ਜਨਰਲ ਸਕੱਤਰ ਜਸਪਾਲ ਸਿੰਘ ਕਲਿਆਣ, ਜਗਰੂਪ ਸਿੰਘ ਗੇਦੂ, ਜਗਦੀਸ਼ ਸਿੰਘ ਦੀਸ਼ਾ, ਪ੍ਰੀਤਮ ਸਿੰਘ ਜੰਡੂ, ਤਰਲੋਚਨ ਸਿੰਘ ਸੀਹਰਾ, ਸੁਦਾਗਰ ਸਿੰਘ ਕਲਸੀ, ਸੁਰਿੰਦਰ ਸਿੰਘ ਮਠਾੜੂ, ਨਿਰਮਲ ਸਿੰਘ ਨਿੰਮਾ, ਪੱਪੂ ਯਾਦਵ, ਭੀਮ ਸਿੰਘ, ਬਲਜੀਤ ਸਿੰਘ, ਸੁਖਵਿੰਦਰ ਸਿੰਘ ਸੀਹਰਾ, ਪ੍ਰੀਤਮ ਸਿੰਘ ਗੇਦੂ, ਹਰਜਿੰਦਰ ਸਿੰਘ ਸੋਨੂੰ, ਕੁਲਦੀਪ ਸਿੰਘ, ਕਰਨੈਲ ਸਿੰਘ ਧੰਜਲ, ਅੰਮ੍ਰਿਤਪਾਲ ਸਿੰਘ, ਮਨਦੀਪ ਸਿੰਘ ਮਨੀ, ਹਰਜਿੰਦਰ ਸਿੰਘ, ਬਿੱਟੂ ਰਮਨ ਕੌਂਕੇ, ਅਵਤਾਰ ਸਿੰਘ ਨੀਟਾ, ਸੋਨੀ ਸਿੰਘ, ਅਮਨਦੀਪ ਸਿੰਘ ਮਠਾੜੂ, ਬੂਟਾ ਸਿੰਘ, ਸੋਹਣ ਸਿੰਘ ਸੱਗੂ, ਰਾਜਦੀਪ ਸਿੰਘ ਰਾਜੂ, ਧਰਮ ਸਿੰਘ ਰਾਜੂ, ਅਮਨਦੀਪ ਸਿੰਘ, ਮਠਾੜੂ ਵਿਸ਼ਾਲਦੀਪ ਸਿੰਘ, ਬਲਜੀਤ ਸਿੰਘ ਜਗਦੇ, ਬਹਾਦਰ ਸਿੰਘ, ਸਤਪਾਲ ਸਿੰਘ ਮਲਕ, ਰਾਜਿੰਦਰ ਸਿੰਘ ਮਠਾੜੂ, ਕੁਲਦੀਪ ਸਿੰਘ ਸਹੋਤਾ, ਹਰਦਯਾਲ ਸਿੰਘ ਭੰਮਰਾ ਤੇ ਵਿਸ਼ਾਲ ਸਮੂਹ ਮੈਂਬਰ ਆਦਿ ਹਾਜ਼ਰ ਸਨ।

## ਬਾਬਾ ਬੁੱਢਾ ਸਾਹਿਬ ਜੀ ਲੰਗਰ ਕਮੇਟੀ ਨੇ ਕਰਾਇਆ ਸੁਖਮਨੀ ਸਾਹਿਬ ਦਾ ਪਾਠ



ਮਮਦੋਟ (ਹਰਪਾਲ ਸੋਢੀ)-ਬਾਬਾ ਬੁੱਢਾ ਜੀ ਲੰਗਰ ਕਮੇਟੀ ਵੱਲੋਂ ਸਥਾਨਕ ਗੁਰਦੁਆਰਾ ਗੋਬਿੰਦਸਰ ਸਾਹਿਬ ਭੱਟੀਆਂ ਵਿਖੇ ਸਰਬੱਤ ਦੇ ਭਲੇ ਤੇ ਬੀੜ ਬਾਬਾ ਬੁੱਢਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਦੀ ਤਿਆਰੀ ਸਬੰਧੀ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਾਏ ਗਏ। ਇਸ ਮੌਕੇ ਲੰਗਰ ਕਮੇਟੀ ਦੇ ਸੇਵਾਦਾਰ ਨੌਜਵਾਨਾਂ ਨੇ ਦੱਸਿਆ ਹੈ ਕਿ ਪਿਛਲੇ ਕਰੀਬ 20 ਸਾਲਾਂ ਤੋਂ ਬਾਬਾ ਬੁੱਢਾ ਸਾਹਿਬ ਵਿਖੇ ਮਹੀਨੇ ਦੀ ਹਰ ਸੰਗਰਾਂਦ ਦੀ ਪਹਿਲੀ ਰਾਤ ਨੂੰ ਚਾਹ ਅਤੇ ਪਕੌੜਿਆਂ ਦੇ ਲੰਗਰ ਲਾਏ ਜਾਂਦੇ ਹਨ ਅਤੇ ਇਲਾਕੇ ਵਿੱਚ ਵੀ ਸਮਾਜ ਸੇਵਾ ਦੇ ਕੰਮ ਅਤੇ ਪਿਛਲੇ ਸਮੇਂ ਦੌਰਾਨ ਆਈ ਕਰੋਨਾ ਮਹਾਂਮਾਰੀ ਅਤੇ ਹੜਾ ਦੌਰਾਨ ਵੀ ਬਾਬਾ ਬੁੱਢਾ ਸਾਹਿਬ ਜੀ ਲੰਗਰ ਕਮੇਟੀ ਨੇ ਦਿਨ ਰਾਤ ਇੱਕ ਕਰਕੇ ਸੇਵਾ ਕੀਤੀ ਹੈ। ਉਨ੍ਹਾਂ ਦੱਸਿਆ ਹੈ ਕਿ ਪਿਛਲੇ 10 ਸਾਲਾਂ ਤੋਂ ਇਲਾਕਾ ਨਿਵਾਸੀ ਮਮਦੋਟ ਦੀ ਸਾਧ ਸੰਗਤ ਵੱਲੋਂ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਸਲਾਨਾ ਜੋੜ ਮੇਲੇ (ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਪਿੰਡ ਠੱਠਾ ਜਿਲਾ ਤਰਨ ਤਾਰਨ) ਨੂੰ ਸਮਰਪਤ ਫ਼ਿਰੋਜ਼ਪੁਰ ਫ਼ਾਜ਼ਿਲਕਾ ਜੀ ਟੀ ਰੋਡ ਤੇ ਪੈਂਦੇ ਪਿੰਡ ਖਾਈ ਟੀ ਪੁਆਇੰਟ ਮਮਦੋਟ ਵਿਖੇ ਕਰੀਬ ਇੱਕ ਹਫਤਾ ਗੁਰੂ ਕੇ ਲੰਗਰ ਲਾਏ ਜਾਂਦੇ ਹਨ, ਜਿਸ ਵਿੱਚ ਫ਼ਾਜ਼ਿਲਕਾ ਅਬੋਹਰ ਅਤੇ ਰਾਜਸਥਾਨ ਤੋਂ ਆਉਣ ਵਾਲੀਆਂ ਸੰਗਤਾਂ ਦੇ ਲਈ ਰਾਤ ਰਹਿਣ ਦਾ ਖਾਸ ਪ੍ਰਬੰਧ ਅਤੇ ਮੈਡੀਕਲ ਸਹੂਲਤ ਦੇ ਲਈ ਸੰਗਤਾਂ ਵਾਸਤੇ ਫਰੀ ਮੈਡੀਕਲ ਕੈਂਪ ਲਾਇਆ ਜਾਂਦਾ ਹੈ।ਅੱਜ ਵੀ ਇਸ ਸਾਲਾਨਾ ਜੋੜ ਮੇਲੇ ਨੂੰ ਲੈ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦੇ ਹੋਏ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੋਂ ਉਪਰੰਤ ਇੱਕ ਮੀਟਿੰਗ ਕੀਤੀ ਗਈ, ਜਿਸ ਵਿੱਚ ਆਉਣ ਵਾਲੇ ਲੰਗਰ ਨੂੰ ਲੈ ਕੇ ਸੇਵਾ ਕਰਨ ਵਾਲੇ ਨੌਜਵਾਨਾਂ ਦੀਆਂ ਡਿਊਟੀਆਂ ਲਾਈਆਂ ਗਈਆਂ ਤੇ ਇਲਾਕੇ ਦੀਆਂ ਸੰਗਤਾਂ ਨੂੰ ਲੰਗਰ ਦੇ ਲਈ ਰਾਸ਼ਨ ਉਗਰਾਈਆਂ ਅਤੇ ਬਾਲਣ ਵਿੱਚ ਵਧ-ਚੜ੍ਹ ਕੇ ਹਿੱਸਾ ਪਾਉਣ ਦੀ ਅਪੀਲ ਕੀਤੀ।

## 'ਨੱਚਣਾ ਸ਼ਾਮ ਦੇ ਨਾਲ ਅੱਜ ਮੈਨੂੰ ਨੱਚ ਲੈਣ ਦੇ' ਭਜਨ 'ਤੇ ਝੂਮੇ ਸ਼ਰਧਾਲੂ



ਮੱਖੂ (ਰਛਪਾਲ ਸਿੰਘ ਸੰਧੂ)-ਸ੍ਰੀ ਗਰੀਬ ਦਾਸੀ ਸਾਧੂ ਸੇਵਾ ਆਸ਼ਰਮ ਵਿਖੇ ਗੁਰੂਦੇਵ ਯੋਗਿੰਦਰਾ ਨੰਦ ਸ਼ਾਸ਼ਤਰੀ ਜੀ ਮਹਾਰਾਜ ਹਰਿਦੁਆਰ ਵਾਲਿਆਂ ਦੇ ਅਸ਼ੀਰਵਾਦ ਸਦਕਾ ਸੰਗਤ ਵੱਲੋਂ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਆਸ਼ਰਮ ਦੇ ਪ੍ਰਧਾਨ ਜਤਿੰਦਰ ਠੁਕਰਾਲ ਬਿੰਦੂ ਦੀ ਅਗਵਾਈ ਵਿੱਚ ਬਹੁਤ ਹੀ ਸ਼ਰਧਾ ਨਾਲ ਮਨਾਈ ਗਈ।ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਪੂਜਨ ਕਰਨ ਦੀ ਰਸਮ ਕੁਨਾਲ ਅਹੂਜਾ ਵੱਲੋਂ ਆਪਣੇ ਪਰਵਾਰ ਸਮੇਤ ਨਿਭਾਈ ਗਈ।ਇਸ ਮੌਕੇ ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਵਿਜੇ ਕਾਲੜਾ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ, ਰਿਸ਼ੂ ਖੁਰਾਣਾ, ਭਾਜਪਾ ਜ਼ਿਲ੍ਹਾ ਫਿਰੋਜ਼ਪੁਰ ਦੇ ਸਕੱਤਰ ਡਾ. ਰਜੀਵ ਅਹੂਜਾ, ਸ੍ਰੀ ਸਨਾਤਨ ਧਰਮ ਸਭਾ ਦੇ ਸਰਪ੍ਰਸਤ ਸੰਜੀਵ ਅਹੂਜਾ ਵੱਲੋਂ ਵਿਸ਼ੇਸ਼ ਤੌਰ 'ਤੇ ਆਸ਼ਰਮ ਵਿਖੇ ਪਹੁੰਚ ਕੇ ਸੰਗਤ ਨੂੰ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੱਤੀਆਂ।ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਗਾਇਕ ਕਲਾਕਾਰ ਦੀਪਕ ਕਟਾਰੀਆ ਦੀਪੂ ਵੱਲੋਂ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀ ਮਹਿਮਾ ਦਾ ਗੁਣਗਾਨ ਕਰਦੇ ਹੋਏ 'ਨੱਚਣਾ ਸ਼ਾਮ ਦੇ ਨਾਲ ਅੱਜ ਮੈਨੂੰ ਨੱਚ ਲੈਣਦੇ' ਭਜਨ ਗਾ ਕੇ ਸੰਗਤ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ।ਇਸ ਮੌਕੇ ਬਾਲ ਸਰੂਪ ਵਿੱਚ ਸਜਾਏ ਹੋਏ ਛੋਟੇ ਜਿਹੇ ਬੱਚੇ ਨਕੁਲ ਅਹੂਜਾ ਦੇ ਨਾਲ 'ਆਪ' ਆਗੂ ਨਰਿੰਦਰ ਕਟਾਰੀਆ, ਆਸ਼ਰਮ ਦੇ ਪ੍ਰਧਾਨ ਜਤਿੰਦਰ ਠੁਕਰਾਲ ਬਿੰਦੂ ਵੱਲੋਂ ਕੇਕ ਕੱਟਣ ਤੇ ਮਟਕੀ ਤੋੜਨ ਦੀ ਰਸਮ ਨਿਭਾਈ ਗਈ ਅਤੇ ਸ੍ਰੀ ਗਰੀਬ ਦਾਸੀ ਸਾਧੂ ਸੇਵਾ ਆਸ਼ਰਮ ਦੇ ਪ੍ਰਧਾਨ ਜਤਿੰਦਰ ਠੁਕਰਾਲ ਬਿੰਦੂ ਵੱਲੋਂ ਸੰਗਤ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੱਤੀਆਂ ਅਤੇ ਆਸ਼ਰਮ ਵਿਖੇ ਪਹੁੰਚੀ ਹੋਈ ਸੰਗਤ ਦਾ ਧੰਨਵਾਦ ਕੀਤਾ ਗਿਆ।ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਆਸ਼ਰਮ 'ਚ ਪਹੁੰਚੀ ਹੋਈ ਸੰਗਤ 'ਚ ਸ੍ਰੀ ਦੁਰਗਾ ਭਜਨ ਮੰਡਲੀ ਮਖੂ ਵੱਲੋਂ ਅਤੁੱਟ ਲੰਗਰ ਵਰਤਾਇਆ ਗਿਆ।ਇਸ ਮੌਕੇ ਗੌਰਵ ਠੁਕਰਾਲ, ਮਨਮੋਹਨ ਗਰੋਵਰ, ਪਵਨ ਕਟਾਰੀਆ ਕਾਲਾ, ਡਾ. ਗੋਲਡੀ ਸ਼ਰਮਾ, ਰਜੀਵ ਕੁੰਦਰਾ, ਰਜੀਵ ਬਜਾਜ ਜੰਗਾ, ਕਾਲਾ ਕਟਾਰੀਆ, ਕੇਵਲ ਕ੍ਰਿਸ਼ਨ ਸਚਦੇਵਾ, ਵਿੱਕੀ ਗਰੋਵਰ, ਪ੍ਰਦੀਪ ਖੰਨਾ, ਵਿਜੇ ਵਧਵਾ, ਸੰਦੀਪ ਖੁਰਾਣਾ, ਸਚਿਨ ਖੁਰਾਣਾ, ਮੁਨੀਸ਼ ਖੁਰਾਣਾ, ਅੰਕਿਤ ਰੇਲੀਆ, ਸਾਜਨ ਸਿਕਰੀ, ਸੁਨੀਲ ਠੁਕਰਾਲ, ਗੌਤਮ ਗਰੋਵਰ, ਰੋਹਿਤ ਕਾਲੜਾ, ਐਡਵੋਕੇਟ ਵਿਕਰਮ ਕਪੂਰ, ਰਮੇਸ਼ ਕਾਲੜਾ, ਮਨਦੀਪ ਕਾਲੜਾ, ਵਿਵੇਕ ਮੋਗਾ, ਮੰਜੂ ਸ਼ਰਮਾ, ਵਰਿੰਦਰ ਸ਼ਰਮਾ, ਸੰਦੀਪ ਮਾਨਕਟਾਲਾ, ਰਾਜ ਕੁਮਾਰ ਸ਼ਰਮਾ, ਮੁਕੇਸ਼ ਚੋਪੜਾ, ਓਮ ਸ਼ਰਮਾ ਆਦਿ ਵੱਲੋਂ ਹਾਜ਼ਰੀ ਲਵਾਈ।

## ਕਾਮਰੇਡ ਬਾਰੂ ਸਤਵਰਗ ਦੀ ਪਹਿਲੀ ਬਰਸੀ 'ਤੇ ਸੈਮੀਨਾਰ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਉੱਘੇ ਸਾਹਿਤਕਾਰ ਤੇ ਕਿਰਤੀ ਲੋਕਾਂ ਦੇ ਆਗੂ ਮਾਸਟਰ ਬਾਰੂ ਸਤਵਰਗ ਦੀ ਯਾਦ ਵਿੱਚ ਉਨ੍ਹਾਂ ਦੀ ਜਨਮ ਭੂਮੀ ਪਿੰਡ ਮਹਿਰਾਜ ਵਿਖੇ ਪਹਿਲੀ ਬਰਸੀ ਮਨਾਈ ਗਈ, ਜਿਸ ਵਿੱਚ ਬਹੁਤ ਸਾਰੇ ਸਾਹਿਤਕਾਰ, ਮਜ਼ਦੂਰ, ਕਿਸਾਨ ਤੇ ਮੁਲਾਜ਼ਮ ਆਗੂਆਂ ਨੇ ਸ਼ਮੂਲੀਅਤ ਕੀਤੀ, ਜਿਸ ਦੀ ਪ੍ਰਧਾਨਗੀ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਡਾ. ਦਰਸ਼ਨ ਪਾਲ, ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਆਗੂ ਸੁਖਦਰਸ਼ਨ ਨੱਤ, ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਮੁਖਤਿਆਰ ਪੂਹਲਾ, ਕ੍ਰਾਂਤੀਕਾਰੀ ਸੱਭਿਆਚਾਰਕ ਕੇਂਦਰ ਪੰਜਾਬ ਦੇ ਸੂਬਾ ਸਕੱਤਰ ਗੁਰਮੀਤ ਜੱਜ, ਜਮਹੂਰੀ ਅਧਿਕਾਰ ਸਭਾ ਸੂਬਾ ਆਗੂ ਸਵਰਨਜੀਤ ਸਿੰਘ, ਬਾਰੂ ਸਤਵਰਗ ਦੇ ਜਵਾਈ ਸਵਰਨ ਸਿੰਘ ਅਤੇ ਦਲਿਤ ਤੇ ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾ ਕਨਵੀਨਰ ਡਾ. ਜੁਗਰਾਜ ਸਿੰਘ ਟੱਲੇਵਾਲ ਨੇ ਕੀਤੀ।ਸਭ ਤੋਂ ਪਹਿਲਾਂ ਸ਼ਹੀਦ ਤੇ ਵਿੱਛੜ ਚੁੱਕੇ ਆਗੂਆਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਅਜਮੇਰ ਅਕਲੀਆ ਨੇ ਸ਼ਰਧਾਂਜਲੀ ਗੀਤ ਨਾਲ ਸਟੇਜ ਦੀ ਸ਼ੁਰੂਆਤ ਕੀਤੀ, ਉਸ ਤੋਂ ਬਾਅਦ ਸਾਹਿਤਕਾਰ ਦੀ ਸਾਹਿਤ ਤੇ ਸਮਾਜ ਨੂੰ ਦੇਣ ਵਿਸੇ ਤੇ ਡਾ. ਜੁਗਰਾਜ ਸਿੰਘ ਟੱਲੇਵਾਲ ਨੇ ਪੇਪਰ ਪੇਸ਼ ਕੀਤਾ। ਪ੍ਰਧਾਨਗੀ ਮੰਡਲ ਤੋਂ ਇਲਾਵਾ ਜਗਦੇਵ ਸਿੰਘ ਜੱਗਾ ਬੰਗੀ, ਡੀ ਟੀ ਐੱਫ ਦੇ ਸੂਬਾ ਮੀਤ ਪ੍ਰਧਾਨ ਰਾਜੀਵ ਸ਼ਰਮਾ, ਇਨਕਲਾਬੀ ਨੌਜਵਾਨ ਸਭਾ ਦੇ ਆਗੂ ਰਜਿੰਦਰ ਸਿੰਘ, ਐਡਵੋਕੇਟ ਨਿਰਮਲ ਸਿੰਘ ਮਹਿਰਾਜ, ਰਾਜਵਿੰਦਰ ਮੀਰ, ਦਲਿਤ ਜਮਹੂਰੀ ਅਧਿਕਾਰ ਸਭਾ ਦੇ ਆਗੂ ਬਾਹਲ ਸਿੰਘ ਬੇਨੜਾ ਆਦਿ ਨੇ ਮਾਸਟਰ ਬਾਰੂ ਸਤਵਰਗ ਦੀ ਲੇਖਣੀ ਤੇ ਕਿਰਤੀ ਲੋਕਾਂ ਲਈ ਕੀਤੇ ਕਾਰਜ ਬਾਰੇ ਜਾਣਕਾਰੀ ਦਿੱਤੀ। ਮਾਸਟਰ ਬਾਰੂ ਸਤਵਰਗ ਦੇ ਜੀਵਨ ਨਾਲ ਸੰਬੰਧਤ ਇਕਬਾਲ ਕੌਰ ਉਦਾਸੀ, ਹਰਦੀਪ ਤੇ ਮੰਦਰ ਦਾ ਕਵੀਸ਼ਰੀ ਜੱਥਾ, ਛਾਜਲੀ ਸੰਗੀਤ ਮੰਡਲੀ, ਜਗਸੀਰ ਜੀਦਾ, ਗੁਰਮੀਤ ਜੱਜ, ਸੁਖਦੇਵ ਮਹਿਮਾ, ਲਾਭ ਸਿੰਘ ਡੋਡ, ਕਾਮਰੇਡ ਰਣਜੀਤ ਮਹਿਰਾਜ ਆਦਿ ਨੇ ਗੀਤ ਪੇਸ਼ ਕੀਤੇ। ਇਨਕਲਾਬੀ ਗਾਇਕ ਅਜਮੇਰ ਅਕਲੀਆ ਤੇ ਸਤਵਰਗ ਦੀਆਂ ਧੀਆਂ ਦਾ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ। ਬਾਰੂ ਸਤਵਰਗ ਦੇ ਪਰਿਵਾਰ ਵੱਲੋਂ ਜੀਵਨ ਸਿੰਘ ਬਿਲਾਸਪੁਰ, ਮੇਜਰ ਸਿੰਘ ਖੋਖਰ, ਰਾਮ ਸਿੰਘ ਮਹਿਰਾਜ, ਗੁਲਾਬ ਸਿੰਘ ਗੁਰੂਸਰ ਤੇ ਕਮੇਟੀ ਮੈਂਬਰਾਂ ਦਾ ਸਨਮਾਨ ਕੀਤਾ ਗਿਆ। ਅੰਤ ਵਿੱਚ ਕਾਮਰੇਡ ਬਾਰੂ ਸਤਵਰਗ ਯਾਦਗਾਰ ਕਮੇਟੀ ਦੇ ਕਨਵੀਨਰ ਅੰਮ੍ਰਿਤਪਾਲ ਮਾੜੀ ਨੇ ਆਏ ਸਾਰੇ ਮਹਿਮਾਨਾਂ ਤੇ ਸਹਿਯੋਗ ਦੇਣ 'ਤੇ ਧੰਨਵਾਦ ਕਰਦਿਆਂ ਦੱਸਿਆ ਕਿ ਕਮੇਟੀ ਵੱਲੋਂ ਹਰ ਸਾਲ ਬਰਸੀ ਅਗਸਤ ਮਹੀਨੇ ਪਿੰਡ ਮਹਿਰਾਜ ਵਿਖੇ ਮਨਾਈ ਜਾਇਆ ਕਰੇਗੀ। ਸਟੇਜ ਸੈਕਟਰੀ ਦੀ ਕਾਰਵਾਈ ਗੁਰਤੇਜ ਮਹਿਰਾਜ ਨੇ ਨਿਭਾਈ।

## 'ਖੇਡਾਂ ਵਤਨ ਪੰਜਾਬ ਦੀਆਂ' ਸੂਬੇ ਨੂੰ ਰੰਗਲਾ ਬਣਾਉਣ ਵੱਲ ਅਹਿਮ ਕਦਮ : ਰਾਏ

ਖੇਡਾਂ ਸੰਬੰਧੀ ਮਸ਼ਾਲ ਮਾਰਚ ਫ਼ਤਹਿਗੜ੍ਹ ਸਾਹਿਬ ਪੁੱਜਣ 'ਤੇ ਭਰਵਾਂ ਸਵਾਗਤ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਖੇਡ ਖੇਤਰ ਦੀ ਪ੍ਰਫੁੱਲਤਾ ਵਾਸਤੇ ਪੰਜਾਬ ਸਰਕਾਰ ਵੱਲੋਂ ਠੋਸ ਕਦਮ ਚੁੱਕੇ ਜਾ ਰਹੇ ਹਨ ਤੇ 'ਖੇਡਾਂ ਵਤਨ ਪੰਜਾਬ ਦੀਆਂ' ਖੇਡ ਖੇਤਰ ਵਿਚਲੀ ਕ੍ਰਾਂਤੀ ਹਨ।ਇਸ ਨਾਲ ਪੰਜਾਬ ਖੇਡਾਂ ਵਿੱਚ ਮੁੜ ਦੇਸ਼ ਵਿੱਚੋਂ ਪਹਿਲੇ ਨੰਬਰ 'ਤੇ ਆਉਣ ਵਿੱਚ ਸਫਲ ਹੋਵੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਸ੍ਰ. ਲਖਬੀਰ ਸਿੰਘ ਰਾਏ ਨੇ ਏਥੇ ਜ਼ਿਲ੍ਹਾ ਖੇਡ ਅਫ਼ਸਰ ਦੇ ਦਫ਼ਤਰ, ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਫਤਹਿਗੜ੍ਹ ਸਾਹਿਬ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਪਿਛਲੇ 2 ਸਾਲ ਦੀ ਸਫਲਤਾਂ ਤੋਂ ਬਾਅਦ ਇਸ ਸਾਲ ਸੀਜ਼ਨ-3 ਦੀ ਸ਼ੁਰੂਆਤ ਤੋਂ ਪਹਿਲਾਂ ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕੱਢੇ ਜਾ ਰਹੇ ਮਾਰਚ ਦਾ ਫ਼ਤਹਿਗੜ੍ਹ ਸਾਹਿਬ ਵਿਖੇ ਪੁੱਜਣ 'ਤੇ ਸਵਾਗਤ ਕਰਦਿਆਂ ਕੀਤਾ।ਇਸ ਮੌਕੇ ਹਲਕਾ ਵਿਧਾਇਕ ਸ੍ਰ. ਰਾਏ ਨੇ ਕਿਹਾ ਕਿ ਜ਼ਿਲ੍ਹਾ ਲੁਧਿਆਣਾ ਤੋਂ ਸ਼ੁਰੂ ਹੋਇਆ ਇਹ ਮਾਰਚ ਵੱਖ-ਵੱਖ ਜ਼ਿਲ੍ਹਿਆਂ ਵਿੱਚ ਦੀ ਹੁੰਦਾ ਹੋਇਆ ਅੱਜ ਜ਼ਿਲ੍ਹਾ ਐੱਸ.ਏ.ਐੱਸ. ਨਗਰ ਤੋਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਪੁੱਜਿਆ ਹੈ।ਉਨ੍ਹਾ ਕਿਹਾ ਕਿ ਰੰਗਲਾ ਪੰਜਾਬ ਬਣਾਉਣ ਦਾ ਪਹਿਲਾ ਕਦਮ ਖੇਡਾਂ ਹੈ, ਜਿਸ ਤਹਿਤ ਇਹ ਉਪਰਾਲਾ ਕੀਤਾ ਗਿਆ ਹੈ, ਜਿਹੜਾ ਕਿ ਬਹੁਤ ਕਾਰਗਰ ਸਾਬਿਤ ਹੋ ਰਿਹਾ ਹੈ।ਉਨ੍ਹਾ ਦੱਸਿਆ ਕਿ ਕੋਟਲਾ ਬਜਵਾੜਾ ਵਿਖੇ ਵੱਖੋ-ਵੱਖ ਖੇਡਾਂ ਸਬੰਧੀ ਸਾਂਝਾ ਸਟੇਡੀਅਮ ਬਣੇਗਾ, ਜਿੱਥੇ ਹਰ ਇਕ ਸਹੂਲਤ ਮਿਲੇਗੀ। ਹਲਕਾ ਵਿਧਾਇਕ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਤਹਿਤ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਸਬੰਧੀ ਬਲਾਕ ਪੱਧਰੀ ਖੇਡਾਂ 1 ਸਤੰਬਰ ਤੋਂ 10 ਸਤੰਬਰ, ਜ਼ਿਲ੍ਹਾ ਪੱਧਰੀ ਖੇਡਾਂ 15 ਸਤੰਬਰ ਤੋਂ 22 ਸਤੰਬਰ ਅਤੇ ਰਾਜ ਪੱਧਰੀ ਖੇਡਾਂ 11 ਅਕਤੂਬਰ ਤੋਂ 9 ਨਵੰਬਰ ਤੱਕ ਕਰਵਾਈਆਂ ਜਾ ਰਹੀਆਂ ਹਨ। ਜ਼ਿਲ੍ਹਾ ਖੇਡ ਅਫ਼ਸਰ ਗੁਰਦੀਪ ਕੌਰ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਸਬੰਧੀ ਰਜਿਸਟ੍ਰੇਸ਼ਨ ਆਨਲਾਈਨ ਲਿੰਕ https://eservices.punjab.gov.in 'ਤੇ ਕੀਤੀ ਜਾ ਸਕਦੀ ਹੈ।ਜ਼ਿਲ੍ਹਾ ਖੇਡ ਅਫ਼ਸਰ ਨੇ ਕਿਹਾ ਕਿ ਪੰਜਾਬ ਦੇ ਖੇਡ ਸੱਭਿਆਚਾਰ ਨੂੰ ਸੁਰਜੀਤ ਕਰਨ ਲਈ ਇਹ ਉਪਰਾਲਾ ਕੀਤਾ ਜਾ ਰਿਹਾ ਹੈ।ਜ਼ਿਲ੍ਹਾ ਖੇਡ ਅਫ਼ਸਰ ਗੁਰਦੀਪ ਕੌਰ, ਸੀਨੀਅਰ ਬਾਸਕਟਬਾਲ ਕੋਚ ਰਾਹੁਲਦੀਪ ਸਿੰਘ ਤੇ ਖੇਡ ਵਿਭਾਗ ਦੇ ਸਮੂਹ ਅਧਿਕਾਰੀਆਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ।

## ਅਧਿਆਪਕਾਂ ਦੇ ਬਕਾਏ ਜਾਰੀ ਕਰਾਉਣ ਲਈ ਸੰਘਰਸ਼ ਤੇਜ਼ ਕੀਤਾ ਜਾਵੇਗਾ : ਡੈਮੋਕ੍ਰੇਟਿਕ ਟੀਚਰਜ਼ ਫਰੰਟ

ਦਿੜ੍ਹਬਾ (ਜਸਵੀਰ ਲਾਡੀ)-ਡੈਮੋਕ੍ਰੇਟਿਕ ਟੀਚਰਜ਼ ਫਰੰਟ ਬਲਾਕ ਸੁਨਾਮ-2 ਦੇ ਅਧਿਆਪਕਾਂ ਦੀ ਮੀਟਿੰਗ ਬਾਬਾ ਬੈਰਸੀਆਣਾ ਚੈਰੀਟੇਬਲ ਹਸਪਤਾਲ ਦਿੜ੍ਹਬਾ ਵਿਖੇ ਹੋਈ। ਮੀਟਿੰਗ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਜੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਅਧਿਆਪਕ ਵਰਗ ਨਾਲ ਸੰਬੰਧਤ ਮੰਗਾਂ ਨੂੰ ਬੜੀ ਗੰਭੀਰਤਾ ਨਾਲ ਵਿਚਾਰਿਆ ਗਿਆ।ਅਧਿਆਪਕਾਂ ਦੇ 01-01-2016 ਤੋਂ 30-06-2021 ਦੇ ਬਕਾਏ, ਜੋ 66 ਮਹੀਨੇ ਦੇ ਬਣਦੇ ਹਨ, ਨੂੰ ਜਾਰੀ ਕਰਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਰੁਕੇ ਭੱਤਿਆਂ ਖਾਸ ਤੌਰ 'ਤੇ ਪੇਂਡੂ ਭੱਤਾ ਜਾਰੀ ਕਰਾਉਣ ਲਈ ਜ਼ੋਰਦਾਰ ਮੰਗ ਰੱਖੀ ਗਈ।ਹਰ ਪ੍ਰਕਾਰ ਦੀਆਂ ਪਦਉਨਤੀਆਂ ਜਿਵੇਂ ਈ.ਟੀ.ਟੀ. ਤੋਂ ਮਾਸਟਰ ਕਾਰਡ, ਈ.ਟੀ.ਟੀ. ਤੋਂ ਐਚ.ਟੀ. ਅਤੇ ਐਚ.ਟੀ. ਤੋਂ ਸੀ. ਐਚ.ਟੀ, ਮਾਸਟਰ ਕਾਡਰ ਤੋਂ ਲੈਕਚਰਾਰਾਂ ਦੀਆਂ ਪ੍ਰਮੋਸ਼ਨਾਂ ਵਿਭਾਗ ਵੱਲੋਂ ਜਲਦੀ ਕਰਨ ਦੀ ਮੰਗ ਕੀਤੀ ਗਈ।2018 ਤੋਂ ਜੋ ਅਧਿਆਪਕ ਵਿਰੋਧੀ ਬਦਲਾਵ ਅਧਿਆਪਕ ਦੀਆਂ ਸੇਵਾ ਸ਼ਰਤਾਂ ਤੇ ਨਿਯਮਾਂ ਵਿੱਚ ਕੀਤੇ ਗਏ ਹਨ।ਵਿਭਾਗ ਵੱਲੋਂ ਉਨ੍ਹਾਂ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਗਈ।ਅਧਿਆਪਕਾਂ ਦੇ ਲੰਮੇ ਸਮੇਂ ਤੋਂ ਬੰਦ ਪਏ ਏ.ਸੀ.ਪੀ. ਜਿਵੇਂ 4-9-14 ਨੂੰ ਤੁਰੰਤ ਬਹਾਲ ਕਰਨ ਦੀ ਮੰਗ ਕੀਤੀ।ਪੰਜਾਬ ਦੇ ਨਵੇਂ ਭਰਤੀ ਹੋਏ ਅਧਿਆਪਕਾਂ 'ਤੇ ਕੇਂਦਰੀ ਸਕੇਲ ਲਾਗੂ ਕਰਨ ਦੀ ਥਾਂ ਪੰਜਾਬ ਦੇ ਸਕੇਲ ਲਾਗੂ ਕੀਤੇ ਜਾਣ ਦੀ ਮੰਗ ਕੀਤੀ।ਮੀਟਿੰਗ ਵਿੱਚ ਨਵੀਂ ਸਿੱਖਿਆ ਨੀਤੀ 2020 ਦੇ ਮਾਰੂ ਪ੍ਰਭਾਵਾਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਨਵੀਂ ਸਿੱਖਿਆ ਨੀਤੀ ਕਾਰਪੋਰੇਟਾਂ ਲਈ ਸਕੂਲਾਂ 'ਤੇ ਕਾਬਜ਼ ਹੋਣ ਦੇ ਰਾਹ ਖੋਲ੍ਹਦੀ ਹੈ।ਇਹ ਨੀਤੀ ਪੜਾਅ-ਦਰ-ਪੜਾਅ ਜਨਤਕ ਸਿੱਖਿਆ ਦੀ ਨੀਤੀ ਦਾ ਭੋਗ ਪਾਉਣ ਵੱਲ ਵਧ ਰਹੀ ਹੈ।ਇਸ ਦੇ ਖਿਲਾਫ਼ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਜ਼ੋਰਦਾਰ ਸੰਘਰਸ਼ ਵਿੱਢਿਆ ਜਾਵੇਗਾ।ਮੀਟਿੰਗ ਵਿੱਚ ਅਧਿਆਪਕਾਂ ਤੋਂ ਗੈਰ ਵਿੱਦਿਅਕ ਕੰਮਾਂ 'ਤੇ ਲਾਈਆਂ ਜਾ ਰਹੀਆਂ ਡਿਊਟੀਆਂ ਨੂੰ ਗੰਭੀਰਤਾ ਨਾਲ ਲਿਆ ਗਿਆ, ਕਿਉਂਕਿ ਇਸ ਨਾਲ ਗਰੀਬ ਤੇ ਭੋਲੇ-ਭਾਲੇ ਵਿਦਿਆਰਥੀ ਨੂੰ ਸਿੱਖਿਆ ਤੋਂ ਵਾਂਝੇ ਕੀਤਾ ਜਾ ਰਿਹਾ ਹੈ। ਬੇਲੋੜੇ ਅੰਕੜੇ ਇਕੱਠੇ ਕਰਕੇ ਸਿੱਖਿਆ ਦੇ ਅਸਲ ਮਕਸਦ ਤੋਂ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਪਾਸੇ ਕਰਕੇ ਬੇਲੋੜੇ ਕੰਮਾਂ ਵਿੱਚ ਅਧਿਆਪਕਾਂ ਵਿੱਚ ਜਿਵੇਂ ਬੀ.ਐਲ.ਓ. ਡਿਊਟੀ, ਸੁਪਰਵਾਈਜ਼ਰ ਡਿਊਟੀ, ਬੀ.ਆਰ.ਸੀ, ਡੀ. ਆਰ. ਸੀ.ਡਿਊਟੀ ਲਗਾ ਕੇ ਜਨਤਕ ਸਿੱਖਿਆ ਨੂੰ ਲੀਹੋ ਲਾਹੁਣ ਦੀਆਂ ਕੋਸ਼ਿਸ਼ਾਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਹਰਗਿਜ਼ ਬਰਦਾਸ਼ਤ ਨਹੀਂ ਕਰੇਗਾ।ਮੀਟਿੰਗ ਵਿੱਚ ਹਰ ਤਰ੍ਹਾਂ ਦੇ ਕੱਚੇ ਅਧਿਆਪਕਾਂ ਨੂੰ ਪੱਕੇ ਕਰਨ ਤੇ ਐਨ.ਐਸ ਕਿਊ.ਐਫ. ਤੇ ਕੰਪਿਊਟਰ ਅਧਿਆਪਕਾਂ ਨੂੰ ਵਿਭਾਗ ਵਿੱਚ ਮਰਜ ਕਰਕੇ ਪੱਕੇ ਕਰਨ ਦੀ ਮੰਗ ਵੀ ਕੀਤੀ ਗਈ।

## ਛੇਵੀਂ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਬਾਰੇ ਦਿੱਤੀ ਜਾਣਕਾਰੀ



ਸੰਗਰੂਰ (ਪ੍ਰਵੀਨ ਸਿੰਘ)-ਲੋਕਾਂ ਦੀ ਸੋਚ ਨੂੰ ਵਿਗਿਆਨਕ ਬਣਾਉਣ ਲਈ ਯਤਨਸ਼ੀਲ ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੇ ਆਗੂਆਂ ਮਾਸਟਰ ਪਰਮਵੇਦ, ਸੀਤਾ ਰਾਮ ਬਾਲਦ ਕਲਾਂ, ਸੁਰਿੰਦਰਪਾਲ ਉੱਪਲੀ ਤੇ ਗੁਰਦੀਪ ਸਿੰਘ ਲਹਿਰਾ ਆਧਾਰਤ ਤਰਕਸ਼ੀਲ ਟੀਮ ਵੱਲੋਂ ਵਿਦਿਆਰਥੀਆਂ ਅੰਦਰ ਵਿਗਿਆਨਕ ਚੇਤਨਾ ਵਿਕਸਤ ਕਰਨ ਹਿੱਤ ਚਲਾਈ ਮੁਹਿੰਮ ਦੀ ਲੜੀ ਵਿੱਚ ਸਥਾਨਕ ਬਚਪਨ ਇੰਗਲਿਸ਼ ਸਕੂਲ ਵਿਖੇ ਇੱਕ ਸਿੱਖਿਆਦਾਇਕ ਤਰਕਸ਼ੀਲ ਪ੍ਰੋਗਰਾਮ ਦਿੱਤਾ।ਸਕੂਲ ਕੋਆਰਡੀਨੇਟਰ ਮੈਡਮ ਮੋਨਿਕਾ ਨੇ ਤਰਕਸ਼ੀਲ ਟੀਮ ਦਾ ਸਵਾਗਤ ਕਰਦਿਆਂ ਤਰਕਸ਼ੀਲਤਾ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਉਨ੍ਹਾਂ ਛੇਵੀਂ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਪ੍ਰੀਖਿਆ ਦਾ ਉਦੇਸ਼ ਵਿਦਿਆਰਥੀਆਂ ਦਾ ਦ੍ਰਿਸ਼ਟੀਕੋਣ ਵਿਗਿਆਨਕ ਬਣਾਉਣਾ ਹੈ।ਇਹ ਪ੍ਰੀਖਿਆ ਸਤੰਬਰ ਟੈਸਟ ਤੋਂ ਛੇਤੀ ਬਾਅਦ ਹੋਵੇਗੀ ਤੇ ਇਸ ਪ੍ਰੀਖਿਆ ਵਿੱਚ ਛੇਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀ ਸ਼ਾਮਲ ਹੋ ਸਕਦੇ ਹਨ।ਪ੍ਰੀਖਿਆ ਓ ਐੱਮ ਆਰ ਸ਼ੀਟ 'ਤੇ ਹੋਵੇਗੀ, ਰੋਲ ਨੰਬਰ ਛਪੇ ਹੋਣਗੇ।100 ਬਹੁ-ਚੋਣਾਵੀ ਪ੍ਰਸ਼ਨ ਹੋਣਗੇ ਤੇ ਕੰਪਿਊਟਰ ਦੁਆਰਾ ਚੈੱਕ ਹੋਣਗੇ।ਮਿਡਲ ਤੇ ਸੈਕੰਡਰੀ ਪੱਧਰ 'ਤੇ ਦੋ ਪ੍ਰਸ਼ਨ ਪੱਤਰ ਹੋਣਗੇ।ਸੂਬਾ, ਜ਼ੋਨ ਤੇ ਇਕਾਈ ਪੱਧਰੀ ਕਲਾਸ ਵਾਇਜ਼ ਮੈਰਿਟ ਬਣੇਗੀ।ਹਰ ਕਲਾਸ ਵਿੱਚ ਪਹਿਲੇ ਤਿੰਨ ਸਥਾਨਾਂ 'ਤੇ ਆਉਣ ਵਾਲੇ ਵਿਦਿਆਰਥੀ ਸੂਬਾ ਪੱਧਰੀ ਮੈਰਿਟ ਵਿੱਚ ਹੋਣਗੇ ਤੇ ਉਨ੍ਹਾਂ ਨੂੰ 1500/- ਰੁਪਏ ਨਕਦ ਇਨਾਮ, ਵਿਗਿਆਨਕ ਵਿਚਾਰਾਂ ਦੀ ਪੁਸਤਕਾਂ, ਪੜ੍ਹਨ ਸਮੱਗਰੀ ਤੇ ਮੈਰਿਟ ਸਰਟੀਫਿਕੇਟ ਨਾਲ ਸਨਮਾਨ ਸਮਾਰੋਹ ਕਰਕੇ ਸਨਮਾਨਤ ਕੀਤਾ ਜਾਵੇਗਾ।ਇਸੇ ਤਰ੍ਹਾਂ ਜ਼ੋਨ ਤੇ ਇਕਾਈ ਪੱਧਰੀ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀਆਂ ਨੂੰ ਵਿਗਿਆਨਕ ਸੋਚ ਵਾਲੀਆਂ ਪੁਸਤਕਾਂ, ਪੜ੍ਹਨ ਸਮੱਗਰੀ ਤੇ ਮੈਰਿਟ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਜਾਵੇਗਾ।ਇਸ ਪ੍ਰੋਗਰਾਮ ਵਿੱਚ ਉਪਰੋਕਤ ਤੋਂ ਇਲਾਵਾ ਮੈਡਮ ਸ਼ਿਲਪਾ, ਮੈਡਮ ਸੁਸ਼ਮਾ, ਰੀਤੂ ਹੰਸ ਮੈਡਮ, ਗੁਰਵਿੰਦਰ ਕੌਰ ਮੈਡਮ, ਸਰਵਜੀਤ ਕੌਰ, ਲਵਦੀਪ ਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।

## 58 ਸੈਕਿੰਡਾਂ 'ਚ ਹਨੂੰਮਾਨ ਚਾਲੀਸਾ ਪੜ੍ਹ ਕੇ ਰਿਕਾਰਡ ਕਾਇਮ ਕੀਤਾ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਕੂਲੀ ਵਿਦਿਆਰਥਣ ਸੇਜਲ ਵੱਲੋਂ ਸਭ ਤੋਂ ਤੇਜ਼ ਗਤੀ ਨਾਲ ਹਨੂੰਮਾਨ ਚਾਲੀਸਾ ਪੜ੍ਹ ਕੇ ਵਿਸ਼ਵ ਰਿਕਾਰਡ ਬਣਾਇਆ ਗਿਆ ਹੈ।ਸਹਾਇਕ ਇੰਸਪੈਕਟਰ ਜਨਰਲ ਆਫ਼ ਪੁਲਿਸ ਸੀਆਈਡੀ ਵਿੰਗ ਬਠਿੰਡਾ ਜ਼ੋਨ ਅਵਨੀਤ ਕੌਰ ਸਿੱਧੂ ਨੇ ਸੇਜਲ ਦੀ ਇਸ ਪ੍ਰਾਪਤੀ 'ਤੇ ਉਸ ਨੂੰ ਉਚੇਚੇ ਤੌਰ 'ਤੇ ਸਨਮਾਨਤ ਕੀਤਾ ਹੈ।ਸ਼ਾਰਪ ਬ੍ਰੇਨਸ ਐਜੂਕੇਸ਼ਨ ਦੇ ਡਾਇਰੈਕਟਰ ਰੰਜੀਵ ਗੋਇਲ ਨੇ ਦੱਸਿਆ ਕਿ ਸੇਂਟ ਜੇਵੀਅਰ ਸਕੂਲ ਵਿੱਚ ਅੱਠਵੀਂ ਕਲਾਸ ਵਿੱਚ ਪੜ੍ਹਨ ਵਾਲੀ ਸੇਜਲ ਸਪੁੱਤਰੀ ਅਜੈ ਕੁਮਾਰ ਨੇ ਸਿਰਫ਼ 58 ਸੈਕਿੰਡ ਵਿੱਚ ਹੀ ਹਨੂੰਮਾਨ ਚਾਲੀਸਾ ਦੇ ਸੰਪੂਰਨ ਪਾਠ ਨੂੰ ਮੂੰਹ ਜ਼ੁਬਾਨੀ ਪੜ੍ਹ ਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਹੈ।ਇੰਟਰਨੈਸ਼ਨਲ ਬੁੱਕ ਆਫ ਰਿਕਾਰਡਸ ਵੱਲੋਂ ਸੇਜਲ ਨੂੰ ਸਭ ਤੋਂ ਤੇਜ਼ ਸਪੀਡ ਨਾਲ ਹਨੂੰਮਾਨ ਚਾਲੀਸਾ ਪੜ੍ਹਨ ਵਾਲੇ ਬੱਚੇ ਦਾ ਖਿਤਾਬ ਦਿੰਦੇ ਹੋਏ ਇਸ ਨੂੰ ਨਵਾਂ ਵਿਸ਼ਵ ਰਿਕਾਰਡ ਘੋਸ਼ਿਤ ਕੀਤਾ ਹੈ।ਸੇਜਲ ਦੀ ਮਾਤਾ ਕਿਰਣਾ ਦੇਵੀ, ਜੋ ਇੱਕ ਸਕੂਲ ਅਧਿਆਪਕਾ ਹਨ, ਨੇ ਦੱਸਿਆ ਕਿ ਉਨ੍ਹਾਂ ਦੀ ਬੇਟੀ ਨੇ ਇਹ ਰਿਕਾਰਡ ਸ਼ਾਰਪ ਬ੍ਰੇਨਸ ਦੇ ਰੰਜੀਵ ਗੋਇਲ ਦੇ ਮਾਰਗਦਰਸ਼ਨ ਤੇ ਪ੍ਰੇਰਣਾ ਸਦਕੇ ਬਣਾਇਆ ਹੈ।

ਏਆਈਜੀ ਸੀਆਈਡੀ ਬਠਿੰਡਾ ਜ਼ੋਨ ਮੈਡਮ ਅਵਨੀਤ ਕੌਰ ਤੇ ਡੀਐਸਪੀ ਸੀਆਈਡੀ ਪਰਮਿੰਦਰ ਸਿੰਘ ਵੱਲੋਂ ਸੇਜਲ ਨੂੰ ਆਪਣੇ ਦਫ਼ਤਰ ਵਿੱਚ ਇਸ ਰਿਕਾਰਡ ਦੇ ਲਈ ਸਨਮਾਨਤ ਕੀਤਾ ਗਿਆ। ਮੈਡਮ ਅਵਨੀਤ ਕੌਰ ਨੇ ਕਿਹਾ ਕਿ ਆਧੁਨਿਕਤਾ ਦੀ ਚਕਾਚੌਂਧ ਵਿੱਚ ਮੌਜੂਦਾ ਸਮੇਂ ਜਿੱਥੇ ਜ਼ਿਆਦਾਤਰ ਬੱਚੇ ਆਪਣੇ ਅਮੀਰ ਪੁਰਾਤਨ ਵਿਰਸੇ ਤੇ ਸੰਸਕਾਰਾਂ ਨੂੰ ਭੁਲਦੇ ਜਾ ਰਹੇ ਹਨ, ਉੱਥੇ ਸ਼ਾਰਪ ਬ੍ਰੇਨਸ ਸੰਸਥਾ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਸਰਵਪੱਖੀ ਵਿਕਾਸ ਦੇ ਲਈ ਦਿੱਤਾ ਜਾ ਰਿਹਾ ਮਾਰਗਦਰਸ਼ਨ ਬਹੁਤ ਹੀ ਕਾਬਲ ਏ ਤਾਰੀਫ਼ ਹੈ।ਇਸ ਮੌਕੇ ਸੇਜਲ ਵੱਲੋਂ ਹਨੂੰਮਾਨ ਚਾਲੀਸਾ ਨੂੰ 58 ਸੈਕਿੰਡ ਵਿੱਚ ਮੂੰਹ ਜ਼ੁਬਾਨੀ ਪੜ੍ਹ ਕੇ ਵੀ ਦਿਖਾਇਆ ਗਿਆ।

# ਕੇਂਦਰ ਨੇ ਪੰਜਾਬ ਨਾਲ ਵਿਤਕਰੇ ਦੀ ਰਾਜਨੀਤੀ ਬੰਦ ਨਾ ਕੀਤੀ ਤਾਂ ਲੋਕ ਸੜਕਾਂ 'ਤੇ ਆਉਣ ਤੋਂ ਗੁਰੇਜ਼ ਨਹੀਂ ਕਰਨਗੇ : ਬੀ ਟੀ ਐੱਫ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** -ਬੇਗਮਪੁਰਾ ਟਾਇਗਰ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਫੋਰਸ ਦੀ ਇੱਕ ਜ਼ਰੂਰੀ ਮੀਟਿੰਗ ਫੋਰਸ ਦੇ ਮੁੱਖ ਦਫਤਰ ਮੁਹੱਲਾ ਭਗਤ ਨਗਰ ਵਿਖੇ ਫੋਰਸ ਦੇ ਸੂਬਾ ਪ੍ਰਧਾਨ ਬੀਰਪਾਲ ਠਰੋਲੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਫੋਰਸ ਦੇ ਦੁਆਬਾ ਪ੍ਰਧਾਨ ਨੇਕੂ ਅਜਨੋਹਾ ਤੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਮੀਟਿੰਗ ਵਿੱਚ ਬੋਲਦਿਆਂ ਆਗੂਆਂ ਨੇ ਕਿਹਾ ਕਿ ਲੰਘੀਆਂ ਲੋਕ ਸਭਾ ਚੋਣਾਂ ਵਿੱਚ ਭਾਵੇਂ ਭਾਜਪਾ ਤੀਜੀ ਵਾਰ ਸਰਕਾਰ ਬਣਾਉਣ ਵਿੱਚ ਕਾਮਯਾਬ ਹੋ ਗਈ, ਪਰ ਪੰਜਾਬ 'ਚ ਲੋਕ ਸਭਾ ਚੋਣਾਂ ਵਿੱਚ ਹੋਈ ਵੱਡੀ ਹਾਰ ਕਾਰਨ ਭਾਜਪਾ ਦੇ ਲੀਡਰ ਪੰਜਾਬ ਨਾਲ ਰੁਸੇ ਰੁੱਸੇ ਲੱਗ ਰਹੇ ਹਨ ਸ਼ਾਇਦ ਇਹੀ ਕਾਰਨ ਹੈ ਕਿ ਕੇਂਦਰ ਸਰਕਾਰ ਪੰਜਾਬ ਨੂੰ ਹੁਣ ਅਣਦੇਖਿਆ ਕਰ ਰਹੀ ਹੈ।ਉਹਨਾਂ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਨੇ ਬਜਟ 'ਚ ਪੰਜਾਬ ਨੂੰ ਅੱਖੋਂ ਉਪਰੋਖੇ ਕਰਕੇ ਪਹਿਲੀ ਵਾਰ ਪੰਜਾਬ ਲਈ ਕੁਝ ਵੀ ਨਾ ਰੱਖ ਕੇ ਪੰਜਾਬ ਦੇ ਲੋਕਾਂ ਨੂੰ ਨਿਰਾਸ਼ ਹੀ ਨਹੀਂ ਕੀਤਾ, ਸਗੋਂ ਉਹਨਾਂ ਦੇ ਹੱਕਾਂ 'ਤੇ ਸ਼ਰੇਆਮ ਡਾਕਾ ਵੀ ਮਾਰਿਆ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਵਿੱਚੋਂ ਕੱਢੇ ਹੋਏ ਕੁਝ ਸ਼ਰਾਰਤੀ ਅਨਸਰ ਸਰਕਾਰੇ ਦਰਬਾਰੇ ਅਤੇ ਲੋਕਾਂ ਨੂੰ ਬੇਗਮਪੁਰਾ ਟਾਈਗਰ ਫੋਰਸ ਦੇ ਨਾਂ 'ਤੇ ਗੁੰਮਰਾਹ ਕਰ ਰਹੇ ਹਨ ਇਹੋ ਜਿਹੇ ਸ਼ਰਾਰਤੀ ਅਨਸਰਾਂ ਤੋਂ ਬਚਣ ਦੀ ਜਰੂਰਤ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹੈਪੀ ਫਤਹਿਗੜ੍ਹ, ਸਤੀਸ਼ ਕੁਮਾਰ ਸ਼ੇਰਗੜ੍ਹ, ਰੋਹਿਤ ਕੁਮਾਰ, ਟਿੱਲੋ ਨਾਰਾ, ਮੁਨੀਸ਼,ਚਰਨਜੀਤ ਡਾਡਾ, ਕਮਲਜੀਤ ਡਾਡਾ, ਗੋਗਾ ਮਾਂਝੀ, ਅਮਨਦੀਪ ਸਿੰਘ, ਮਨੀਸ਼ ਕੁਮਾਰ, ਚਰਨਜੀਤ ਸਿੰਘ ਡਾਡਾ , ਪ੍ਰਿੰਸ ਨਾਰਾ,ਰਾਜਾ ਬਸੀ ਕਿੱਕਰਾਂ,ਸੋਨੀ, ਰਵੀ ਕੁਮਾਰ,ਦਵਿੰਦਰ ਕੁਮਾਰ, ਰਵੀ ਸੁੰਦਰ ਨਗਰ ਆਦਿ ਹਾਜ਼ਰ ਸਨ।

# ਡਾਕਟਰ ਅੰਬੇਡਕਰ ਨੂੰ ਸਮਰਪਤ 15ਵੀਂ ਕਿਤਾਬੀ ਪ੍ਰਤੀਯੋਗਤਾ ਕਰਵਾਈ



ਅੱਡਾ ਸਰਾਂ (ਜਸਵੀਰ ਕਾਜਲ) ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਬੀ. ਆਰ ਅੰਬੇਡਕਰ ਦੀ ਵਿਚਾਰਧਾਰਾ ਨੂੰ ਸਮਰਪਿਤ ਪ੍ਰਬੁੱਧ ਭਾਰਤ ਫਾਊਂਡੇਸ਼ਨ ਵੱਲੋਂ 15ਵੀਂ ਕਿਤਾਬੀ ਪ੍ਰਤੀਯੋਗਤਾ ਪਿੰਡ ਜੌੜਾ ਵਿਖੇ ਕਰਵਾਈ ਗਈ। ਸੱਚ ਐਜੂਕੇਸ਼ਨਲ ਟਰੱਸਟ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਯੂਥ ਕਲੱਬ (ਰਜਿ) ਜੌੜਾ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵਿਖੇ ਕਰਵਾਈ ਗਈ ਇਸ ਲਿਖਤੀ ਪ੍ਰਤੀਯੋਗਤਾ ਵਿੱਚ ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ 39 ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੌਕੇ ਸੈਂਟਰ ਇੰਚਾਰਜ ਪ੍ਰੇਮਜੀਤ ਸਿੰਘ ਜੌੜਾ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜੀਵਨ ਸੰਘਰਸ਼ , ਉਨ੍ਹਾਂ ਵੱਲੋਂ ਮਿਲੇ ਅਧਿਕਾਰਾਂ ਬਾਰੇ ਜਾਣਕਾਰੀ ਦਿੱਤੀ ਅਤੇ ਗੁਰੂਆਂ ਰਹਿਬਰਾਂ ਦੇ ਇਤਿਹਾਸ ਤੋਂ ਵੀ ਜਾਣੂ ਕਰਵਾਇਆ। ਇਸ ਮੌਕੇ ਪ੍ਰੇਮਜੀਤ ਜੌੜਾ ਨੇ ਕੋਲਕਾਤਾ ਗੈਂਗ ਰੇਪ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਇਸ ਘਟਨਾ ਦੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਵੀ ਕੀਤੀ। ਇਸ ਪ੍ਰਤੀਯੋਗਤਾ ਦੌਰਾਨ ਡਿਊਟੀ ਇੰਚਾਰਜ ਮੈਡਮ ਸਿਮਰਨ ਤੇ ਦਿਲਖੁਸ਼,ਲੱਕੀ ਹੇਜ਼ਮਾ ਨੇ ਵੀ ਆਪਣੀ ਡਿਊਟੀ ਨਿਭਾਈ।ਇਸ ਮੌਕੇ ਹੈਪੀ,ਗੋਰਾ,ਗੌਰਵ, ਵਿਸ਼ਾਲ,ਲਵ,ਗੁਰਜੋਤ,ਤਨੀ,ਸੁਨੀਲ ਆਦਿ ਹਾਜ਼ਰ ਹੋਏ।

# 10.5 ਕਿਲੋ ਅਫੀਮ, 4 ਲੱਖ ਰੁਪਏ ਦੀ ਡਰੱਗ ਮਨੀ ਤੇ ਵਾਹਨ ਸਮੇਤ ਦੋ ਗ੍ਰਿਫ਼ਤਾਰ



**ਜਲੰਧਰ (ਸ਼ੈਲੀ ਐਲਬਰਟ)** ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਪੁਲਸ ਨੇ ਅਫੀਮ ਦੀ ਤਸਕਰੀ ਕਰਨ ਵਾਲੇ ਇੱਕ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕੀਤਾ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਸਪੈਸ਼ਲ ਸੈੱਲ ਜਲੰਧਰ ਨੇ ਇੱਕ ਇਤਲਾਹ 'ਤੇ ਦਕੋਹਾ ਫਾਟਕ ਜਲੰਧਰ ਨੇੜੇ ਜਾਲ ਵਿਛਾਇਆ ਸੀ। ਉਨ੍ਹਾਂ ਨੇ ਇੱਕ ਕਾਰ (ਰਜਿਸਟ੍ਰੇਸ਼ਨ ਨੰਬਰ ਡੀ.ਐਲ.10-ਸੀ.ਐਚ.-4277) ਨੂੰ ਆਉਂਦੇ ਹੋਏ ਦੇਖਿਆ ਜਿਸ ਨੂੰ ਬਦਨਾਮ ਨਸ਼ਾ ਤਸਕਰ ਕੈਪਟਨ ਸਿੰਘ ਚਲਾ ਰਿਹਾ ਸੀ, ਜੋ ਕਿ ਝਾਰਖੰਡ ਤੋਂ ਲਿਆ ਕੇ ਜਲੰਧਰ ਨੂੰ ਅਫੀਮ ਲਿਆ ਕੇ ਵੇਚਦਾ ਸੀ। ਪੁਲਸ ਨੇ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਤਾਂ 3.5 ਕਿਲੋ ਅਫੀਮ ਬਰਾਮਦ ਹੋਈ। ਕਾਰ ਚਾਲਕ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਕੈਂਟ ਸੀਪੀ ਜਲੰਧਰ ਵਿਖੇ ਐਫਆਈਆਰ 116 ਮਿਤੀ 25-07-2024 ਅਧੀਨ 18-61-85 ਐਨਡੀਪੀਐਸ ਐਕਟ ਦਰਜ ਕੀਤੀ ਗਈ ਹੈ। ਪੁਲਸ ਨੇ ਤਫ਼ਤੀਸ਼ ਦੌਰਾਨ ਇੱਕ ਹੋਰ ਮੁਲਜ਼ਮ ਮਾਨ ਸਿੰਘ ਨੂੰ ਟਰੇਸ ਕਰ ਲਿਆ, ਜੋ ਕਿ ਕੈਪਟਨ ਸਿੰਘ ਨਾਲ ਮਿਲ ਕੇ ਨਸ਼ੇ ਦਾ ਕਾਰੋਬਾਰ ਕਰਦਾ ਸੀ।ਉਸ ਕੋਲੋਂ ਸੱਤ ਕਿਲੋ ਅਫੀਮ, 4 ਲੱਖ ਰੁਪਏ ਦੀ ਡਰੱਗ ਮਨੀ ਅਤੇ ਇੱਕ ਹੁੰਡਈ ਆਈ-20 ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

# 'ਜੀਵਨ ਦਾ ਪ੍ਰਾਣ ਆਧਾਰ ਯੋਗਾ' ਵਿਸ਼ੇ 'ਤੇ ਵਰਕਸ਼ਾਪ



**ਕਾਲਾ ਸੰਘਿਆਂ (ਮਨਜੀਤ ਮਾਨ)** ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆ ਵਿਖੇ ਕਾਰਜਕਾਰੀ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਦੀ ਅਗਵਾਈ ਹੇਠ ਜੀਵਨ ਦਾ ਪ੍ਰਾਣ ਆਧਾਰ ਯੋਗਾ ਵਿਸ਼ੇ 'ਤੇ ਯੋਗ ਦੀ ਵਰਕਸ਼ਾਪ ਕਰਵਾਈ ਗਈ।ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸਿਵਲ ਹਸਪਤਾਲ ਕਾਲਾ ਸੰਘਿਆਂ ਤੋਂ ਡਾ. ਨਵਦੀਪ ਕੌਰ ਸੀ ਐੱਚ ਓ ਆਸ਼ਾ ਵਰਕਰ ਆਏ।ਉਨ੍ਹਾਂ ਨੇ ਅਧਿਆਪਕ ਸਾਹਿਬਾਨ ਤੇ ਵਿਦਿਆਰਥੀਆਂ ਨੂੰ ਯੋਗਾ ਦੇ ਵਿਭਿੰਨ ਆਸਣ , ਸਾਹ ਦੇ ਸਬੰਧੀ, ਬੀ. ਪੀ ਸੰਬੰਧੀ, ਸਰਵਾਈਕਲ, ਥਾਇਰਾਇਡ ਸਬੰਧੀ, ਸ਼ੂਗਰ ਅਤੇ ਮਾਨਸਿਕ ਦਬਾਅ ਤੋਂ ਮੁਕਤੀ ਸੰਬੰਧੀ, ਸ਼ਾਇਟਿਕਾ ਦੀ ਬਿਮਾਰੀ, ਬਾਹਾਂ ਤੇ ਲੱਤਾਂ ਚ ਹੁੰਦੀਆਂ ਦਰਦਾਂ ਤੋਂ ਛੁਟਕਾਰਾ ਪਾਉਣ ਲਈ ਤੇ ਗੋਡਿਆਂ ਦੇ ਦਰਦ ਆਦਿ ਨੂੰ ਦੂਰ ਕਰਨ ਸੰਬੰਧੀ ਵਿਦਿਆਰਥੀਆਂ ਨੂੰ ਆਸਣ ਸਿਖਾਏ।ਇਸ ਮੌਕੇ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਨੇ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ ਨੇ ਕਿਹਾ ਕਿ ਸਾਨੂੰ ਆਪਣੀ ਖੁਰਾਕ ਸ਼ੁੱਧ ਖਾਣੀ ਚਾਹੀਦੀ ਹੈ।ਕੀਟ ਨਾਸ਼ਕ ਦਵਾਈਆਂ ਤੋਂ ਅਤੇ ਪਲਾਸਟਿਕ ਮਿਕਸ ਚੀਜ਼ਾਂ ਤੋਂ ਰਹਿਤ ਖਾਣਾ ਖਾਣ ਨਾਲ ਹੀ ਸਾਡੀ ਸਿਹਤ ਠੀਕ ਰਹੇਗੀ ਅਤੇ ਯੋਗਾ ਰਾਹੀਂ ਵੀ ਤੁਸੀਂ ਆਪਣਾ ਜੀਵਨ ਖੁਸ਼ਹਾਲ ਬਣਾ ਸਕੋਗੇ।ਇਸ ਸਮਾਗਮ ਦੇ ਅੰਤ ਵਿੱਚ ਡਾ. ਰਵਨੀਤ ਕੌਰ ਨੂੰ ਕਾਲਜ ਦਾ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਸਮਾਗਮ ਵਿੱਚ ਸੰਤ ਹੀਰਾ ਦਾਸ ਸਿੱਖਿਆ ਸੰਸਥਾਵਾਂ ਦੇ ਡਾਇਰੈਕਟਰ ਡਾ.ਰਾਮ ਮੂਰਤੀ, ਕਾਲਜੀਏਟ ਪ੍ਰਿੰਸੀਪਲ ਮੈਡਮ ਰਜਿੰਦਰ ਕੌਰ, ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

# 25 ਸਾਲਾਂ 'ਚ ਹਜ਼ਾਰਾਂ ਨੇਤਰਹੀਣਾਂ ਦੀ ਜ਼ਿੰਦਗੀ ਨੂੰ ਰੋਸ਼ਨ ਕਰ ਰਹੀ ਨੇਤਰਦਾਨ ਐਸੋਸੀਏਸ਼ਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਹੁਸ਼ਿਆਰਪੁਰ ਦੀ ਉੱਘੀ ਸਮਾਜ ਸੇਵੀ ਸੰਸਥਾ ਨੇਤਰਦਾਨ ਐਸੋਸੀਏਸ਼ਨ, ਸਿਵਲ ਹਸਪਤਾਲ ਹੁਸ਼ਿਆਰਪੁਰ ਵੱਲੋਂ ਨੇਤਰ ਦਾਨ ਮਹਾਨ ਦਾਨ ਦੇ ਸੰਦੇਸ਼ ਨੂੰ ਘਰ ਘਰ ਪਹੁਚਾਉਣ ਲਈ ਉਪਰਾਲੇ ਕਰ ਰਹੀ ਹੈ।39ਵੇਂ ਕੌਮੀ ਨੇਤਰ ਦਾਨ ਜਾਗਰੂਕਤਾ ਪੰਦਰਵਾੜਾ ਦੇ ਸਬੰਧ ਵਿੱਚ ਨੇਤਰ ਦਾਨ ਐਸੋਸੀਏਸ਼ਨ ਵੱਲੋਂ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ ਅਤੇ ਦੱਸਿਆ ਕਿ ਹਰ ਸਾਲ 25 ਅਗਸਤ ਤੋਂ 8 ਸਤੰਬਰ ਤੱਕ ਕੌਮੀ ਨੇਤਰ ਦਾਨ ਜਾਗਰੂਕਤਾ ਪੰਦਰਵਾੜਾ ਮਨਾਇਆ ਜਾਂਦਾ ਹੈ ਤਾਂ ਕਿ ਵੱਧ ਤੋਂ ਵੱਧ ਲੋਕਾਂ ਵਿੱਚ ਨੇਤਰਦਾਨ ਸੰਬੰਧੀ ਜਾਗਰੂਕਤਾ ਪੈਦਾ ਕੀਤੀ ਜਾ ਸਕੇ।ਇਸ ਮੌਕੇ ਸੰਸਥਾ ਦੇ ਸਰਪ੍ਰਸਤ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਨੇ ਦੱਸਿਆ ਕਿ ਹੁਸ਼ਿਆਰਪੁਰ ਦੇ ਨੇਤਰ ਦਾਨੀ ਪਰਵਾਰਾਂ ਨੇ ਮਾਨਵਤਾ ਦੀ ਸੇਵਾ ਲਈ ਆਪਣੇ ਸਾਕ ਸੰਬੰਧੀਆਂ ਦੀਆਂ ਅੱਖਾਂ ਦਾਨ ਕਰਵਾਕੇ ਹਜ਼ਾਰਾਂ ਹੀ ਪੁਤਲੀ ਦੀ ਖਰਾਬੀ ਕਾਰਨ ਨੇਤਰਹੀਣ ਹੋਏ ਲੋਕਾਂ ਦੀ ਜ਼ਿੰਦਗੀ ਨੂੰ ਰੋਸ਼ਨ ਕਰਨ ਲਈ ਵੱਡਮੁੱਲਾ ਯੋਗਦਾਨ ਪਾਇਆ ਹੈ ਅਤੇ ਪਿਛਲੇ 25 ਸਾਲਾਂ ਤੋਂ ਲਗਾਤਾਰ ਇਹ ਸੇਵਾ ਚੱਲ ਰਹੀ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨੇਤਰ ਦਾਨ ਸੇਵਾ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਅਤੇ ਅੱਖਾਂ ਦੀ ਪੁਤਲੀ ਦੀ ਖਰਾਬੀ ਕਾਰਨ ਨੇਤਰਹੀਣ ਵਿਅਕਤੀਆਂ ਦਾ ਇਲਾਜ ਐਸੋਸੀਏਸ਼ਨ ਵੱਲੋਂ ਮੁਫ਼ਤ ਕਰਵਾ ਕੇ ਦਿੱਤਾ ਜਾਂਦਾ ਹੈ।ਨੇਤਰ ਦਾਨ ਸੇਵਾ ਨੂੰ ਘਰ ਘਰ ਪਹੁੰਚਾਉਣ ਲਈ ਲੋਕਾਂ ਤੋਂ ਸਹਿਯੋਗ ਦੀ ਮੰਗ ਕੀਤੀ ਤਾਂ ਕਿ ਦੇਸ਼ ਦੇ ਹਰ ਨੇਤਰਹੀਣ ਦੀ ਜ਼ਿੰਦਗੀ ਨੂੰ ਰੋਸ਼ਨ ਕੀਤਾ ਜਾ ਸਕੇ ।ਇਸ ਮੌਕੇ ਤੇ ਸੰਸਥਾ ਦੇ ਸਕੱਤਰ ਬਲਜੀਤ ਸਿੰਘ ਪਨੇਸਰ ਅਤੇ ਸ਼੍ਰੀ ਮਤੀ ਸੰਤੋਸ਼ ਸੈਣੀ ਨੇ ਵੀ ਪ੍ਰੈਸ ਨੂੰ ਸੰਬੋਧਨ ਕੀਤਾ।ਇਸ ਮੌਕੇ ਸੰਸਥਾ ਦੇ ਸਮੂਹ ਮੈਂਬਰਾਂ ਨੇ ਪ੍ਰਣ ਕੀਤਾ ਕਿ ਉਹ ਦੇਸ਼ ਦੇ ਹਰ ਲੋੜਵੰਦ ਨੇਤਰਹੀਣ ਦੀ ਜ਼ਿੰਦਗੀ ਨੂੰ ਰੋਸ਼ਨ ਕਰਨ ਲਈ ਆਪਣਾ ਵੱਡਮੁੱਲਾ ਯੋਗਦਾਨ ਪਾਉਣਗੇ ਅਤੇ ਇਸ ਕਾਰਜ ਲਈ ਲੋਕਾਂ ਨੂੰ ਵੀ ਅੱਗੇ ਆਉਣਾ ਦੀ ਅਪੀਲ ਕੀਤੀ।

# ਸੀ ਟੀ ਗਰੁੱਪ ਨੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਜਲੰਧਰ ( ਸ਼ੈਲੀ ਐਲਬਰਟ) -:** ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਜਿਸ ਵਿੱਚ ਸ਼ਾਹਪੁਰ ਅਤੇ ਮਕਸੂਦਾਂ ਕੈਂਪਸ, ਸੀਟੀ ਯੂਨੀਵਰਸਿਟੀ, ਸੀਟੀ ਪਬਲਿਕ ਸਕੂਲ, ਸੀਟੀ ਵਰਲਡ ਸਕੂਲ ਅਤੇ ਸੀਟੀ ਸਨਸ਼ਾਈਨ ਕਿੰਡਰਗਾਰਟਨ ਸ਼ਾਮਲ ਹਨ, ਨੇ ਜਨਮ ਅਸ਼ਟਮੀ ਦਾ ਸ਼ੁਭ ਤਿਉਹਾਰ ਅਥਾਹ ਉਤਸ਼ਾਹ ਅਤੇ ਰਵਾਇਤੀ ਰੌਣਕ ਨਾਲ ਮਨਾਇਆ । ਇਹ ਜਸ਼ਨ, ਜੋ ਕਿ ਵੱਖ-ਵੱਖ ਸੀ ਟੀ ਗਰੁੱਪ ਵਿਦਿਅਕ ਸੰਸਥਾਵਾਂ ਵਿੱਚ ਫੈਲਿਆ ਹੋਇਆ ਸੀ, ਨੂੰ ਜੀਵੰਤ ਪ੍ਰਦਰਸ਼ਨਾਂ, ਸੱਭਿਆਚਾਰਕ ਪ੍ਰਦਰਸ਼ਨਾਂ, ਅਤੇ ਦਿਲਚਸਪ ਗਤੀਵਿਧੀਆਂ ਦੁਆਰਾ ਚਿੰਨ੍ਹਿਤ ਕੀਤਾ ਗਿਆ ਸੀ ਜੋ ਅਸਲ ਵਿੱਚ ਇਸ ਪਵਿੱਤਰ ਮੌਕੇ ਦੀ ਭਾਵਨਾ ਨੂੰ ਸ਼ਾਮਲ ਕਰਦੇ ਹਨ । ਸੀ ਟੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਮਨਮੋਹਕ ਭਜਨਾਂ, ਮਨਮੋਹਕ ਸੋਲੋ ਅਤੇ ਗਰੁੱਪ ਡਾਂਸ, ਅਤੇ ਪ੍ਰਭਾਵਸ਼ਾਲੀ ਕੋਰੀਓਗ੍ਰਾਫੀ ਸਮੇਤ ਮਨਮੋਹਕ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ । ਸਮਾਗਮ ਦੀ ਮੁੱਖ ਵਿਸ਼ੇਸ਼ਤਾ ਰਵਾਇਤੀ ਮਟਕੀ ਫੋੜ ਪ੍ਰਦਰਸ਼ਨ ਸੀ, ਜਿਸ ਨੇ ਜਸ਼ਨਾਂ ਵਿੱਚ ਮਜ਼ੇਦਾਰ ਅਤੇ ਉਤਸ਼ਾਹ ਦਾ ਇੱਕ ਤੱਤ ਸ਼ਾਮਲ ਕੀਤਾ । ਸੀ ਟੀ ਵਰਲਡ ਸਕੂਲ ਨੇ ਵੀ ਜਨਮ ਅਸ਼ਟਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਅਤੇ ਸੱਭਿਆਚਾਰਕ ਪ੍ਰੋਗਰਾਮ ਕੀਤਾ। ਦਿਨ ਦੀ ਸ਼ੁਰੂਆਤ ਆਈਨਸਟਾਈਨ ਹਾਊਸ ਦੇ ਵਿਦਿਆਰਥੀਆਂ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਅਸੈਂਬਲੀ ਨਾਲ ਹੋਈ, ਜਿੱਥੇ ਉਨ੍ਹਾਂ ਨੇ ਪਿਆਰ, ਦਇਆ ਅਤੇ ਧਾਰਮਿਕਤਾ ਦੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਵਿੱਚ ਜਨਮ ਅਸ਼ਟਮੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਸੀਟੀ ਗਰੁੱਪ ਸ਼ਾਹਪੁਰ ਕੈਂਪਸ ਨੇ ਵਿਦਿਆਰਥੀਆਂ ਨੂੰ ਇੱਕ ਜੀਵੰਤ ਡਾਂਡੀਆ ਡਾਂਸ ਅਤੇ ਪਰੰਪਰਾਗਤ ਮਟਕੀ ਫੋੜ ਦੀ ਰਸਮ ਲਈ ਇਕੱਠਾ ਕੀਤਾ, ਜਨਮ ਅਸ਼ਟਮੀ ਦੇ ਜਸ਼ਨਾਂ ਵਿੱਚ ਵਾਧੂ ਉਤਸ਼ਾਹ ਸ਼ਾਮਲ ਕੀਤਾ।। ਵਿਦਿਆਰਥੀ ਭਲਾਈ ਦੇ ਡੀਨ ਡਾ. ਅਰਜਨ ਸਿੰਘ ਨੇ ਕਿਹਾ, ਸਾਡੇ ਕੈਂਪਸ ਵਿੱਚ ਜਨਮ ਅਸ਼ਟਮੀ ਦੇ ਤਿਉਹਾਰ ਸਾਡੇ ਅਮੀਰ ਸੱਭਿਆਚਾਰਕ ਵਿਰਸੇ ਨੂੰ ਦਰਸਾਉਂਦੇ ਹਨ।।

# ਸਪੋਰਟਸ ਕੰਪਲੈਕਸ ਮੋਹਾਲੀ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ' ਦੀ ਮਸ਼ਾਲ ਦਾ ਭਰਵਾਂ ਸਵਾਗਤ



**ਮੋਹਾਲੀ, (ਗੁਰਜੀਤ ਬਿੱਲਾ)** ਮੋਹਾਲੀ ਪ੍ਰਸ਼ਾਸਨ ਵੱਲੋਂ ਡੀ ਸੀ ਆਸ਼ਿਕਾ ਜੈਨ ਦੀ ਅਗਵਾਈ ਵਿੱਚ ਮਲਟੀਪਰਪਜ਼ ਸਪੋਰਟਸ ਕੰਪਲੈਕਸ, ਸੈਕਟਰ 78, ਮੋਹਾਲੀ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਤੀਜੇ ਐਡੀਸ਼ਨ, 2024-25 ਦੀ ਮਸ਼ਾਲ (ਟਾਰਚ ਰਿਲੇਅ) ਦਾ ਸ਼ਾਨਦਾਰ ਸਵਾਗਤ ਕੀਤਾ ਗਿਆ।ਸਪੋਰਟਸ ਕੰਪਲੈਕਸ ਵਿਖੇ ਪ੍ਰੈਕਟਿਸ ਕਰ ਰਹੇ ਵੱਖ-ਵੱਖ ਖੇਡਾਂ ਦੇ ਉਭਰਦੇ ਖਿਡਾਰੀਆਂ ਦੇ ਨਾਲ ਸਵਾਗਤ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਵਿੱਚ ਖੇਡ ਸੱਭਿਆਚਾਰ ਨੂੰ ਹੁਲਾਰਾ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਹ ਵਿਸ਼ੇਸ਼ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਸਾਲ 2024-25 ਦਾ 'ਖੇਡਾਂ ਵਤਨ ਪੰਜਾਬ ਦੀਆਂ' ਦਾ ਤੀਜਾ ਐਡੀਸ਼ਨ ਸ਼ੁਰੂ ਕਰਨ ਲਈ, ਐਸ ਏ ਐਸ ਨਗਰ ਜ਼ਿਲ੍ਹਾ ਰਾਜ ਦਾ 13ਵਾਂ ਜ਼ਿਲ੍ਹਾ ਹੈ ਜਿੱਥੇ ਮਸ਼ਾਲ ਰਿਲੇਅ ਕੁਰਾਲੀ ਰਾਹੀਂ ਦਾਖਲ ਹੋਈ ਹੈ।ਉਨ੍ਹਾਂ ਦੱਸਿਆ ਕਿ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਬਾਹਰ ਐਸ ਡੀ ਐਮ ਖਰੜ ਗੁਰਮੰਦਰ ਸਿੰਘ ਵੱਲੋਂ ਰੂਪਨਗਰ ਤੋਂ ਕੁਰਾਲੀ ਵਿੱਚ ਦਾਖ਼ਲ ਹੋਣ 'ਤੇ ਅੰਤਰ-ਜ਼ਿਲ੍ਹਾ ਸਰਹੱਦ 'ਤੇ ਮਸ਼ਾਲ ਰਿਲੇਅ ਦਾ ਨਿੱਘਾ ਸਵਾਗਤ ਕੀਤਾ ਗਿਆ।ਡਿਪਟੀ ਕਮਿਸ਼ਨਰ ਸ਼੍ਰੀਮਤੀ ਜੈਨ ਨੇ ਅੱਗੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 29 ਅਗਸਤ ਨੂੰ ਸੰਗਰੂਰ ਵਿਖੇ 'ਖੇਡਣ ਵਤਨ ਪੰਜਾਬ ਦੀਆਂ' ਦੇ ਤੀਜੇ ਐਡੀਸ਼ਨ ਦੀ ਸ਼ੁਰੂਆਤ ਕੀਤੀ ਜਾਵੇਗੀ।



## ਦੋ ਦਿਨਾਂ ਸੈਮੀਨਾਰ ਲਗਾਇਆ

**ਕਾਲਾ ਸੰਘਿਆਂ (ਮਨਜੀਤ ਮਾਨ)** ਸਤਿਅਮ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਨਕੋਦਰ ਵੱਲੋਂ ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਟ ਕੋਰਸਾਂ ਦੇ ਅੰਤਮ ਸਾਲ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਲਈ ਐਨ ਆਈ ਐਸ ਐਮ ਪ੍ਰੋਗਰਾਮ ਦੇ ਤਹਿਤ ਦੋ ਦਿਨ ਦਾ ਸੈਮੀਨਾਰ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ ਹੈ।ਇਹ ਸੈਮੀਨਾਰ ਭਾਰਤ ਸਰਕਾਰ ਦੇ ਵਿੱਤ ਮੰਤਰਾਲੇ ਦੇ ਅਧੀਨ ਸੇਬੀ ਇੰਡੀਆ ਦੁਆਰਾ ਬਣਾਏ ਗਏ ਨੈਸ਼ਨਲ ਇੰਸਟੀਚਿਊਟ ਆਫ ਸਕਿਓਰਿਟੀਜ਼ ਮਾਰਕਿਟਸ ਦੁਆਰਾ ਆਯੋਜਿਤ ਕੀਤਾ ਗਿਆ ਸੀ। ਐਸ ਆਈ ਐਮ ਟੀ ਦੇ ਪ੍ਰਿੰਸੀਪਲ ਰਾਸ਼ਿਦ ਹਾਮਿਦ ਨੇ ਰਿਸੋਰਸ ਪਰਸਨ ਅਸ਼ੋਕ ਸਿੰਗਲਾ ਦਾ ਧੰਨਵਾਦ ਕੀਤਾ।

# ਲਾਇਨ ਗੁਰਦੀਪ ਸਿੰਘ ਕੰਗ ਦਾ ਸਨਮਾਨ

**ਫਗਵਾੜਾ (ਡਾ. ਰਮਨ)** ਫੋਟੋਗ੍ਰਾਫਰਜ਼ ਵੈਲਫੇਅਰ ਕਲੱਬ ਰਜਿ. ਫਗਵਾੜਾ ਵਲੋਂ ਫਾਊਂਡਰ ਮੋਹਨ ਨਾਰੰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਥਾਨਕ ਬਿਗ ਸੇਵਨ ਰੈਸਟੋਰੈਂਟ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਵਿਸ਼ਵ ਫੋਟੋਗ੍ਰਾਫੀ ਦਿਵਸ ਮਨਾਇਆ ਗਿਆ।ਕਲੱਬ ਪ੍ਰਧਾਨ ਕੁਲਦੀਪ ਸਿੰਘ ਜਸਵਾਲ ਦੀ ਦੇਖ-ਰੇਖ ਹੇਠ ਕਰਵਾਏ ਸਮਾਗਮ ਦੀ ਪ੍ਰਧਾਨਗੀ ਕਲੱਬ ਦੇ ਚੇਅਰਮੈਨ ਕੁਲਦੀਪ ਸਿੰਘ ਮਾਨ ਨੇ ਕੀਤੀ।ਇਸ ਦੌਰਾਨ ਲੁਧਿਆਣਾ ਤੋਂ ਕੁਲਦੀਪ ਗਰਗ (ਪ੍ਰਕਾਸ਼ ਫਿਲਮਜ਼) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਜਦਕਿ ਗੈਸਟ ਆਫ ਆਨਰ ਵਜੋਂ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ ਜੇ ਐਫ ਸਨ।ਸਮਾਗਮ ਦੌਰਾਨ ਕਲੱਬ ਵਲੋਂ ਲਾਇਨ ਗੁਰਦੀਪ ਸਿੰਘ ਕੰਗ ਨੂੰ ਸਮਾਜ ਸੇਵਾ ਦੇ ਖੇਤਰ 'ਚ ਕੀਤੇ ਜਾ ਰਹੇ ਜਿਕਰਯੋਗ ਕਾਰਜਾਂ ਲਈ ਸਨਮਾਨਿਤ ਕੀਤਾ ਗਿਆ। ਲਾਇਨ ਗੁਰਦੀਪ ਸਿੰਘ ਕੰਗ ਨੇ ਸਮੂਹ ਫੋਟੋਗ੍ਰਾਫਰਾਂ ਨੂੰ ਵਿਸ਼ਵ ਫੋਟੋਗ੍ਰਾਫੀ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਹਰ ਤਸਵੀਰ ਇੱਕ ਕਹਾਣੀ ਹੁੰਦੀ ਹੈ, ਜੋ ਬਿਨਾਂ ਸ਼ਬਦਾਂ ਦੇ ਬਿਆਨ ਹੁੰਦੀ। ਮੁੱਖ ਮਹਿਮਾਨ ਕੁਲਦੀਪ ਗਰਗ ਨੇ ਕਿਹਾ ਕਿ ਫੋਟੋਗ੍ਰਾਫੀ ਸਿਰਫ਼ ਇੱਕ ਕਲਾ ਨਹੀਂ ਹੈ ਬਲਕਿ ਇਹ ਇੱਕ ਅਜਿਹਾ ਤਰੀਕਾ ਹੈ ਜੋ ਤੁਹਾਨੂੰ ਜ਼ਿੰਦਗੀ ਦੇ ਜਜ਼ਬਾਤਾਂ, ਵਿਚਾਰਾਂ ਅਤੇ ਪਲਾਂ ਨੂੰ ਕੈਪਚਰ ਕਰਨ ਵਿੱਚ ਮਦਦ ਕਰਦਾ ਹੈ। ਇਸ ਦੌਰਾਨ ਕਲੱਬ ਦੇ ਪ੍ਰਧਾਨ ਕੁਲਦੀਪ ਸਿੰਘ ਜਸਵਾਲ ਨੇ ਨਵੀਂ ਟੀਮ ਦਾ ਐਲਾਨ ਕਰਦਿਆਂ ਦਵਿੰਦਰ ਸਿੰਘ ਨੂੰ ਡਾਇਰੈਕਟਰ, ਹਰਭਜਨ ਸਿੰਘ ਨੂੰ ਜਨਰਲ ਸਕੱਤਰ, ਨਰੇਸ਼ ਕੁਮਾਰ ਕੇਸ਼ੀ ਨੂੰ ਖਜ਼ਾਨਚੀ, ਦੀਪਕ ਨੂੰ ਜੁਆਇੰਟ ਕੈਸ਼ੀਅਰ, ਕੁਲਦੀਪ ਗਰਗ, ਪਰਮਜੀਤ ਰਾਏ ਅਤੇ ਜਸਵੀਰ ਕੁਮਾਰ ਨੂੰ ਮੀਤ ਪ੍ਰਧਾਨ, ਹਰਵਿੰਦਰ ਸਿੰਘ ਨੂੰ ਜੁਆਇੰਟ ਸਕੱਤਰ ਜਦਕਿ ਜਗਜੀਤ ਸਿੰਘ ਚਾਨਾ ਅਤੇ ਗਗਨਦੀਪ ਸਿੰਘ ਨੂੰ ਸੋਸ਼ਲ ਮੀਡੀਆ ਇੰਚਾਰਜ ਤੇ ਰੋਸ਼ਨ ਲਾਲ ਨੂੰ ਪ੍ਰੈਸ ਸਕੱਤਰ ਦੀ ਜਿੰਮੇਵਾਰੀ ਦਿੱਤੀ। ਕਲੱਬ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਲਾਇਨਜ਼ ਗੁਰਦੀਪ ਸਿੰਘ ਕੰਗ ਅਤੇ ਕੁਲਦੀਪ ਗਰਗ ਨੇ ਸਨਮਾਨਿਤ ਕੀਤਾ।



# ਖੇਡਾਂ 'ਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਭੋਗਪੁਰ ਦੀ ਝੰਡੀ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਜੋਨ ਭੋਗਪੁਰ ਦੀਆਂ ਖੇਡਾਂ 'ਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਭੋਗਪੁਰ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਜੋਨਲ ਪ੍ਰਧਾਨ ਬੀ ਐਨ ਓ ਭੋਗਪੁਰ ਪ੍ਰੇਮ ਸਿੰਘ ਦੁਆਰਾ ਰੀਬਨ ਕੱਟ ਕੇ ਇਹਨਾਂ ਖੇਡਾਂ ਦਾ ਉਦਘਾਟਨ ਕਰਦਿਆਂ ਖਿਡਾਰੀਆਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕੀਤਾ। ਸ਼੍ਰੀਮਤੀ ਊਸ਼ਾ ਸੈਣੀ ਲੈਕਚਰਾਰ ਫਿਜ਼ੀਕਲ ਐਜੂਕੇਸ਼ਨ ਅਤੇ ਸ਼੍ਰੀਮਤੀ ਬਲਜਿੰਦਰ ਪਾਲ ਕੌਰ ਪੀ ਟੀ ਆਈ ਦੀ ਸਖਤ ਮਿਹਨਤ ਸਦਕਾ ਬੈਡਮਿੰਟਨ ਟੀਮ ਅੰਡਰ 19 ਨੇ ਪਹਿਲਾ, ਅੰਡਰ 14 ਨੇ ਦੂਸਰਾ ਅਤੇ ਅੰਡਰ 17 ਨੇ ਤੀਸਰਾ, ਵਾਲੀਬਾਲ ਅੰਡਰ 19, 17 ਨੇ ਦੂਸਰਾ, ਕਬੱਡੀ ਅੰਡਰ 14,17 ਨੇ ਪਹਿਲਾ ਅਤੇ ਖੋਖੋ ਅੰਡਰ 14,17 ਨੇ ਦੂਸਰਾ ਸਥਾਨ ਪ੍ਰਾਪਤ ਕਰਕੇ ਜ਼ਿਲ੍ਹਾ ਸਕੂਲ ਖੇਡਾਂ ਵਿੱਚ ਪ੍ਰਵੇਸ਼ ਕੀਤਾ। ਇਹਨਾਂ ਪ੍ਰਾਪਤੀਆਂ ਲਈ ਸਕੂਲ ਪ੍ਰਿੰਸੀਪਲ, ਸਮੂਹ ਸਟਾਫ ਮੈਂਬਰ ਅਤੇ ਸਾਰੇ ਖਿਡਾਰੀ ਵਧਾਈ ਦੇ ਪਾਤਰ ਹਨ।

# ਡਾ. ਅੰਬੇਡਕਰ ਦੇ ਜੀਵਨ ਨਾਲ ਸੰਬੰਧਤ ਲਿਖਤੀ ਪ੍ਰੀਖਿਆ ਕਰਵਾਈ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਡਾ. ਬੀ. ਆਰ. ਅੰਬੇਡਕਰ ਪੇ-ਬੈਕ ਸੁਸਾਇਟੀ ਬਡੇਸਰੋਂ ਵੱਲੋਂ ਪ੍ਰਬੁੱਧ ਭਾਰਤ ਫਾਊਂਡੇਸ਼ਨ ਦੇ ਬੈਨਰ ਹੇਠ 15ਵੀਂ ਲਿਖਤੀ ਪ੍ਰੀਖਿਆ ਦਾ ਆਯੋਜਨ ਸ਼੍ਰੀ ਗੁਰੂ ਰਵਿਦਾਸ ਗੁਰਦਵਾਰਾ ਬਡੇਸਰੋਂ ਵਿਖੇ ਕੀਤਾ ਗਿਆ।ਇਸ ਪ੍ਰੀਖਿਆ ਵਿੱਚ ਸੱਠ ਵਿਦਿਆਰਥੀਆ ਨੇ ਬਾਬਾ ਸਾਹਿਬ ਅੰਬੇਡਕਰ ਜੀ ਦੇ ਜੀਵਨ ਅਤੇ ਮਿਸ਼ਨ ਨਾਲ ਸਬੰਧਤ ਕਿਤਾਬ ਦਾ ਅਧਿਐਨ ਕਰਕੇ ਪ੍ਰੀਖਿਆ ਵਿੱਚ ਭਾਗ ਲਿਆ।ਪ੍ਰੀਖਿਆ ਉਪਰੰਤ ਮਾ. ਨਰੇਸ਼ ਭੰਮੀਆਂ ਵੱਲੋਂ ਵਿਦਿਆਰਥੀਆਂ ਨੂੰ ਬਾਬਾ ਸਾਹਿਬ ਦੀ ਵਿਚਾਰ ਧਾਰਾ 'ਤੇ ਚਾਨਣਾ ਪਾਇਆ ਅਤੇ ਪ੍ਰੋਗਰਾਮ ਦੇ ਅੰਤ 'ਚ ਬੋਰਡ ਕਲਾਸਾਂ ਸੈਸ਼ਨ 2023-24 ਦੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਤੇ ਪ੍ਰੋਗਰਾਮ ਦੇ ਅੰਤ 'ਚ ਸੁਸਾਇਟੀ ਮੈਂਬਰਾਂ ਵਲੋਂ ਪ੍ਰੋਗਰਾਮ ਦੇ ਮੁੱਖ ਮਹਿਮਾਨ ਰਿਟਾਇਰ ਲੈਕਚਰਾਰ ਅਸ਼ੋਕ ਕੁਮਾਰ ਨੂੰ ਸਨਮਾਨਿਤ ਕੀਤਾ ਗਿਆ।ਇਸ ਪ੍ਰੋਗਰਾਮ 'ਚ ਸੁਸਾਇਟੀ ਮੈਂਬਰ ਬਲਵੀਰ ਬਡੇਸਰੋਂ, ਸੁਰਿੰਦਰ ਪਾਲ, ਨਰਿੰਦਰ ਮੋਹਨ, ਰਮੇਸ਼ ਕੁਮਾਰ, ਮਾ. ਸੁਖਵੀਰ ਰਾਏ, ਲੈਕ ਰਿੰਕੂ ਸਿੰਘ, ਹੈਡਮਾਸਟਰ ਸੰਦੀਪ ਬਡੇਸਰੋਂ, ਪਵਨ ਕੁਮਾਰ ਤੇ ਗੁਰੁਦਵਾਰਾ ਪ੍ਰਬੰਧਕ ਬਿੰਦਰ ਕੁਮਾਰ, ਕੇਵਲ ਕ੍ਰਿਸ਼ਨ, ਅਵਤਾਰ ਝੱਲੀ ਤੇ ਕੁਲਦੀਪ ਸਿੰਘ ਤੇ ਮਹਿਮਾਨ ਸਾਥੀ ਲੈਕ. ਸਤਨਾਮ ਸੂਨੀ, ਮਾ. ਦਿਲਾਵਰ ਸਿੰਘ ਤੇ ਵਿਦਿਆਰਥੀਆ ਦੇ ਮਾਪੇ ਹਾਜ਼ਰ ਸਨ।

# ਚਮਕੌਰ ਸਾਹਿਬ ਵਿਖੇ ਚਾਰ ਦਿਨਾ ਗੁਰਮਤਿ ਸਮਾਗਮ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)** ਆੜ੍ਹਤੀ ਐਸੋਸੀਏਸ਼ਨ ਚਮਕੌਰ ਸਾਹਿਬ ਵੱਲੋਂ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਸਥਾਨਕ ਅਨਾਜ ਮੰਡੀ ਵਿੱਚ ਚਾਰ ਦਿਨਾਂ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਚਾਰੇ ਦਿਨ ਵੱਡੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਨੇ ਬਾਣੀ ਅਤੇ ਗੁਰਮਤਿ ਵਿਚਾਰਾਂ ਦਾ ਅਨੰਦ ਮਾਣਿਆ।ਆੜ੍ਹਤੀ ਮਨਜੀਤ ਸਿੰਘ ਕੰਗ ਅਤੇ ਉੱਜਲ ਸਿੰਘ ਨੇ ਦੱਸਿਆ ਕਿ ਸਮਾਗਮ ਦੌਰਾਨ ਸੰਤ ਬਾਬਾ ਲਖਵੀਰ ਸਿੰਘ ਰਤਵਾੜਾ ਸਾਹਿਬ ਵਾਲਿਆਂ, ਬਾਬਾ ਗੁਰਦੇਵ ਸਿੰਘ ਬਨੂੜ ਵਾਲੇ, ਭਾਈ ਜਸਵੰਤ ਸਿੰਘ ਰਤਵਾੜਾ ਸਾਹਿਬ, ਭਾਈ ਸੁਖਵਿੰਦਰ ਸਿੰਘ ਰਤਵਾੜਾ ਸਾਹਿਬ ਅਤੇ ਭਾਈ ਗੁਰਮੀਤ ਸਿੰਘ ਰੋਲੂਮਾਜਰਾ ਵਾਲਿਆਂ ਵਲੋਂ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ।ਬਾਬਾ ਲਖਵੀਰ ਸਿੰਘ ਰਤਵਾੜਾ ਸਾਹਿਬ ਵਾਲਿਆਂ ਨੇ ਨੌਜਵਾਨਾਂ ਨੂੰ ਸਾਹਿਬਜ਼ਾਦਿਆਂ ਦੀ ਸਹਾਦਤ ਤੋਂ ਸੇਧ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਸਿੱਖੀ ਅਤੇ ਮਾਨਵਤਾ ਲਈ ਸ਼ਹਾਦਤਾਂ ਦੇ ਕੇ ਕੌਮ ਦੇ ਮਨਾਂ ਵਿਚ ਕੁਰਬਾਨੀਆਂ ਦਾ ਜਜ਼ਬਾ ਪੈਦਾ ਕੀਤਾ ਪਰ ਅੱਜ ਦੀ ਨੌਜਵਾਨ ਪੀੜ੍ਹੀ ਭਟਕ ਕੇ ਨਸ਼ਿਆਂ ਤੇ ਪਤਿਤਪੁਣੇ ਵੱਲ ਵਧ ਰਹੀ ਹੈ।ਇਸ ਮੌਕੇ ਬਾਬਾ ਸੁਖਪਾਲ ਸਿੰਘ ਭੈਰੋਮਾਜਰਾ, ਆੜ੍ਹਤੀ ਮੇਜਰ ਸਿੰਘ ਮਾਂਗਟ, ਕੇਹਰ ਸਿੰਘ ਦੁੱਗਰੀ, ਪ੍ਰਗਟ ਸਿੰਘ, ਸੁਖਵਿੰਦਰ ਸਿੰਘ, ਮੋਹਨ ਸਿੰਘ, ਚਰਨਜੀਤ ਸਿੰਘ, ਅਵਤਾਰ ਸਿੰਘ, ਜੋਗਿੰਦਰ ਸਿੰਘ ਅਤੇ ਗੁਰਚਰਨ ਸਿੰਘ ਆਦਿ ਹਾਜ਼ਰ ਸਨ।

## ਮੀਂਹ ਨਾਲ ਨੁਕਸਾਨੀ ਕੰਢੀ ਨਹਿਰ ਦੀ ਮੁਰੰਮਤ ਪੂਰੀ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਕੰਢੀ ਕਨਾਲ ਦੇ ਐਸ.ਈ ਨੇ ਦੱਸਿਆ ਕਿ ਪਿਛਲੇ ਦਿਨੀਂ 11 ਅਗਸਤ ਨੂੰ ਹਿਮਾਚਲ ਪ੍ਰਦੇਸ਼ ਦੇ ਜੇਜੋਂ ਹਲਕੇ ਵਿਚ ਭਾਰੀ ਬਾਰਸ਼ ਕਾਰਨ ਨਹਿਰ ਵਿਚ ਸ਼ੀਟ ਫਲੋਅ ਦੇ ਦਾਖਲ ਨਾਲ ਨੀਮ ਪਹਾੜੀ ਪਿੰਡਾਂ ਤੋਂ ਗੁਜਰਨ ਵਾਲੀ ਕੰਢੀ ਨਹਿਰ ਦੇ ਕਿਨਾਰਿਆਂ ਨੂੰ ਨੁਕਸਾਨ ਹੋਇਆ ਸੀ ਅਤੇ ਨਹਿਰ ਵਿਚ ਗਾਰ ਭਰ ਗਈ ਸੀ।ਇਸ ਤਰ੍ਹਾਂ ਕੰਢੀ ਨਹਿਰ ਸਟੇਜ-2 ਤਹਿਤ ਪਿੰਡ ਰਾਮਪੁਰ, ਖਾਨਪੁਰ ਅਤੇ ਸ਼ਾਹਪੁਰ ਦੇ ਤਿੰਨ ਥਾਵਾਂ ਤੋਂ ਨਹਿਰ ਟੁੱਟ ਗਈ ਅਤੇ ਕੁਝ ਥਾਵਾਂ 'ਤੇ ਤਰੇੜਾਂ ਪੈ ਗਈਆਂ ਸਨ।ਕੰਢੀ ਕਨਾਲ ਦੇ ਐਸ ਈ ਨੇ ਦੱਸਿਆ ਕਿ ਇਸ ਦੇ ਤੁਰੰਤ ਬਾਅਦ ਹੀ ਨਹਿਰੀ ਵਿਭਾਗ ਦੁਆਰਾ ਕਰਵਾਈ ਕਰਦੇ ਹੋਏ ਨਹਿਰ ਤੋਂ ਗਾਰ ਹਟਾਉਣ, ਦਰਾੜਾਂ ਨੂੰ ਭਰਨ ਅਤੇ ਨਹਿਰ ਦੇ ਨਿਰੀਖਣ ਮਾਰਗ/ਕਿਨਾਰਿਆਂ ਨੂੰ ਪੁਨਰ ਸਥਾਪਿਤ ਕਰਨ ਲਈ ਮੈਨਪਾਵਰ ਅਤੇ ਮਸ਼ੀਨਰੀ ਤਾਇਨਾਤ ਕਰ ਦਿੱਤੀ ਗਈ ਸੀ। ਹੁਣ ਇਹ ਕੰਮ ਪੂਰਾ ਕਰ ਲਿਆ ਗਿਆ ਹੈ ਅਤੇ ਵਰਤਮਾਨ ਸਮੇਂ ਨਹਿਰ ਵਿਚ ਪਾਣੀ ਛੱਡਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨਹਿਰੀ ਵਿਭਾਗ ਨੇ ਇਸ ਕਾਰਜ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ, ਤਾਂ ਜੋ ਕਿਸਾਨਾਂ ਅਤੇ ਸਥਾਨਿਕ ਨਿਵਾਸੀਆਂ ਨੂੰ ਕਿਸੇ ਵੀ ਪ੍ਰਕਾਰ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

# ਕਮਾਂਡਿੰਗ ਅਫਸਰ ਨੇ ਕੀਤਾ ਮੇਹਰਚੰਦ ਪੋਲੀਟੈਕਨਿਕ ਦਾ ਦੌਰਾ



**ਜਲੰਧਰ ( ਸ਼ੈਲੀ ਐਲਬਰਟ) -:** ਐਨ.ਸੀ.ਸੀ ਪੰਜਾਬ 2 ਬਟਾਲੀਅਨ ਦੇ ਕਮਾਂਡਿੰਗ ਅਫ਼ਸਰ ਕਰਨਲ ਵਿਨੋਦ ਜੋਸ਼ੀ ਨੇ ਮੇਹਰਚੰਦ ਪੋਲੀਟੈਕਨਿਕ ਦਾ ਅਚਨਚੇਤ ਦੌਰਾ ਕੀਤਾ।। ਉਹਨਾਂ ਦੇ ਨਾਲ ਹਾਨ. ਕੈਪਟਨ ਹਰਭਜਨ ਸਿੰਘ ਵੀ ਸਨ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਤੇ ਐਨ.ਸੀ.ਸੀ ਅਫ਼ਸਰ ਮੇਜਰ ਪੰਕਜ ਗੁਪਤਾ ਨੇ ਉਹਨਾਂ ਦਾ ਸਵਾਗਤ ਕੀਤਾ।।ਕਰਨਲ ਜੋਸ਼ੀ ਨੇ ਸਮੁੱਚੀ ਐਨ.ਸੀ.ਸੀ ਯੂਨਿਟ ਦਾ ਨਿਰੀਖਣ ਕੀਤਾ , ਨਵੀਂ ਐਨਰੋਲਮੈਂਟ ਯੂਨਿਟ ਕੈਂਪ ਦਾ ਦੌਰਾ ਕੀਤਾ ਤੇ ਕੈਡੇਟਸ ਨਾਲ ਗੱਲਬਾਤ ਕੀਤੀ। ਉਹਨਾਂ ਕਿਹਾ ਕਿ ਉਹ ਪਹਿਲੀ ਵਾਰ ਮੇਹਰਚੰਦ ਪੋਲੀਟੈਕਨਿਕ ਆਏ ਹਨ ਤੇ ਇੱਥੇ ਆ ਕੇ ਵਧੀਆ ਪੜ੍ਹਾਈ ਦੇ ਮਾਹੌਲ ਤੇ ਵਿਦਿਆਰਥੀਆਂ ਦੇ ਹੋ ਰਹੇ ਸਰਬਪੱਖੀ ਵਿਕਾਸ ਨੂੰ ਦੇਖ ਕੇ ਬਹੁਤ ਪ੍ਰਭਾਵਿਤ ਹੋਏ ਹਨ ।

ਉਹਨਾਂ ਕਿਹਾ ਕਿ ਉਹ ਖੁਦ ਵੀ ਡੀ.ਏ.ਵੀ ਰੁੜਕੀ ਤੋਂ ਪੜ੍ਹੇ ਹਨ ਤੇ ਡੀ.ਏ.ਵੀ ਕਲਚਰ ਨੂੰ ਬਖ਼ੂਬੀ ਜਾਣਦੇ ਹਨ। ਉਹਨਾਂ ਨੇ ਕਾਲਜ ਦੇ ਐਨ.ਸੀ.ਸੀ ਵਿਦਿਆਰਥੀਆਂ ਦੇ ਪੰਦਰਾ ਅਗਸਤ ਨੂੰ ਸੀ.ਐਮ ਭਗਵੰਤ ਮਾਨ ਦੀ ਹਾਜਰੀ ਮੌਕੇ ਪਰੇਡ ਵਿੱਚ ਸ਼ਾਮਲ ਹੋਣ 'ਤੇ ਵਧਾਈ ਦਿੱਤੀ। ਪ੍ਰਿੰਸੀਪਲ ਨੇ ਉਹਨਾਂ ਨੂੰ ਕਾਲਜ ਦੀਆਂ ਗਤਿਵਿਧੀਆਂ ਤੇ ਹੋਰ ਪ੍ਰਾਪਤੀਆਂ ਦੀ ਜਾਣਕਾਰੀ ਦਿੱਤੀ। ।

# ਸੜਕ ਤਿੰਨ ਸਾਲ 'ਚ ਬਣਨ 'ਤੇ ਦੋ ਸਰਕਾਰਾਂ ਦਾ ਇਲਾਕਾ ਵਾਸੀਆਂ ਕੀਤਾ ਧੰਨਵਾਦ



**ਅਪਰਾ (ਨਿਰਮਲ ਗੁੜਾ)**-ਕਾਂਗਰਸ ਸਰਕਾਰ ਦੇ ਅੰਤਿਮ ਪੜਾਓ ਵੇਲੇ ਚੋਣਾਂ ਦੇ ਨੇੜੇ ਉਸ ਵੇਲੇ ਦੇ ਮੈਂਬਰ ਪਾਰਲੀਮੈਂਟ ਵਲੋਂ ਇਲਾਕਾ ਵਾਸੀਆਂ ਦੀ ਮੌਜੂਦਗੀ ਵਿਚ ਹਲਕਾ ਫਿਲੌਰ ਇਲਾਕੇ ''ਚ ਪੈਂਦੀਆਂ ਕਰੀਬ ਪੌਣੇ ਦੋ ਕਿਲੋਮੀਟਰ ਦੀਆਂ ਦੋ ਨਵੀਆਂ ਸੜਕਾਂ ਪਿੰਡ ਗੁੜਾ - ਕੋਟਗਰੇਵਾਲ ਰੋਡ ਤੋਂ ਪਿੰਡ ਕਾਲ੍ਹਾ ਕਰੀਬ ਇਕ ਕਿਲੋਮੀਟਰ ਅਤੇ ਪਿੰਡ ਗੁੜਾ ਦੀ ਫਿਰਨੀ ਕਰੀਬ ਪੌਣਾਂ ਕਿਲੋਮੀਟਰ ਬਨਾਉਣ ਦੇ ਨੀਂਹ ਪੱਥਰ ਰਖੇ ਗਏ ਸਨ। ਇਹਨਾਂ ਸੜਕਾਂ ਵਿੱਚ ਕੁੱਝ ਕੁ ਪੱਥਰ ਤਾਂ ਵਿਧਾਨ ਸਭਾ ਦੀਆਂ 2022 ਦੀਆਂ ਵੋਟਾਂ ਤੋਂ ਪਹਿਲਾਂ ਪੈ ਗਏ ਸਨ ਅਤੇ ਬਾਕੀ ਪੱਥਰ ਆਪ ਦੀ ਸਰਕਾਰ ਵੇਲੇ ਕਿਸ਼ਤਾਂ ਵਿਚ ਪਾਏ ਗਏ। ਇਹ ਪੱਥਰ ਤਿੰਨ ਸਾਲ ਲੋਕਾਂ ਲਈ ਸਿਰਦਰਦੀ ਬਣੇ ਰਹੇ। ਕਈ ਰਾਹਗੀਰਾਂ ਦੇ ਵਹੀਕਲ ਟੁੱਟੇ ਅਤੇ ਬਹੁਤੇ ਗੰਭੀਰ ਜਖਮੀ ਹੋਏ, ਕਈ ਤਾਂ ਅਜੇ ਵੀ ਬੈੱਡ 'ਤੇ ਹੀ ਹਨ। ਇਲਾਕਾ ਵਾਸੀਆਂ ਵਲੋਂ ਅੜਿੱਕੇ ਦੂਰ ਕਰਕੇ, ਮੌਜੂਦਾ ਸਰਕਾਰ ਕੋਲ਼ ਬੇਨਤੀਆਂ ਕਰਕੇ ਮਸਾਂ ਹੀ ਕਾਮਯਾਬੀ ਮਿਲੀ। ਇਲਾਕਾ ਵਾਸੀਆਂ ਨੇ ਪੌਣੇ ਦੋ ਕਿਲੋਮੀਟਰ ਸੜਕ ਦੇ ਟੋਟੇ ਤਿੰਨ ਸਾਲਾਂ ਵਿਚ ਬਨਾਉਣ ਤੇ ਦੋ ਸਰਕਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਜਿੰਦਰ ਟਾਂਡਾ ਸਾਬਕਾ ਇੰਚਾਰਜ ਬਲਾਕ ਦੁਸਾਂਝ ਕਲਾਂ, ਰਾਮ ਲਭਾਇਆ ਪ੍ਰਧਾਨ ਯੂਨਿਟ ਪਿੰਡ ਕਾਲ੍ਹਾ, ਸੰਤੋਖ ਸਿੰਘ ਬਿਨਗ ਵਾਈਸ ਪ੍ਰਧਾਨ, ਗੁਰਮੇਲ ਸਿੰਘ ਸਰਪ੍ਰਸਤ ਸਰਬਣ ਸਿੰਘ ਅਟਵਾਲ, ਸੁਲੱਖਣ ਸਿੰਘ, ਰਣਜੋਤ ਸਿੰਘ, ਨਰਾਇਣ ਸਿੰਘ ਦਾਰਾ, ਸਤਪਾਲ ਮੈਂਬਰ ਪੰਚਾਇਤ ਦੁਸਾਂਝ ਕਲਾਂ ਅਤੇ ਇਲਾਕਾ ਵਾਸੀ ਹਾਜਰ ਸਨ।

# ਇਨਸਾਨਾਂ ਤੇ ਪਸ਼ੂਆਂ ਦੀ ਖੁਰਾਕ 'ਚ ਰਸਾਇਣਾਂ ਲਈ....

(ਸਫਾ 4 ਦੀ ਬਾਕੀ)

ਵੇਲੇ ਤਾਂ ਚਾਟੀ ਦੀ ਲੱਸੀ, ਨਿੰਬੂ ਪਾਣੀ, ਜਲਜ਼ੀਰਾ ਵੀ ਬੋਤਲਾਂ ਜਾਂ ਟੈਟਰਾ ਪੈਕ ਵਿੱਚ ਬੰਦ ਹੋ ਕੇ ਬਰੈਂਡਿਡ ਮਿਲਦੀ ਹੈ। ਇਹਨਾਂ ਵਿੱਚ ਪ੍ਰੈਜਰਵੇਟਿਵ ਤੋਂ ਬਿਨਾਂ ਸ਼ੈਲਫ ਲਾਈਫ ਨਹੀਂ ਬਣਦੀ।

ਵਿਸ਼ਵ ਸਿਹਤ ਸੰਗਠਨ ਨੇ ਕਿਹਾ ਹੈ ਕਿ ਇਹਨਾਂ ਕਾਰਬੋਨੇਟਿਡ ਠੰਢਿਆਂ ਵਿੱਚ ਆਰਟੀਫੀਸ਼ਲ ਮਿੱਠਾ ਪਾਇਆ ਜਾਂਦਾ ਹੈ। ਇਸ ਦਾ ਨਾਂਅ ਹੈ ਅਸਪਾਰਟਐਮ ਇਹਦੇ ਵਪਾਰਕ ਨਾਂਅ ਹਨ ਇਕੂਅਲ ਨਿਊਟਰਸਵੇਟ ਕੈਂਡਰਲ ਅਤੇ ਸ਼ੂਗਰ ਟਵਿਨ ਏਸ ਦਾ ਐਡਿਟਿਵ ਨੰਬਰ ਹੈ 951, ਇਹ ਆਮ ਖੰਡ ਨਾਲੋਂ 200 ਗੁਣਾ ਮਿੱਠਾ ਅਨੁਸਾਰ ਇਸ ਦਾ ਸਿੱਧਾ ਅਸਰ ਦੇਖਣ ਨੂੰ ਮਿਲਿਆ ਹੈ ਲਿਵਰ 'ਤੇ ਯਾਨੀ ਜਿਗਰ ਦਾ ਕੈਂਸਰ ਹੋਣ ਦੀ ਕਸ਼ਮਤਾ ਵਧਾ ਦਿੰਦਾ ਹੈ। ਇਸ ਵੇਲੇ ਇਹ ਸਮਝਣ ਦੀ ਲੋੜ ਹੈ ਕਈਆਂ 'ਤੇ ਤਾਂ ਇਸ ਦਾ ਨੰਬਰ ਲਿਖਿਆ ਹੈ, ਪਰ ਕਈ ਐਸੇ ਪ੍ਰੋਡਕਟ ਹਨ, ਜਿਨ੍ਹਾਂ 'ਤੇ ਸਵੀਟਨਰ ਹੀ ਲਿਖਿਆ ਹੈ। ਹਾਲਾਂਕਿ ਇਸ ਨੂੰ ਬਣਾਉਣ ਵਾਲੇ ਇਹ ਕਹਿੰਦੇ ਨੇ ਜੇ 70 ਕਿਲੋ ਦਾ ਮਨੁੱਖ 5 ਲਿਟਰ ਇਕ ਦਿਨ ਵਿੱਚ ਪੀਊ, ਤਾਂ ਇਹ ਹਾਨੀਕਾਰਕ ਹੈ। ਇਹ ਹੋਰ ਖਾਣੇ ਦੇ ਪਦਾਰਥਾਂ ਵਿੱਚ ਵੀ ਮੌਜੂਦ ਹੈ, ਜਿਸ ਦਾ ਸੇਵਨ ਲੋਕ ਆਮ ਤੌਰ 'ਤੇ ਕਰਦੇ ਹਨ। ਇਸ ਲਈ ਇਹ ਮਾਤਰਾ ਤੋਂ ਉੱਪਰ ਸਰੀਰ ਵਿਚ ਜਾਣ ਦੀ ਪੂਰੀ ਸੰਭਾਵਨਾ ਹੈ। ਜਿਹੜੀ ਚੀਜ਼ ਦਾ ਅਸਰ ਸਿਹਤ 'ਤੇ ਮਾੜਾ ਹੈ, ਘੱਟ ਪੀਣ ਨਾਲ ਦੇਰ ਨਾਲ ਅਸਰ ਕਰ ਜਾਵੇਗਾ।

ਜੂਸ ਵਿੱਚ ਕੁਦਰਤੀ ਸ਼ੂਗਰ ਹੁੰਦੀ ਹੈ। ਉਹ ਵੀ ਜਦੋਂ ਇਕਦਮ ਸਰੀਰ ਵਿੱਚ ਜਾਂਦੀ ਹੈ ਤਾਂ ਕਈ ਵਾਰ ਵਾਧੂ ਹੋਣ ਕਰਕੇ ਵਰਤੀ ਨਹੀਂ ਜਾਂਦੀ ਅਤੇ ਫੈਟ ਦੇ ਰੂਪ ਵਿੱਚ ਸਰੀਰ ਵਿੱਚ ਜਮ੍ਹਾਂ ਹੋ ਜਾਂਦੀ ਹੈ। ਇਸ ਵੇਲੇ ਜਿਹੜੇ ਪੈਕਡ ਜੂਸ ਆ ਰਹੇ ਹਨ ਇਹਨਾਂ ਵਿੱਚਕੁਦਰਤੀ ਸ਼ੂਗਰ ਦੇ ਨਾਲ ਅਸਪਾਰਟਮ ਪਾਈ ਜਾਂਦੀ ਹੈ। ਇਸ ਨੂੰ ਮਿੱਠਾ ਕਰਕੇ ਇਸ ਦਾ ਸਵਾਦ ਅਤੇ ਤਾਜ਼ਾ ਰੱਖਣ ਲਈ ਇਸ ਵਿੱਚ ਸੋਡੀਅਮ ਬੈਨਜੋਐਟ ਬੈਨਜੋਇਕ ਏਸਿਡ, ਸਲਫਰ ਡਾਇਆਕਸਾਈਡ, ਸੋਰਬਿਕ ਏਸਿਡ, ਸੋਡੀਅਮ ਕਾਰਬੋਕਸੀਮੀਥਾਈਲ ਸੈਲੂਲੋਸ ਵਰਗੇ ਰਸਾਇਣ ਪਾਏ ਜਾਂਦੇ ਹਨ। ਇਸ ਵਿੱਚ ਘੋਖਣ ਵਾਲੀ ਗੱਲ ਹੈ ਕਿ ਸੋਡੀਅਮ ਬੈਨਜੋਐਟ ਬਦਲ ਜਾਂਦਾ ਹੈ। ਬੈਨਜ਼ੀਨ ਵਿੱਚ, ਜੋ ਕੈਂਸਰ ਕਰ ਸਕਦਾ ਹੈ, ਯਾਨੀ ਇਹ ਵੀ ਕੈਂਸਰ ਵੱਲ ਇਸ਼ਾਰਾ ਕਰਦਾ ਹੈ।

**ਕੜ੍ਹਿਆ ਤੇਲ:** ਪੁਰਾਣੇ ਜ਼ੰਕ ਫੂਡ ਯਾਨੀ ਸਮੋਸੇ, ਟਿੱਕੀ, ਭਟੂਰੇ, ਪੂਰੀ ਛੋਲੇ ਇਹ ਸਭ ਦੀ ਵੀ ਸ਼ਹਿਰਾਂ ਵਿੱਚ ਵਿਕਰੀ ਕਈ ਗੁਣਾ ਵੱਧ ਚੁੱਕੀ ਹੈ। ਇਸ ਵਿੱਚ ਕਦੇ ਨੋਟ ਕਰਕੇ ਦੇਖੋ ਕਿ ਜਿਸ ਤੇਲ ਵਿੱਚ ਤਲੇ ਜਾਂਦੇ ਹਨ, ਉਹ ਕਾਲਾ ਹੋਇਆ ਹੁੰਦਾ ਹੈ। ਇਸ ਦਾ ਮਤਲਬ ਹੈ ਕਿ ਉਹ ਤੇਲ ਵਾਰੀ-ਵਾਰੀ ਗਰਮ ਹੋ ਕੇ ਕੜ੍ਹੀ ਜਾਂਦਾ ਹੈ। ਇਸ ਨਾਲ ਕਈ ਤਰ੍ਹਾਂ ਦੇ ਖ਼ਤਰਨਾਕ ਕੈਮੀਕਲ ਬਣਦੇ ਹਨ, ਜਿਵੇਂ ਕਿ ਪਾਲੀਸਾਈਕਲਿਕ ਐਰੋਮੈਟਿਕ ਹਾਈਡਰੋਕਾਰਬਨ ਜਿਨ੍ਹਾਂ ਵਿੱਚ ਕਈਆਂ ਨੂੰ (ਕੈਨਸਰ ਕਰਨ ਵਾਲਾ) ਪਾਇਆ ਗਿਆ ਹੈ। ਇਸ ਦਾ ਮਤਲਬ ਕਿ ਇਹ ਕੈਂਸਰ ਪੈਦਾ ਕਰਦੇ ਹਨ। ਇੱਥੋਂ ਤੱਕ ਇਹਨਾਂ ਦੇ ਸੇਵਨ ਜਾਂ ਇਸ ਨੂੰ ਲਗਾਤਾਰ ਸੁੰਘਣ ਨਾਲ ਵੀ ਜੀਨੋਟਾਕਸਿਕ, ਮੁਟਾਜੀਨਿਕ ਅਤੇ ਰਸੌਲੀ ਜੀਨੋਟਾਕਸਿਕ, ਆਦਿ ਕਈ ਤਰ੍ਹਾਂ ਦੇ ਕੈਂਸਰ ਬਣਦੇ ਹਨ।

**ਬਨਾਵਟੀ ਖ਼ਰਾਕ:** ਇਸ ਤੋਂ ਵੱਧ ਕੀ ਦੇਖੀਏ ਕਿ ਚੌਲਾਂ ਨੂੰ ਜਦੋਂ ਪ੍ਰੋਸੈਸ ਭਾਵ ਪਾਲਿਸ਼ ਕੀਤਾ ਜਾਂਦਾ ਹੈ ਤਾਂ ਉਸ ਤੋਂ ਤਕਰੀਬਨ ਸਾਰੇ ਵਿਟਾਮਿਨ ਉਤਾਰ ਦਿੱਤੇ ਜਾਂਦੇ ਹਨ। ਫਿਰ ਆਰਟੀਫੀਸ਼ਲ ਵਿਟਾਮਿਨ ਉਸ ਵਿੱਚ ਪਾਏ ਜਾਂਦੇ ਹਨ। ਇਸ ਨੂੰ ਫੋਰਟੀਫਾਈਡ ਚੌਲ ਕਹਿੰਦੇ ਹਨ। ਇਸੇ ਤਰ੍ਹਾਂ ਹੁਣ ਕੌਫੀ ਅਤੇ ਚਾਹ ਜੋ ਪਹਿਲਾਂ ਚਾਹ ਦੇ ਬਾਗਾਂ ਵਿੱਚੋਂ ਆਉਂਦੀ ਸੀ, ਹੁਣ ਉਹ ਲੈਬ ਵਿੱਚ ਤਿਆਰ ਹੋਊਗੀ। ਅਮਰੀਕੀ ਕੰਪਨੀ ਅਟੋਮਾ ਮੋਲੀਕੂਲਰ ਨੇ ਸਿੰਥੈਟਿਕ ਕੌਫੀ ਬਣਾਈ ਹੈ, ਜਿਸ ਵਿੱਚ ਕੋਈ ਆਰਗੈਨਿਕ ਤਾਂ ਛੱਡੋ, ਕੌਫ਼ੀ ਬੀਨਜ਼ ਵੀ ਨਹੀਂ ਵਰਤੇ ਜਾਣਗੇ। ਇਹ ਸਿੰਥੈਟਿਕ ਕੌਫ਼ੀ ਕੀ ਰੰਗ ਲਿਆਏਗੀ, ਇਸ ਬਾਰੇ ਤਾਂ ਅਜੇ ਕੁਝ ਨਹੀਂ ਕਿਹਾ ਜਾ ਸਕਦਾ।

**ਨਿਚੋੜ:** ਇਸ ਗੱਲ ਦੀ ਘੋਖ ਕਰਨੀ ਬਣਦੀ ਹੈ ਕਿ ਵਧ ਰਹੀਆਂ ਬਿਮਾਰੀਆਂ ਲਈ ਕੌਣ ਜ਼ਿੰਮੇਵਾਰ ਹਨ। ਕਿਸਾਨ, ਪ੍ਰੋਸੈਸਡ ਫੂਡ ਇੰਡਸਟਰੀ, ਸਾਡੇ ਡਾਕਟਰ ਜੋ ਐਂਟੀਬਾਓਟਿਕ ਅਤੇ ਕਈ-ਕਈ ਦਵਾਈਆਂ ਦੇ ਮਿਸ਼ਰਣਾਂ ਦੀ ਸਿਫਾਰਸ਼ ਕਰਦੇ ਹਨ। ਮਿਊਂਸਪਲ ਕਮੇਟੀਆਂ ਜਾਂ ਕਾਰਪੋਰੇਸ਼ਨਾਂ ਜੋ ਗੰਦਾ ਪਾਣੀ ਦਰਿਆਵਾਂ ਵਿੱਚ ਪਾਈ ਜਾਂਦੇ ਹਨ। ਜੋ ਅੱਗੇ ਪੀਣ ਲਈ ਵਰਤਿਆ ਜਾਂਦਾ ਹੈ ਜਾਂ ਉਹ ਇੰਡਸਟਰੀ ਜੋ ਗੰਦਾ ਪਾਣੀ ਧਰਤੀ ਹੇਠਲੇ ਪਾਣੀ ਵਿੱਚ ਪਾ ਕੇ ਪਲੀਤ ਕਰੀ ਜਾਂਦੇ ਹਨ ਜਾਂ ਸਮੇਂ ਦੀਆਂ ਸਰਕਾਰਾਂ ਜਿਨ੍ਹਾਂ ਦੀ ਜ਼ਿੰਮੇਵਾਰੀ ਇਹਨਾਂ ਨੂੰ ਚੈੱਕ ਕਰਨ ਦੀ ਜਾਂ ਲੋਕ ਆਪ ਜਿਹੜੇ ਆਵਦੇ ਨਿੱਜੀ ਫਾਇਦੇ ਖਾਤਰ ਉਪਰੋਕਤ ਸਭ ਕੁਝ ਕਰਨ ਅਤੇ ਜਰਨ ਵਿੱਚ ਸਹਾਈ ਹੁੰਦੇ ਹਨ।

***# ਸੰਪਰਕ : 96537-90000***

# ਵੇਦ ਪ੍ਰਕਾਸ਼ ਦੇ ਸਦੀਵੀ ਵਿਛੋੜੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ



**ਫਗਵਾੜਾ: ( ਡਾ. ਰਮਨ ) -** ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਮੁੱਖ ਦਫ਼ਤਰ 1406-22 ਬੀ, ਚੰਡੀਗੜ੍ਹ ਦੇ ਸਾਬਕਾ ਸੂਬਾ ਜਨਰਲ ਸਕੱਤਰ, ਮੁਲਾਜ਼ਮ ਲਹਿਰ ਦੇ ਮੁੱਖ ਸੰਪਾਦਕ,ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਫੈਡਰੇਸ਼ਨ ਦੇ ਸਾਬਕਾ ਕੌਮੀ ਮੀਤ ਪ੍ਰਧਾਨ ,ਆਲ ਇੰਡੀਆ ਸਟੇਟ ਗੌਰਮਿੰਟ ਪੈਨਸ਼ਨਰਜ਼ ਫੈਡਰੇਸ਼ਨ ਦੇ ਕੌਮੀ ਮੀਤ ਪ੍ਰਧਾਨ ਅਤੇ ਖੱਬੀ ਜਮਹੂਰੀ ਲਹਿਰ ਦੇ ਅਗਾਂਹਵਧੂ ਆਗੂ ਸਾਥੀ ਵੇਦ ਪ੍ਰਕਾਸ਼ ਅਚਨਚੇਤ ਹੀ ਆਪਣੇ ਪਰਵਾਰਕ ਮੈਂਬਰਾਂ ਅਤੇ ਸੰਘਰਸ਼ਾਂ ਦੇ ਸਮੇਂ ਨਾਲ ਰਹੇ ਜੁਝਾਰੂ ਸਾਥੀਆਂ ਨੂੰ ਸਦਾ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਹਨ। ਉਹਨਾਂ ਦੇ ਸਦੀਵੀ ਵਿਛੋੜੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫਗਵਾੜਾ ਦੇ ਸਰਪ੍ਰਸਤ ਕਰਨੈਲ ਸਿੰਘ ਸੰਧੂ, ਪ੍ਰਧਾਨ ਮੋਹਨ ਸਿੰਘ ਭੱਟੀ, ਸੀਨੀਅਰ ਮੀਤ ਪ੍ਰਧਾਨ ਸੀਤਲ ਰਾਮ ਬੰਗਾ,ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਜੁਆਇੰਟ ਸਕੱਤਰ ਰਵਿੰਦਰ ਪਾਲ ਕੌਰ ਸੰਧੂ,ਵਿੱਤ ਸਕੱਤਰ ਹਰਿੰਦਰ ਸਿੰਘ, ਜੁਆਇੰਟ ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਪ੍ਰੈਸ ਸਕੱਤਰ ਬਲਵਿੰਦਰ ਕੌਰ ਬੰਗਾ, ਜੁਆਇੰਟ ਪ੍ਰੈਸ ਸਕੱਤਰ ਗੁਰਦੀਪ ਕੁਮਾਰ ਜੱਸੀ,ਐਡੀਟਰ ਹਰੀ ਓਮ, ਜਸਵਿੰਦਰ ਸਿੰਘ ਫਗਵਾੜਾ, ਪਿਆਰਾ ਰਾਮ ਪਲਾਹੀ, ਕ੍ਰਿਸ਼ਨ ਗੋਪਾਲ ਚੋਪੜਾ, ਸਤਪਾਲ ਸਿੰਘ ਖੱਟਕੜ, ਸਾਧੂ ਰਾਮ ਜੱਖੂ, ਨਿਰਮੋਲਕ ਸਿੰਘ ਹੀਰਾ, ਹਰਭਜਨ ਲਾਲ ਕੌਲ, ਬਲਬੀਰ ਸਿੰਘ ਭੁਲਾਰਾਈ, ਜਤਿੰਦਰ ਕੁਮਾਰ ਜਗਪਾਲਪੁਰ, ਦੁਸ਼ਿਅੰਤ ਰਵੀ ਸੈਨ, ਅਸ਼ਵਨੀ ਕੁਮਾਰ ਅਤੇ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਿਲੌਰ ਦੇ ਪ੍ਰਧਾਨ ਬਲਵਿੰਦਰ ਕੁਮਾਰ, ਬਲਾਕ ਰੁੜਕਾ ਕਲਾਂ ਦੇ ਪ੍ਰਧਾਨ ਤਾਰਾ ਸਿੰਘ ਬੀਕਾ, ਜਨਰਲ ਸਕੱਤਰ ਬੂਟਾ ਰਾਮ ਅਕਲਪੁਰ, ਵਿੱਤ ਸਕੱਤਰ ਰਾਜਿੰਦਰ ਸ਼ਰਮਾ,ਰਤਨ ਸਿੰਘ, ਸਤਵਿੰਦਰ ਸਿੰਘ ਢੇਸੀ, ਮੰਗਤ ਰਾਮ ਸਮਰਾ ਆਦਿ ਨੇ ਕਿਹਾ ਕਿ ਜਿੱਥੇ ਸਾਥੀ ਵੇਦ ਪ੍ਰਕਾਸ਼ ਦੇ ਸਦੀਵੀ ਵਿਛੋੜੇ ਨਾਲ ਉਹਨਾਂ ਦੇ ਪਰਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉੱਥੇ ਪੰਜਾਬ ਦੀ ਮੁਲਾਜ਼ਮ ਲਹਿਰ, ਅਦਾਰਾ ਮੁਲਾਜ਼ਮ ਲਹਿਰ ਮੈਗਜ਼ੀਨ ਅਤੇ ਖੱਬੀ ਜਮਹੂਰੀ ਲਹਿਰ ਨੂੰ ਵੀ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਉਹਨਾਂ ਵਲੋਂ ਆਪਣੀ ਜ਼ਿੰਦਗੀ ਦੇ ਸੰਘਰਸ਼ਮਈ ਸਫ਼ਰ ਦੌਰਾਨ ਮੁਲਾਜ਼ਮ ਜਥੇਬੰਦੀਆਂ ਨੂੰ ਉਸਾਰਨ, ਸੰਘਰਸ਼ ਨੂੰ ਵਿਗਿਆਨਕ ਸੇਧ ਵਿੱਚ ਚੱਲਦੇ ਹੋਏ ਜਿੱਤ ਦੀ ਮੰਜ਼ਿਲ ਤੱਕ ਪੁੱਜਦਾ ਕਰਨ, ਆਖ਼ਰੀ ਦਮ ਤੱਕ ਮੁਲਾਜ਼ਮ ਲਹਿਰ ਮੈਗਜ਼ੀਨ ਨੂੰ ਹਰ ਮਹੀਨੇ ਲਗਾਤਾਰ ਕੱਢ ਕੇ ਸਮੂਹ ਮੁਲਾਜ਼ਮਾਂ ਤੱਕ ਪੁੱਜਦਾ ਕਰਨ ਵਿੱਚ ਨਿਭਾਈਆਂ ਗਈਆਂ ਸੇਵਾਵਾਂ ਨੂੰ ਸਦਾ ਸਦਾ ਲਈ ਯਾਦ ਕੀਤਾ ਜਾਂਦਾ ਰਹੇਗਾ।

ਸਾਥੀ ਵੇਦ ਨੂੰ ਸੱਚੀ ਸੁੱਚੀ ਸ਼ਰਧਾਂਜਲੀ ਇਹੋ ਹੀ ਹੋ ਸਕਦੀ ਹੈ ਕਿ ਉਹਨਾਂ ਵਲੋਂ ਪਾਈਆਂ ਸੰਘਰਸ਼ਾਂ ਦੀਆਂ ਪੈੜਾਂ ਤੇ ਗੰਭੀਰਤਾ ਨਾਲ ਚੱਲਦੇ ਹੋਏ ਉਹਨਾਂ ਦੇ ਅਧੂਰੇ ਰਹਿ ਗਏ ਸੰਘਰਸ਼ੀ ਕਾਰਜ਼ ਨੂੰ ਪੂਰਾ ਕਰਨ ਲਈ ਲਗਾਤਾਰ ਯਤਨਸ਼ੀਲ ਰਹਾਂਗੇ। ਸਾਥੀ ਦਾ ਸ਼ਰਧਾਂਜਲੀ ਸਮਾਗਮ 08 ਸਤੰਬਰ ਨੂੰ 12:00 ਵਜੇ ਤੋਂ 2:00 ਵਜੇ ਤੱਕ ਉਹਨਾਂ ਦੇ ਜੱਦੀ ਪਿੰਡ ਸਸਕੌਰ ਨੇੜੇ ਨੂਰਪੁਰ ਬੇਦੀ ਵਿਖੇ ਹੋਵੇਗਾ।

# ਹੜ੍ਹ ਪੀੜਤਾਂ ਦੇ ਪਰਵਾਰਾਂ ਨੂੰ 44 ਲੱਖ ਰੁਪਏ ਦੀ ਐਕਸ ਗਰੇਸ਼ੀਆ ਰਾਸ਼ੀ ਦੇ ਚੈੱਕ ਭੇਟ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਬੀਤੇ ਦਿਨੀਂ ਪਿੰਡ ਜੇਜੋਂ ਹੜ੍ਹ ਹਾਦਸੇ ਵਿਚ ਜਾਨ ਗੁਆਉਣ ਵਾਲੇ 11 ਲੋਕਾਂ ਦੀ ਯਾਦ 'ਚ ਬਾਬਾ ਬੰਦਾ ਸਿੰਘ ਬਹਾਦਰ ਗੁਰਦੁਆਰਾ ਸਾਹਿਬ ਜੇਜੋਂ ਦੁਆਬਾ ਵਿਖੇ ਸਮਾਗਮ ਆਯੋਜਿਤ ਕੀਤਾ ਗਿਆ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਅਤੇ ਸੰਸਦ ਡਾ. ਰਾਜ ਕੁਮਾਰ ਚੱਬੇਵਾਲ ਨੇ ਹਾਦਸੇ ਵਿਚ ਮਾਰੇ ਗਏ ਲੋਕਾਂ ਦੇ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ।ਉਨ੍ਹਾਂ ਨੇ ਪੀੜ੍ਹਤ ਪਰਵਾਰਾਂ ਨੂੰ 44 ਲੱਖ ਰੁਪਏ ਦੀ ਐਕਸ ਗਰੇਸ਼ੀਆ ਰਾਸ਼ੀ ਦੇ ਚੈਕ ਭੇਟ ਕੀਤੇ।ਇਹ ਰਾਸ਼ੀ ਰਾਜ ਆਫ਼ਤ ਰਾਹਤ ਫੰਡ (ਐਸ ਡੀ ਆਰ ਐਫ) ਤੋਂ ਮ੍ਰਿਤਕ ਸੁਰਜੀਤ ਕੁਮਾਰ, ਪਰਮਜੀਤ ਕੌਰ, ਗਗਨ ਕੁਮਾਰ, ਸਵਰੂਪ ਚੰਦ, ਪਰਮਜੀਤ ਕੌਰ, ਨਿਤਿਨ ਉਰਫ ਨੀਤੀਸ਼ ਕੁਮਾਰ, ਸੁਰਿੰਦਰ ਕੌਰ, ਅਮਾਨਤ, ਭਾਵਨਾ, ਹਰਸ਼ਿਤ ਤੇ ਕੁਲਵਿੰਦਰ ਸਿੰਘ ਦੇ ਪਰਿਵਾਰਾਂ ਨੂੰ ਦਿੱਤੀ ਗਈ। ਕੈਬਨਿਟ ਮੰਤਰੀ ਅਤੇ ਸੰਸਦ ਨੇ ਇਸ ਦੁਖਦ ਘਟਨਾ 'ਤੇ ਗਹਿਰਾ ਦੁੱਖ ਪ੍ਰਗਟ ਕਰਦੇ ਹੋਏ ਕਿਹਾ ਕਿ ਰਾਜ ਸਰਕਾਰ ਇਸ ਮੁਸ਼ਕਲ ਸਮੇਂ ਵਿਚ ਪੀੜ੍ਹਤ ਪਰਵਾਰਾਂ ਨਾਲ ਖੜ੍ਹੀ ਹੈ। ਇਸ ਮੌਕੇ ਸਾਬਕਾ ਵਿਧਾਇਕ ਊਨਾ ਸਤਪਾਲ ਸਿੰਘ ਰਾਏ ਜਾਦਾ, ਐਸ.ਡੀ.ਐਮ ਗੜ੍ਹਸ਼ੰਕਰ ਸ਼ਿਵਰਾਜ ਸਿੰਘ ਬੱਲ, ਤਹਿਸੀਲਦਾਰ ਸੁਖਵਿੰਦਰ ਸਿੰਘ, ਬੀ.ਡੀ.ਪੀ ਓ. ਬਲਵਿੰਦਰ ਸਿੰਘ, ਨੰਬਰਦਾਰ ਪ੍ਰਵੀਨ ਸੈਣੀ, ਰਸ਼ਪਾਲ ਸਿੰਘ ਪਾਲੀ, ਸਰਪੰਚ ਬੱਧੋਵਾਲ ਲਾਡੀ, ਪਰਮਜੀਤ ਸਿੰਘ, ਰੌਸ਼ਨ ਲਾਲ, ਰੇਨੂ ਬਾਲਾ, ਰਤਨ ਚੰਦ, ਬਿੱਲਾ ਜੈਨ, ਜੌਲੀ ਜੈਨ, ਅਮਰੀਕ ਸ਼ਾਹੂ, ਕੁਲਵਿੰਦਰ ਸਿੰਘ, ਅਸ਼ਵਨੀ ਖੰਨਾ, ਵਾਮਦੇਵ ਸ਼ਰਮਾ, ਮੁਰਾਦ ਹੁਸੈਨ, ਅਮਰੀਕ ਸਿੰਘ, ਸੋਮ ਨਾਥ, ਪ੍ਰਕਾਸ਼ ਚੰਦ, ਦੀਪਕ ਭਾਟੀਆ, ਮਹਿੰਦਰ ਪਾਲ, ਜਸਵੰਤ ਕੌਰ ਤੋਂ ਇਲਾਵਾ ਆਸ-ਪਾਸ ਦੇ ਪਿੰਡਾਂ ਦੇ ਲੋਕ ਅਤੇ ਹਿਮਾਚਲ ਪ੍ਰਦੇਸ਼ ਤੋਂ ਵੀ ਕਈ ਅਧਿਕਾਰੀ ਇਸ ਸਮਾਗਮ ਵਿਚ ਸ਼ਾਮਲ ਹੋਏ।

# 'ਆਪਣਾ ਘਰ' 'ਚ ਜਨਮ ਅਸ਼ਟਮੀ ਦੇ ਸੰਬੰਧ 'ਚ ਕੀਰਤਨ



**ਰੂਪਨਗਰ, (ਰਜਿੰਦਰ ਸੈਣੀ)** ਬਜ਼ੁਰਗਾਂ ਦੇ 'ਆਪਣਾ ਘਰ' ਹਵੇਲੀ ਕਲਾਂ ਵਿਖੇ ਸਮਾਜ ਦੇ ਬਜ਼ੁਦੀ ਸੁੱਖ ਸਾਂਤੀ ਅਤੇ ਚੜ੍ਹਦੀ ਕਲਾ ਲਈ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਤਿਉਹਾਰ ਦੇ ਸੰਬੰਧ ਵਿਚ ਅਨੰਦਮਈ ਕੀਰਤਨ ਦਾ ਆਯੋਜਨ ਕੀਤਾ ਗਿਆ। ਇੰਨਰਵੀਲ ਕਲੱਬ ਆਫ ਰੂਪਨਗਰ ਰਾਕਸਟਾਰਜ਼ ਦੀ ਟੀਮ ਵੱਲੋਂ ਆਯੋਜਿਤ ਇਸ ਕੀਤਰਨ ਦੌਰਾਨ ਸਤੀ ਮਾਤਾ ਸ਼ਿਵ ਮੰਦਰ, ਛੋਟੀ ਹਵੇਲੀ ਤੋਂ ਪ੍ਰਧਾਨ ਦੀਪਕਾ ਢੰਡ ਦੀ ਅਗਵਾਈ 'ਚ ਭਜਨ ਮੰਡਲੀ ਵਲੋਂ ਭਗਵਾਨ ਸ਼੍ਰੀ ਕ੍ਰਿਸ਼ਨ ਦੀ ਮਹਿਮਾ ਦਾ ਬਹੁਤ ਹੀ ਸੁੰਦਰ ਢੰਗ ਨਾਲ ਗੁਣਗਾਨ ਕੀਤਾ ਗਿਆ ਅਤੇ ਸਮੁਚੀ ਸਗੰਤ ਨੂੰ ਝੂਮਣ ਲਈ ਲਾ ਦਿੱਤਾ ਗਿਆ। ਕੀਰਤਨ ਦਾ ਅਰੰਭ ਆਪਣਾ ਘਰ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਰਾਜਿੰਦਰ ਸੈਣੀ ਵੱਲੋਂ ਜੋਤ ਜਗਾ ਕੇ ਕੀਤਾ ਗਿਆ। ਕੀਰਤਨ ਵਿੱਚ ਇਨਰਵੀਲ ਕਲੱਬ ਰੂਪਨਗਰ ਦੀ ਪ੍ਰਧਾਨ ਬਲਵਿੰਦਰ ਕੌਰ, ਰਾਕਸਟਾਰਜ਼ ਕਲੱਬ ਪ੍ਰਧਾਨ ਜੋਮਤੀ ਅਹੂਜਾ, ਸਕੱਤਰ ਸਿਵਾਲੀ ਗੁਪਤਾ, ਆਪਣਾ ਘਰ ਦੇ ਬਾਨੀ ਸਵਰਗੀ ਲੇਖ ਰਾਜ ਮੁੰਦਰਾ ਦੇ ਨਜਦੀਕੀ ਰਹੇ ਬਜ਼ੁਸ਼੍ਰੀ ਪ੍ਰੇਮ ਕੁਮਾਰ ਗੁਪਤਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਲੱਬ ਦੀਆ ਮੈਂਬਰਾਂ, ਆਪਣਾ ਘਰ ਦੇ ਟਰੱਸਟੀ ਦਲਜੀਤ ਸਿੰਘ, ਅਮਰਜੀਤ ਸਿੰਘ, ਜਗਦੇਵ ਸਿੰਘ ਅਤੇ ਆਪਣਾ ਘਰ 'ਚ ਰਹਿ ਰਹੇ ਬਜ਼ੁਰਗ ਤੇ ਪਤਵੰਤੇ ਬਜ਼ੁਅਤੇ ਮਹਿਲਾਵਾਂ ਨੇ ਹਾਜ਼ਰੀ ਭਰੀ। ਇਸ ਮੌਕੇ ਮੰਦਰ ਪ੍ਰਧਾਨ ਦੀਪਕਾ ਢੰਡ ਨੇ ਭਗਵਾਨ ਸ਼੍ਰੀ ਕ੍ਰਿਸ਼ਨ ਦੀ ਜਨਮ ਅਸ਼ਟਮੀ ਦੀ ਵਧਾਈ ਦਿੰਦੇ ਹੋਏ ਆਪਣਾ ਘਰ ਦੇ ਪ੍ਰਧਾਨ ਰਾਜਿੰਦਰ ਸੈਣੀ, ਇੰਨਰਵੀਲ ਕਲੱਬ ਪ੍ਰਧਾਨ ਬਲਵਿੰਦਰ ਕੌਰ, ਰਾਕਸਟਾਰਜ਼ ਕਲੱਬ ਪ੍ਰਧਾਨ ਜੋਅਤੀ ਅਹੂਜਾ ਦਾ ਸਨਮਾਨ ਕੀਤਾ। ਆਪਣਾ ਘਰ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਰਾਜਿੰਦਰ ਸੈਣੀ ਨੇ ਆਈ ਸੰਗਤ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ।

# ਔਰਤਾਂ ਵਿਰੁੱਧ ਹਿੰਸਾ ਨੂੰ ਸਖ਼ਤੀ ਨਾਲ ਰੋਕਿਆ ਜਾਵੇ : ਡਾ. ਹੇਮ ਲਤਾ

**ਖਰੜ- (ਹਰਨਾਮ ਸਿੰਘ ਡੱਲਾ)** ਚੀਮਾਂ ਭਵਨ ਵਿਖੇ ਸੂਬਾਈ ਸੀਟੂ ਦੇ ਆਹੁਦੇਦਾਰਾਂ ਦੀ ਮੀਟਿੰਗ ਸੂਬਾ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ ਦੀ ਪ੍ਰਧਾਨਗੀ ਹੇਠ ਹੋਈ। ਸੀਟੂ ਦੀ ਵਧੇਰੇ ਜੱਥੇਬੰਦਕ ਮਜਬੂਤੀ ਲਈ ਸੀਟੂ ਦੀ ਕੁੱਲ ਹਿੰਦ ਪ੍ਰਧਾਨ ਡਾ. ਹੇਮ ਲਤਾ ਨੇ ਜਨਰਲ ਕੌਂਸਲ ਦੇ ਫੈਸਲਿਆਂ ਦੀ ਵਿਸਤ੍ਰਿਤ ਜਾਣਕਾਰੀ ਦਿੱਤੀ ਅਤੇ ਮਜ਼ਦੂਰ ਜਮਾਤ ਦੇ ਬੁਨਿਆਦੀ ਅਤੇ ਭਖਦੇ ਮਸਲਿਆਂ ਬਾਰੇ ਕੇਂਦਰ ਅਤੇ ਪੰਜਾਬ ਸਰਕਾਰ ਵਿਰੁੱਧ ਪੜਾਅਵਾਰ ਸੰਘਰਸ਼ ਨੂੰ ਤਿੱਖਾ ਕਰਨ ਲਈ 9 ਸਤਬੰਰ ਨੂੰ ਸੂਬਾਈ ਕਨਵੈਨਸ਼ਨ ਕਰਨ ਦੀ ਤਜਵੀਜ਼ ਰੱਖੀ।ਸੀਟੂ ਪੰਜਾਬ ਦੇ ਜਨਰਲ ਸਕੱਤਰ ਸਾਥੀ ਚੰਦਰ ਸ਼ੇਖਰ ਨੇ ਦੱਸਿਆ ਕਿ ਠੇਕੇਦਾਰੀ ਪ੍ਰਥਾ ਅਤੇ ਅਸਥਾਈ ਮਜ਼ਦੂਰਾਂ ਦੀਆਂ ਮੰਗਾਂ ਲਈ, ਸਕੀਮ ਵਰਕਰਾਂ ਆਂਗਨਵਾੜੀ, ਮਿਡ ਡੇ ਮੀਲ, ਆਸ਼ਾ ਵਰਕਰਾਂ ਦੀਆਂ ਮੰਗਾਂ, ਮਨਰੇਗਾ ਮਜ਼ਦੂਰਾਂ, ਨਿਰਮਾਣ ਮਜ਼ਦੂਰਾਂ, ਭੱਠਾ ਮਜ਼ਦੂਰਾਂ, ਪੇਂਡੂ ਚੌਕੀਦਾਰਾਂ, ਪੱਲੇਦਾਰਾਂ ਦੀਆਂ ਮੰਗਾਂ ਅਤੇ ਜਨਤਕ ਖੇਤਰ ਦੀ ਮਜ਼ਬੂਤੀ ਲਈ ਕੇਂਦਰ ਅਤੇ ਪੰਜਾਬ ਸਰਕਾਰ ਵਿਰੁੱਧ ਪੜਾਅਵਾਰ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਨ ਲਈ 9 ਸਤੰਬਰ ਦੀ ਜਲੰਧਰ ਕਨਵੈਨਸ਼ਨ ਵਿੱਚ ਠੋਸ ਨਿਰਣੇ ਕੀਤੇ ਜਾਣਗੇ।

ਸਾਥੀ ਚੰਦਰ ਸ਼ੇਖਰ ਨੇ ਦੱਸਿਆ ਕਿ ਮੀਟਿੰਗ



ਵਿੱਚ ਸੀਟੂ ਦੀ ਆਲ ਇੰਡੀਆ ਪ੍ਰਧਾਨ ਡਾ. ਹੇਮ ਲਤਾ ਅਤੇ ਆਲ ਇੰਡੀਆ ਸਕੱਤਰ ਭੈਣ ਊਸ਼ਾ ਰਾਣੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਦਿਸ਼ਾ ਨਿਰਦੇਸ਼ ਦਿੱਤੇ।ਸੀਟੂ ਪੰਜਾਬ ਦੇ ਸੂਬਾਈ ਆਹੁਦੇਦਾਰਾਂ ਸਾਥੀ ਸੁੱਚਾ ਸਿੰਘ ਅਜਨਾਲਾ, ਗੁਰਨਾਮ ਸਿੰਘ ਘਨੌਰ, ਅਮਰਨਾਥ ਕੂੰਮਕਲਾਂ, ਦਲਜੀਤ ਕੁਮਾਰ ਗੋਰਾ, ਜਤਿੰਦਰਪਾਲ ਸਿੰਘ, ਬਲਕਾਰ ਸਿੰਘ, ਨੱਛਤਰ ਸਿੰਘ ਗੁਰਦਿੱਤ ਪੁਰਾ, ਸ਼ੇਰ ਸਿੰਘ ਫਰਵਾਹੀ, ਗੁਰਦੇਵ ਸਿੰਘ ਬਾਗੀ, ਭੈਣ ਸੁਭਾਸ਼ ਰਾਣੀ, ਮਹਿੰਦਰ ਕੁਮਾਰ ਵੱਢੋਆਣਾ, ਪਰਮਜੀਤ ਨੀਲੋਂ, ਜੋਗਿੰਦਰ ਸਿੰਘ ਔਲਖ ਨੇ ਵੀ ਫੈਸਲੇ ਲੈਣ ਵਿੱਚ ਅਪਣੇ ਵੱਡਮੁੱਲੇ ਵਿਚਾਰ ਦਿੱਤੇ।ਮੀਟਿੰਗ ਨੇ ਸੂਬਾ ਸੀਟੂ ਵੱਲੋਂ ਕੇਰਲਾ ਦੇ ਹੜ੍ਹ ਪੀੜਤਾਂ ਲਈ ਇੱਕਤਰ ਕੀਤੀ ਇੱਕ ਲੱਖ ਪੰਜਾਹ ਹਜ਼ਾਰ ਰੁਪਏ ਦੀ ਰਾਸ਼ੀ ਲਈ ਸ਼ਲਾਘਾ ਕੀਤੀ ਅਤੇ ਇਸ ਕਾਰਜ਼ ਨੂੰ ਜ਼ਾਰੀ ਰੱਖਣ ਦਾ ਫੈਸਲਾ ਕੀਤਾ। ਸੀਟੂ ਵੱਲੋਂ ਕੋਲਕਾਤਾ ਦੀ ਸਰਕਾਰੀ ਮੈਡੀਕਲ ਕਾਲਜ ਦੀ ਮਹਿਲਾ ਡਾਕਟਰ ਦੇ ਕਤਲ ਅਤੇ ਬਲਾਤਕਾਰ ਵਿਰੁੱਧ ਪੰਜਾਬ ਵਿੱਚ ਜੱਥੇਬੰਦ ਕੀਤੇ ਰੋਸ ਐਕਸ਼ਨਾਂ 'ਤੇ ਤੱਸਲੀ ਪ੍ਰਗਟ ਕੀਤੀ ਅਤੇ ਔਰਤਾਂ ਵਿਰੁੱਧ ਵੱਧ ਰਹੀਆਂ ਹਿੰਸਕ ਘਟਨਾਵਾਂ ਵਿਰੁੱਧ ਜਾਗਰੂਕਤਾ ਅਤੇ ਵਿਰੋਧ ਲਈ ਸਤੰਬਰ ਦਾ ਪਹਿਲਾ ਹਫ਼ਤਾ ਭਰਵੀਂ ਮੁਹਿਮ ਚਲਾਉਣ ਅਤੇ ਇੱਕ ਸਤੰਬਰ ਨੂੰ ਅਮਨ ਲਹਿਰ ਦੀ ਮਹੱਤਤਾ ਬਾਰੇ 9 ਸਤੰਬਰ ਦੀ ਜਲੰਧਰ ਵਿਖੇ ਕੀਤੀ ਜਾ ਰਹੀ ਕਨਵੈਨਸ਼ਨ ਬਾਰੇ ਡਾਕਟਰ ਹੇਮ ਲਤਾ ਵੱਲੋਂ ਪੇਸ਼ ਕੀਤੇ ਵਿਚਾਰਾਂ ਦੀ ਪ੍ਰੋੜਤਾ ਕਰਦਿਆਂ ਸਰਬਸੰਮਤੀ ਨਾਲ ਫੈਸਲੇ ਕੀਤੇ ਗਏ।

# ਹੈਰੋਇਨ ਸਮੇਤ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)** ਬਲਾਚੌਰ ਥਾਣਾ ਸਿਟੀ ਦੇ ਇੰਚਾਰਜ ਸਬ ਇੰਸਪੈਕਟਰ ਸਤਨਾਮ ਸਿੰਘ ਵਲੋਂ ਐੱਸ ਐੱਸ ਪੀ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੀ ਐਸ ਪੀ ਸ਼ਾਮ ਸੁੰਦਰ ਸ਼ਰਮਾ ਬਲਾਚੌਰ ਦੀ ਅਗਵਾਈ ਹੇਠ ਪਾਲਣਾ ਕਰਦੇ ਹੋਏ ਮਾੜੇ ਅਨਸਰਾਂ ਤੇ ਨਸ਼ਿਆਂ ਨੂੰ ਠੱਲ੍ਹ ਪਾਉਂਦੇ ਹੋਏ ਸਤਨਾਮ ਸਿੰਘ ਸਿਟੀ ਬਲਾਚੌਰ ਅਤੇ ਏ ਐਸ ਆਈ ਲਖਵੀਰ ਚੰਦ ਅਤੇ ਉਨ੍ਹਾਂ ਦੀ ਟੀਮ ਨੇ ਜਸਵਿੰਦਰ ਕੁਮਾਰ ਉਰਫ ਦੀਪਾ ਨੂੰ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ। ਜਸਵਿੰਦਰ ਕੁਮਾਰ ਉਰਫ ਦੀਪਾ ਵਾਸੀ ਜੱਟਪੁਰ ਥਾਣਾ ਸਦਰ ਬਲਾਚੌਰ ਨੂੰ ਗੁਰਦੁਆਰਾ ਠੇਰੀ ਸਾਹਿਬ ਬਲਾਚੌਰ ਨੇੜੇ ਤੋਂ ਕਾਬੂ ਕਰਕੇ 7 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ।



# ਅੱਖਾਂ ਦਾ ਮੁਫਤ ਚੈੱਕਅੱਪ ਕੈਂਪ ਲਗਾਇਆ



**ਨੂਰਮਹਿਲ** (ਬਾਲ ਕ੍ਰਿਸ਼ਨ ਬਾਲੀ)-ਹਮਸਫਰ ਯੂਥ ਕਲੱਬ ਅਧੀਨ ਸਿਵਲ ਸਰਜਨ ਜਲੰਧਰ ਅੱਖਾਂ ਦੇ ਵਿਭਾਗ ਅਤੇ ਰੈਡ ਕਰਾਸ ਸੁਸਾਇਟੀ ਜਲੰਧਰ ਪ੍ਰਸ਼ਾਸਨ ਦੇ ਸਹਿਯੋਗ ਨਾਲ਼ ਸ੍ਰੀ ਗੁਰੂ ਰਵਿਦਾਸ ਧਰਮ ਸਥਾਨ ਮੈਨੇਜਮੈਂਟ ਗੁਰਦੁਆਰਾ ਸਾਹਿਬ ਸੰਤੋਖਪੁਰਾ ਨੀਵੀਂ ਆਬਾਦੀ ਵਿਖੇ ਅੱਖਾਂ ਦੇ ਮੁਫਤ ਚੈਕਅੱਪ ਅਤੇ ਆਪਰੇਸ਼ਨ ਕੈਂਪ ਦਾ ਉਪਰਾਲਾ ਕੀਤਾ ਗਿਆ।ਜਿਸ ਵਿੱਚ ਡਾਕਟਰ ਗੁਰਪ੍ਰੀਤ ਕੌਰ ਸਟੇਟ ਐਵਾਰਡੀ ਸੀਨੀਅਰ ਮੈਡੀਕਲ ਅਫਸਰ ਆਈ ਮੋਬਾਈਲ ਯੂਨਿਟ ਸਿਵਲ ਹਸਪਤਾਲ ਵੱਲੋਂ ਸਾਰੇ ਮਰੀਜ਼ਾਂ ਦੇ ਅੱਖਾਂ ਦੇ ਚੈੱਕਅਪ ਦੌਰਾਨ ਬੁੱਧਵਾਰ ਨੂੰ 38 ਮਰੀਜ਼ਾਂ ਦੇ ਮੋਤੀਆ ਚਿੱਟਾ ਮੋਤੀਆ ਕਾਲਾ ਮੋਤੀਆਂ ਦੇ ਆਪਰੇਸ਼ਨ ਰਾਹੀਂ ਲੈਂਸ ਜਲੰਧਰ ਸਿਵਲ ਸਰਜਨ ਆਪਰੇਸ਼ਨ ਥੀਏਟਰ ਵਿਖੇ ਮੁਫਤ ਕੀਤੇ ਜਾਣਗੇ। ਹਮਸਫਰ ਯੂਥ ਕਲੱਬ ਪ੍ਰਧਾਨ ਰੋਹਿਤ ਭਟੋਆ ਤੇ ਡਾਇਰੈਕਟਰ ਪੂਨਮ ਭਟੋਆ ਨੇ ਦੱਸਿਆ ਕਿ ਕਲੱਬ ਵੱਲੋਂ ਸਿਵਲ ਸਰਜਨ ਦੁਆਰਾ ਇਹ ਤੀਜਾ ਮੁਫਤ ਅੱਖਾਂ ਦੇ ਕੈਂਪ ਦਾ ਉਪਰਾਲਾ ਕੀਤਾ ਗਿਆ ਜੋ ਜਲੰਧਰ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ਼ ਅੱਗੇ ਵੀ ਨਿਰੰਤਰ ਚਲਦਾ ਰਹੇਗਾ। ਕੈਂਪ ਦੌਰਾਨ ਭਾਰਤ ਨਾਰੀ ਸ਼ਕਤੀ ਸੰਗਠਨ ਦੇ ਚੇਅਰਮੈਨ ਸੰਤੋਸ਼ ਕੁਮਾਰੀ ਸੇਵਾਦਾਰ ਸੰਤ ਨਿਰਮਲ ਦਾਸ ਗੁਰੁਦਵਾਰਾ ਸਾਹਿਬ ਰਾਏਪੁਰ ਜਲੰਧਰ ਨੇ ਮੁੱਖ ਮਹਿਮਾਨ ਤੌਰ 'ਤੇ ਹਾਜਰੀ ਭਰੀ। ਉਚੇਚੇ ਤੌਰ 'ਤੇ ਪੁੱਜੇ ਦਿਨੇਸ਼ ਢੱਲ ਵਾਈਸ ਚੇਅਰਮੈਨ ਪੀ ਐਸ ਆਈ ਈ ਸੀ ਵੱਲੋਂ ਦੱਸਿਆ ਕਿ ਹਮਸਫ਼ਰ ਯੂਥ ਕਲੱਬ ਵੱਲੋਂ ਇਸਾਨੀਅਤ ਦੀ ਸੇਵਾ ਅੱਖਾਂ ਦੇ ਕੈਂਪ ਦੇ ਰੂਪ 'ਚ ਕਰਦਿਆਂ ਵੇਖ ਹਮਸਫ਼ਰ ਯੂਥ ਕਲੱਬ ਦੀ ਹਰ ਸਮਾਜਿਕ ਗਤੀਵਿਧੀ ਨਾਲ ਮੋਢੇ ਨਾਲ ਮੋਢਾ ਜੋੜ ਕੇ ਕਾਰਜ ਕਰਨ ਦਾ ਵਚਨ ਲਿਆ ਗਿਆ। ਇਸ ਮੌਕੇ ਟੀ ਬੀ ਕੰਟ੍ਰੋਲ ਸੁਸਾਇਟੀ ਹੈਲਥ ਮਿਸ਼ਨ ਪੰਜਾਬ ਜਲੰਧਰ ਅਧੀਕਾਰੀ ਸੁਨੀਲ ਭਗਤ ਰਣਜੀਤ ਕੌਰ, ਪ੍ਰੀਆ ਦੇਵੀ ਬਸਰਾ, ਹਰਮੇਸ਼ ਬਸਰਾ, ਰਣਜੀਤ ਕੌਰ, ਕਰਨੈਲ ਸੰਤੋਖਪੁਰੀ, ਕ੍ਰਿਸ਼ਨ ਗੋਪਾਲ ਮਹਿਪੀ, ਅਸ਼ਵਨੀ ਕੁਮਾਰ, ਧਰਮਪਾਲ, ਲਾਲ ਚੰਦ, ਹਰਨਾਮ ਦਾਸ, ਲੇਖ ਰਾਜ, ਰਵੀ ਸ਼ੰਕਰ, ਦੀਪਕ ਚੁੰਬਰ, ਪਵਨ ਪੱਪੀ, ਲੇਖ ਰਾਜ, ਗੁਰਮੀਤ ਲਾਲ, ਰਮੇਸ਼ ਕੁਮਾਰ, ਸਤਨਾਮ ਸਿੰਘ, ਅਮਰਨਾਥ, ਅਮਰਜੀਤ ਸਿੱਧੂ, ਹਰਵਿੰਦਰ,

# ਖਟਕੜ ਕਲਾਂ ਵਿਖੇ ਮਸ਼ਾਲ ਪਹੁੰਚਣ 'ਤੇ ਸਵਾਗਤ

**ਬੰਗਾ (ਅਵਤਾਰ ਕਲੇਰ)** ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਦੇ ਮੰਤਵ ਨਾਲ ਸ਼ੁਰੂ ਕੀਤੀਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਤੀਜੇ ਸੀਜ਼ਨ ਨੂੰ ਸਮਰਪਿਤ ਮਸ਼ਾਲ (ਟਾਰਚ ਰਿਲੇਅ) ਬੰਗਾ, ਖਟਕੜ ਕਲਾਂ ਵਿਖੇ ਪਹੁੰਚੀ।ਕਪੂਰਥਲਾ ਤੋਂ ਆ ਰਹੀ ਮਸ਼ਾਲ ਦਾ ਖਟਕੜ ਕਲਾਂ ਪਹੁੰਚਣ 'ਤੇ ਐਸ ਡੀ ਐਮ ਡਾ. ਅਕਸ਼ਿਤਾ ਗੁਪਤਾ, ਉਘੇ ਖਿਡਾਰੀਆਂ, ਐਥਲੀਟਾਂ ਤੇ ਖੇਡ ਪ੍ਰੇਮੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਜ਼ਿਲ੍ਹਾ ਖੇਡ ਅਫਸਰ ਵੰਦਨਾ ਚੌਹਾਨ, ਹਲਕਾ ਇੰਚਾਰਜ ਬੰਗਾ ਕੁਲਜੀਤ ਸਰਹਾਲ, ਗੁੱਡ ਗਵਰਨਸ ਫੈਲੋ ਅਸ਼ਮੀਤਾ ਪਰਮਾਰ ਆਦਿ ਹਾਜ਼ਰ ਸਨ।ਐਸ ਡੀ ਐਮ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਸਿਹਤਮੰਦ ਤੇ ਨਰੋਏ ਪੰਜਾਬ ਦੀ ਸਿਰਜਣਾ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਵੰਦਨਾ ਚੌਹਾਨ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਦੀ ਸ਼ੁਰੂਆਤ 29 ਅਗਸਤ ਨੂੰ ਰਾਸ਼ਟਰੀ ਖੇਡ ਦਿਵਸ ਮੌਕੇ ਸੰਗਰੂਰ ਵਿਖੇ ਮੁੱਖ ਮੰਤਰੀ ਪੰਜਾਬ ਵੱਲੋਂ ਕੀਤੀ ਜਾਵੇਗੀ।ਉਹਨਾਂ ਦੱਸਿਆ ਕਿ ਕੱਲ ਖੇਡਾਂ ਵਤਨ ਪੰਜਾਬ ਦੀ ਮਸ਼ਾਲ ਸਵੇਰੇ ਨਵਾਂਸ਼ਹਿਰ ਤੋਂ ਬਲਾਚੌਰ ਲਈ ਤੇ ਫਿਰ ਰੋਪੜ ਨੂੰ ਰਵਾਨਾ ਹੋਵੇਗੀ। ਉਨ੍ਹਾਂ ਦੱਸਿਆ ਕਿ ਬਲਾਚੌਰ ਵਿਖੇ ਵਿਧਾਇਕ ਸ਼੍ਰੀਮਤੀ ਸੰਤੋਸ਼ ਕਟਾਰੀਆ ਵਲੋਂ ਮਸ਼ਾਲ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ।

# ਯੂ ਪੀ ਐੱਸ ਮੁਲਾਜ਼ਮਾਂ ਦੇ ਖ਼ੂਨ-ਪਸੀਨੇ ਨਾਲ਼ ਜਮ੍ਹਾ ਫੰਡ ਨੂੰ ਡਕਾਰਨ ਦੀ ਕੋਝੀ ਚਾਲ : ਜੀ ਟੀ ਯੂ ਪੰਜਾਬ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਮੋਦੀ ਸਰਕਾਰ ਸਾਲ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਸਮਾਜਿਮ ਸੁਰੱਖਿਆ ਰੂਪੀ ਪੁਰਾਣੀ ਪੈਨਸ਼ਨ ਦੇਣ ਦੀ ਬਜਾਏ, ਮੌਜੂਦਾ ਚੱਲ ਰਹੀ ਐੱਨ ਪੀ ਐੱਸ ਦਾ ਰੂਪ ਬਦਲ ਕੇ ਯੂ ਪੀ ਐੱਸ ਨਾਂਅ ਦੀ ਪੈਨਸ਼ਨ ਸਕੀਮ ਲਾਗੂ ਕਰਕੇ ਮੁਲਾਜ਼ਮ ਵਰਗ ਨਾਲ਼ ਵੱਡਾ ਧੋਖਾ ਕਰਨ ਜਾ ਰਹੀ ਹੈ, ਮੁਲਾਜ਼ਮ ਵਰਗ ਨੂੰ ਪੁਰਾਣੀ ਪੈਨਸ਼ਨ ਸਕੀਮ ਤੋਂ ਇਲਾਵਾ ਹੋਰ ਕੁਝ ਵੀ ਮਨਜ਼ੂਰ ਨਹੀਂ।ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਰਿਟਾਇਰਮੈਂਟ ਤੋਂ ਬਾਅਦ ਸਮਾਜਿਕ ਸੁਰੱਖਿਆ ਰੂਪੀ ਪੈਨਸ਼ਨ ਦੇਣਾ ਲੋਕਤੰਤਰੀ ਸਰਕਾਰਾਂ ਦਾ ਮੁੱਢਲਾ ਫਰਜ਼ ਹੈ ਤੇ ਮੌਜੂਦਾ ਸਰਕਾਰਾਂ ਆਪਣੇ ਇਸ ਫਰਜ਼ ਤੋਂ ਭੱਜਦੀਆਂ ਨਜ਼ਰ ਆ ਰਹੀਆਂ ਹਨ। ਇਸ ਮੌਕੇ ਜੱਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਕਿਹਾ ਕਿ ਮੋਦੀ ਸਰਕਾਰ ਦੀ ਯੂਪੀਐੱਸ ਸਕੀਮ, ਮੁਲਾਜ਼ਮਾਂ ਦੇ ਖ਼ੂਨ-ਪਸੀਨੇ ਨਾਲ਼ ਜਮ੍ਹਾ ਫੰਡ ਨੂੰ ਡਕਾਰਨ ਦੀ ਕੋਝੀ ਚਾਲ ਹੈ, ਜਿਸ ਨੂੰ ਪੰਜਾਬ ਹੀ ਨਹੀਂ ਸਗੋਂ ਦੇਸ਼ ਦੇ ਸਮੂਹ ਮੁਲਾਜ਼ਮ ਕਿਸੇ ਕੀਮਤ ਸਫ਼ਲ ਨਹੀਂ ਹੋਣ ਦੇਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਨੀਲ ਕੁਮਾਰ, ਪ੍ਰਿਤਪਾਲ



ਸਿੰਘ ਚੌਟਾਲਾ, ਲੈਕਚਰਾਰ ਅਮਰ ਸਿੰਘ,ਵਿਕਾਸ ਸ਼ਰਮਾ, ਸੰਜੀਵ ਧੂਤ, ਲੈਕਚਰਾਰ ਉਪਿੰਦਰ ਸਿੰਘ, ਪ੍ਰਿੰਸ ਗੜ੍ਹਦੀਵਾਲਾ, ਲੈਕਚਰਾਰ ਹਰਵਿੰਦਰ ਸਿੰਘ, ਨਰੇਸ਼ ਕੁਮਾਰ ਮਿੱਢਾ, ਚਮਨ ਲਾਲ, ਅਮਰਜੀਤ ਸਿੰਘ, ਪਰਸ ਰਾਮ, ਬਲਵਿੰਦਰ ਸਿੰਘ, ਰਾਜੇਸ਼ ਅਰੋੜਾ, ਉਮੇਸ਼ ਕੁਮਾਰ, ਸਰਬਜੀਤ ਸਿੰਘ, ਨਰਿੰਦਰ ਮੰਗਲ, ਸਰਬਜੀਤ ਸਿੰਘ, ਸਚਿਨ ਕੁਮਾਰ,ਜਸਵਿੰਦਰਪਾਲ, ਰਾਜ ਕੁਮਾਰ,ਸੰਦੀਪ ਕੁਮਾਰ, ਲੈਕਚਰਾਰ ਪ੍ਰਭਜੋਤ ਸਿੰਘ, ਰਣਵੀਰ ਸਿੰਘ,ਸਤਵਿੰਦਰ ਸਿੰਘ, ਪਰਮਜੀਤ ਸਿੰਘ, ਲੈਕਚਰਾਰ ਪਵਨ ਕੁਮਾਰ ਗੋਇਲ, ਅਸ਼ਵਨੀ ਕੁਮਾਰ, ਨਰਿੰਦਰ ਸਿੰਘ, ਮਾ. ਅਸ਼ੋਕ ਕੁਮਾਰ, ਗੁਰਪ੍ਰੀਤ ਸਿੰਘ, ਅਮਨਪ੍ਰੀਤ ਸਹੋਤਾ, ਤਿਲਕ ਰਾਜ, ਰਜਤ ਮਹਾਜਨ,ਸਰਬਜੀਤ ਸਿੰਘ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਗੰਨਾ ਪਿੰਡ ਵਿਖੇ ਮਿਲੀ ਅਣਪਛਾਤੇ ਵਿਅਕਤੀ ਦੀ ਲਾਸ਼



**ਫਿਲੌਰ, (ਨਿਰਮਲ)** ਫਿਲੌਰ ਦੇ ਨਜ਼ਦੀਕ ਗੰਨਾ ਪਿੰਡ ਵਿਖੇ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਪਿੰਡ ਦੇ ਪੰਚਾਇਤ ਮੈਂਬਰ ਹਰਜਿੰਦਰ ਕੁਮਾਰ ਨੇ ਦੱਸਿਆ ਹੈ ਕਿ ਸਵੇਰੇ ਉਸ ਦੇ ਚਾਚੇ ਦਾ ਮੁੰਡਾ ਖੇਤਾਂ 'ਚ ਪੱਠੇ ਲੈਣ ਲਈ ਗਿਆ ਸੀ ਜਦੋਂ ਉਹ ਉੱਥੇ ਪਹੁੰਚਿਆ ਤਾਂ ਉਸ ਨੇ ਦੇਖਿਆ ਕਿ ਖੇਤ ਵਿੱਚ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਪਈ ਹੈ, ਜਿਸ ਦੀ ਸੂਚਨਾ ਉਸ ਨੇ ਤੁਰੰਤ ਭਰਾ ਨੂੰ ਦਿੱਤੀ, ਜਿਸ ਤੋਂ ਬਾਅਦ ਉਨ੍ਹਾਂ ਤੁਰੰਤ ਥਾਣਾ ਫਿਲੌਰ ਨੂੰ ਸੂਚਨਾ ਦਿੱਤੀ।ਮੌਕੇ 'ਤੇ ਥਾਣਾ ਫਿਲੌਰ ਦੇ ਪੁਲਸ ਮੁਲਾਜ਼ਮ ਪਹੁੰਚ।ਜਿਨ੍ਹਾਂ ਵੱਲੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਫਿਲੌਰ ਵਿਖੇ ਰੱਖ ਦਿੱਤਾ ਹੈ।ਉਕਤ ਵਿਅਕਤੀ ਦੀ ਪਹਿਚਾਣ ਨਹੀਂ ਹੋ ਸਕੀ।ਇਸ ਸੰਬੰਧੀ ਸਿਵਲ ਹਸਪਤਾਲ ਫਿਲੌਰ ਦੇ ਡਾਕਟਰ ਰੋਹਿਤ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਦੱਸਿਆ ਹੈ ਕਿ ਸਵੇਰੇ ਅਣਪਛਾਤੇ ਵਿਅਕਤੀ ਦੀ ਲਾਸ਼ ਆਈ ਹੈ, ਜਿਸ ਦੀ ਮੌਤ ਦੇ ਕਾਰਨਾਂ ਦਾ ਪਤਾ ਪੋਸਟ ਮਾਸਟਰਮ ਉਪਰੰਤ ਲੱਗੇਗਾ।ਉਕਤ ਮ੍ਰਿਤਕ ਵਿਅਕਤੀ ਦੇ ਬਰਾਉਨ ਰੰਗ ਦੀ ਟੀ ਸ਼ਰਟ ਅਤੇ ਨੀਲੇ ਰੰਗ ਦੀ ਜੀਨ ਪਾਈ ਹੋਈ ਹੈ, ਜਿਸ ਦੀ ਉਮਰ 30-32 ਸਾਲ ਦੇ ਕਰੀਬ ਲੱਗਦੀ ਹੈ।ਇਸ ਮਾਮਲੇ ਸੰਬੰਧੀ ਐਸ ਐਚ ਓ ਸੁਖਦੇਵ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਇੱਕ ਨੌਜਵਾਨ ਵੀ ਲਾਸ਼ ਗੰਨਾ ਪਿੰਡ ਦੇ ਖੇਤਾਂ ਵਿੱਚੋਂ ਬਰਾਮਦ ਹੋਈ ਹੈ।ਲੋਕਾਂ ਦੇ ਦੱਸਣ ਮੁਤਾਬਕ ਉਕਤ ਵਿਅਕਤੀ ਦੀ ਮੌਤ ਸੱਪ ਲੜਨ ਨਾਲ ਹੋਈ ਲੱਗਦੀ ਹੈ ਬਾਕੀ ਪੋਸਟ ਮਾਰਟਮ ਦੀ ਰਿਪੋਰਟ ਆਉਣ ਉਪਰੰਤ ਪਤਾ ਲੱਗੇਗਾ।

# ਟਾਰਚ ਰਿਲੇਅ ਨਵਾਂਸ਼ਹਿਰ ਤੋਂ ਬਲਾਚੌਰ ਹੁੰਦੀ ਹੋਈ ਰੂਪਨਗਰ ਲਈ ਰਵਾਨਾ

**ਨਵਾਂਸ਼ਹਿਰ, (ਮਨੋਜ ਲਾਡੀ)** 'ਖੇਡਾਂ ਵਤਨ ਪੰਜਾਬ ਦੀਆਂ' ਦੇ ਤੀਜੇ ਸੀਜ਼ਨ ਨੂੰ ਸਮਰਪਿਤ ਮਸ਼ਾਲ (ਟਾਰਚ ਰਿਲੇਅ) ਨਵਾਂਸ਼ਹਿਰ ਤੋਂ ਬਲਾਚੌਰ ਹੁੰਦੀ ਹੋਈ ਰੂਪਨਗਰ ਲਈ ਰਵਾਨਾ ਹੋਈ।ਆਈ.ਟੀ.ਆਈ ਨਵਾਂਸ਼ਹਿਰ ਤੋਂ ਵਿਧਾਇਕ ਹਲਕਾ ਬੰਗਾ ਸੁੱਖਵਿੰਦਰ ਸੁੱਖੀ, ਹਲਕਾ ਇੰਚਾਰਜ ਨਵਾਂਸ਼ਹਿਰ ਲਲਿਤ ਮੋਹਨ ਪਾਠਕ, ਜ਼ਿਲ੍ਹਾ ਖੇਡ ਅਫਸਰ ਵੰਦਨਾ ਚੌਹਾਨ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸਤਨਾਮ ਸਿੰਘ ਜਲਾਲਪੁਰ, ਉਘੇ ਖਿਡਾਰੀਆਂ, ਐਥਲੀਟਾਂ ਤੇ ਖੇਡ ਪ੍ਰੇਮੀਆਂ ਨੇ ਮਸ਼ਾਲ (ਟਾਰਚ ਰਿਲੇਅ) ਨੂੰ ਬਲਾਚੌਰ ਲਈ ਰਵਾਨਾ ਕੀਤਾ।ਇਸ ਮੌਕੇ ਵਿਧਾਇਕ ਹਲਕਾ ਬੰਗਾ ਸੁੱਖਵਿੰਦਰ ਸੁੱਖੀ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਧਿਆਨ ਦੇਣਾ ਚਾਹੀਦਾ ਹੈ ਤਾਂ ਜੋ ਉਹ ਨਸ਼ਿਆਂ ਤੋਂ ਦੂਰ ਰਹਿ ਕਿ ਦੇਸ਼ ਦਾ ਨਾਮ ਰੋਸ਼ਨ ਕਰ ਸਕਣ।ਬਲਾਚੌਰ ਵਿਖੇ ਮਸ਼ਾਲ (ਟਾਰਚ ਰਿਲੇਅ) ਪਹੁੰਚਣ 'ਤੇ ਵਿਧਾਇਕ ਹਲਕਾ ਬਲਾਚੌਰ ਸ਼੍ਰੀਮਤੀ ਸੰਤੋਸ਼ ਕਟਾਰੀਆ ਵਲੋਂ ਭਰਵਾ ਸਵਾਗਤ ਕੀਤਾ ਗਿਆ।



# ਲੇਖਕਾਂ ਤੇ ਪੱਤਰਕਾਰਾਂ ਦਾ ਜਥਾ ਕਰਤਾਰਪੁਰ ਦੇ ਦਰਸ਼ਨ ਕਰਕੇ ਵਾਪਸ ਪੰਜਾਬ ਪਰਤਿਆ



**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)** ਲੇਖਕਾਂ ਅਤੇ ਪੱਤਰਕਾਰਾਂ ਦਾ ਜੱਥਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਕੇ ਵਾਪਸ ਪੰਜਾਬ ਪਰਤਿਆ ਜਿਨ੍ਹਾਂ 'ਚ ਪਾਲ ਜਲੰਧਰੀ, ਮਹਿੰਦਰ ਸੂਦ ਵਿਰਕ ਅਤੇ ਅਸ਼ੋਕ ਗੋਬਿੰਦਪੁਰੀ, ਅਸ਼ੋਕ ਸ਼ਰਮਾ, ਨਰੇਸ਼ ਕੁਮਾਰ, ਸੁਸ਼ੀਲ ਸ਼ਰਮਾ, ਅਮਨ ਬਧੂਆ ਦਰਸ਼ਨਾਂ ਲਈ ਸ੍ਰੀ ਕਰਤਾਰਪੁਰ ਸਾਹਿਬ ਦੀ ਧਰਤੀ 'ਤੇ ਨਤਮਸਤਕ ਹੋਏ ਜਿਥੇ ਲਹਿੰਦੇ ਪੰਜਾਬ ਦੇ ਲੇਖਕ ਜਾਵੇਦ ਕਵਰ ਮੁਸਾਪੁਰੀ ਅਪਣੇ ਸਾਥੀਆ ਸਮੇਤ ਕਰਤਾਰਪੁਰ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾ ਗੱਲਬਾਤ ਕਰਦਿਆ ਦੱਸਿਆ ਕਿ ਧੰਨ ਗੁਰੂ ਨਾਨਕ ਸਾਹਿਬ ਨੇ ਕਰਤਾਰਪੁਰ ਦੀ ਧਰਤੀ 'ਤੇ ਖੇਤੀ ਕੀਤੀ ਅਤੇ ਸੰਗਤਾਂ ਨੂੰ ਕਿਰਤ ਕਰਨ ਅਤੇ ਵੰਡ ਛਕਣ ਅਤੇ ਏਕੇ ਦਾ ਸੰਦੇਸ਼ ਦਿੱਤਾ। ਇਸ ਸਥਾਨ 'ਤੇ ਹੀ ਧੰਨ ਗੁਰੂ ਨਾਨਕ ਦੇਵ ਜੀ ਨੇ ਆਪਣਾ ਅਖਰੀਲਾ ਸਮਾਂ ਬਤੀਤ ਕੀਤਾ। ਉਨ੍ਹਾ ਸਰਕਾਰ ਤੋਂ ਮੰਗ ਕੀਤੀ ਜੋ ਵੀ ਸੰਗਤਾਂ ਕਰਤਾਰਪੁਰ ਦੇ ਦਰਸ਼ਨਾਂ ਨੂੰ ਜਾਂਦੀਆ ਹਨ, ਉਨ੍ਹਾਂ ਦੇ ਵੀਜ਼ੇ ਦੀ ਮਿਆਦ ਵਧਾਈ ਜਾਵੇ। ਇਸ ਮੌਕੇ ਲਹਿੰਦੇ ਪੰਜਾਬ ਦੇ ਲੇਖਕ ਜਾਵੇਦ ਕਵਰ ਮੁਸਾਪੁਰੀ ਵੱਲੋਂ ਸਾਰੇ ਲੇਖਕਾਂ ਪੱਤਰਕਾਰਾਂ ਦਾ ਸ੍ਰੀ ਕਰਤਾਰਪੁਰ ਸਾਹਿਬ ਆਉਣ 'ਤੇ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।

# ਮੁਲਾਜ਼ਮ-ਪੈਨਸ਼ਨਰ ਫਰੰਟ ਨੇ ਫੂਕਿਆ ਸਰਕਾਰ ਦਾ ਪੁਤਲਾ

**ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ)** ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਹੱਲ ਨਾ ਕਰਨ ਅਤੇ ਮੁੱਖ ਮੰਤਰੀ ਵਲੋਂ ਲਗਾਤਾਰ ਵਾਰ ਵਾਰ ਸਮਾਂ ਦੇ ਕੇ ਮੀਟਿੰਗ ਤੋਂ ਭੱਜਣ ਦੇ ਵਿਰੋਧ ਵਿੱਚ ਪੰਜਾਬ ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਸੂਬਾ ਕਮੇਟੀ ਵਲੋ ਲਏ ਫੈਸਲੇ ਅਨੁਸਾਰ ਪੰਜਾਬ ਸਰਕਾਰ ਦੇ ਪੁਤਲੇ ਅਤੇ ਲਾਰਿਆਂ ਦੀ ਪੰਡ ਫੂਕਣ ਦੇ ਦਿੱਤੇ ਸੱਦੇ ਅਨੁਸਾਰ ਅੱਡਾ ਕੋਟ ਫਤੂਹੀ ਵਿਖੇ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਤਲਵਿੰਦਰ ਹੀਰ ਅਤੇ ਕਮਲਜੀਤ ਕੌਰ ਖੜੌਦੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ।ਇਸ ਸਮੇਂ ਬੁਲਾਰਿਆਂ ਨੇ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਚੌਥੀ ਵਾਰ ਮੀਟਿੰਗ ਅਤੇ ਗੱਲਬਾਤ ਤੋਂ ਭੱਜ ਕੇ ਪੰਜਾਬ ਦਾ ਸਭ ਤੋਂ ਝੂਠਾ ਅਤੇ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਮੁੱਖ ਮੰਤਰੀ ਹੋਣ ਦਾ ਸਬੂਤ ਦਿੱਤਾ ਹੈ। ਇਸ ਸਮੇਂ , ਸੁਖਦੇਵ ਸਿੰਘ, ਗੁਰਮੀਤ ਸਿੰਘ, ਅਜੇ ਕੁਮਾਰ, ਗੁਰਮੁਖ ਸਿੰਘ, ਸੁਖਜੀਵਨ ਸਿੰਘ, ਬਲਵੀਰ ਚੰਦ ਬੀਪੀਈਓ, ਧਰਮਵੀਰ, ਹਰਬੰਸ ਲਾਲ, ਕਰਮਵੀਰ, ਕੁਲਵੰਤ ਸਿੰਘ, ਬਲਵੀਰ ਸਿੰਘ, ਅਮਰਜੀਤ ਸਿੰਘ, ਅਵਤਾਰ ਸਿੰਘ, ਪ੍ਰਿੰਸੀਪਲ ਪਰਮਿੰਦਰ ਕੁਮਾਰ, ਪ੍ਰਿੰਸੀਪਲ ਹਰਮਨੋਜ ਕੁਮਾਰ, ਮਹਿੰਦਰ ਪਾਲ, ਜਸਵਿੰਦਰ ਸਿੰਘ, ਮਨੀਸ਼ ਕੁਮਾਰ, ਰਣਵੀਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਮੌਜੂਦ ਸਨ।



# ਅਜੈਵੀਰ ਸਿੰਘ ਲਾਲਪੁਰਾ ਨੇ ਲੋੜਵੰਦ ਲੜਕੀਆਂ ਨੂੰ ਸਾਈਕਲ ਵੰਡੇ



**ਭਲਾਣ (ਹਰਭਜਨ ਢਿੱਲੋਂ)** ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਅਤੇ ਇਨਸਾਨੀਅਤ ਦੇ ਸੰਸਥਾਪਕ ਅਜੈਵੀਰ ਸਿੰਘ ਲਾਲਪੁਰਾ ਨੇ ਪਿੰਡ ਸਹਿਜੋਵਾਲ ਵਿਖੇ ਸਕੂਲ ਜਾਣ ਵਾਲੀਆਂ ਲੋੜਵੰਦ ਲੜਕੀਆਂ ਨੂੰ 15 ਸਾਈਕਲ ਵੰਡੇ। ਗੋਹਲਣੀ ਭਾਜਪਾ ਮੰਡਲ ਅਧੀਨ ਪੈਂਦੇ ਪਿੰਡ ਸਹਿਜੋਵਾਲ ਵਿਖੇ ਸਾਈਕਲ ਵੰਡ ਸਮਾਗਮ ਦਾ ਆਯੋਜਲ ਗੋਹਲਣੀ ਮੰਡਲ ਦੇ ਭਾਜਪਾ ਆਗੂਆਂ ਵਲੋਂ ਆਯੋਜਿਤ ਕੀਤਾ ਗਿਆ ਸੀ।ਇਸ ਮੌਕੇ ਅਜੈਵੀਰ ਸਿੰਘ ਲਾਲਪੁਰਾ ਵਲੋਂ 15 ਵਿਦਿਆਰਥਣਾਂ ਨੂੰ ਸਾਈਕਲ ਵੰਡੇ ਗਏ।ਇਲਾਕਾ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਅਜੈਵੀਰ ਸਿੰਘ ਲਾਲਪੁਰਾ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਨਾਰੀ ਸਸ਼ਕਤੀਕਰਣ ਤਹਿਤ ਅਰੰਭੀ 'ਸਾਡੀ ਬੇਟੀ-ਸਾਡੀ ਸ਼ਾਨ' ਤਹਿਤ ਇਹ ਉਪਰਾਲਾ ਜਾਰੀ ਰਹੇਗਾ ਤਾਂ ਜੋ ਧੀਆਂ ਨੂੰ ਸਿੱਖਿਆ ਪ੍ਰਾਪਤ ਕਰਨ ਵਿੱਚ ਕੋਈ ਮੁਸ਼ਕਲ ਨਾ ਆਵੇ। ਉਨ੍ਹਾਂ ਕਿਹਾ ਕਿ ਦੇਖਣ ਵਿਚ ਆਇਆ ਹੈ ਕਿ ਬੱਚੀਆਂ ਨੂੰ ਕਈ-ਕਈ ਕਿੱਲੋਮੀਟਰ ਪੈਦਲ ਚੱਲ ਕੇ ਸਕੂਲ ਜਾਣਾ ਪੈਂਦਾ ਹੈ, ਜਿਸ ਲਈ ਇਹ ਸਾਈਕਲ ਵੰਡਣ ਦਾ ਇਹ ਕਾਰਜ ਅਰੰਭਿਆ ਗਿਆ ਹੈ।ਅਜੈਵੀਰ ਸਿੰਘ ਨੇ ਇਹ ਵੀ ਕਿਹਾ ਕਿ ਉਹ ਆਪਣੇ ਲੋਕਾਂ ਨੂੰ ਪੂਰੀ ਤਰ੍ਹਾਂ ਸਮਰਪਿਤ ਰਹਿਣਗੇ। ਲਾਲਪੁਰਾ ਦੀ ਭੈਣ ਜੈਸਮੀਨ ਕੌਰ ਲਾਲਪੁਰਾ, ਜੋ ਅਮਰੀਕਾ ਦੇ ਕੈਲੀਫੋਰਨੀਆ ਦੇ ਇੱਕ ਸਰਕਾਰੀ ਸਕੂਲ ਦੀ ਮੁਖੀ ਹੈ, ਨੇ ਪੰਜਾਬ ਦੀ ਸਿੱਖਿਆ ਪ੍ਰਣਾਲੀ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਅਪਡੇਟ ਕਰਨ ਦੀ ਲੋੜ ਹੈ ਅਤੇ ਅਧਿਆਪਕਾਂ ਦੀ ਘਾਟ ਵੀ ਇਕ ਗੰਭੀਰ ਸਮੱਸਿਆ ਹੈ।ਇਸ ਮੌਕੇ ਨੰਗਲ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਰਾਜੇਸ਼ ਚੌਧਰੀ ਨੇ ਕਿਹਾ ਕਿ ਜਿਸ ਤਰ੍ਹਾਂ ਲਾਲਪੁਰਾ ਪਰਵਾਰ ਇਲਾਕੇ ਦੀ ਸੇਵਾ ਕਰ ਰਿਹਾ ਹੈ, ਉਸ ਤਰ੍ਹਾਂ ਦਾ ਕੰਮ ਸਰਕਾਰ ਵੀ ਨਹੀਂ ਕਰ ਸਕਦੀ।ਅੰਤ ਵਿੱਚ ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਅਤੇ ਪ੍ਰਬੰਧਕ ਕੰਵਰ ਪੋਸਵਾਲ ਨੇ ਅਜੈਵੀਰ ਸਿੰਘ ਲਾਲਪੁਰਾ ਦਾ ਸਾਈਕਲ ਵੰਡਣ ਲਈ ਧੰਨਵਾਦ ਕੀਤਾ।

# ਗੁਰਾਇਆ ਜ਼ੋਨਲ-9 ਦੇ ਵੱਖ-ਵੱਖ ਖੇਡਾਂ ਦੇ ਮੁਕਾਬਲੇ ਸੰਪੰਨ

**ਫਿਲੌਰ, ( ਨਿਰਮਲ)** ਜ਼ੋਨ ਨੰਬਰ 9 ਅਤੇ ਗੁਰਾਇਆ ਬਲਾਕ ਸਿੱਖਿਆ ਦੇ ਆਧੀਨ ਪੈਂਦੇ ਸਕੂਲਾਂ ਦੇ ਜ਼ੋਨਲ ਲੜਕੀਆਂ ਅਤੇ ਲੜਕਿਆਂ ਦੇ ਵੱਖ-ਵੱਖ ਖੇਡਾਂ ਮੁਕਾਬਲੇ ਵੱਖ-ਵੱਖ ਸਕੂਲਾਂ 'ਚ ਸਮਾਪਤ ਹੋਏ।ਕਬੱਡੀ ਨੈਸ਼ਨਲ ਸਟਾਇਲ ਦੇ ਮੁਕਾਬਲਿਆਂ 'ਚ ਉਚੇਚੇ ਤੌਰ 'ਤੇ ਹਰਮੇਸ਼ ਲਾਲ ਘੇੜਾ ਨੇ ਸ਼ਿਕਰਤ ਕੀਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਚੰਗੀ ਸਿਹਤ ਲਈ ਖੇਡਾਂ ਜ਼ਰੂਰੀ ਹੈ ਜਿਸ ਲਈ ਸਿੱਖਿਆ ਵਿਭਾਗ ਵਲੋਂ ਜਾਰੀ ਕੈਲੰਡਰ ਅਨੁਸਾਰ ਇਹ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਜ਼ੋਨਲ ਟੂਰਨਾਮੈਂਟ ਕਮੇਟੀ ਵਲੋਂ ਟੂਰਨਾਮੈਂਟ ਨੂੰ ਸੁਚੱਜੇ ਢੰਗ ਨਾਲ ਕਰਵਾਉਣ ਦੀ ਪ੍ਰਸ਼ੰਸਾ ਕੀਤੀ।ਸ.ਸ.ਸ. ਗੁਰਾਇਆ 'ਚ ਹੋਏ ਲੜਕਿਆਂ ਦੇ ਬੈਡਮਿੰਟਨ ਦੇ ਮੁਕਾਬਲਿਆਂ 'ਚ 14 ਅਤੇ 17 ਸਾਲ ਵਰਗ 'ਚ ਸ਼੍ਰੀ ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ ਜੇਤੂ ਰਿਹਾ ਜਦਕਿ 19 ਸਾਲ ਵਰਗ 'ਚ ਮੇਜ਼ਵਾਨ ਸਕੂਲ ਜੇਤੂ।ਵਰਗ ਬੈਡਮਿੰਟਨ ਦੇ ਮੁਕਾਬਲਿਆਂ 'ਚ ਜੇ.ਐਸ.ਐਫ. ਐੱਚ ਸਕੂਲ ਦੂਸਰੇ ਨੰਬਰ 'ਤੇ ਰਿਹਾ।ਸਰਕਾਰੀ ਹਾਈ ਸਕੂਲ ਪੱਦੀ ਜਾਗੀਰ 'ਚ ਕਰਵਾਏ ਖੋ-ਖੋ ਦੇ ਮੁਕਾਬਲਿਆਂ 'ਚ ਕੁੜੀਆਂ ਦੇ 14 ਅਤੇ 19 ਸਾਲ ਵਰਗ 'ਚ ਖਾਲਸਾ ਸਕੂਲ ਜੇਤੂ ਜਦਕਿ 14 ਸਾਲ ਵਰਗ 'ਚ ਪੰਜਾਬ ਅਕੈਡਮੀ ਕਾਨਵੈਂਟ ਸਕੂਲ ਬੜਾ ਪਿੰਡ ਅਤੇ 19 ਸਾਲ ਵਰਗ 'ਚ ਸ.ਸ.ਸ. ਸਕੂਲ ਚੱਕਦੇਸਰਾਜ ਉੱਪ ਜੇਤੂ ਰਹੇ। 17 ਸਾਲ ਵਰਗ 'ਚ ਪੰਜਾਬ ਅਕੈਡਮੀ ਬੜਾ ਪਿੰਡ ਜੇਤੂ ਅਤੇ ਸ਼੍ਰੀ ਇਲਮ ਚੰਦ ਸਰਵ ਹਿਤਕਰੀ ਵਿਦਿਆ ਮੰਦਿਰ ਹਾਈ ਸਕੂਲ ਛੋਕਰਾਂ ਉੱਪ ਜੇਤੂ ਰਹੇ। ਲੜਕੀਆਂ ਦੇ ਖੋ-ਖੋ 14 ਸਾਲ ਵਰਗ 'ਚ ਮੇਜ਼ਵਾਨ ਸਕੂਲ ਜੇਤੂ, ਸਰਕਾਰੀ ਮਿਡਲ ਸਕੂਲ ਮਾਹਲਾਂ ਉੱਪ ਜੇਤੂ ਅਤੇ ਸ਼੍ਰੀ ਦਸਮੇਸ਼ ਕਾਨਵੈਂਟ ਸਕੂਲ ਅੱਟੀ ਤੀਸਰੇ ਸਥਾਨ 'ਤੇ ਰਹੇ। 17 ਸਾਲ ਵਰਗ ਖੋ-ਖੋ 'ਚ ਸ.ਸ.ਸ ਸਕੂਲ ਗੁਰਾਇਆ ਜੇਤੂ, ਸ਼੍ਰੀ ਇਲਮ ਚੰਦ ਸਰਵ ਹਿਤਕਰੀ ਵਿਦਿਆ ਮੰਦਰ ਹਾਈ ਸਕੂਲ ਛੋਕਰਾਂ ਉੱਪ ਜੇਤੂ ਅਤੇ ਸਰਕਾਰੀ ਹਾਈ ਸਕੂਲ ਪੱਦੀ ਜਾਗੀਰ ਤੀਸਰੇ ਸਥਾਨ 'ਤੇ ਰਹੇ। ਸ਼੍ਰੀ ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ 'ਚ ਕਰਵਾਈ ਲੜਕੀਆਂ ਦੇ ਬੈਡਮਿੰਟਨ ਦੇ 14 ਅਤੇ 17 ਸਾਲ ਵਰਗ 'ਚ ਮੇਜ਼ਵਾਨ ਸਕੂਲ ਜੇਤੂ ਅਤੇ ਖਾਲਸਾ ਸਕੂਲ ਅੱਟਾ ਉੱਪ ਜੇਤੂ ਰਹੇ 14 ਸਾਲ ਵਰਗ 'ਚ ਸ.ਸ.ਸ. ਮਨਸੂਰਪੁਰ ਤੀਸਰੇ ਸਥਾਨ 'ਤੇ ਰਹੇ। ਬੈਡਮਿੰਟਨ 19 ਸਾਲ ਵਰਗ 'ਚ ਖਾਲਸਾ ਸਕੂਲ ਅੱਟਾ ਜੇਤੂ ਅਤੇ ਸ.ਸ.ਸ ਸਕੂਲ ਮਨਸੂਰਪੁਰ ਉੱਪ ਜੇਤੂ ਰਹੇ। ਲੜਕੀਆਂ 14 ਅਤੇ 17 ਸਾਲ ਸਰਕਲ ਸਟਾਇਲ 'ਚ ਸ.ਸ.ਸ. ਸਕੂਲ ਗੜ੍ਹੀ ਮਹਾਂ ਸਿੰਘ ਜੇਤੂ ਅਤੇ ਸ਼੍ਰੀ ਦਸਮੇਸ਼ ਕਾਨਵੈਂਟ ਹਾਈ ਸਕੂਲ ਉੱਪ ਜੇਤੂ ਰਹੇ। ਰੱਸਾ ਕੱਸ਼ੀ ਲੜਕੀਆਂ ਦੇ 14 ਸਾਲ ਵਰਗ ਅਤੇ 17 ਸਾਲ ਵਰਗ 'ਚ ਸ਼੍ਰੀ ਦਸਮੇਸ਼ ਕਾਨਵੈਂਟ ਹਾਈ ਸਕੂਲ ਜੇਤੂ ਅਤੇ ਸਰਕਾਰੀ ਕੰਨਿਆ ਸ.ਸ. ਸਕੂਲ ਦੁਸਾਂਝ ਕਲਾਂ ਉੱਪ ਜੇਤੂ ਰਹੇ। ਗੁਰੂ ਹਰਿ ਰਾਏ ਖਾਲਸਾ ਸਕੂਲ ਦੁਸਾਂਝ ਕਲਾਂ 'ਚ ਹੋਏ ਵਾਲੀਬਾਲ ਲੜਕਿਆਂ ਦੇ ਮੁਕਾਬਲਿਆਂ 'ਚ 14 ਸਾਲ ਵਰਗ 'ਚ ਮਨਸੂਰਪੁਰ ਪਹਿਲੇ ਸਥਾਨ 'ਤੇ ਰਿਹਾ ਜਦਕਿ 17 ਸਾਲ ਵਰਗ 'ਚ ਸ.ਸ.ਸ.ਸਕੂਲ ਵਿਰਕ ਪਹਿਲੇ ਅਤੇ ਮੇਜ਼ਬਾਨ ਸਕੂਲ ਦਸਰੇ ਸਥਾਨ 'ਤੇ ਰਹੇ।



# ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੋਰਾ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਗਿਆ।ਪ੍ਰੀ-ਪ੍ਰਾਇਮਰ ਸੈਕਸ਼ਨ ਦੇ ਵਿਦਿਆਰਥੀਆਂ ਨੂੰ ਛੋਟੇ ਕ੍ਰਿਸ਼ਨ ਅਤੇ ਰਾਧਾ ਦੇ ਰੂਪ ਵਿੱਚ ਦਿਖਾਇਆ ਗਿਆ। ਸਮਾਗਮ ਨੂੰ ਹੋਰ ਰੰਗੀਨ ਬਣਾਉਣ ਲਈ ਸਕੂਲ ਵਿੱਚ ਸੁੰਦਰ ਸਜਾਵਟ ਵੀ ਕੀਤੀ ਗਈ। ਵਿਦਿਆਰਥੀਆਂ ਨੂੰ ਭਗਵਾਨ ਕ੍ਰਿਸ਼ਨ ਦੇ ਜੀਵਨ 'ਤੇ ਇੱਕ ਫਿਲਮ ਵੀ ਦਿਖਾਈ ਗਈ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨਵਦੀਪ ਕੌਰ ਨੇ ਇਸ ਸ਼ੁੱਭ ਦਿਹਾੜੇ 'ਤੇ ਸਮੂਹ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਉਨ੍ਹਾਂ ਨੂੰ ਹਮੇਸ਼ਾ ਦੀ ਤਰ੍ਹਾਂ ਬੀਤੇ ਨੂੰ ਯਾਦ ਕਰਨ ਦੀ ਬਜਾਏ ਅੱਗੇ ਦੇਖਣ ਦਾ ਸੰਦੇਸ਼ ਦਿੱਤਾ।ਕ੍ਰਿਸ਼ਨ ਜੀ ਦੇ ਸੰਦੇਸ਼ ਸੱਚਮੁੱਚ ਆਪਣੇ ਮਾਤਾ-ਪਿਤਾ ਅਤੇ ਅਧਿਆਪਕਾਂ ਦਾ ਸਤਿਕਾਰ ਅਤੇ ਆਗਿਆਕਾਰਤਾ ਦੇ ਇਸ ਤਿਉਹਾਰ ਨੂੰ ਮਨਾਉਣ ਦੀ ਮਹੱਤਤਾ ਨੂੰ ਦਰਸਾਉਂਦੇ ਹਨ।

# ਐੱਨ ਆਰ ਆਈ ਦੇ ਘਰ ਦੀਆਂ ਚੁਗਾਠਾਂ ਵੀ ਲਾਹ ਕੇ ਲੈ ਗਏ ਚੋਰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿਛਲੇ ਲੰਮੇ ਸਮੇਂ ਤੋਂ ਬਸੀ ਹਸਤ ਖਾਂ ਦੇ ਵਸਨੀਕ ਐਨ ਆਰ ਆਈ ਦਵਿੰਦਰ ਸਿੰਘ ਕੰਗ ਜੋ ਕਿ ਹੋਲੈਂਡ ਵਿਖੇ ਆਪਣੇ ਪਰਵਾਰ ਨਾਲ ਪੱਕੇ ਤੌਰ 'ਤੇ ਰਹਿ ਰਹੇ ਹਨ ਦੇ ਬੰਦ ਪਏ ਘਰ 'ਚ ਲੰਘੀ 18 ਅਗਸਤ ਦੇ ਆਸ ਪਾਸ ਅਣਪਛਾਤੇ ਚੋਰਾਂ ਨੇ ਘਰ ਦਾ ਕੀਮਤੀ ਸਮਾਨ ਫਰਿਜ, ਛੱਤ ਦਾ ਪੱਖਾ, ਭਾਂਡੇ, ਕੱਪੜੇ, ਇਥੋਂ ਤੱਕ ਕੀ ਘਰ ਵਿੱਚ ਲੱਗੇ ਅਲਮੋਨੀਅਮ ਦੇ ਦਰਵਾਜ਼ੇ, ਤਾਕੀਆਂ ਤੇ ਚਗਾਠਾਂ ਤੱਕ ਚੋਰੀ ਕਰ ਲਏ ਇਸ ਦੀ ਜਾਣਕਾਰੀ ਗੁਰਨਾਮ ਸਿੰਘ ਸਿੰਗੜੀਵਾਲਾ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਸ਼੍ਰੋਮਣੀ ਅਕਾਲ ਦਲ (ਅੰਮ੍ਰਿਤਸਰ) ਨੇ ਪੱਤਰਕਾਰਾਂ ਨੂੰ ਦਿੱਤੀ ਉਹਨਾਂ ਨੇ ਦੱਸਿਆ ਕਿ ਮੇਰੀ ਭੈਣ ਸੁਖਵਿੰਦਰ ਪਾਲ ਕੌਰ ਬੱਸੀ ਹਸਤ ਖਾਂ ਵਿਖੇ ਐਨ ਆਰ ਆਈ ਦਵਿੰਦਰ ਸਿੰਘ ਕੰਗ ਨਾਲ ਵਿਆਹੀ ਹੋਈ ਹੈ ਜਿਨ੍ਹਾਂ ਨੇ ਆਪਣੀ ਜਮੀਨ ਮਾਮਲੇ 'ਤੇ ਵਾਹੀ ਲਈ ਪਿੰਡ ਦੇ ਹੀ ਵਸਨੀਕ ਗੁਰਦੀਪ ਸਿੰਘ ਕੰਗ ਨੂੰ ਦਿੱਤੀ ਹੋਈ ਹੈ ਦਾ ਮੈਨੂੰ ਫੋਨ ਆਇਆ ਕਿ ਤੁਹਾਡੀ ਭੈਣ ਦੇ ਘਰ ਚੋਰੀ ਹੋ ਗਈ ਹੈ ਮੈਂ ਮੌਕੇ 'ਤੇ ਪਹੁੰਚਿਆ ਅਤੇ ਵਾਰਦਾਤ ਦੇਖ ਕੇ ਸਦਰ ਥਾਣੇ ਵਿਖੇ ਲਿਖਤੀ ਸ਼ਿਕਾਇਤ ਦਿੱਤੀ ਇਸ ਸ਼ਿਕਾਇਤ ਦਾ ਨੋਟਸ ਲੈਂਦਿਆਂ ਹੋਇਆ ਥਾਣਾ ਸਦਰ ਦੇ ਐਸ ਐਚ ਓ ਸੋਮ ਨਾਥ ਮੌਕਾ ਵਾਰਦਾਤ ਵਿਖੇ ਗਏ ਅਤੇ ਚੋਰਾਂ ਵੱਲੋਂ ਕੀਤੇ ਗਏ ਨੁਕਸਾਨ ਨੂੰ ਦੇਖਿਆ ਅਤੇ ਯਕੀਨ ਦਵਾਇਆ ਕਿ ਚੋਰਾਂ ਨੂੰ ਜਲਦ ਹੀ ਫੜ ਕੇ ਗ੍ਰਿਫਤਾਰ ਕੀਤਾ ਜਾਵੇਗਾ। ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਕਿਹਾ ਕਿ ਪੰਜਾਬ ਦੇ ਹਾਲਾਤ ਦਿਨੋ ਦਿਨ ਬਦ ਤੋਂ ਬਤਰ ਹੁੰਦੇ ਜਾ ਰਹੇ ਹਨ ਜੇਕਰ ਹਾਲਾਤ ਇਸ ਤਰ੍ਹਾਂ ਦੇ ਹੀ ਰਹੇ ਤਾਂ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਐਨ ਆਰ ਆਈ ਪੰਜਾਬ ਵੱਲ ਮੂੰਹ ਨਹੀਂ ਕਰਨਗੇ ਜਿਸ ਨਾਲ ਪੰਜਾਬ ਦਾ ਭਾਰੀ ਨੁਕਸਾਨ ਹੋਵੇਗਾ ਇਸ ਸਮੇਂ ਹਾਜ਼ਰ ਪਿੰਡ ਦੇ ਸਰਪੰਚ ਅਮਰਜੀਤ ਸਿੰਘ ਨੇ ਦੱਸਿਆ ਕਿ ਪਿੰਡ ਅਤੇ ਇਲਾਕਾ ਵਾਸੀ ਅਜਿਹੀਆਂ ਵਾਰਦਾਤਾਂ ਤੋਂ ਬਹੁਤ ਪ੍ਰੇਸ਼ਾਨ ਅਤੇ ਡਰੇ ਹੋਏ ਹਨ। ਪ੍ਰਸ਼ਾਸਨ ਇਹਨਾਂ ਤੇ ਜਲਦ ਤੋਂ ਜਲਦ ਕਾਬੂ ਪਾ ਕੇ ਇਲਾਕੇ ਦੇ ਮਾਹੌਲ ਨੂੰ ਸ਼ਾਂਤਮਈ ਬਣਾਵੇ।

# ਚੋਣ ਐਲਾਨ ਪੱਤਰ ਜਾਰੀ ਕਰਨ ਦੇ 3 ਦਿਨਾਂ ਦੇ ਅੰਦਰ ਮੁੱਖ ਚੋਣ ਅਧਿਕਾਰੀ ਦਫਤਰ 'ਚ 3-3 ਕਾਪੀਆਂ ਦੇਣਾ ਜ਼ਰੂਰੀ : ਅਗਰਵਾਲ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਚੋਣ ਜਾਬਤਾ ਦੇ ਮੱਦੇਨਜਰ ਚੋਣ ਐਲਾਨ ਪੱਤਰ ਦੇ ਸੰਬੰਧ ਵਿੱਚ ਜਾਰੀ ਨਿਰਦੇਸ਼ਾਂ ਅਨੁਸਾਰ ਸਹੀ ਰਾਜਨੀਤਿਕ ਪਾਰਟੀਆਂ ਜਾਂ ਚੋਣ ਲੜ੍ਹ ਰਹੇ ਉਮੀਦਵਾਰਾਂ ਨੂੰ ਆਪਣਾ ਚੋਣ ਐਲਾਨ ਪੱਤਰ ਜਾਰੀ ਕਰਨ ਦੀ ਮਿੱਤੀ ਦੇ ਬਾਅਦ 3 ਦਿਨਾਂ ਦੇ ਅੰਦਰ-ਅੰਦਰ ਮੁੱਖ ਚੋਣ ਅਧਿਕਾਰੀ ਦਫਤਰ 'ਚ ਹਿੰਦੀ ਤੇ ਅੰਗ੍ਰੇਜ਼ੀ ਵਿਚ ਤਿੰਨ-ਤਿੰਨ ਕਾਪੀਆਂ ਜਮ੍ਹਾ ਕਰਵਾਉਣੀ ਹੋਣਗੀਆਂ।ਉਨ੍ਹਾਂ ਨੇ ਸਾਰੇ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਹੈ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਚੋਣ ਜਾਬਤਾ ਦੇ ਸਾਰੇ ਪਹਿਲੂਆਂ ਦਾ ਗੰਭੀਰਤਾ ਨਾਲ ਅਧਿਐਨ ਕਰਨ ਅਤੇ ਚੋਣ ਦੌਰਾਨ ਇਸ ਦੀ ਪੂਰੀ ਤਰ੍ਹਾ ਪਾਲਣਾ ਯਕੀਨੀ ਕਰਨ।

# ਕਮਿਸ਼ਨਰੇਟ ਪੁਲਸ ਨੇ ਮਲਟੀ-ਸਟੇਟ ਬੈਂਕ ਚੈੱਕ ਫਰਾਡ ਸਿੰਡੀਕੇਟ ਦਾ ਕੀਤਾ ਪਰਦਾ ਫਾਸ਼



**ਜਲੰਧਰ( ਰਾਜੇਸ਼ ਥਾਪਾ)** ਜਲੰਧਰ ਕਮਿਸ਼ਨਰੇਟ ਪੁਲਸ ਨੇ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਯੂ.ਪੀ., ਪੱਛਮੀ ਬੰਗਾਲ ਅਤੇ ਕਰਨਾਟਕ 'ਚ ਲੋਕਾਂ ਨੂੰ ਠੱਗਣ ਵਿੱਚ ਸਰਗਰਮ ਮਲਟੀ-ਸਟੇਟ ਬੈਂਕ ਚੈੱਕ ਫਰਾਡ ਸਿੰਡੀਕੇਟ ਦਾ ਪਰਦਾਫਾਸ਼ ਕੀਤਾ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਸ਼ਹਿਰ ਵਾਸੀ ਅਸ਼ੋਕ ਸੋਬਤੀ ਨੇ ਸ਼ਿਕਾਇਤ ਕੀਤੀ ਕਿ ਉਸਨੇ ਬੈਂਕ ਆਫ਼ ਬੜੌਦਾ ਵਿੱਚ ਦੋ ਚੈੱਕ ਜਮ੍ਹਾਂ ਕਰਵਾਏ ਸਨ, ਪਰ ਅਣਪਛਾਤੇ ਵਿਅਕਤੀਆਂ ਨੇ ਬੈਂਕ 'ਚੋਂ ਚੈੱਕ ਚੋਰੀ ਕਰ ਲਏ ਅਤੇ ਇਨ੍ਹਾਂ ਚੈੱਕਾਂ ਨਾਲ ਛੇੜਛਾੜ ਕਰਨ ਤੋਂ ਬਾਅਦ ਬਦਲੇ ਹੋਏ ਚੈੱਕਾਂ ਨੂੰ ਬੈਂਕ ਆਫ਼ ਬੜੌਦਾ 'ਚ ਆਪਣੇ ਖਾਤੇ 'ਚ ਜਮ੍ਹਾਂ ਕਰਵਾ ਦਿੱਤਾ।ਉਨ੍ਹਾਂ ਦੱਸਿਆ ਕਿ ਥਾਣਾ ਨਿਊ ਬਾਰਾਦਰੀ ਸੀ ਪੀ ਜਲੰਧਰ ਵਿਖੇ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਸੀ।ਸਵਪਨ ਸ਼ਰਮਾ ਨੇ ਕਿਹਾ ਕਿ ਪੁਲਸ ਨੇ ਇਸ ਮਾਮਲੇ ਦੀ ਸਰਗਰਮੀ ਨਾਲ ਜਾਂਚ ਕੀਤੀ ਅਤੇ ਤਕਨੀਕੀ ਸਹਾਇਤਾ, ਵਿਗਿਆਨਕ ਸਬੂਤ ਅਤੇ ਮਨੁੱਖੀ ਖੁਫੀਆ ਜਾਣਕਾਰੀ ਦੀ ਮਦਦ ਨਾਲ ਚਾਰ ਸ਼ੱਕੀਆਂ ਦੀਪਕ, ਅਰੁਣ, ਮੋਹਿਤ ਅਤੇ ਹਨੀ ਨੂੰ ਗ੍ਰਿਫਤਾਰ ਕੀਤਾ।

ਉਨ੍ਹਾ ਦੱਸਿਆ ਕਿ ਪੁਲਸ ਨੇ ਤਫ਼ਤੀਸ਼ ਦੌਰਾਨ ਇੱਕ ਹੋਰ ਸ਼ੱਕੀ ਗੁਰਦਿੱਤਾ ਸਿੰਘ ਨੂੰ ਵੀ ਗ੍ਰਿਫਤਾਰ ਕੀਤਾ ਹੈ, ਜਿਸ ਨੇ ਦੱਸਿਆ ਕਿ ਮੁਲਜ਼ਮਾਂ ਨੇ ਜਾਅਲੀ ਆਈ ਡੀ ਬਣਾ ਕੇ ਵੱਖ-ਵੱਖ ਬੈਂਕਾਂ ਵਿੱਚ ਕਈ ਬੈਂਕ ਖਾਤੇ ਖੋਲ੍ਹੇ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਖਾਤਿਆਂ 'ਚ ਕੁੱਲ 61 ਲੈਣ-ਦੇਣ ਕੀਤੇ ਗਏ ਸਨ ਅਤੇ ਜਾਂਚ ਦੌਰਾਨ ਪੁਲਸ ਨੇ ਇਨ੍ਹਾਂ 'ਚੋਂ 19 ਫਰਜ਼ੀ ਖਾਤਿਆਂ ਨੂੰ ਬੰਦ ਕਰ ਦਿੱਤਾ ਸੀ। ਸਵਪਨ ਸ਼ਰਮਾ ਨੇ ਦੱਸਿਆ ਕਿ ਇਨ੍ਹਾਂ ਮੁਲਜ਼ਮਾਂ ਨਾਲ ਥਾਣਾ ਡਵੀਜ਼ਨ ਨੰਬਰ 3 ਅਤੇ ਰਾਮਾ ਮੰਡੀ ਵਿਖੇ ਦਰਜ ਤਿੰਨ ਹੋਰ ਕੇਸ ਵੀ ਜੁੜੇ ਹੋਏ ਹਨ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ ਦੀਪਕ ਠਾਕੁਰ ਇਸ ਗਿਰੋਹ ਦਾ ਸਰਗਨਾ ਹੈ ਜੋ ਪੰਜਾਬ, ਹਰਿਆਣਾ ਅਤੇ ਹੋਰ ਰਾਜਾਂ 'ਚ ਚੈਕਾਂ ਨਾਲ ਛੇੜਛਾੜ ਕਰਕੇ ਵਿਕਰਮ ਬਜਾਜ ਅਤੇ ਮੋਨੂੰ ਸੈਣੀ ਦੇ ਨਾਮ ਨਾਲ ਲੋਕਾਂ ਦੇ ਬੈਂਕ ਖਾਤਿਆਂ 'ਚ ਪੈਸੇ ਜਮ੍ਹਾ ਕਰਵਾ ਕੇ ਸਰਗਰਮ ਹੈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਬੈਂਕਾਂ ਦੀਆਂ 19 ਪਾਸਬੁੱਕਾਂ, ਵੱਖ-ਵੱਖ ਬੈਂਕਾਂ ਦੀਆਂ 17 ਚੈੱਕ ਬੁੱਕਾਂ ਉਨ੍ਹਾਂ ਕੋਲੋਂ ਚੈੱਕ, ਪੈੱਨ ਅਤੇ ਨਿਸ਼ਾਨ ਮੈਗਨਾਈਟ ਕਾਰ ਨੰਬਰ JK02-DF-8437 ਨਾਲ ਛੇੜਛਾੜ ਕਰਨ ਲਈ ਵਰਤਿਆ ਜਾਣ ਵਾਲਾ 44 ਏਟੀਐਮ ਕਾਰਡ ਫਲੂਇਡ ਬਰਾਮਦ ਕੀਤਾ ਗਿਆ ਹੈ।ਸਵਪਨ ਸ਼ਰਮਾ ਨੇ ਦੱਸਿਆ ਕਿ ਦੀਪਕ ਅਤੇ ਮੋਹਿਤ ਖ਼ਿਲਾਫ਼ ਪਹਿਲਾਂ ਹੀ ਦੋ ਕੇਸ ਪੈਂਡਿੰਗ ਹਨ ਜਦਕਿ ਇੱਕ ਅਰੁਣ ਖ਼ਿਲਾਫ਼ ਪੈਂਡਿੰਗ ਹੈ।

# ਨਵੀਂ ਸ਼ੈਲਰ ਪਾਲਸੀ ਦੀ ਮੀਟਿੰਗ ਦਾ ਬਾਈਕਾਟ ਕਰਨਗੇ ਸਮੁੱਚੇ ਸ਼ੈਲਰ ਮਾਲਕ : ਭਾਰਦਵਾਜ, ਗੋਇਲ

## ਰਾਈਸ ਮਿਲਰਜ਼ ਐਸੋਸੀਏਸ਼ਨ ਪੰਜਾਬ ਦੀ ਹੰਗਾਮੀ ਮੀਟਿੰਗ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਰਾਈਸ ਮਿਲਰ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਗਿਆਨ ਚੰਦ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਸਤ ਪ੍ਰਕਾਸ਼ ਗੋਇਲ, ਜਨਰਲ ਸਕੱਤਰ ਅਸ਼ਵਨੀ ਗਰਗ ਤੇ ਸਲਾਹਕਾਰ ਰੋਹਿਤ ਗੋਇਲ ਨੇ ਦੱਸਿਆ ਕਿ ਪੰਜਾਬ ਦੇ ਸਮੁੱਚੇ ਸ਼ੈਲਰ ਮਾਲਕ ਪੰਜਾਬ ਸਰਕਾਰ ਵੱਲੋਂ 27 ਅਗਸਤ ਨੂੰ ਰੱਖੀ ਜਾਣ ਵਾਲੀ ਨਵੀਂ ਪਾਲਸੀ ਡਰਾਫਟ ਮੀਟਿੰਗ ਦਾ ਬਾਈਕਾਟ ਕਰਨਗੇ ਅਤੇ ਜਦੋਂ ਤੱਕ ਪਿਛਲੇ ਸਾਲਾਂ ਦੇ 2 ਹਜ਼ਾਰ ਕਰੋੜ ਰੁਪਏ ਬਕਾਇਆ ਸ਼ੈਲਰ ਮਾਲਕਾਂ ਨੂੰ ਨਹੀਂ ਦਿੱਤੇ ਜਾਂਦੇ, ਉਦੋਂ ਤੱਕ ਸਰਕਾਰ ਨਵੀਂ ਪਾਲਸੀ 'ਤੇ ਵਿਚਾਰ ਨਾ ਕਰੇ।ਉਨ੍ਹਾਂ ਕਿਹਾ ਕਿ ਸ਼ੈਲਰ ਮਾਲਕਾਂ ਦੀਆਂ ਸਮੱਸਿਆਵਾਂ ਦਾ ਕੋਈ ਹੱਲ ਨਹੀਂ ਕੀਤਾ ਜਾ ਰਿਹਾ ਅਤੇ ਨਾ ਹੀ ਸਰਕਾਰ ਇਸ ਪ੍ਰਤੀ ਗੰਭੀਰ ਹੈ।ਸ਼ੈਲਰ ਮਾਲਕਾਂ ਦੀ ਆਰਥਿਕ ਹਾਲਤ ਬਦ ਤੋਂ ਬਦਤਰ ਹੋ ਗਈ ਹੈ, ਕਿਉਂਕਿ ਸਰਕਾਰ ਦੀਆਂ ਨੀਤੀਆਂ ਸ਼ੈਲਰ ਮਾਰੂ ਹਨ।ਉਨ੍ਹਾਂ ਕਿਹਾ ਕਿ ਸਰਕਾਰ ਨੇ ਸ਼ੈਲਰ ਮਾਲਕੀਆਂ ਦੀਆਂ ਬੈਂਕ ਦੀਆਂ ਲਿਮਟਾਂ ਬੰਦ ਕਰ ਦਿੱਤੀਆਂ ਹਨ, ਜਦੋਂਕਿ ਲਿਮਟਾਂ ਤੇ ਲੋਨ ਤੋਂ ਬਿਨਾਂ ਕੋਈ ਵੀ ਕਾਰੋਬਾਰ ਨਹੀਂ ਹੋ ਸਕਦਾ।ਸ਼ੈਲਰ ਮਾਲਕ ਆਪਣੇ ਕਰੋੜਾਂ ਰੁਪਏ ਦੀ ਪ੍ਰਾਪਰਟੀ 'ਤੇ ਹੀ ਲੋਨ ਤੇ ਲਿਮਟ ਲੈਂਦੇ ਹਨ, ਪਰ ਸਰਕਾਰ ਨੇ ਉਸ 'ਤੇ ਵੀ ਕੰਡੀਸ਼ਨਾਂ ਲਾ ਦਿੱਤੀਆਂ ਹਨ, ਜਿਸ ਕਾਰਨ ਕਾਰੋਬਾਰ ਪ੍ਰਭਾਵਿਤ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੇ ਅਧਿਕਾਰੀ ਰਾਈਸ ਮਿਲਰਾਂ ਵਿੱਚ ਫੁੱਟ ਪਾ ਕੇ ਆਪਣੀ ਜ਼ੀਰੀ ਸੈਲਰਾਂ ਵਿੱਚ ਲਗਵਾਉਣਾ ਚਾਹੁੰਦੇ ਹਨ, ਪਰ ਸਮੁੱਚੇ ਸ਼ੈਲਰ ਮਾਲਕ ਇਕਜੁਟ ਹਨ, ਪਹਿਲਾਂ ਕਾਰੋਬਾਰ ਹਨ ਤੇ ਐਸੋਸੀਏਸ਼ਨ ਬਾਅਦ ਵਿੱਚ ਹੈ।ਉਨ੍ਹਾਂ ਕਿਹਾ ਕਿ 2 ਹਜ਼ਾਰ ਕਰੋੜ ਦੇ ਕਰੀਬ ਸਾਲ 2023-24 ਦੀ ਮਿਲਿੰਗ ਦੇ ਬਿੱਲਾਂ, ਟਰਾਂਸਪੋਰਟ, ਯੂਜਰ ਚਾਰਜਿਜ਼ ਤੇ ਲੈਵੀ ਸਕਿਊਰਟੀ ਆਦਿ ਤੋਂ ਬਿਨਾਂ 2003 ਤੋਂ 2012-13 ਤੱਕ ਦੇ ਬਰਦਾਨੇ ਦੇ ਡੈਪਰੀਸੇਸ਼ਨ ਦੇ ਪੈਸੇ ਤੇ 350 ਰੁਪਏ ਲੈਵੀ ਸਕਿਊਰਟੀ ਦੇ ਨਾਂਅ 'ਤੇ ਸੈਲਰ ਮਾਲਕਾਂ ਤੋਂ ਕੱਟੇ ਗਏ ਸਨ, ਉਹ ਹਾਲੇ ਤੱਕ ਦਿੱਤੇ ਨਹੀਂ ਜਾ ਰਹੇ।ਭਾਵ ਜਿੱਥੇ ਮਿੱਲਰਾਂ ਨੂੰ ਇਸ ਔਖੀ ਘੜੀ ਵਿੱਚ ਕਈ ਵਾਰੀ ਮਾਣਯੋਗ ਸੈਕਟਰੀ ਸਾਹਿਬ ਤੇ ਡਾਇਰੈਕਟਰ ਸਾਹਿਬ ਦੇ ਵਿਸ਼ਵਾਸ ਦਿਵਾਉਣ ਦੇ ਬਾਵਜੂਦ, ਜੋ ਪਿਛਲੇ 2 ਮਹੀਨਿਆਂ ਦੀਆਂ ਮੀਟਿੰਗਾਂ ਵਿੱਚ ਕਿਹਾ ਗਿਆ ਸੀ ਕਿ ਅਸੀਂ 2018-19 ਦੇ ਯੂਜਰ ਚਾਰਜਿਜ਼ ਦੇ ਪੈਸੇ ਨਹੀਂ ਕੱਟਾਂਗੇ ਤੇ ਇਸ ਦੇ ਨਾਲ ਹੀ ਜੋ ਜੀ. ਐੱਸ. ਟੀ. 18 ਫੀਸਦੀ ਐੱਫ. ਆਰ. ਕੇ. 'ਤੇ ਲਿਆ ਸੀ, ਉਸ ਦੇ ਪੈਸੇ ਐੱਫ. ਸੀ. ਆਈ. 5 ਫੀਸਦੀ 'ਤੇ ਰਿਫੰਡ ਕਰ ਰਹੀ ਹੈ ਅਤੇ ਉਨ੍ਹਾਂ ਕਿਹਾ ਸੀ ਕਿ 13 ਫੀਸਦੀ ਜੋ ਜੀ. ਐੱਸ. ਟੀ. ਫਾਲਤੂ ਲਿਆ ਗਿਆ ਹੈ, ਉਹ ਅਸੀਂ ਵਾਪਸ ਕਰ ਦਵਾਂਗੇ, ਪਰ ਇੱਕ ਵੀ ਮੰਗ ਨਹੀਂ ਮੰਨੀ ਗਈ।ਇਸ ਤੋਂ ਲੱਗਦਾ ਹੈ ਕਿ ਅਫਸਰਸ਼ਾਹੀ ਜਿੱਥੇ ਰਾਇਸ ਮਿਲਰਾਂ ਨੂੰ ਝੂਠੇ ਲਾਰੇ ਲਾ ਰਹੀ ਹੈ, ਉਥੇ ਪੰਜਾਬ ਸਰਕਾਰ ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਸਹੀ ਜਾਣਕਾਰੀ ਨਹੀਂ ਦੇ ਰਹੀ।ਉਕਤ ਸਮੱਸਿਆਵਾਂ ਨੂੰ ਦੇਖਦੇ ਹੋਇਆਂ, ਜੋ ਸ਼ੈਲਰ ਮਾਲਕਾਂ ਦਾ ਚਾਵਲ ਪਿਛਲੇ ਸਾਲ 2023-24 ਦਾ ਬਕਾਇਆ ਰਹਿੰਦਾ ਹੈ, ਉਸ ਚਾਵਲ ਨੂੰ ਲਾਉਣ ਲਈ ਪੰਜਾਬ ਸਰਕਾਰ ਕੇਂਦਰ ਨੂੰ ਚਿੱਠੀ ਲਿਖੇ, ਜੇ 30 ਸਤੰਬਰ ਤੱਕ ਦੀ ਡੇਟ ਨਹੀਂ ਵਧਾਉਂਦੀ ਤਾਂ ਅਸੀਂ ਫੈਸਲਾ ਕਰਦੇ ਹਾਂ ਕਿ ਜਿੰਨਾ ਚਿਰ ਇਹ ਮਸਲੇ ਹੱਲ ਨਹੀਂ ਕੀਤੇ ਜਾਂਦੇ, ਅਸੀਂ ਜਿਹੜੀ ਮੀਟਿੰਗ 27 ਅਗਸਤ ਨੂੰ ਪਾਲਸੀ ਦਾ ਡਰਾਫਟ ਤਿਆਰ ਕਰਨ ਲਈ ਰੱਖੀ ਗਈ ਹੈ, ਉਸ ਦਾ ਵੀ ਬਾਈਕਾਟ ਕੀਤਾ ਜਾਵੇਗਾ ਤੇ ਜਲਦੀ ਹੀ ਜਰਨਲ ਹਾਊਸ ਦੀ ਮੀਟਿੰਗ ਕੀਤੀ ਜਾਵੇਗੀ।ਇਸ ਮੌਕੇ ਬਲਵਿੰਦਰ ਧੂਰੀ, ਸੰਜੀਵ ਭੀਖੀ, ਹੈਪੀ ਭੀਖੀ, ਪ੍ਰਵੀਨ ਜਲੰਧਰ, ਜੈ ਪਾਲ ਗੋਇਲ ਕਪੂਰਥਲਾ, ਨਾਮਦੇਵ ਅਰੋੜਾ, ਜੈਪਾਲ ਮਿੱਡਾ, ਅਮਰਨਾਥ ਬੁੱਢਲਾਡਾ, ਤਰਸੇਮ ਗੁਪਤਾ ਪਟਿਆਲਾ, ਸੁਰਿੰਦਰ ਸੰਘਾ ਤੇ ਪਵਨ ਤਨੇਜਾ ਆਦਿ ਹਾਜ਼ਰ ਸਨ।

# ਫ਼ਾਸ਼ੀਵਾਦੀ ਤਾਕਤਾਂ ਹਰਾਉਣ ਲਈ ਖੱਬੇ-ਪੱਖੀ ਪਾਰਟੀਆਂ ਵੱਲੋਂ ਲੋਕ ਲਹਿਰ ਉਸਾਰਨ ਦਾ ਐਲਾਨ



ਮਾਨਸਾ (ਆਤਮਾ ਸਿੰਘ ਪਮਾਰ) ਬਾਬਾ ਬੂਝਾ ਸਿੰਘ ਭਵਨ ਵਿਖੇ ਸੀ ਪੀ ਆਈ (ਐਮ ਐਲ) ਲਿਬਰੇਸ਼ਨ ਤੇ ਆਰ ਐਮ ਪੀ ਆਈ ਖੱਬੇ ਪੱਖੀ ਇਨਕਲਾਬੀ ਪਾਰਟੀਆਂ ਵੱਲੋਂ ਸ਼ਹੀਦ ਭਗਤ ਸਿੰਘ ਨੂੰ ਸਮਰਪਤ ਇਨਕਲਾਬੀ ਲਹਿਰ ਉਸਾਰਨ ਦੇ ਸੂਬਾਈ ਸੱਦੇ ਤਹਿਤ ਸਾਂਝੀ ਲਾਮਬੰਦੀ ਕਰਨ ਲਈ ਮੀਟਿੰਗ ਕੀਤੀ।ਮੀਟਿੰਗ ਦੀ ਪ੍ਰਧਾਨਗੀ ਕਾ. ਰਾਜਵਿੰਦਰ ਸਿੰਘ ਰਾਣਾ ਕੇਂਦਰੀ ਕਮੇਟੀ ਮੈਂਬਰ ਸੀ ਪੀ ਆਈ (ਐਮ ਐਲ) ਲਿਬਰੇਸ਼ਨ ਵੱਲੋਂ ਕੀਤੀ ਗਈ।ਮੀਟਿੰਗ ਵਿੱਚ ਦੋਵਾਂ ਪਾਰਟੀਆਂ ਦੇ ਆਗੂਆਂ ਕਾਮਰੇਡ ਲਾਲ ਚੰਦ ਤੇ ਕਾਮਰੇਡ ਜਸਵੀਰ ਕੌਰ ਨੱਤ ਵੱਲੋਂ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੁੱਖ ਤੌਰ 'ਤੇ ਪੰਜਾਬ ਵਿੱਚ ਅਮਨ ਕਾਨੂੰਨ ਦੀ ਵਿਗੜ ਰਹੀ ਸਥਿਤੀ, ਨਸ਼ਿਆਂ ਦਾ ਵਧ ਰਿਹਾ ਕਾਰੋਬਾਰ, ਭ੍ਰਿਸ਼ਟਾਚਾਰ ਵਿੱਚ ਕਈ ਗੁਣਾ ਵਾਧਾ, ਗੈਂਗਵਾਰ, ਪੰਜਾਬ ਦੇ ਜਨਤਕ ਅਦਾਰਿਆਂ ਦਾ ਨਿੱਜੀਕਰਨ ਤੇ ਚਰਮ ਸੀਮਾ 'ਤੇ ਪਹੁੰਚੀ ਬੇਰੁਜ਼ਗਾਰੀ ਸਹਿਤ ਵਾਤਾਵਰਨ ਦੇ ਮੁੱਦਿਆਂ 'ਤੇ ਫੇਲ੍ਹ ਹੋਈ ਮਾਨ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਪੰਜਾਬ ਵਿੱਚ ਫਾਸ਼ੀਵਾਦੀ/ਮਨੂੰਵਾਦੀ ਤਾਕਤਾਂ ਭਾਜਪਾ ਆਰ.ਐਸ.ਐਸ ਆਪਣੇ ਪੈਰ ਪਸਾਰਨ ਦੀਆਂ ਕੋਸ਼ਿਸ਼ ਕਰ ਰਹੀਆਂ ਹਨ, ਜਿਸਦੇ ਖ਼ਿਲਾਫ਼ ਪੰਜਾਬ ਵਿੱਚ ਕਿਰਤੀਆਂ, ਕਿਸਾਨਾਂ ਸਹਿਤ, ਛੋਟੇ ਦੁਕਾਨਦਾਰਾਂ, ਵਾਪਰੀਆਂ ਨੂੰ ਲਾਮਬੰਦ ਕਰਨ ਲਈ ਖੱਬੇਪੱਖੀ ਪਾਰਟੀਆਂ ਵੱਲੋਂ ਸਿਆਸੀ ਮੁਹਿੰਮ ਚਲਾਈ ਜਾਵੇਗੀ।1 ਸਤੰਬਰ ਤੋਂ 27 ਸਤੰਬਰ ਤੱਕ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਦਿਨ ਨੂੰ ਸਮਰਪਤ ਇਨਕਲਾਬੀ ਮਾਰਚ, ਕਨਵੈਸ਼ਨਾ ਤੇ ਜਨਤਕ ਇਕੱਠ ਕੀਤੇ ਜਾਣਗੇ।ਇਸਦੀ ਤਿਆਰੀ ਵਜੋਂ ਹਲਕਾ ਸਰਦੂਲਗੜ੍ਹ ਦੇ ਪਿੰਡਾਂ ਵਿੱਚ ਪ੍ਰਚਾਰ ਮੁਹਿੰਮ ਚਲਾਉਣ ਤਹਿਤ 13 ਨੂੰ ਹਲਕਾ ਸਰਦੂਲਗੜ੍ਹ ਦੇ ਵਿਧਾਇਕ ਤੇ 16 ਨੂੰ ਹਲਕਾ ਮਾਨਸਾ ਦੇ ਵਿਧਾਇਕਾਂ ਨੂੰ ਮੰਗ ਪੱਤਰ ਦਿੱਤੇ ਜਾਣਗੇ ਤੇ 27 ਨੂੰ ਜਿਲ੍ਹਾ ਪੱਧਰੀ ਕਨਵੈਸ਼ਨ ਕਰਕੇ ਮਾਨ ਸਰਕਾਰ ਖ਼ਿਲਾਫ਼ ਰੋਸ ਮਾਰਚ ਵੀ ਕੱਢਿਆ ਜਾਵੇਗਾ।

# ਪੰਜਾਬੀ ਸਹਿਤ ਅਕਾਦਮੀ ਵੱਲੋਂ ਸਾਹਿਤ ਮੇਲੇ ਦੀ ਵਿਉਂਤਬੰਦੀ



ਲੁਧਿਆਣਾ (ਐੱਮ ਐੱਸ ਭਾਟੀਆ)-ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਚਾਰ ਦਿਨਾ ਪੁਸਤਕ ਮੇਲਾ ਤੇ ਸਾਹਿਤ ਉਤਸਵ 14, 15, 16, 17 ਨਵੰਬਰ ਨੂੰ ਕਰਵਾਉਣ ਦਾ ਫ਼ੈਸਲਾ ਇਸ ਸੰਬੰਧੀ ਬਣਾਈ ਗਈ ਵਿਸ਼ੇਸ਼ ਕਮੇਟੀ ਵੱਲੋਂ ਕੀਤਾ ਗਿਆ।ਫ਼ੈਸਲਾ ਕੀਤਾ ਗਿਆ ਕਿ ਨੈਸ਼ਨਲ ਬੁੱਕ ਟਰੱਸਟ, ਮਿਲਕਫੈੱਡ, ਨਾਰਥ ਜ਼ੋਨ ਕਲਚਰਲ, ਪੰਜਾਬੀ ਸਾਹਿਤ ਸਭਾ ਦਿੱਲੀ ਸੈਂਟਰ ਵਰਗੀਆਂ ਸੰਸਥਾਵਾਂ ਦੇ ਸਹਿਯੋਗ ਨਾਲ ਵੱਡਾ ਉਤਸਵ ਮਨਾਇਆ ਜਾਵੇਗਾ।ਇਹ ਉਤਸਵ ਪੰਜਾਬੀ ਭਵਨ ਲੁਧਿਆਣਾ ਵਿਖੇ ਹੋਵੇਗਾ।ਇਸ ਵਿੱਚ ਸਰਕਾਰੀ ਤੇ ਗ਼ੈਰ-ਸਰਕਾਰੀ ਸਹਿਯੋਗ ਲੈ ਕੇ ਵੱਧ ਤੋਂ ਵੱਧ ਲੋਕਾਂ ਨੂੰ ਪੁਸਤਕਾਂ ਤੇ ਸਾਹਿਤ ਨਾਲ ਜੋੜਨ ਦਾ ਯਤਨ ਕੀਤਾ ਜਾਵੇਗਾ।ਇਸ ਮੇਲੇ ਲਈ ਪੁਸਤਕਾਂ ਦੇ ਵਿਸ਼ੇਸ਼ਕਰ ਪ੍ਰਚੂਨ ਵਿਕ੍ਰੇਤਾਵਾਂ ਨੂੰ ਸੱਦਾ ਦਿੱਤਾ ਜਾਵੇਗਾ। ਲੋਕਾਂ ਦੀ ਵਧੇਰੇ ਸਹੂਲੀਅਤ ਲਈ ਮੇਲੇ ਦੇ ਉਦਘਾਟਨ ਤੇ ਸਮਾਪਤੀ ਸਮੇਂ ਕੌਮੀ ਪੱਧਰੀ ਸਾਹਿਤਕ ਸ਼ਖ਼ਸੀਅਤਾਂ ਨੂੰ ਬੁਲਾਇਆ ਜਾਵੇਗਾ।ਇਸ ਕਾਰਜ ਲਈ ਸਕੂਲਾਂ, ਕਾਲਜਾਂ ਤੇ ਸਾਹਿਤਕ ਸੰਸਥਾਵਾਂ ਦਾ ਭਰਵਾਂ ਸਹਿਯੋਗ ਲੈਣ ਦਾ ਯਤਨ ਕੀਤਾ ਜਾਵੇਗਾ।ਮੀਟਿੰਗ ਵਿੱਚ ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ, ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ, ਸੰਯੋਜਕ ਖ਼ੁਸ਼ਵੰਤ ਬਰਗਾੜੀ, ਮੀਤ ਪ੍ਰਧਾਨ ਡਾ. ਅਰਵਿੰਦਰ ਕੌਰ ਕਾਕੜਾ, ਡਾ. ਗੁਰਚਰਨ ਕੌਰ ਕੋਚਰ, ਤ੍ਰੈਲੋਚਨ ਲੋਚੀ, ਜਨਮੇਜਾ ਸਿੰਘ ਜੌਹਲ ਤੇ ਦੀਪ ਦਿਲਬਰ ਸ਼ਾਮਲ ਸਨ।

# ਟੈਗੋਰ ਦੇ ਖਿਡਾਰੀਆਂ ਦੀ ਸੂਬਾ ਪੱਧਰੀ ਖੇਡਾਂ ਲਈ ਚੋਣ



ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)-ਪਿੰਡ ਨਾਗਰਾ ਦੇ ਸਰਕਾਰੀ ਸਕੂਲ ਵਿੱਚ ਹੋਈ ਜ਼ਿਲ੍ਹਾ ਪੱਧਰੀ ਸਰਕਲ ਕਬੱਡੀ ਵਿੱਚ ਟੈਗੋਰ ਵਿਦਿਆਲਿਆ ਦੇ ਦੋ ਖਿਡਾਰੀਆਂ ਪਰਵਿੰਦਰ ਸਿੰਘ ਤੇ ਸਾਵਨਜੋਤ ਕੌਰ ਨੇ ਅੰਡਰ-19 ਸਰਕਲ ਕਬੱਡੀ ਵਿੱਚ ਭਾਗ ਲਿਆ ਅਤੇ ਦੋਵੇਂ ਖਿਡਾਰੀ ਸਟੇਟ ਲੈਵਲ ਲਈ ਸਿਲੈਕਟ ਹੋਏ, ਜੋਕਿ 17 ਸਤੰਬਰ ਤੋਂ 20 ਸਤੰਬਰ 2024 ਨੂੰ ਰੂਪਨਗਰ ਵਿੱਚ ਹੋ ਰਹੀ ਹੈ ਅਤੇ ਸਾਵਨਜੋਤ ਕੌਰ ਅੰਡਰ-19 ਕ੍ਰਿਕਟ ਦੇ ਸਟੇਟ ਲੈਵਲ ਲਈ ਵੀ ਸਿਲੈਕਟ ਹੋਈ, ਜੋਕਿ 15 ਅਕਤੂਬਰ ਤੋਂ 19 ਅਕਤੂਬਰ 2024 ਨੂੰ ਐੱਸ ਐੱਸ ਏ ਨਗਰ ਮੋਹਾਲੀ ਵਿੱਚ ਹੋ ਰਹੀ ਹੈ।ਇਸ ਮੌਕੇ ਖਿਡਾਰੀਆਂ ਦੇ ਵਧੀਆ ਪ੍ਰਦਰਸ਼ਨ ਲਈ ਪ੍ਰਿੰਸੀਪਲ ਜਸਵਿੰਦਰ ਕੌਰ, ਮੈਨੇਜਮੈਂਟ ਮੈਂਬਰ ਕੁਲਦੀਪ ਸਿੰਘ, ਗੋਬਿੰਦ ਸਿੰਘ, ਜਤਿੰਦਰ ਰਿਸ਼ੀ ਨੇ ਦੋਵੇਂ ਖਿਡਾਰੀਆਂ ਤੇ ਡੀ. ਪੀ. ਈ. ਗੁਰਪ੍ਰੀਤ ਸਿੰਘ, ਡੀ. ਪੀ. ਈ. ਸੁਨੀਤਾ ਸ਼ਰਮਾ ਤੇ ਪਰਮਿੰਦਰ ਸਿੰਘ ਨੂੰ ਵਧਾਈਆਂ ਦਿੱਤੀਆਂ।

# ਮਕਾਨ ਦੀ ਛੱਤ ਡਿੱਗੀ



ਮਲੋਟ (ਗੁਰਮੀਤ ਸਿੰਘ ਮੱਕੜ)-ਪਟੇਲ ਨਗਰ ਨੇੜੇ ਬਾਬਾ ਪ੍ਰੇਮ ਦਾਸ ਦੇ ਡੇਰੇ ਨਜ਼ਦੀਕ ਇੱਕ ਮਕਾਨ ਦੀ ਬੀਤੀਂ ਰਾਤ 11 ਵਜੇ ਦੇ ਕਰੀਬ ਛੱਤ ਡਿੱਗਣ ਕਾਰਨ ਸਮਾਨ ਦਾ ਕਾਫ਼ੀ ਨੁਕਸਾਨ ਹੋ ਗਿਆ, ਪ੍ਰੰਤੂ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਮਕਾਨ ਦੇ ਮਾਲਕ ਬੰਸੀ ਲਾਲ ਨੇ ਦੱਸਿਆ ਕਿ ਬੀਤੀ ਰਾਤ ਉਨ੍ਹਾਂ ਦੇ ਮਕਾਨ ਦੀ ਛੱਤ ਡਿੱਗ ਗਈ, ਜਿਸ ਨਾਲ ਮਕਾਨ ਦੇ ਅੰਦਰ ਪਿਆ ਸਾਰਾ ਸਮਾਨ ਟੁੱਟ ਗਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਸਾਰਾ ਪਰਵਾਰ ਅੰਦਰ ਹੀ ਸੌਂਦਾ ਸੀ, ਪ੍ਰੰਤੂ ਬੀਤੀਂ ਰਾਤ ਉਹ ਬਾਹਰ ਸ਼ੈੱਡ ਥੱਲੇ ਹੀ ਸੌਂ ਗਏ, ਜਿਸ ਨਾਲ ਉਨ੍ਹਾਂ ਦਾ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਉਨ੍ਹਾਂ ਵੱਲੋਂ ਪ੍ਰਸ਼ਾਸਨ ਤੋਂ ਗੁਹਾਰ ਲਗਾਈ ਕਿ ਉਨ੍ਹਾਂ ਦੀ ਆਰਥਿਕ ਮੱਦਦ ਕੀਤੀ ਜਾਵੇ।

# ਬਾਬਾ ਫ਼ਰੀਦ ਆਗਮਨ ਪੁਰਬ ਦੀਆਂ ਤਿਆਰੀਆਂ ਲਈ ਅਹਿਮ ਮੀਟਿੰਗ

## ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ ਲਈ ਅਰਜ਼ੀਆਂ ਮੰਗੀਆਂ



ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)-ਬਾਬਾ ਫ਼ਰੀਦ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਨਗਰੀ ਫਰੀਦਕੋਟ ਵਿਖੇ ਸੂਫ਼ੀ ਮੱਤ ਦੇ ਮੋਢੀ ਅਤੇ ਪੰਜਾਬੀ ਜ਼ੁਬਾਨ ਦੇ ਆਦਿ ਕਵੀ ਵਜੋਂ ਜਾਣੇ ਜਾਂਦੇ ਬਾਬਾ ਸ਼ੇਖ ਫ਼ਰੀਦ ਜੀ ਨੂੰ ਸਮਰਪਤ ਇਸ ਵਾਰ 19 ਤੋਂ 23 ਸਤੰਬਰ ਤੱਕ ਮਨਾਏ ਜਾ ਰਹੇ ਬਾਬਾ ਫਰੀਦ ਆਗਮਨ-ਪੁਰਬ ਦੌਰਾਨ ਕਰਾਈਆਂ ਜਾਣ ਵਾਲੀਆਂ ਗਤੀਵਿਧੀਆਂ ਨੂੰ ਯਾਦਗਾਰੀ ਤੇ ਬੇਮਿਸਾਲ ਬਣਾਉਣ ਲਈ ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਹੇਠ ਇੱਕ ਮੀਟਿੰਗ ਕੀਤੀ ਗਈ।

ਮੀਟਿੰਗ ਵਿੱਚ ਬਾਬਾ ਫ਼ਰੀਦ ਧਾਰਮਿਕ ਸੰਸਥਾਵਾਂ ਤੋਂ ਡਾ. ਗੁਰਇੰਦਰ ਮੋਹਨ ਸਿੰਘ ਤੇ ਸੁਰਿੰਦਰ ਸਿੰਘ ਰੋਮਾਣਾ ਨੇ ਦੱਸਿਆ ਕਿ 12 ਤੋਂ 14 ਸਤੰਬਰ ਤੱਕ ਸਕੂਲੀ ਵਿਦਿਆਰਥੀਆਂ ਦੇ ਵੱਖ-ਵੱਖ ਧਾਰਮਿਕ ਮੁਕਾਬਲੇ ਕਰਾਏ ਜਾਣਗੇ ਅਤੇ 19 ਸਤੰਬਰ ਨੂੰ ਮੇਲੇ ਦੀ ਸ਼ੁਰੂਆਤ ਟਿੱਲਾ ਬਾਬਾ ਫ਼ਰੀਦ ਅਤੇ ਗੁ. ਗੋਦੜੀ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਕੀਤੀ ਜਾਵੇਗੀ, 20 ਸਤੰਬਰ ਨੂੰ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਕਥਾ ਅਤੇ ਕੀਰਤਨ ਸਮਾਗਮ ਕਰਾਏ ਜਾਣਗੇ।21 ਸਤੰਬਰ ਨੂੰ ਟਿੱਲਾ ਬਾਬਾ ਫ਼ਰੀਦ ਵਿਖੇ ਸ੍ਰੀ ਆਖੰਡ ਸਾਹਿਬ ਦੇ ਪਾਠ ਦਾ ਆਰੰਭ ਕੀਤਾ ਜਾਵੇਗਾ ਅਤੇ ਸ਼ਾਮ ਨੂੰ ਗੋਦੜੀ ਸਾਹਿਬ ਵਿਖੇ ਕਥਾ ਦਰਬਾਰ ਹੋਣਗੇ।22 ਸਤੰਬਰ ਨੂੰ ਗੁ. ਗੋਦੜੀ ਸਾਹਿਬ ਵਿਖੇ ਕੀਰਤਨ ਸਮਾਗਮ ਕਰਾਏ ਜਾਣਗੇ।ਮੇਲੇ ਦੇ ਆਖਰੀ ਦਿਨ 23 ਸਤੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਵਿਸ਼ਾਲ ਨਗਰ-ਕੀਰਤਨ ਗੁਰਦੁਆਰਾ ਟਿੱਲਾ ਬਾਬਾ ਫ਼ਰੀਦ ਜੀ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਗੋਦੜੀ ਸਾਹਿਬ ਪੁਹੰਚੇਗਾ ਤੇ ਗੁਰਦੁਆਰਾ ਗੋਦੜੀ ਸਾਹਿਬ ਦੇ ਦੀਵਾਨ ਹਾਲ ਵਿੱਚ ਧਾਰਮਿਕ ਦੀਵਾਨ ਸਜਾਏ ਜਾਣਗੇ ਤੇ ਇਸੇ ਦਿਨ ਹੀ ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ ਵੀ ਪ੍ਰਦਾਨ ਕੀਤਾ ਜਾਵੇਗਾ।ਉਨ੍ਹਾਂ ਨੇ ਕਿਹਾ ਕਿ ਸੁਸਾਇਟੀ ਵੱਲੋਂ ਇਸ ਐਵਾਰਡ ਲਈ ਅਰਜ਼ੀਆਂ ਦੀ ਮੰਗ ਕੀਤੀ ਜਾਂਦੀ ਹੈ, ਜਿਸ ਦੀ ਆਖਰੀ ਮਿਤੀ 8 ਸਤੰਬਰ ਹੈ ਅਤੇ ਇਹ ਅਰਜ਼ੀਆਂ 8 ਸਤੰਬਰ ਤੋਂ ਪਹਿਲਾਂ-ਪਹਿਲਾਂ ਬਾਬਾ ਫ਼ਰੀਦ ਪਬਲਿਕ ਸਕੂਲ ਦੇ ਦਫ਼ਤਰ ਵਿਖੇ ਪਹੁੰਚਣੀਆਂ ਯਕੀਨੀ ਬਣਾਇਆ ਜਾਵੇ।

# ਸੁਖਦੇਵ ਸ਼ਰਮਾ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ

ਭਗਤਾ ਭਾਈ ਕਾ (ਰਾਜੀਵ ਗੋਇਲ)-ਬੀਤੇ ਦਿਨੀਂ ਦੁਨੀਆ ਤੋਂ ਰੁਖ਼ਸਤ ਹੋਏ ਸੁਖਦੇਵ ਸ਼ਰਮਾ ਦੀਅੰਤਮ ਅਰਦਾਸ ਮੌਕੇ ਭਾਵ ਭਿੰਨੀਆਂ ਸ਼ਰਧਾਜਲੀਆਂ ਭੇਟ ਕੀਤੀਆਂ ਗਈਆਂ ਤੇ ਪਰਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਵੱਲੋਂ ਸ਼ਰਮਾ ਨੂੰ ਯਾਦ ਕਰਦਿਆਂ ਕਾਫੀ ਵਿਰਲਾਪ ਕੀਤਾ ਗਿਆ। ਸੁਖਦੇਵ ਸ਼ਰਮਾ ਦੀ ਅੰਤਮ ਅਰਦਾਸ ਵਿੱਚ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਵੱਲੋਂ ਹਾਜ਼ਰੀ ਭਰੀ ਗਈ। ਇਸ ਮੌਕੇ ਨਗਰ ਪੰਚਾਇਤ ਦੇ ਪ੍ਰਧਾਨ ਬੂਟਾ ਸਿੰਘ ਸਿੱਧੂ, ਕਾਂਗਰਸੀ ਆਗੂ ਲੱਖਾ ਸਿੰਘ ਸਿੱਧੂ, ਕਰਿਆਨਾ ਯੂਨੀਅਨ ਦੇ ਪ੍ਰਧਾਨ ਰਾਮ ਕੁਮਾਰ ਕੇਸਰਵਾਲੀਆ, ਜਗਮੋਹਨ ਲਾਲ ਕੌਂਸਲਰ, ਆੜਤੀਆ ਯੂਨੀਅਨ ਦੇ ਪ੍ਰਧਾਨ ਵਿਜੈ ਕੁਮਾਰ ਪੱਪੂ, ਸਮਾਜਸੇਵੀ ਬਬਲੇਸ਼ ਕੁਮਾਰ ਬੱਬੀ ਸਿੰਗਲਾ, ਹਰਸ਼ ਕੁਮਾਰ ਭਦੌੜੀਆ, ਸੁਨੀਲ ਕੁਮਾਰ, ਅਸ਼ਵਨੀ ਕੁਮਾਰ, ਪ੍ਰਿੰਸ ਕੁਮਾਰ ਗਰਗ, ਡਿਸਟੀਬਿਊਟਰ ਯੂਨੀਅਨ ਦੇ ਆਗੂ ਕੇਸ਼ਵ ਗੋਇਲ, ਸੇਠ ਜੀਤ ਰਾਮ, ਸੁਰਿੰਦਰ ਕੁਮਾਰ ਭੂੱਟੋ, ਚਿਮਨ ਬਾਂਸਲ, ਅਚੱਲ ਕੁਮਾਰ, ਕੌਰ ਸਿੰਘ ਬਰਾੜ, ਰਾਮ ਸਿੰਘ ਜਿਊਲਰ, ਜੈ ਪਾਲ ਡੋਡ, ਨਰੇਸ਼ ਕੁਮਾਰ, ਅਰਵਿੰਦ ਕੁਮਾਰ ਨਾਨੂੰ, ਤਰਸੇਮ ਸ਼ਰਮਾ, ਵਿਜੈ ਅਰੋੜਾ ਸਮੇਤ ਬਜ਼ਾਰ ਦੇ ਸਮੂਹ ਦੁਕਾਨਦਾਰਾਂ ਵੱਲੋਂ ਹਾਜ਼ਰੀ ਭਰੀ ਗਈ।



# ਮਨਦੀਪ ਸਿੰਘ ਮਾਨ ਟਰੱਕ ਯੂਨੀਅਨ ਦੇ ਨਵੇਂ ਪ੍ਰਧਾਨ ਨਿਯੁਕਤ



ਬਾਘਾ ਪੁਰਾਣਾ (ਮਨੀ ਸਿੰਗਲਾ)-ਆਮ ਆਦਮੀ ਪਾਰਟੀ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਵਿੱਚ ਟਰੱਕ ਯੂਨੀਅਨ ਬਾਘਾ ਪੁਰਾਣਾ ਵਿਖੇ ਇੱਕ ਮੀਟਿੰਗ ਕੀਤੀ ਗਈ, ਜਿੱਥੇ ਕਿ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਟਰੱਕ ਆਪ੍ਰੇਟਰਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਟਰੱਕ ਆਪ੍ਰੇਟਰਾਂ ਦੀ ਸਹਿਮਤੀ ਨਾਲ ਮਨਦੀਪ ਸਿੰਘ ਮਾਨ ਨੂੰ ਟਰੱਕ ਯੂਨੀਅਨ ਬਾਘਾ ਪੁਰਾਣਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਉਨ੍ਹਾਂ ਨਾਲ ਸੁਭਾਸ਼ ਗੋਇਲ ਸਾਬਕਾ ਉੱਪ ਪ੍ਰਧਾਨ ਮਾਰਕਿਟ ਕਮੇਟੀ ਵੀ ਸ਼ਾਮਲ ਸਨ ਅਤੇ ਟਰੱਕ ਯੂਨੀਅਨ ਦਾ ਹਾਲ ਵਿੱਚ ਵੱਡੀ ਗਿਣਤੀ ਵਿੱਚ ਟਰੱਕ ਆਪ੍ਰੇਟਰ ਪਹੁੰਚੇ।ਇਸ ਮੌਕੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ, ਸੁਭਾਸ਼ ਗੋਇਲ ਤੇ ਸਮੂਹ ਆਪ੍ਰੇਟਰਾਂ ਨੇ ਮਨਦੀਪ ਸਿੰਘ ਮਾਨ ਦੇ ਹਾਰ ਪਾ ਕੇ ਲੱਡੂ ਨਾਲ ਮੂੰਹ ਮਿੱਠਾ ਕਰਵਾਇਆਂ ਅਤੇ ਵਧਾਈ ਦਿੱਤੀ।ਇਸ ਮੌਕੇ ਮਨਦੀਪ ਸਿੰਘ ਮਾਨ ਨੇ ਕਿਹਾ ਕਿ ਜੋ ਮੈਨੂੰ ਪ੍ਰਧਾਨਗੀ ਦੀ ਜ਼ਿੰਮੇਵਾਰੀ ਸੌਂਪੀ ਹੈ, ਮੈਂ ਉਸ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਂਵਾਗਾ।ਉਨ੍ਹਾਂ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਵਿਕਰਮਜੀਤ ਸਿੰਘ ਚੇਅਰਮੈਨ ਮਾਰਕਿਟ ਸੁਸਾਇਟੀ, ਸੋਨੀ ਧਾਲੀਵਾਲ, ਅੰਤਰਜੀਤ ਸਿੰਘ ਟਿੰਕੂ ਮੱਲਕੇ, ਮਾ: ਸੁਰਜੀਤ ਸਿੰਘ ਸੁਖਾਨੰਦ, ਰਜਿੰਦਰ ਬੰਸੀ, ਤਰੁਣ ਮਿੱਤਲ, ਅਸ਼ਵਨੀ ਕੁਮਾਰ ਗੋਇਲ, ਸੰਦੀਪ ਗੋਇਲ, ਗੁਰਮੇਲ ਸਿੰਘ ਮੱਲਕੇ, ਧਰਮਵੀਰ ਬੀਰਾ, ਅੰਮ੍ਰਿਤਪਾਲ ਚਨੂੰਵਾਲਾ, ਨਿਰਮਲ ਸਿੰਘ ਮੁਨਸ਼ੀ, ਅਮਨਦੀਪ ਮੁਨਸ਼ੀ, ਸੁਖੀ ਚੀਮਾ, ਪ੍ਰਗਟ ਸਿੰਘ, ਜਗਰੂਪ ਸਿੰਘ, ਸਤੀਸ਼ ਕੁਮਾਰ ਲੱਭੂ ਤੇ ਹੋਰ ਸ਼ਾਮਲ ਸਨ।

# ਕੰਗਣਾ ਰਣੌਤ ਕਿਸਾਨਾਂ 'ਤੇ ਵਿਵਾਦਤ ਟਿੱਪਣੀਆਂ ਕਰਨੀਆਂ ਕਰੇ ਬੰਦ : ਸੁੱਖ ਗਿੱਲ ਮੋਗਾ



ਮੋਗਾ (ਇਕਬਾਲ ਸਿੰਘ ਖਹਿਰਾ)-ਬਿਨਾਂ ਵਜ੍ਹਾ ਸਮੇਂ-ਸਮੇਂ ਕਿਸਾਨਾਂ ਖਿਲਾਫ ਜ਼ਹਿਰ ਉਗਲਣ ਵਾਲੀ ਹਿਮਾਚਲ ਤੋਂ ਨਵੀਂ ਬਣੀ ਮੈਂਬਰ ਪਾਰਲੀਮੈਂਟ ਤੇ ਬਾਲੀਵੁੱਡ ਦੀ ਅਦਾਕਾਰਾ ਕੰਗਣਾ ਰਣੌਤ ਨੇ ਇੱਕ ਵਾਰ ਫਿਰ ਕਿਸਾਨਾਂ ਤੇ ਕਿਸਾਨ ਅੰਦੋਲਨ ਤੇ ਵੱਡੇ ਇਲਜ਼ਾਮ ਲਾਏ ਹਨ, ਉਸ ਨੂੰ ਇਸ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਦੁਨੀਆ ਦਾ ਢਿੱਡ ਭਰਨ ਵਾਲਾ ਅੰਨਦਾਤਾ ਜੇ ਆਪਣੇ ਹੱਕ ਲੈਣ ਲਈ ਸਰਕਾਰਾਂ ਖਿਲਾਫ ਧਰਨਾ ਪ੍ਰਦਰਸ਼ਨ ਕਰਦਾ ਹੈ ਤਾਂ ਕੰਗਣਾ ਰਣੌਤ ਨੂੰ ਕੀ ਤਕਲੀਫ ਹੈ ? ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨੌਜਵਾਨ ਕਿਸਾਨ ਆਗੂ ਸੁੱਖ ਗਿੱਲ ਮੋਗਾ ਸੂਬਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਕੰਗਣਾ ਆਪਣੇ ਆਪ ਤੇ ਆਪਣੀ ਜ਼ੁਬਾਨ 'ਤੇ ਕੰਟਰੋਲ ਕਰੇ ਅਤੇ ਇਨ੍ਹਾਂ ਹਰਕਤਾਂ ਤੋਂ ਬਾਜ਼ ਆਵੇ। ਇਨ੍ਹਾਂ ਕਿਸਾਨਾਂ ਨੂੰ ਕਦੇ ਵੱਖਵਾਦੀ ਤੇ ਕਦੇ ਅੱਤਵਾਦੀ ਕਰਾਰ ਦਿੱਤਾ ਜਾਂਦਾ ਹੈ, ਪੰਜਾਬ ਦੇ ਕਿਸਾਨ ਕਿਸੇ ਵੀ ਵਿਵਾਦ ਵਿੱਚ ਨਹੀਂ ਪੈਣਾ ਚਾਹੁੰਦੇ ਜੇ ਕੋਈ ਨਾ ਟਿਕੇਗਾ ਤਾਂ ਫਿਰ ਕਿਸਾਨ ਵੀ ਕੰਗਣਾ ਨੂੰ ਠੋਕਵਾਂ ਜਵਾਬ ਦੇਣਗੇ। ਸੁੱਖ ਗਿੱਲ ਨੇ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਸਾਰੇ ਆਗੂਆਂ ਨੂੰ ਜਾਣਕਾਰੀ ਦਿੱਤੀ ਕਿ ਹਰ ਮਹੀਨੇ ਦੀ ਤਰ੍ਹਾਂ ਸਤੰਬਰ ਮਹੀਨੇ ਦੀ 2 ਤਰੀਕ ਨੂੰ ਪੰਜਾਬ ਬਾਡੀ ਤੇ ਆਮ ਵਰਕਰਾਂ ਦੀ ਮੀਟਿੰਗ ਸਵੇਰੇ 11 ਵਜੇ ਗੁਰਦੁਆਰਾ ਹਜ਼ੂਰ ਸਾਹਿਬ ਢੋਲੇਵਾਲਾ ਰੋਡ ਧਰਮਕੋਟ ਵਿਖੇ ਹੋਵੇਗੀ ਅਤੇ ਸਾਰੇ ਵਰਕਰਾਂ ਤੇ ਆਗੂਆਂ ਨੂੰ ਮੀਟਿੰਗ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਕੇਵਲ ਸਿੰਘ ਖਹਿਰਾ ਕੌਮੀ ਜਨਰਲ ਸਕੱਤਰ ਪੰਜਾਬ, ਲਖਵਿੰਦਰ ਸਿੰਘ ਕਰਮੂੰਵਾਲਾ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਪਰਮਜੀਤ ਸਿੰਘ ਗਦਾਈਕੇ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਚਮਕੌਰ ਸਿੰਘ ਸੀਤੋ ਕੋਰ ਕਮੇਟੀ ਮੈਂਬਰ, ਗੁਰਜੀਤ ਸਿੰਘ ਭਿੰਡਰ, ਬੇਅੰਤ ਸਿੰਘ ਭਿੰਡਰ, ਨਿਰਮਲ ਸਿੰਘ ਬੱਡੂਵਾਲਾ, ਰਣਜੀਤ ਸਿੰਘ ਚੱਕ ਤਾਰੇਵਾਲਾ ਆਦਿ ਹਾਜ਼ਰ ਸਨ।

# ਜਿਮਖਾਨਾ ਕਲੱਬ ਦੀ ਸਿਆਸਤ 'ਚ ਧਮਾਕਾ, ਪ੍ਰੋਗਰੈਸਿਵ ਤੇ ਗੁਡਵਿੱਲ ਗਰੁੱਪ ਹੋਏ ਇਕੱਠੇ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜਿਮਖਾਨਾ ਕਲੱਬ ਪਟਿਆਲਾ ਦੀ ਸਿਆਸਤ ਵਿੱਚ ਉਸ ਵੇਲੇ ਇੱਕ ਵੱਡਾ ਧਮਾਕਾ ਹੋਇਆ, ਜਦੋਂ ਪ੍ਰੋਗਰੈਸਿਵ ਗਰੁੱਪ ਤੇ ਗੁਡਵਿਲ੍ਹ ਗਰੁੱਪ ਇਕੱਠੇ ਹੋ ਗਏ।ਇਸ ਮੌਕੇ ਦੋਨੋਂ ਗਰੁੱਪਾਂ ਵੱਲੋਂ ਸਾਂਝੇ ਤੌਰ 'ਤੇ ਇੱਕ ਪ੍ਰੈੱਸ ਕਾਨਫਰੰਸ ਕਰਕੇ ਇਸ ਗੱਲ ਦਾ ਰਸਮੀ ਤੌਰ 'ਤੇ ਐਲਾਨ ਕੀਤਾ ਗਿਆ।ਇਸ ਮੌਕੇ ਕਲੱਬ ਦੀ ਕੋਰ ਕਮੇਟੀ ਦੇ ਮੈਂਬਰ ਡਾ. ਮਨਮੋਹਨ ਸਿੰਘ, ਡਾ. ਸਧੀਰ ਵਰਮਾ, ਡਾ. ਸੁਖਦੀਪ ਸਿੰਘ ਬੋਪਾਰਾਏ ਪ੍ਰਧਾਨ ਤੇ ਹਰਪ੍ਰੀਤ ਸੰਧੂ ਸਕੱਤਰ ਜਿਮਖਾਨਾ ਕਲੱਬ ਤੇ ਹੋਰ ਮੈਂਬਰਾਂ ਨੇ ਇਕੱਠੇ ਹੋ ਕੇ ਸਾਂਝੀ ਏਕਤਾ ਦਾ ਐਲਾਨ ਕੀਤਾ।ਇਸ ਮੌਕੇ ਡਾ. ਸੁੱਖੀ ਤੇ ਸੰਧੂ ਨੇ ਸਾਂਝੇ ਤੌਰ 'ਤੇ ਕਿਹਾ ਕਿ ਸਾਰੇ ਹੀ ਕਲੱਬ ਮੈਂਬਰ ਪਰਿਵਾਰ ਦੀ ਤਰ੍ਹਾਂ ਹਨ।ਹਰ ਵੇਲੇ ਇਲੈਕਸ਼ਨ ਦੇ ਦਿਨਾਂ ਵਿੱਚ ਦੋਨੋਂ ਗਰੁੱਪ ਅਲੱਗ ਅਲੱਗ ਹੋ ਕੇ ਚੋਣਾਂ ਲੜਦੇ ਸਨ, ਜਿਸ ਦਾ ਕਲੱਬ ਦੀ ਸਾਖ 'ਤੇ ਮਾੜਾ ਅਸਰ ਪੈਂਦਾ ਸੀ, ਪਰ ਆਪਸੀ ਏਕਤਾ ਤੇ ਭਾਈਚਾਰੇ ਨੂੰ ਮਜ਼ਬੂਤ ਕਰਦੇ ਹੋਏ ਅੱਜ ਸਾਂਝੇ ਤੌਰ 'ਤੇ ਦੋਨੋਂ ਗਰੁੱਪਾਂ ਨੇ ਇਕੱਠੇ ਹੋਣ ਦਾ ਐਲਾਨ ਕਰਕੇ ਕਲੱਬ ਦੀ ਸਿਆਸਤ ਵਿੱਚ ਨਵਾਂ ਮੋੜ ਲਿਆ ਦਿੱਤਾ।ਇਸ ਮੌਕੇ ਡਾ. ਮਨਮੋਹਨ ਸਿੰਘ ਤੇ ਡਾ. ਸਧੀਰ ਵਰਮਾ ਨੇ ਕਿਹਾ ਕਿ ਦੋਨੋਂ ਗਰੁੱਪਾਂ ਦੇ ਇਕੱਠੇ ਹੋਣ ਨਾਲ ਆਪਸੀ ਭਾਈਚਾਰਾ ਤੇ ਸਾਂਝ ਵੀ ਵਧੇਗੀ ਅਤੇ ਭਵਿੱਖ ਵਿੱਚ ਕਲੱਬ ਮੈਂਬਰਾਂ ਨੂੰ ਹੋਰ ਵਧੀਆ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਮੌਕੇ ਦੋਨੇ ਗਰੁੱਪਾਂ ਦੇ ਮੈਂਬਰਾਂ ਵੱਲੋਂ ਇਸ ਗੱਲ ਦਾ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਅਨਿਲ ਅਰੋੜਾ ਸੀ ਏ, ਵਿਕਾਸ ਪੁਰੀ, ਦੀਪਕ ਕੰਪਾਨੀਂ, ਸੰਤੋਖ ਸਿੰਘ, ਕੇ.ਵੀ.ਐੱਸ. ਸਿੱਧੂ, ਰਜਿੰਦਰ ਢੋਡੀ, ਨਰੇਸ਼ ਗੁਪਤਾ, ਰਵਿੰਦਰ ਗੁਪਤਾ, ਵਿਪਨ ਸ਼ਰਮਾ, ਜੀ ਐੱਸ ਢੀਂਡਸਾ, ਕੁੰਦਨ ਸਿੰਘ ਨਾਗਰਾ, ਕੇ ਕੇ ਮਲਹੋਤਰਾ, ਵਿਨੋਦ ਸ਼ਰਮਾ, ਨੀਰਜ ਵਤਸ, ਪ੍ਰੋ. ਰਜਨੀਸ਼ ਸਹਿਗਲ, ਇੰਜੀ ਏ ਪੀ ਗਰਗ, ਸੱਤ ਪ੍ਰਕਾਸ਼ ਗੋਇਲ, ਹਰਿੰਦਰ ਕਾਲਾ, ਰਾਧੇ ਸ਼ਾਮ ਗੋਇਲ, ਐਡ. ਜਗਮੋਹਨ ਸੈਣੀ, ਐਡ. ਰਵਿੰਦਰ ਕੌਸ਼ਲ, ਐੱਚ. ਐੱਸ. ਬਾਠ, ਬੀ ਡੀ ਗੁਪਤਾ, ਡਾ. ਸੰਜੇ ਬੰਸਲ, ਸੰਜੀਵ ਮਲਹੋਤਰਾ, ਮੋਹਿਤ ਢੋਡੀ, ਜਤਿਨ ਗੋਇਲ, ਡਾ. ਅੰਸ਼ੂਮਨ ਖਰਬੰਦਾ ਤੇ ਹੋਰ ਮੈਂਬਰਾਂ ਵੱਲੋਂ ਇਸ ਸਾਂਝ ਦਾ ਦਿਲੋਂ ਸਵਾਗਤ ਕੀਤਾ ਗਿਆ।

# ਬਾਬਾ ਸ੍ਰੀ ਚੰਦ ਦਾ ਜਨਮ ਦਿਹਾੜਾ ਖੇੜੀ ਨਗਾਈਆਂ 'ਚ ਮਨਾਇਆ ਜਾਵੇਗਾ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਉਦਾਸੀਨ ਸੰਪ੍ਰਦਾਇ ਸੰਤ ਬਾਬਾ ਧੂਣੀ ਦਾਸ ਅਤੇ ਸੰਤ ਬਾਬਾ ਬੁੱਧ ਦਾਸ ਦੇ ਧਾਰਮਿਕ ਅਸਥਾਨ-ਬੁਰਜ ਟਿੱਲਾ ਪਿੰਡ ਖੇੜੀ ਨਗਾਈਆਂ ਦੇ ਮਹੰਤ ਬਾਬਾ ਪ੍ਰਗਟ ਦਾਸ ਨੇ ਦੱਸਿਆ ਕਿ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਮਹਾਰਾਜ ਦਾ ਜਨਮ ਦਿਹਾੜਾ 12 ਸਤੰਬਰ ਨੂੰ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ।ਬਾਬਾ ਪ੍ਰਗਟ ਦਾਸ ਨੇ ਦੱਸਿਆ ਕਿ ਬਾਬਾ ਸ੍ਰੀ ਚੰਦ ਮਹਾਨ ਸੇਵਾ ਤੇ ਸਿਮਰਨ ਕਰਨ ਵਾਲੇ ਤੇ ਸ਼ਕਤੀਆਂ ਦੇ ਭੰਡਾਰ ਸਨ।ਉਨ੍ਹਾਂ ਦਾ 530 ਵੇਂ ਜਨਮ ਦਿਹਾੜੇ 'ਤੇ 12 ਸਤੰਬਰ ਭਾਦੋਂ ਸੁਦੀ ਨੌਮੀ ਦੇ ਸ਼ੁਭ ਅਵਸਰ ਨੂੰ ਮੁੱਖ ਰੱਖਦਿਆਂ ਸਾਰੇ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਸ਼ੁਭ ਦਿਹਾੜੇ 'ਤੇ ਹਰ ਸਾਲ ਲਈ ਛੁੱਟੀ ਅਤੇ ਪੰਜਾਬੀ ਯੂਨੀਵਰਸਿਟੀ ਵਿੱਚ ਚੇਅਰ ਸਥਾਪਤ ਕੀਤੀ ਜਾਵੇ।ਉਨ੍ਹਾਂ ਆਖਿਆ ਕਿ ਬਾਬਾ ਸ੍ਰੀ ਚੰਦ ਜੀ ਮਹਾਰਾਜ ਉਦਾਸੀਨ ਸੰਪ੍ਰਦਾਇ ਨੂੰ ਪ੍ਰਫੁੱਲਿਤ ਕਰਨ ਵਾਲੇ ਹਨ, ਜਿਸ ਕਰਕੇ ਬਾਬਾ ਸ੍ਰੀ ਚੰਦ ਦੇ ਬਹੁਤ ਡੇਰੇ ਅਤੇ ਧਾਰਮਿਕ ਅਸਥਾਨ ਪੰਜਾਬ ਤੋਂ ਇਲਾਵਾ ਹੋਰ ਰਾਜਾਂ ਵਿਚ ਵੀ ਹਨ। ਜ਼ਿਕਰਯੋਗ ਹੈ ਕਿ ਇਹ ਮੰਗ ਪਹਿਲਾਂ ਵੀ ਉਦਾਸੀਨ ਭੇਖ ਭਗਵਾਨ ਮੰਡਲ ਪੰਜਾਬ ਵੱਲੋਂ ਕੀਤੀ ਗਈ ਹੈ।

# ਭਗਵੰਤ ਮਾਨ ਆਰ ਐੱਮ ਪੀ ਡਾਕਟਰਾਂ ਨਾਲ ਕੀਤਾ ਵਾਅਦਾ ਪੂਰਾ ਕਰੇ : ਹਰਮੀਤ ਲਾਡੀ



ਮੋਗਾ (ਇਕਬਾਲ ਸਿੰਘ ਖਹਿਰਾ)-ਪਿੰਡਾਂ ਤੇ ਕਸਬਿਆਂ ਵਿੱਚ ਸਿਹਤ ਸੇਵਾਵਾਂ ਨਿਭਾਅ ਰਹੇ ਆਰ ਐੱਮ ਪੀ ਡਾਕਟਰਾਂ ਨੇ ਜ਼ਿਲ੍ਹਾ ਪੱਧਰੀ ਮੀਟਿੰਗ ਕਰਕੇ ਪੰਜਾਬ ਸਰਕਾਰ ਨੂੰ ਪੰਜਾਬ ਸਰਕਾਰ ਨੂੰ ਚੇਤਾਵਾਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰਾਂ ਨੇ ਉਨ੍ਹਾਂ ਨੂੰ ਮਾਨਤਾ ਨਾ ਦਿੱਤੀ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਹਰਜੀਤ ਸਿੰਘ ਲਾਡੀ ਤੇ ਜਨਰਲ ਸਕੱਤਰ ਅਜੀਤ ਸਿੰਘ ਜਨੇਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੋਟਾਂ ਤੋਂ ਪਹਿਲਾਂ ਪ੍ਰੈਕਟੀਸ਼ਨਰ ਮੈਡੀਕਲ ਐਸੋਸੀਏਸ਼ਨ ਨਾਲ ਵਾਅਦਾ ਕੀਤਾ ਸੀ ਕਿ ਪੰਜਾਬ ਆਮ ਆਦਮੀ ਪਾਰਟੀ ਸਰਕਾਰ ਬਣਨ ਤੋਂ ਤੁਰੰਤ ਬਾਅਦ ਪੰਜਾਬ ਭਰ ਦੇ ਆਰ.ਐੱਮ.ਪੀ. ਡਾਕਟਰਾਂ ਨੂੰ ਰਜਿਸਟ੍ਰੇਸ਼ਨ ਦਿੱਤੀ ਜਾਵੇਗੀ, ਪਰ ਢਾਈ ਸਾਲ ਦਾ ਸਮਾਂ ਲੰਘਣ ਦੇ ਬਾਵਜੂਦ ਪੰਜਾਬ ਸਰਕਾਰ ਨੇ ਆਪਣਾ ਵਾਅਦ ਪੂਰਾ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਸਰਕਾਰ ਰਜਿਸਟ੍ਰੇਸ਼ਨ ਦੇਣ ਦਾ ਵਾਅਦਾ ਕਰਕੇ ਹੁਣ ਆਰ.ਐੱਮ.ਪੀ. ਡਾਕਟਰਾਂ ਨੂੰ ਮਾਨਤਾ ਦੇਣ ਤੋਂ ਭੱਜ ਚੁੱਕੀ ਹੈ। ਆਗੂਆਂ ਨੇ ਕਿਹਾ ਕਿ ਜੇਕਰ ਯੂ ਪੀ, ਬਿਹਾਰ, ਬੰਗਾਲ, ਹਿਮਾਚਲ ਪ੍ਰਦੇਸ਼, ਰਾਜਿਸਥਾਨ ਵਿੱਚ ਸੂਬਾ ਸਰਕਾਰਾਂ ਆਰ.ਐੱਮ.ਪੀ. ਡਾਕਟਰਾਂ ਨੂੰ ਮਾਨਤਾ ਦੇ ਸਕਦੀਆਂ ਹਨ ਤਾਂ ਪੰਜਾਬ ਵਿੱਚ ਕਿਉਂ ਨਹੀਂ? ਇਸ ਮੌਕੇ ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਆਪਣਾ ਵਾਅਦਾ ਪੂਰਾ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਆਰ.ਐੱਮ.ਪੀ. ਡਾਕਟਰਾਂ ਵੱਲੋਂ ਸਰਕਾਰ ਦਾ ਵੱਡੇ ਪੱਧਰ 'ਤੇ ਵਿਰੋਧ ਕੀਤਾ ਜਾਵੇਗਾ।

# ਵੱਖ-ਵੱਖ ਸਕੂਲਾਂ 'ਚ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

ਮਲੋਟ (ਗੁਰਮੀਤ ਸਿੰਘ ਮੱਕੜ) : ਸਥਾਨਕ ਡੀ.ਏ.ਵੀ. ਪਬਲਿਕ ਸਕੂਲ ਵਿਖੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਸੰਧਿਆ ਬਠਲਾ ਦੀ ਅਗਵਾਈ ਹੇਠ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਸਾਰੇ ਵਿਦਿਆਰਥੀਆਂ ਨੂੰ ਭਗਵਾਨ ਕ੍ਰਿਸ਼ਨ ਦੇ ਜੀਵਨ ਨਾਲ ਸਬੰਧਤ ਪ੍ਰੇਰਨਾਦਾਇਕ ਕਹਾਣੀਆਂ ਸੁਣਾ ਕੇ ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਉਪਰੰਤ ਭਗਵਾਨ ਕ੍ਰਿਸ਼ਨ ਦੀ ਪੁਸ਼ਾਕ ਵਿੱਚ ਸਜੇ ਕਈ ਲੜਕੇ-ਲੜਕੀਆਂ ਨੇ ਡਾਂਸ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਭਗਵਾਨ ਕ੍ਰਿਸ਼ਨ ਦੇ ਜੀਵਨ ਨਾਲ ਸਬੰਧਤ ਲਘੂ ਨਾਟਕ ਪੇਸ਼ ਕੀਤਾ। ਇਸ ਮੌਕੇ ਪ੍ਰਿੰਸੀਪਲ ਸੰਧਿਆ ਬਠਲਾ ਨੇ ਕਿਹਾ ਕਿ ਭਗਵਾਨ ਕ੍ਰਿਸ਼ਨ ਨੇ ਗੀਤਾ ਦੇ ਮਹਾਨ ਗ੍ਰੰਥ ਦਾ ਪ੍ਰਚਾਰ ਕੀਤਾ, ਜੋ ਸਾਰੇ ਵੇਦਾਂ ਦਾ ਸਾਰ ਹੈ, ਜਿਸ ਵਿੱਚ ਮਨੁੱਖ ਨੂੰ ਹਮੇਸ਼ਾ ਕੰਮ ਕਰਨ ਦੀ ਪ੍ਰੇਰਨਾ ਦਿੱਤੀ ਗਈ ਹੈ। ਭਾਵ ਕਿ ਕੰਮ ਕਰੋ, ਕਦੇ ਵੀ ਨਤੀਜੇ ਦੀ ਇੱਛਾ ਨਾ ਕਰੋ। ਜੇਕਰ ਕੋਈ ਵਿਅਕਤੀ ਚੰਗੇ ਕੰਮ ਕਰਦਾ ਹੈ ਤਾਂ ਉਸ ਨੂੰ ਯਕੀਨਨ ਚੰਗੇ ਨਤੀਜੇ ਮਿਲਣਗੇ, ਇਸ ਲਈ ਸਾਨੂੰ ਹਮੇਸ਼ਾ ਆਪਣੇ ਕੰਮਾਂ ਵੱਲ ਧਿਆਨ ਦੇਣਾ ਚਾਹੀਦਾ ਹੈ।




ਬਾਘਾ ਪੁਰਾਣਾ (ਮਨੀ ਸਿੰਗਲਾ) : ਕਿਡਜ਼ੀ ਤੇ ਮਾਊਂਟ ਲਿਟਰਾ ਜ਼ੀ ਸਕੂਲ ਬਾਘਾ ਪੁਰਾਣਾ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ।ਕ੍ਰਿਸ਼ਨ, ਰਾਧਾ, ਮੀਰਾਂ, ਸੁਦਾਮਾ ਦੇ ਰੂਪ ਵਿੱਚ ਪਹਿਰਾਵੇ ਪਾ ਕੇ ਬੱਚਿਆਂ ਨੇ ਭਗਵਾਨ ਕ੍ਰਿਸ਼ਨ ਦੇ ਜੀਵਨ ਇਤਿਹਾਸ ਨੂੰ ਦਰਸਾਉਂਦੀਆਂ ਝਾਕੀਆਂ ਨਾਲ ਤਿਉਹਾਰ ਦੀ ਭਾਵਨਾ ਨੂੰ ਵਧਾਇਆ।ਸਕੂਲ ਵਿੱਚ ਵਿਦਿਆਰਥੀਆਂ ਨੂੰ ਕ੍ਰਿਸ਼ਨ ਜੀ ਨਾਲ ਸੰਬੰਧਤ ਗਤੀਵਿਧੀਆਂ ਜਿਵੇਂ ਬਾਂਸੁਰੀ ਸਜਾਉਣਾ, ਝੂਲਾ ਤੇ ਮੁਕਟ ਬਣਾਉਣਾ ਆਦਿ ਕਰਵਾਈਆਂ ਗਈਆਂ।ਸਕੂਲ ਦੇ ਪ੍ਰਿੰਸੀਪਲ ਗੁਰਦੇਵ ਸਿੰਘ ਤੇ ਡਾਇਰੈਕਟਰ ਸੰਦੀਪ ਮਹਿਤਾ ਨੇ ਇਸ ਸ਼ੁਭ ਦਿਨ 'ਤੇ ਸਾਰੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਕਿਹਾ ਕਿ ਇਸ ਤਿਉਹਾਰ ਦਾ ਧਾਰਮਿਕ ਮਹਤੱਵ ਗੁਆਚਿਆ ਨਹੀਂ ਹੈ, ਇਹ ਤਿਉਹਾਰ ਮਨਾਉਣ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਾਂਝ ਤੇ ਸਤਿਕਾਰ ਦੀ ਕਦਰ ਪੈਦਾ ਕਰਨਾ ਸੀ।ਸੈਂਟਰ ਹੈੱਡ ਮੈਡਮ ਪਰਮਿੰਦਰ ਕੌਰ, ਮੈਡਮ ਖੁਸ਼ਪ੍ਰੀਤ ਕੌਰ ਤੇ ਕਿਡਜ਼ੀ ਕੋਆਰਡੀਨੇਟਰ ਮੈਡਮ ਗੁੰਜਨਦੀਪ ਢਿੱਲੋਂ, ਮਾਊਂਟ ਲਿਟਰਾ ਕੋਆਰਡੀਨੇਟਰ ਮੈਡਮ ਮਿੰਨੀ ਬਾਲਾ ਚਾਹਲ ਨੇ ਸਭ ਨੂੰ ਜਨਮਅਸ਼ਟਮੀ ਦੀ ਵਧਾਈ ਦਿੱਤੀ ਤੇ ਹਮੇਸ਼ਾ ਸੱਚ ਦੀ ਰਾਹ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਹਾਈ ਸਕੂਲ ਕੋਆਰਡੀਨੇਟਰ ਮੁਕੇਸ਼ ਅਰੋੜਾ ਨੇ ਬੱਚਿਆਂ ਦੀਆਂ ਝਾਕੀਆਂ ਤੇ ਗਤੀਵਿਧੀਆਂ ਦੀ ਖੂਬ ਸਰਾਹਨਾ ਕੀਤੀ।




ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ) : ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ ਵਿਖੇ ਸਕੂਲ ਦੇ ਚੇਅਰਮੈਨ ਸ੍ਰ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਜੋਤ ਜਗਾ ਕੇ ਕੀਤੀ ਗਈ।ਉਸ ਤੋਂ ਬਾਅਦ ਕਿੰਡਰ ਗਾਰਡਨ ਦੇ ਨੰਨ੍ਹੇ ਬੱਚਿਆਂ ਵੱਲੋਂ ਡਾਂਸ ਪੇਸ਼ ਕੀਤਾ ਗਿਆ।ਬੱਚਿਆਂ ਨੇ ਰਾਧਾ, ਕ੍ਰਿਸ਼ਨ, ਵਾਸੂਦੇਵ, ਸੁਦਾਮਾ ਤੇ ਦੇਵਕੀ ਜੀ ਦੀਆਂ ਸੁੰਦਰ ਝਾਕੀਆਂ ਪੇਸ਼ ਕੀਤੀਆਂ।ਇਸ ਤੋਂ ਬਾਅਦ ਸਕੂਲ ਦੇ ਪ੍ਰਿੰਸੀਪਲ ਮੈਡਮ ਸੁਮਨ ਰਾਣੀ ਨੇ ਬੱਚਿਆਂ ਨੂੰ ਜਨਮ ਅਸ਼ਟਮੀ ਦੀ ਮਹੱਤਤਾ ਤੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ।ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਕੂਲ ਦੇ ਪ੍ਰਿੰਸੀਪਲ ਮੈਡਮ ਸੁਮਨ ਰਾਣੀ, ਵਾਈਸ ਪ੍ਰਿੰਸੀਪਲ ਮੈਡਮ ਸੋਨੀਆ, ਕੋ-ਆਡੀਨੇਟਰ ਮੈਡਮ ਪੂਨਮ ਸ਼ਰਮਾ, ਮੈਡਮ ਸੁਨੀਤਾ, ਮੈਡਮ ਅਰਮਾਨ, ਮੈਡਮ ਰਜਨੀ, ਮੈਡਮ ਜੋਤੀ, ਮੈਡਮ ਸਿਫਾਲੀ, ਮੈਡਮ ਸਿਮਰਜੀਤ, ਮੈਡਮ ਅਮਨਦੀਪ, ਮੈਡਮ ਰਣਜੀਤ ਤੇ ਸਮੂਹ ਸਟਾਫ ਨੇ ਆਪਣਾ ਸਹਿਯੋਗ ਦਿੱਤਾ।

ਜੈਤੋ (ਸਤੀਸ਼ ਕੁਮਾਰ ਭੀਗੀ) : ਜੈਤੋ ਦੀ ਨਾਮਵਰ ਸਿੱਖਿਆ ਸੰਸਥਾ ਅਲਾਇੰਸ ਇੰਟਰਨੈਸ਼ਨਲ ਸਕੂਲ ਵੱਲੋਂ ਨਿਵੇਕਲੇ ਅੰਦਾਜ਼ ਰਾਹੀਂ ਜਨਮ ਅਸ਼ਟਮੀ ਮਨਾਉਂਦੇ ਹੋਏ ਸਕੂਲ ਦੇ ਪ੍ਰਾਂਗਣ ਵਿਖੇ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਕੀਤੀ ਗਈ, ਜਿਸ ਵਿੱਚ ਨਰਸਰੀ ਤੋਂ ਅੱਠਵੀਂ ਤੱਕ ਦੇ ਸਾਰੇ ਵਿਦਿਆਰਥੀਆਂ ਵੱਲੋਂ ਡਾਂਸ, ਕੋਰੀਅਨ




ਗ੍ਰਾਫਿਕਸ, ਸਕਿੱਟ ਤੇ ਗਤੀਵਿਧੀਆਂ ਕਰਵਾਈਆਂ ਗਈਆਂ। ਸਕੂਲ ਦੇ ਵਿਦਿਆਰਥੀਆਂ ਨੇ ਡਾਂਸ ਪੇਸ਼ ਕੀਤਾ, ਜਿਸ ਵਿੱਚ ਰਾਧਾ ਕ੍ਰਿਸ਼ਨ ਦੀ ਪ੍ਰੇਮ ਲੀਲ੍ਹਾ ਨੂੰ ਦਿਖਾਇਆ ਗਿਆ, ਕਵੀ ਰਸਖਾਨ ਦੇ ਦੋਹੇ ਨੂੰ ਆਪਣੀ ਕਲਾ ਦੁਬਾਰਾ ਪ੍ਰਦਰਸ਼ਤ ਕੀਤਾ। ਇਸ ਮੌਕੇ ਸਕੂਲ ਦੇ ਅਧਿਆਪਕਾਂ ਦੁਆਰਾ ਸ਼ਰਵਨ ਕੁਮਾਰ ਦੀ ਜੀਵਨੀ 'ਤੇ ਨਾਟਕ ਪੇਸ਼ ਕੀਤਾ ਗਿਆ। ਅੰਤ ਵਿੱਚ ਸਕੂਲ ਪ੍ਰਬੰਧਨ ਕਮੇਟੀ ਤੇ ਸਕੂਲ ਦੀ ਪ੍ਰਿੰਸੀਪਲ ਮੈਡਮ ਗੁਰਸੇਵਕ ਕੌਰ ਮਾਨ ਨੇ ਸਮੂਹ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ।




ਬਾਘਾ ਪੁਰਾਣਾ (ਮਨੀ ਸਿੰਗਲਾ) : ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਨੂੰ ਫੁੱਲਾਂ ਨਾਲ ਸਜਾਇਆ ਗਿਆ ਤੇ ਭਗਵਾਨ ਕ੍ਰਿਸ਼ਨ ਜੀ ਦੇ ਬਚਪਨ ਦੀਆਂ ਝਾਕੀਆਂ ਤੇ ਤਸਵੀਰਾਂ ਵੀ ਸਜਾਈਆਂ ਗਈਆਂ।ਪ੍ਰੋਗਰਾਮ ਦੀ ਸ਼ੁਰੂਆਤ ਭਗਵਾਨ ਕ੍ਰਿਸ਼ਨ ਦੀ ਆਰਤੀ ਤੇ ਪੂਜਾ ਨਾਲ ਕੀਤੀ ਗਈ। ਇਸ ਤੋਂ ਬਾਅਦ ਬੱਚਿਆਂ ਨੇ ਸ੍ਰੀ ਕ੍ਰਿਸ਼ਨ ਦੀਆਂ ਲੀਲ੍ਹਾਵਾਂ 'ਤੇ ਅਧਾਰਤ ਨਾਚ-ਨਾਟਕ ਪੇਸ਼ ਕੀਤਾ। ਬੱਚਿਆਂ ਨੇ ਰਾਧਾ-ਕ੍ਰਿਸ਼ਨ ਦਾ ਰੂਪ ਧਾਰ ਕੇ ਮਨਮੋਹਕ ਪੇਸ਼ਕਾਰੀਆਂ ਦਿੱਤੀਆਂ।ਸਕੂਲ ਦੀ ਪ੍ਰਿੰਸੀਪਲ ਜੀਨਮ ਗਰਗ ਤੇ ਚੇਅਰਮੈਨ ਤਰਸੇਮ ਲਾਲ ਗਰਗ ਨੇ ਬੱਚਿਆਂ ਨੂੰ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਦੱਸਿਆ।ਉਨ੍ਹਾਂ ਕਿਹਾ ਕਿ ਭਗਵਾਨ ਕ੍ਰਿਸ਼ਨ ਦਾ ਜੀਵਨ ਸਾਨੂੰ ਸੱਚ, ਧਰਮ ਤੇ ਕਰਮ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ।ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਨੂੰ ਪ੍ਰਸ਼ਾਦ ਵੰਡਿਆ ਗਿਆ।ਸਕੂਲ ਦੇ ਇਸ ਸਮਾਗਮ ਨੇ ਬੱਚਿਆਂ ਤੇ ਹਾਜ਼ਰ ਸਰੋਤਿਆਂ ਦੇ ਮਨਾਂ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਤਿਉਹਾਰ ਸਬੰਧੀ ਉਤਸ਼ਾਹ ਤੇ ਸ਼ਰਧਾ ਦੀ ਭਾਵਨਾ ਪੈਦਾ ਕੀਤੀ।




ਜੈਤੋ (ਸਤੀਸ਼ ਕੁਮਾਰ ਭੀਗੀ) : ਸ਼ਿਵਾਲਿਕ ਕਿਡਜ਼ ਸਕੂਲ ਵਿੱਚ ਜਨਮ ਅਸ਼ਟਮੀ ਸਬੰਧੀ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਵਿੱਚ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਬੱਚਿਆਂ ਵੱਲੋਂ ਜਨਮ ਅਸ਼ਟਮੀ ਨਾਲ ਸਬੰਧਤ ਕਵਿਤਾਵਾਂ, ਗੀਤ ਤੇ ਨਾਚ ਪੇਸ਼ ਕੀਤੇ ਗਏ।ਨਰਸਰੀ ਤੋਂ ਤੀਜੀ ਜਮਾਤ ਤੱਕ ਦੇ ਬੱਚਿਆਂ ਨੇ ਵੱਖ-ਵੱਖ ਸੁੰਦਰ ਰਾਧਾ ਕ੍ਰਿਸ਼ਨ ਦੀ ਪੌਸ਼ਾਕ ਪਹਿਨ ਕੇ ਵੱਖ-ਵੱਖ ਕਲਾਵਾਂ ਦਾ ਪ੍ਰਦਰਸ਼ਨ ਕੀਤਾ।ਸਕੂਲ ਦੀ ਪ੍ਰਿੰਸੀਪਲ ਸੁਖਵਿੰਦਰ ਕੌਰ ਨੇ ਬੱਚਿਆਂ ਨੂੰ ਜਨਮ ਅਸ਼ਟਮੀ ਦੀ ਮਹੱਤਤਾ ਬਾਰੇ ਦੱਸਿਆ ਤੇ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ।ਸਕੂਲ ਦੀ ਮੈਨੇਜਮੈਂਟ ਕਮੇਟੀ ਤੇ ਸਕੂਲ ਦੀ ਪ੍ਰਿੰਸੀਪਲ ਸੁਖਵਿੰਦਰ ਕੌਰ ਨੇ ਜਨਮ ਅਸ਼ਟਮੀ ਦੀ ਸਾਰਿਆਂ ਨੂੰ ਵਧਾਈ ਦਿੱਤੀ।

ਮੋਗਾ (ਇਕਬਾਲ ਸਿੰਘ ਖਹਿਰਾ)-ਸ਼ਹਿਰ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਦਿ ਲਰਨਿੰਗ ਫੀਲਡ ਏ ਗਲੋਬਲ ਸਕੂਲ ਦੇ ਕਿੰਡਰਗਾਰਟਨ ਵਿੰਗ ਵਿੱਚ ਅੱਜ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਇੰਜੀ: ਜਨੇਸ਼ ਗਰਗ, ਡਾਇਰੈਕਟਰ ਡਾ. ਮੁਸਕਾਨ ਗਰਗ, ਡਾਇਰੈਕਟਰ ਅਮਿਤਾ ਮਿੱਤਲ, ਅਧਿਆਪਕਾਂ, ਸਟਾਫ਼ ਤੇ ਵਿਦਿਆਰਥੀਆਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਦੀ ਤਸਵੀਰ ਅੱਗੇ ਦੀਪ ਜਗਾ ਕੇ ਕੀਤੀ। ਇਸ ਦੌਰਾਨ ਛੋਟੇ-ਛੋਟੇ ਬੱਚੇ ਭਗਵਾਨ ਸ੍ਰੀ ਕ੍ਰਿਸ਼ਨ ਤੇ ਗੋਪੀਆਂ ਦੀ ਸਜਾਵਟ ਵਿੱਚ ਖੁਸ਼ੀਆਂ ਤੇ ਉਤਸ਼ਾਹ ਨਾਲ ਭਰੇ ਹੋਏ ਸਨ। ਮਾਹੌਲ ਬ੍ਰਹਮ ਊਰਜਾ ਨਾਲ ਭਰ ਗਿਆ, ਕਿਉਂਕਿ ਅਧਿਆਪਕਾਂ ਨੇ ਰੂਹਾਨੀ ਭਜਨ ਗਾਏ, ਜਿਸ ਨਾਲ ਸ਼ਾਂਤ ਤੇ ਅਧਿਆਤਮਕ ਮਾਹੌਲ ਬਣਿਆ। ਬੱਚਿਆਂ ਦੁਆਰਾ ਪੇਸ਼ ਕੀਤਾ ਗਿਆ ਡਾਂਸ, ਜਿਸ ਨੇ ਕ੍ਰਿਸ਼ਨ ਦੇ ਚੰਚਲ ਤੇ ਸ਼ਰਾਰਤੀ ਸੁਭਾਅ ਨੂੰ ਖ਼ੂਬਸੂਰਤੀ ਨਾਲ ਦਰਸਾਇਆ। ਉਨ੍ਹਾਂ ਦੇ ਉਤਸ਼ਾਹ ਤੇ ਭੋਲੇਪਣ ਨੇ ਜਨਮ ਅਸ਼ਟਮੀ ਦੇ ਸਾਰ ਨੂੰ ਜ਼ਿੰਦਾ ਕਰ ਦਿੱਤਾ, ਇਸ ਨੂੰ ਸਾਰਿਆਂ ਲਈ ਯਾਦਗਾਰੀ ਜਸ਼ਨ ਬਣਾ ਦਿੱਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਇੰਜੀ. ਜਨੇਸ਼ ਗਰਗ ਤੇ ਡਾਇਰੈਕਟਰ ਡਾ: ਮੁਸਕਾਨ ਗਰਗ ਨੇ ਸਾਰਿਆਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ ਤੇ ਬੱਚਿਆਂ ਵੱਲੋਂ ਪੇਸ਼ ਕੀਤੇ ਪ੍ਰੋਗਰਾਮ ਦੀ ਸ਼ਲਾਘਾ ਕੀਤੀ। ਇਸ ਮੀਟਿੰਗ ਵਿੱਚ ਟੀ.ਐੱਲ.ਐੱਫ. ਸਕੂਲ ਦੇ ਕਿੰਡਰਗਾਰਟਨ ਵਿੰਗ ਦੇ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।




ਜਲਾਲਾਬਾਦ (ਜੀਤ ਕੁਮਾਰ) : ਸ਼ਿਵਾਲਿਕ ਪਬਲਿਕ ਸਕੂਲ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਸਕੂਲ ਦੇ ਚੇਅਰਮੈਨ ਸ੍ਰੀ ਸੰਜੀਵ ਦਹੂਜਾ, ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ, ਸਕੂਲ ਪ੍ਰਿੰਸੀਪਲ ਸ੍ਰੀਮਤੀ ਸ਼ਗੁਫਤਾ ਸ਼ਰਮਾ, ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ। ਬੱਚੇ ਸ਼੍ਰੀ ਕ੍ਰਿਸ਼ਨ ਅਤੇ ਰਾਧਾ ਦੀ ਪੁਸ਼ਾਕ ਵਿੱਚ ਸਜੇ ਸਕੂਲ ਪਹੁੰਚੇ। ਬੱਚਿਆਂ ਨੇ ਭਗਵਾਨ ਕ੍ਰਿਸ਼ਨ ਦੀ ਪੂਜਾ ਕੀਤੀ ਤੇ ਜਨਮ ਉਤਸਵ ਦੀ ਕਥਾ ਸੁਣਾਈ। ਬਾਲ ਗੋਪਾਲਾਂ ਨੇ ਰਾਧਾ ਅਤੇ ਸ਼੍ਰੀ ਕ੍ਰਿਸ਼ਨ ਦੇ ਰੂਪ ਵਿੱਚ ਸਭ ਨੂੰ ਮੋਹ ਲਿਆ। ਡਾਂਸ ਰਾਹੀਂ ਸ਼੍ਰੀ ਕ੍ਰਿਸ਼ਨ




ਜਨਮ ਅਸ਼ਟਮੀ ਦੀ ਖੂਬਸੂਰਤ ਝਾਕੀ ਵੀ ਪੇਸ਼ ਕੀਤੀ ਗਈ। ਵਿਦਿਆਰਥੀਆਂ ਵੱਲੋਂ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਭਜਨ, ਕਵਿਤਾਵਾਂ ਤੇ ਨਾਂਚ ਪੇਸ਼ ਕੀਤੇ ਗਏ ਅਤੇ ਉਨ੍ਹਾਂ ਦੇ ਬਚਪਨ ਦੇ ਵੱਖ-ਵੱਖ ਪਹਿਲੂਆਂ ਦਾ ਲਾਈਵ ਮੰਚਨ ਕੀਤਾ ਗਿਆ। ਰਾਧਾ ਕ੍ਰਿਸ਼ਨ, ਵਾਸੁਦੇਵ, ਦੇਵਕੀ ਤੋਂ ਇਲਾਵਾ ਗਊਆਂ ਅਤੇ ਗੋਪੀਆਂ ਦੇ ਰੂਪ ਵਿਚ ਸਜੇ ਬੱਚਿਆਂ ਨੇ ਸਾਰਿਆਂ ਨੂੰ ਮੋਹ ਲਿਆ। ਸਕੂਲ ਦੇ ਪ੍ਰਿੰਸੀਪਲ ਨੇ ਦੱਸਿਆ ਕਿ ਕਿਵੇਂ ਭਗਵਾਨ ਕ੍ਰਿਸ਼ਨ ਨੇ ਤਾਕਤ ਅਤੇ ਬੁੱਧੀ ਨਾਲ ਬੁਰਾਈ 'ਤੇ ਕਾਬੂ ਪਾਇਆ।

# ਸਰਕਾਰ ਈ ਟੀ ਟੀ 2364 ਅਧਿਆਪਕਾਂ ਨੂੰ ਨਿਯੁਕਤੀ ਪੱਤਰ ਜਾਰੀ ਕਰੇ : ਆਗੂ



ਜਲਾਲਾਬਾਦ (ਜੀਤ ਕੁਮਾਰ)-ਈ.ਟੀ.ਟੀ.2364 ਅਧਿਆਪਕ ਯੂਨੀਅਨ ਦੀ ਮੀਟਿੰਗ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਹੋਈ। ਮੀਟਿੰਗ ਵਿੱਚ ਮੁਹਾਲੀ ਵਿਖੇ ਚੱਲ ਰਹੇ ਪੱਕੇ ਧਰਨੇ ਸਬੰਧੀ ਕਾਡਰ ਨੂੰ ਲਾਮਬੰਦ ਕੀਤਾ ਗਿਆ। ਮੀਟਿੰਗ 'ਚ ਪਹੁੰਚੇ ਅਧਿਆਪਕਾਂ ਨੇ ਵੱਡੀ ਗਿਣਤੀ 'ਚ 27 ਅਗਸਤ 2024 ਨੂੰ ਮੋਹਾਲੀ ਧਰਨੇ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਅਧਿਆਪਕ ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ 2364 ਅਧਿਆਪਕਾਂ ਨੂੰ ਨਿਯੁਕਤੀ ਪੱਤਰ ਦੇਣ ਲਈ ਦੇਰੀ ਕੀਤੀ ਗਈ ਤਾਂ ਸੰਘਰਸ਼ ਨੂੰ ਹੋਰ ਤਿੱਖਾ ਰੂਪ ਦਿੱਤਾ ਜਾਵੇਗਾ, ਜਿਸਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਮੀਟਿੰਗ ਵਿੱਚ ਰਾਜਵਿੰਦਰ ਜਲਾਲਾਬਾਦ, ਸੁਖਵਿੰਦਰ ਹੱਡੀ ਵਾਲਾ, ਹੈਰੀ ਗੁਰੂਹਰਸਾਏ, ਮੋਨੂੰ ਮੇਘਾ, ਜਸਵੰਤ ਜਲਾਲਾਬਾਦ, ਸੁਖਦੇਵ ਸਿੰਘ, ਸਤੀਸ਼ ਕੁਮਾਰ, ਸੁਖਵਿੰਦਰ ਪੀਰੇ ਕੇ, ਪ੍ਰੇਮ ਘੁਬਾਇਆ ਆਦਿ ਸਾਥੀ ਹਾਜ਼ਰ ਹੋਏ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਦੇ ਫਰੰਟ ਨੇ ਰੋਸ ਮਾਰਚ ਕਰਕੇ ਸਰਕਾਰ ਦੀ ਫੂਕੀ ਅਰਥੀ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਦੇ ਆਗੂਆਂ ਸਤਪਾਲ ਭੈਣੀ ਬਾਘਾ, ਬਿਕਰ ਸਿੰਘ ਮਾਖਾ, ਰਾਜਕੁਮਾਰ ਰੰਗਾ, ਮਨਿੰਦਰ ਜਵਾਹਰਕੇ, ਜਗਦੇਵ ਸਿੰਘ ਘੁਰਕਣੀ, ਜੱਗਾ ਸਿੰਘ ਅਲੀ ਸ਼ੇਰ, ਗੁਰਚਰਨ ਸਿੰਘ ਮੰਦਰਾਂ ਤੇ ਦਰਸ਼ਨ ਸਿੰਘ ਅਲੀ ਸ਼ੇਰ ਦੀ ਅਗਵਾਈ 'ਚ ਪਰਵਾਰ ਮੀਟਿੰਗ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਵਾਰ-ਵਾਰ ਮੀਟਿੰਗਾਂ ਮੁਲਤਵੀ ਕਰਨ ਦੇ ਰੋਸ ਵਜੋਂ ਮਾਰਚ ਕਰਕੇ ਪੰਜਾਬ ਸਰਕਾਰ ਦੀ ਅਰਥੀ ਸਾੜੀ ਗਈ।ਆਗੂਆਂ ਨੇ ਦੋਸ਼ ਲਾਉਂਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੱਤ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਮੀਟਿੰਗਾਂ ਨਾ ਕਰਨਾ ਮੁਲਾਜ਼ਮਾਂ ਤੇ ਪੈਨਸ਼ਨਾਂ ਨਾਲ ਕੋਝਾ ਮਜ਼ਾਕ ਹੈ, ਜਿਸ ਨੂੰ ਕਿਸੇ ਤਰ੍ਹਾਂ ਹੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਦਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਪ੍ਰਤੀ ਰਵੱਈਆ ਇਸੇ ਤਰ੍ਹਾਂ ਜਾਰੀ ਰਿਹਾ ਤਾਂ ਤਿੰਨ ਸਤੰਬਰ ਤੋਂ ਪੰਜਾਬ ਵਿਧਾਨ ਸਭਾ ਦੇ ਆਗਾਮੀ ਇਜਲਾਸ ਸਮੇਂ ਪੰਜਾਬ ਸਟੇਟ ਕਮੇਟੀ ਵੱਲੋਂ ਵਿਧਾਨ ਸਭਾ ਵੱਲ ਰੋਸ ਮਾਰਚ ਵੀ ਕੀਤਾ ਜਾ ਸਕਦਾ ਹੈ।ਇਸ ਤੋਂ ਇਲਾਵਾ ਜ਼ਿਮਨੀ ਚੋਣਾਂ ਦੌਰਾਨ ਵੀ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਜ਼ੋਰਦਾਰ ਵਿਰੋਧ ਵੀ ਕੀਤਾ ਜਾਵੇਗਾ।

# ਬੂਟਿਆਂ ਦੁਆਲੇ ਲੱਗੇ ਟ੍ਰੀ ਗਾਰਡ ਵੀ ਹੋਣ ਲੱਗੇ ਚੋਰੀ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਸ੍ਰੀ ਮੁਕਤਸਰ ਸਾਹਿਬ ਵਿਖੇ ਦਿਨੋ-ਦਿਨ ਚੋਰੀ ਦੀਆਂ ਘਟਨਾਵਾਂ ਹੋ ਰਹੀਆਂ ਹਨ।ਸ਼ਹਿਰ ਵਾਸੀਆਂ ਨੇ ਦੱਸਿਆ ਕਿ ਸ਼ਹਿਰ ਅਤੇ ਉਨ੍ਹਾਂ ਦੇ ਬੂੜਾ ਗੁੱਜਰ ਰੋਡ ਉਪਰ ਦਿਨੋ-ਦਿਨ ਚੋਰੀ ਦੀਆਂ ਵਾਰਦਾਤਾਂ ਹੋ ਰਹੀਆਂ ਹਨ।ਪਿਛਲੇ ਦਿਨੀਂ ਬੂੜਾ ਗੁੱਜਰ ਰੋਡ ਉਪਰ ਸੜਕ ਦੇ ਕਿਨਾਰੇ ਲੱਗੇ ਟ੍ਰੀ ਗਾਰਡ ਜੋ ਸਮਾਜ ਸੇਵੀ ਸੰਸਥਾ ਵੱਲੋਂ ਲਾਏ ਗਏ ਸੀ, ਉਨ੍ਹਾਂ ਟ੍ਰੀ ਗਾਰਡ ਨੂੰ ਚੋਰਾਂ ਵੱਲੋਂ ਰਾਤ ਨੂੰ ਚੋਰੀ ਕਰ ਲਿਆ ਗਿਆ ਹੈ ਅਤੇ ਬੂਟਿਆਂ ਨੂੰ ਨੁਕਸਾਨ ਪੁਚਾਇਆ ਗਿਆ ਹੈ।

27-Aug-PAGE-12.qxd 8/26/2024 8:28 PM Page 1



# ਲਖਬੀਰ ਸਿੰਘ ਸੈਣੀ ਦੂਸਰੀ ਵਾਰ ਬਣੇ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਦੇ ਸੂਬਾ ਪ੍ਰਧਾਨ

**ਫਗਵਾੜਾ( ਡਾ. ਰਮਨ, ਢੱਡਾ )** ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਦੀ ਸੂਬਾ ਪੱਧਰੀ ਮੀਟਿੰਗ ਰੈਸਟ ਹਾਊਸ ਫਗਵਾੜਾ ਵਿਖੇ ਹੋਈ। ਜਿਸ ਵਿੱਚ ਵੱਡੀ ਗਿਣਤੀ ' ਵੱਖ-ਵੱਖ ਜ਼ਿਲ੍ਹਿਆਂ ਦੇ ਪ੍ਰਧਾਨ, ਮੀਤ ਪ੍ਰਧਾਨ ਹਾਜ਼ਰ ਹੋਏ। ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਲਖਵੀਰ ਸਿੰਘ ਸੈਣੀ ਨੂੰ ਦੂਸਰੀ ਵਾਰ ਸੂਬਾ ਪ੍ਰਧਾਨ ਨਿਯੁਕਤ ਕਰਦਿਆਂ ਕਾਰਜਕਾਰਨੀ ਦਾ ਵਿਸਥਾਰ ਅਗਲੇ ਹਫ਼ਤੇ ਕਰਨ ਦਾ ਐਲਾਨ ਕੀਤਾ ਗਿਆ। ਇਸ ਮੌਕੇ ਦਿਵਿਆਂਗ ਐਕਸ਼ਨ ਕਮੇਟੀ ਦੀਆਂ ਪਿਛਲੇ ਸਮੇਂ ਦੀਆਂ ਗਤੀਵਿਧੀਆਂ ਅਤੇ ਪੰਜਾਬ ਸਰਕਾਰ ਨਾਲ ਕੀਤੀਆਂ ਮੀਟਿੰਗਾਂ ਦੀ ਸਮੀਖਿਆ ਕੀਤੀ ਗਈ। ਇਸ ਤੋਂ ਇਲਾਵਾ ਬਾਕੀ ਜ਼ਿਲ੍ਹਿਆਂ ਵਿੱਚ ਵੀ ਜਾਗਰੂਕਤਾ ਪੈਦਾ ਕਰਨ ਅਤੇ ਵੱਧ ਤੋਂ ਵੱਧ ਦਿਵਿਆਂਗ ਵਰਗ ਨੂੰ ਜੱਥੇਬੰਦੀ ਦੇ ਨਾਲ ਜੋੜਨ ਦੀ ਮੁਹਿੰਮ ਸ਼ੁਰੂ ਕਰਨ ਤੇ ਜ਼ੋਰ ਦਿੱਤਾ ਗਿਆ। ਮੀਟਿੰਗ 'ਚ ਹਾਜਰ ਸਮੂਹ ਦਿਵਿਆਂਗਾਂ ਨੇ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਆਉਣ ਵਾਲੇ ਸਮੇਂ ਵਿੱਚ ਵੱਡੀ ਪੱਧਰ ਤੇ ਜਾਰੀ ਰੱਖਣ ਦਾ ਪ੍ਰਣ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਹਲਕਾ ਵਿਧਾਨਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਸਾਬਕਾ ਮੰਤਰੀ ਪੰਜਾਬ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿਚ ਪਹੁੰਚੇ। ਉਹਨਾਂ ਨੇ ਨਵ ਨਿਯੁਕਤ ਸੂਬਾ ਪ੍ਰਧਾਨ ਲਖਬੀਰ ਸਿੰਘ ਸੈਣੀ



ਦਾ ਮੂੰਹ ਮਿੱਠਾ ਕਰਵਾਇਆ ਅਤੇ ਦਿਵਿਆਂਗਾਂ ਦੀਆਂ ਮੁਸ਼ਕਿਲਾਂ ਸੁਣੀਆਂ। ਦਿਵਿਅੰਗਾਂ ਨੇ ਜੋਗਿੰਦਰ ਸਿੰਘ ਮਾਨ ਨੂੰ ਆਪਣੀਆਂ ਪੰਜ ਮੁਸ਼ਕਲਾਂ ਹਲ ਕਰਵਾਉਣ ਲਈ ਕਿਹਾ। ਜਿਹਨਾਂ ਵਿਚ ਦਿਵਿਆਂਗ ਪੈਨਸ਼ਨ 2500 ਰੁਪਏ ਮਹੀਨਾ ਕਰਨਾ, ਬੈਕਲਾਗ 4% ਕਰਨਾ, ਲੋੜਵੰਦਾਂ ਨੂੰ ਸਬਸਿਡੀ ਸਮੇਤ ਈ-ਰਿਕਸ਼ੇ, ਰੁਜਗਾਰ ਲਈ ਬੈਂਕਾ ਵਲੋਂ ਆਸਾਨ ਕਰਜਾ, ਆਰ.ਪੀ.ਡਬਲਯੂ.ਈ. 2016 ਨੂੰ ਇਨ ਬਿਨ ਲਾਗੂ ਕਰਨਾ ਅਤੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਅੰਗਹੀਣਾਂ ਨੂੰ ਮਕਾਨ ਬਣਾ ਕੇ ਦੇਣਾ ਸ਼ਾਮਲ ਸਨ। ਜੋਗਿੰਦਰ ਸਿੰਘ ਮਾਨ ਨੇ ਵਿਸ਼ਵਾਸ ਦਿਵਾਇਆ ਕਿ ਦਿਵਿਆਂਗਾਂ ਦੀਆਂ ਜੋ ਮੁਸ਼ਕਿਲਾਂ ਪੰਜਾਬ ਸਰਕਾਰ ਦੇ ਦਾਇਰੇ ਵਿੱਚ ਆਉਂਦੀਆਂ ਹਨ ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਸਟੇਜ ਸਕੱਤਰ ਦੀ ਭੂਮਿਕਾ ਸੋਨੂੰ ਜੋਹਲ ਅੰਮ੍ਰਿਤਸਰ ਵੱਲੋਂ ਨਿਭਾਈ ਗਈ। ਇਸ ਮੌਕੇ ਕਮੇਟੀ ਦੇ ਸੂਬਾ ਸਲਾਹਕਾਰ ਬਲਜੀਤ ਸੋਨੂੰ ਜੋਹਲ ਅੰਮ੍ਰਿਤਸਰ, ਜਸਵਿੰਦਰ ਸਲੋਹ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਰਜਿੰਦਰ ਰੰਧਾਵਾ ਪ੍ਰਧਾਨ ਜ਼ਿਲਾ ਜਲੰਧਰ, ਰਾਮ ਲੁਭਾਇਆ ਮੀਤ ਪ੍ਰਧਾਨ, ਗੁਰਿੰਦਰਜੀਤ ਸਿੰਘ ਢਿੱਲੋਂ ਪ੍ਰਧਾਨ ਗੁਰਦਾਸਪੁਰ, ਲਖਬੀਰ ਸਿੰਘ ਚੱਕ ਸਿਕੰਦਰ ਪ੍ਰਧਾਨ ਤਰਨਤਾਰਨ, ਗੁਰਵੇਲ ਸਿੰਘ ਮੋਗਾ, ਕੁਲਦੀਪ ਸਿੰਘ, ਜਗਜੀਤ ਸਿੰਘ ਪ੍ਰਧਾਨ ਲੁਧਿਆਣਾ, ਗੁਰਜੀਤ ਕੌਰ ਹੁਸ਼ਿਆਰਪੁਰ, ਦਵਿੰਦਰ ਕੌਰ ਪ੍ਰਧਾਨ ਇਸਤਰੀ ਵਿੰਗ, ਹਰਦੀਪ ਸਿੰਘ ਝਬਾਲ, ਲਹਿੰਬਰ ਸਿੰਘ ਤੂਰ ਸੁਲਤਾਨਪੁਰ ਲੋਧੀ ਸੀਨੀਅਰ ਆਗੂ, ਬਲਾਕ ਪ੍ਰਧਾਨ ਕਸ਼ਮੀਰੀ ਲਾਲ ਕਪੂਰਥਲਾ, ਮੋਹਨ ਆਹਲੂਵਾਲੀਆ ਕਪੂਰਥਲਾ, ਮਨਜਿੰਦਰ ਸਿੰਘ ਲਾਡੀ, ਬਲਵਿੰਦਰ ਸਿੰਘ ਨਿੱਝਰ, ਸੁਖਦੇਵ ਸਿੰਘ ਚੱਕ ਸਿਕੰਦਰ, ਸੁਖਦੇਵ ਮਾਨਾਂਵਾਲੀ, ਗੁਰਪ੍ਰੀਤ ਝੀਤਾ, ਸਿਮਰਨ ਕੌਰ, ਪਰਮਜੀਤ ਕੌਰ, ਪਿੰਕੀ ਰਾਣੀ, ਭਾਰਤ ਭੂਸ਼ਨ, ਮੰਗਲ ਸਿੰਘ ਕੈਰੋਵਾਲ, ਬਲਕਾਰ ਸਿੰਘ ਆਦਿ ਹਾਜਰ ਸਨ।

# ਅੰਬੇਡਕਰ ਸੈਨਾ ਨੇ ਡੀ ਐੱਸ ਪੀ ਦਫ਼ਤਰ ਅੱਗੇ ਲਗਾਇਆ ਧਰਨਾ

**ਫਿਲੌਰ (ਨਿਰਮਲ)-** ਅੰਬੇਡਕਰ ਸੈਨਾ ਪੰਜਾਬ ਤਹਿਸੀਲ ਫਿਲੌਰ ਦੇ ਪ੍ਰਧਾਨ ਦੀਪਕ ਰਸੂਲਪੁਰੀ ਦੀ ਅਗਵਾਈ ਹੇਠ ਡੀ.ਐਸ.ਪੀ ਦਫ਼ਤਰ ਫਿਲੌਰ ਦੇ ਬਾਹਰ ਰੋਸ ਧਰਨਾ ਦਿੱਤਾ ਗਿਆ।ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਲਾਕੇ ਵਿੱਚ ਪੁਲਸ ਦੀ ਮਾੜੀ ਕਾਰਗੁਜ਼ਾਰੀ ਕਾਰਨ ਲੋਕ ਪ੍ਰੇਸ਼ਾਨ ਹਨ। ਅਪਰਾਧੀ ਦਿਨ ਦਿਹਾੜੇ ਲੁੱਟਾਂ-ਖੋਹਾਂ, ਚੋਰੀਆਂ ਅਤੇ ਕੁੱਟ ਮਾਰ ਦੀਆਂ ਘਟਨਾਵਾਂ ਨੂੰ ਸ਼ਰੇਆਮ ਅੰਜਾਮ ਦੇ ਰਹੇ ਹਨ। ਪੁਲਸ, ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਬਜਾਏ ਗੋਂਗਲੂਆਂ ਤੋਂ ਮਿੱਟੀ ਝਾੜ ਕੇ ਫਰਿਆਦੀ ਨੂੰ ਵਾਪਸ ਭੇਜ ਦਿੰਦੀ ਹੈ। ਮੁਜ਼ਾਹਰਾਕਾਰੀਆਂ ਨੇ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।ਰਸੂਲਪੁਰੀ ਨੇ ਇੱਕ ਪਿੰਡ ਦੇ ਝਗੜੇ ਦਾ ਹਵਾਲਾ ਦਿੰਦਿਆਂ



ਕਿਹਾ ਕਿ ਦਬਾਅ 'ਚ ਆਈ ਪੁਲਸ ਨੇ ਕੇਸ ਤਾਂ ਜ਼ਰੂਰ ਦਰਜ ਕਰ ਦਿੱਤਾ ਪਰ ਦੋਸ਼ੀਆਂ ਵਿਰੁੱਧ ਕੋਈ ਅਮਲੀ ਕਾਰਵਾਈ ਨਹੀਂ ਕੀਤੀ ਜਦਕਿ ਕੇਸ ਵੀ ਮਾਨਯੋਗ ਹਾਈ ਕੋਰਟ ਦੇ ਹੁਕਮਾਂ 'ਤੇ ਦਰਜ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਪੁਲਸ ਨੇ ਉਕਤ ਕੇਸ ਵਿੱਚ ਫਰਿਆਦੀ ਧਿਰ ਦੇ ਲੋਕਾਂ ਵਿਰੁੱਧ ਵੀ ਕਰਾਸ ਕੇਸ ਦਰਜ ਕਰ ਦਿੱਤਾ। ਰਸੂਲਪੁਰੀ ਨੇ ਕਿਹਾ ਕਿ ਅੰਬੇਡਕਰ ਸੈਨਾ ਨੇ ਮਜਬੂਰ ਹੋ ਕੇ ਲੋਕ ਹਿੱਤ ਵਿੱਚ ਰੋਸ ਧਰਨਾ ਦਿੱਤਾ ਹੈ।ਡੀ.ਐਸ.ਪੀ ਸਰਵਣ ਸਿੰਘ ਬੱਲ ਨੇ ਧਰਨਾਕਾਰੀਆਂ ਨੂੰ ਭਰੋਸਾ ਦਵਾਇਆ ਕਿ ਪੁਲਸ ਜਲਦੀ ਹੀ ਉਨ੍ਹਾਂ ਵੱਲੋਂ ਦੱਸੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੀ ਕੋਸ਼ਿਸ਼ ਕਰੇਗੀ। ਇਸ ਮੌਕੇ 'ਤੇ ਸੁਰਿੰਦਰ ਢੰਡਾ, ਰਜਿੰਦਰ ਘੇੜਾ, ਸੰਜੀਵ ਕਾਦਰੀ, ਲਾਲ ਕਮਲ ਅਤੇ ਡਾਕਟਰ ਰਾਣਾ ਰੋਸ ਧਰਨੇ ਦੀ ਅਗਵਾਈ ਕਰ ਰਹੇ ਸਨ।

# ਗੋਇਨਕਾ ਸਕੂਲ 'ਚ ਮਨਾਇਆ ਜਨਮ ਅਸ਼ਟਮੀ ਦਾ ਤਿਉਹਾਰ



**ਕਪੂਰਥਲਾ, ( ਹਨੀ )** ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਵਿਖੇ ਬੜੀ ਹੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸ਼੍ਰੀ ਕ੍ਰਿਸ਼ਨ ਜੀ ਦੇ ਭਜਨ ਨਾਲ ਕੀਤੀ ਗਈ। ਸਕੂਲ ਦੇ ਚੇਅਰਮੈਨ ਸੁਖਦੇਵ ਸਿੰਘ, ਸਕੱਤਰ ਪਰਮਿੰਦਰ ਕੌਰ, ਪ੍ਰਿੰਸੀਪਲ ਊਸ਼ਾ ਪਰਮਾਰ ਅਤੇ ਸਕੂਲ ਦੇ ਸਮੂਹ ਸਟਾਫ਼ ਮੈਂਬਰਾਂ ਦੁਆਰਾ ਕ੍ਰਿਸ਼ਨ ਜੀ ਦੀ ਆਰਤੀ ਕੀਤੀ ਗਈ। ਇਸ ਮੌਕੇ ਨਰਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਸ਼੍ਰੀ ਕ੍ਰਿਸ਼ਨ ਜੀ ਦੇ ਜੀਵਨ ਨਾਲ ਸੰਬੰਧਿਤ ਝਾਕੀਆਂ ਅਤੇ ਬਾਲ ਲੀਲਾਵਾਂ ਨੂੰ ਪੇਸ਼ ਕੀਤੀਆਂ ਗਈਆ, ਉਪਰੰਤ ਦਹੀਂ ਹਾਂਡੀ ਦਾ ਆਯੋਜਨ ਵੀ ਕੀਤਾ ਗਿਆ । ਜਿਸ ਵਿਚ ਬਾਲ ਕ੍ਰਿਸ਼ਨ ਨੇ ਦਹੀਂ ਹਾਂਡੀ ਤੋੜਨ ਦੀ ਰਸਮ ਕੀਤੀ । ਚੇਅਰਮੈਨ ਨਾਨਕਪੁਰ, ਸਕੱਤਰ ਪਰਮਿੰਦਰ ਕੌਰ ਅਤੇ ਪ੍ਰਿੰਸੀਪਲ ਊਸ਼ਾ ਪਰਮਾਰ ਨੇ ਬੱਚਿਆਂ ਨੂੰ ਜਨਮ ਅਸ਼ਟਮੀ ਦੀ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਇਹ ਤਿਉਹਾਰ ਦੇਸ਼ ਵਿੱਚ ਬੜੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਸ੍ਰੀ ਕ੍ਰਿਸ਼ਨ ਦੇ ਜੀਵਨ ਤੋਂ ਚੰਗੇ ਕਰਮ ਕਰਨ ਦੀ ਸਿੱਖਿਆ ਲੈਣੀ ਚਾਹੀਦੀ ਹੈ।

# ਇਨੋਸੈਂਟ ਹਾਰਟਸ 'ਚ ਬੜੇ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਅਸ਼ਟਮੀ ਦਾ ਤਿਉਹਾਰ

**ਜਲੰਧਰ ( ਸ਼ੈਲੀ ਐਲਬਰਟ) -:** ਇੰਨੋਸੈਂਟ ਹਾਰਟਸ ਸਕੂਲ ਨੇ ਆਪਣੇ ਸਾਰੇ ਪੰਜ ਸਕੂਲਾਂ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ ਜੰਡਿਆਲਾ ਰੋਡ, ਨੂਰਪੁਰ, ਅਤੇ ਕਪੂਰਥਲਾ ਰੋਡ) ਵਿੱਚ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮਨਾਈ।। ਇਸ ਮੌਕੇ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਫੁੱਲਾਂ ਨਾਲ ਪੰਘੂੜੇ ਦੀ ਸਜਾਵਟ ਅਤੇ ਝੂਲੇ ਬਾਲ ਗੋਪਾਲ ਵਿਸ਼ੇਸ਼ ਖਿੱਚ ਦਾ ਕੇਂਦਰ ਸਨ । ਕ੍ਰਿਸ਼ਨ ਜੀ ਅਤੇ ਗੋਪੀਆਂ ਦੇ ਪਹਿਰਾਵੇ ਵਿਚ ਸਜੇ ਛੋਟੇ ਬੱਚਿਆਂ ਨੇ ਸਾਰਿਆਂ ਦਾ ਮਨ ਮੋਹ ਲਿਆ। ਸਿੰਫਨੀ ਕਲੱਬ ਦੇ ਵਿਦਿਆਰਥੀਆਂ ਨੇ ਭਜਨ 'ਨੰਦ ਕੇ ਆਨੰਦ ਭਯੋ' ਗਾ ਕੇ ਪਰਮਾਤਮਾ ਨੂੰ ਯਾਦ ਕੀਤਾ। ਬੱਚਿਆਂ ਨੇ ਕ੍ਰਿਸ਼ਨ ਜੀ ਦੇ ਭਜਨਾਂ ਤੇ ਨੱਚ ਕੇ ਪੂਰੇ ਮਾਹੌਲ ਨੂੰ ਕ੍ਰਿਸ਼ਨਮਈ ਬਣਾ ਦਿੱਤਾ। ਕ੍ਰਿਸ਼ਨ ਜੀ ਦੇ ਬਚਪਨ ਦੀਆਂ ਕਹਾਣੀਆਂ ਨੂੰ ਦਰਸਾਉਂਦੇ ਹੋਏ, ਕੁਝ ਵਿਦਿਆਰਥੀਆਂ ਨੇ ਸੁਦਾਮਾ ਦਾ ਪਾਤਰ ਪੇਸ਼ ਕੀਤਾ, ਕ੍ਰਿਸ਼ਨ ਜੀ ਨਾਲ ਉਨ੍ਹਾਂ ਦੀ ਦੋਸਤੀ ਨੂੰ ਦਰਸਾਉਣ ਲਦਾ ਚਰਿੱਤਰ ਪੇਸ਼ ਕੀਤਾ, ਜਦੋਂ ਕਿ ਕੁਝ ਨੇ ਗੋਵਰਧਨ ਪਰਬਤ ਨੂੰ ਉੱਚਾ ਚੁੱਕਣਾ ਦਿਖਾਇਆ। । ਵਿਦਿਆਰਥੀਆਂ ਨੇ




ਡਾਂਸ ਪੇਸ਼ਕਾਰੀਆਂ ਰਾਹੀਂ ਕਾਲੀਆ ਨਾਗ ਦੀ ਹੱਤਿਆ, ਘੜਾ ਤੋੜਨ ਅਤੇ ਵਰਿੰਦਾਵਨ ਦੀ ਰਾਸ ਲੀਲਾ ਨੂੰ ਵੀ ਦਰਸਾਇਆ। ਕ੍ਰਿਸ਼ਨ ਜੀ ਦੀਆਂ ਕਹਾਣੀਆਂ ਤੇ ਆਧਾਰਿਤ ਲੀਲ੍ਹਾ ਨੇ ਸਾਰਿਆਂ ਨੂੰ ਮੰਤਰਮੁਗਧ ਕਰ ਦਿੱਤਾ । ਪ੍ਰੋਗਰਾਮ ਦੇ ਅੰਤ ਵਿੱਚ ਪ੍ਰਸ਼ਾਦ ਵੰਡਿਆ ਗਿਆ । ਸਕੂਲ ਦੇ ਸਾਰੇ ਪ੍ਰਿੰਸੀਪਲਾਂ ਨੇ ਬੱਚਿਆਂ ਨੂੰ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਕ੍ਰਿਸ਼ਨ ਵੱਲੋਂ ਦਰਸਾਏ ਕਰਮ ਦੇ ਮਾਰਗ 'ਤੇ ਚੱਲਣ ਲਈ ਕਿਹਾ। ਇਸ ਮੌਕੇ ਇੰਨੋਸੈਂਟ ਹਾਰਟਸ ਗਰੁੱਪ ਦੀ ਡਿਪਟੀ ਡਾਇਰੈਕਟਰ ਕਲਚਰਲ ਅਫੇਅਰਜ਼ ਸ਼੍ਰੀਮਤੀ ਸ਼ਰਮੀਲਾ ਨਾਕਰਾ ਨੇ ਦੱਸਿਆ ਕਿ ਅਜਿਹੀਆਂ ਗਤੀਵਿਧੀਆਂ ਕਰਵਾਉਣ ਦਾ ਮਕਸਦ ਬੱਚਿਆਂ ਨੂੰ ਆਪਣੇ ਸੱਭਿਆਚਾਰ ਨਾਲ ਜੋੜਨਾ, ਸੱਭਿਆਚਾਰਕ ਕਦਰਾਂ-ਕੀਮਤਾਂ ਅਤੇ ਅਧਿਆਤਮਿਕ ਕਦਰਾਂ-ਕੀਮਤਾਂ ਨੂੰ ਜਗਾਉਣਾ ਹੈ।

# ਅਧਿਆਪਕਾ ਨਾਲ ਅਸ਼ਲੀਲ ਸ਼ਬਦਾਵਲੀ ਵਰਤਣ ਵਾਲੇ ਕਲਰਕ ਖਿਲਾਫ ਮਿਸਾਲੀ ਕਾਰਵਾਈ ਦੀ ਮੰਗ

**ਮੋਹਾਲੀ,. (ਗੁਰਜੀਤ ਬਿੱਲਾ)** ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਤੇ ਸੂਬਾ ਜਨਰਲ ਸਕੱਤਰ ਗੁਰਵਿੰਦਰ ਸਿੰਘ ਸਸਕੌਰ ਨੇ ਜ਼ਿਲ੍ਹਾ ਰੂਪਨਗਰ ਦੇ ਸਰਕਾਰੀ ਹਾਈ ਸਕੂਲ ਹਰੀਪੁਰ ਦੇ ਕਲਰਕ, ਜਿਸਦੇ ਕੋਲ ਬਲਾਕ ਮੀਆਂਪੁਰ ਦਾ ਵਾਧੂ ਚਾਰਜ ਵੀ ਹੈ ਦੇ ਖਿਲਾਫ ਸਿੱਖਿਆ ਵਿਭਾਗ ਪੰਜਾਬ ਦੇ ਉੱਚ ਅਧਿਕਾਰੀਆਂ ਤੋਂ ਮਿਸਾਲੀ ਕਾਰਵਾਈ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ। ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਧਰਮਿੰਦਰ ਸਿੰਘ ਭੰਗੂ ਨੇ ਦੱਸਿਆ ਕਿ ਸਬੰਧਤ ਕਲੱਰਕ ਵੱਲੋਂ ਬਲਾਕ ਮੀਆਂਪੁਰ ਦੀ ਇੱਕ ਪ੍ਰਾਇਮਰੀ ਅਧਿਆਪਕਾ ਤੋਂ ਬਦਲੀ ਅਪੂਰਵ ਕਰਵਾਉਣ ਬਦਲੇ ਅਸ਼ਲੀਲ ਸ਼ਬਦਾਵਲੀ ਤੇ ਸਬੰਧ ਬਣਾਉਣ ਸਬੰਧੀ ਕਿਹਾ ਗਿਆ ਸੀ। ਜਥੇਬੰਦੀ ਦੇ ਧਿਆਨ ਵਿੱਚ ਆਉਣ ਉਪਰੰਤ ਪੀੜਤ ਅਧਿਆਪਕਾ ਦੀ ਲਿਖਤੀ ਸ਼ਿਕਾਇਤ ਉੱਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਰੂਪਨਗਰ ਵੱਲੋਂ ਆਪਣੇ ਪੱਤਰ ਨੰਬਰ ਅ-4/2024/209370 ਰਾਹੀਂ ਡੀਪੀਈਆਈ (ਸਸ) ਨੂੰ ਦੋਸ਼ੀ ਕਲੱਰਕ ਖਿਲਾਫ ਸਖਤ ਕਾਰਵਾਈ ਕਰਨ ਲਈ ਲਿਖ ਦਿੱਤਾ ਹੈ। ਅਧਿਆਪਕ ਆਗੂਆਂ ਨੇ ਕਿਹਾ ਕਿ ਅਜਿਹੇ ਅਨਸਰ ਵਿਭਾਗ ਦੇ ਮੱਥੇ ਉੱਤੇ ਕਲੰਕ ਵਾਂਗ ਹਨ। ਜਦੋਂ ਇੱਕ ਪਾਸੇ ਦੇਸ਼ ਅੰਦਰ ਕੋਲਕਾਤਾ ਡਾਕਟਰ ਦਰਿੰਦਗੀ ਕਾਂਡ ਖ਼ਿਲਾਫ ਭਾਰੀ ਰੋਸ ਦੀ ਲਹਿਰ ਹੈ, ਤਾਂ ਸੱਤਰ ਫ਼ੀਸਦੀ ਤੋਂ ਵੱਧ ਮਹਿਲਾਵਾਂ ਵਾਲੇ ਸਿੱਖਿਆ ਵਿਭਾਗ ਅੰਦਰ ਅਜਿਹੀ ਘਟਨਾ ਵਾਪਰਨਾ ਬਿਲਕੁਲ ਵੀ ਸਹਿਣਯੋਗ ਨਹੀਂ ਹੈ। ਅਧਿਆਪਕ ਆਗੂਆਂ ਨੇ ਡੀ ਪੀ ਆਈ ਸੈਕੰਡਰੀ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਅਜਿਹੇ ਗੈਰ ਸਮਾਜੀ ਅਨਸਰ ਖਿਲਾਫ ਤੁਰੰਤ ਮਿਸਾਲੀ ਕਾਰਵਾਈ ਕੀਤੀ ਜਾਵੇ ਤਾਂ ਜੋ ਭਵਿੱਖ ਅੰਦਰ ਕੋਈ ਹੋਰ ਗੈਰ ਸਮਾਜੀ ਅਨਸਰ ਅਜਿਹੇ ਵਰਤਾਰੇ ਤੋਂ ਪਹਿਲਾਂ ਸੌ ਵਾਰ ਸੋਚੇ।

# ਮੁਲਾਜ਼ਮ ਲਹਿਰ ਦੇ ਮਹਾਨ ਆਗੂ ਵੇਦ ਪ੍ਰਕਾਸ਼ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ, (ਨ ਜ਼ ਸ)**-ਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀਂ ਪ.ਸ.ਸ.ਫ. ਦੇ ਸਾਬਕਾ ਜਨਰਲ ਸਕੱਤਰ, ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੇ ਸਾਬਕਾ ਕੌਮੀਂ ਵਾਇਸ ਚੇਅਰਮੈਨ ਅਤੇ ਪਰਚਾ ਮੁਲਾਜ਼ਮ ਲਹਿਰ ਦੇ ਮੁੱਖ ਸੰਪਾਦਕ ਸਾਥੀ ਵੇਦ ਪ੍ਰਕਾਸ਼ ਸ਼ਰਮਾ ਦੇ ਅਚਾਨਕ ਸਦੀਵੀ ਵਿਛੋੜੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਹਨਾਂ ਕਿਹਾ ਕਿ ਸਾਥੀ ਵੇਦ ਪ੍ਰਕਾਸ਼ ਸ਼ਰਮਾ ਵਲੋਂ ਪੀ.ਡਬਯੂ.ਡੀ. ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਅਤੇ ਪ.ਸ.ਸ.ਫ. ਦੀ ਕਮਾਨ ਉਸ ਵੇਲੇ ਸੰਭਾਲੀ ਜਦੋਂ ਜੱਥੇਬੰਦੀ ਦੇ ਮੁੱਖ ਆਗੂ ਇਹਨਾਂ ਜੱਥੇਬੰਦੀਆਂ ਨੂੰ ਤਲਾਂਜਲੀ ਦੇ ਗਏ। ਆਪਣੀ ਦੂਰ ਅੰਦੇਸ਼ੀ ਅਤੇ ਜੱਥੇਬੰਦਕ ਸੂਝ-ਬੂਝ ਸਦਕਾ ਸਾਥੀ ਜੀ ਵਲੋਂ ਦਿੱਤੀ ਗਈ ਸੇਧ ਸਦਕਾ ਕੀਤੇ ਗਏ ਸੰਘਰਸ਼ਾਂ ਨਾਲ ਮੁਲਾਜ਼ਮ ਸਫਾਂ ਅੰਦਰ ਪ.ਸ.ਸ.ਫ. ਦਾ ਯਕੀਨ ਹੋਰ ਵੀ ਪ੍ਰਚੰਡ ਹੋਇਆ। ਜੱਥੇਬੰਦੀ ਦੇ ਆਗੂਆਂ ਕਰਮਜੀਤ ਸਿੰਘ ਬੀਹਲਾ, ਮੱਖਣ ਸਿੰਘ ਵਾਹਿਦਪੁਰੀ, ਸੁਖਵਿੰਦਰ ਸਿੰਘ ਚਾਹਲ, ਹਰਮਨਪ੍ਰੀਤ ਕੌਰ ਗਿੱਲ ਨੇ ਕਿਹਾ ਕਿ ਉਹਨਾਂ ਨੇ 1980 ਵਿੱਚ ਮੁਲਾਜ਼ਮ ਜਥੇਬੰਦੀ ਪੀ ਡਬਲਿਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦਾ ਗਠਨ ਕੀਤਾ ਅਤੇ ਲੋਕ ਨਿਰਮਾਣ ਵਿਭਾਗ ਦੇ ਵੱਖ ਵੱਖ ਵਿੰਗਾਂ ਨੂੰ ਇਕ ਝੰਡੇ ਹੇਠ ਇਕੱਤਰ ਕਰਕੇ ਹਰ ਨਹਿਰ, ਡਰੇਨ, ਸੜਕ,ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਕਾਮਿਆਂ ਨੂੰ ਜਥੇਬੰਦੀ ਨਾਲ ਜੋੜਿਆ ਤੇ ਵਿਸ਼ਾਲ ਗਿਣਤੀ 'ਚ, ਵੱਡਾ ਏਕਾ ਉਸਾਰਿਆ ਅਤੇ ਇਸ ਜਥੇਬੰਦੀ ਨੇ ਵੱਡੀ ਗਿਣਤੀ ਆਗੂ ਤਿਆਰ ਕਰਕੇ ਮੁਲਾਜ਼ਮ ਲਹਿਰ ਨੂੰ ਦਿੱਤੇ ਇਸਦੇ ਉਹ 2009 ਤੱਕ 29 ਸਾਲ ਪੀ ਡਬਲਯੂ ਡੀ ਫੀਲਡ ਤੇ ਵਰਕਸਾਪ ਵਰਕਰਜ ਯੂਨੀਅਨ ਦੇ ਜਨਰਲ ਸਕੱਤਰ ਰਹੇ ਅਤੇ ਉਹ ਲੰਮਾਂ ਸਮਾਂ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸਨ 1406/22 ਬੀ ਚੰਡੀਗੜ੍ਹ ਦੇ ਜਨਰਲ ਸਕੱਤਰ, ਮੁਲਾਜਮ ਲਹਿਰ ਦੇ ਮੁੱਖ ਸੰਪਾਦਕ, ਆਲ ਇੰਡੀਆ ਮੁਲਾਜਮ ਫੈਡਰੇਸਨ ਦੇ ਉਪ ਚੇਅਰਮੇਨ, ਤੇ ਹੁਣ ਆਲ ਇੰਡੀਆ ਪੈਨਸ਼ਨਰਜ਼ ਫੈਡਰੇਸ਼ਨ ਦੇ ਵਾਇਸ ਚੇਅਰਮੈਨ ਸਨ। ਆਪਣੀ ਸਾਰੀ ਜਿੰਦਗੀ ਉਹ ਕਿਰਤੀ ਲੋਕਾਂ ਦੇ ਹੱਕਾਂ ਲਈ ਲੜਦੇ ਰਹੇ। ਆਗੂਆਂ ਨੇ ਕਿਹਾ ਕਿ ਸਾਥੀ ਵੇਦ ਦੀ ਘਾਟ ਕਿਸੇ ਵੀ ਕੀਮਤ ਤੇ ਪੂਰੀ ਨਹੀਂ ਹੋ ਸਕਦੀ ਅਤੇ ਉਹਨਾਂ ਦੀ ਮੌਤ ਨਾਲ ਜੋ ਖਲਾਅ ਪੈਦਾ ਹੋਇਆ ਹੈ ਉਸਨੂੰ ਭਰਨ ਵਿਚ ਬਹੁਤ ਸਮਾਂ ਲੱਗੇਗਾ। ਉਹਨਾਂ ਕਿਹਾ ਕਿ ਸਾਥੀ ਵੇਦ ਪ੍ਰਕਾਸ਼ ਦਾ ਸ਼ਰਧਾਂਜਲੀ ਸਮਾਗਮ ਉਹਨਾਂ ਦੇ ਪਿੰਡ ਸਸਕੌਰ ਨਜ਼ਦੀਕ ਨੂਰਪੁਰ ਬੇਦੀ ਵਿਖੇ ਮਿਤੀ 8 ਸਤੰਬਰ ਨੂੰ ਹੋਵੇਗਾ। ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਇੰਦਰਜੀਤ ਵਿਰਦੀ, ਕਿਸ਼ੋਰ ਚੰਦ ਗਾਜ, ਅਨਿਲ ਕੁਮਾਰਮ ਅਮਰੀਕ ਸਿੰਘ, ਗੁਰਬਿੰਦਰ ਸਿੰਘ, ਗੁਰਦੇਵ ਸਿੰਘ ਸਿੱਧੂ, ਗੁਰਪ੍ਰੀਤ ਰੰਗੀਲਪੁਰ, ਪੂਰਨ ਸਿੰਘ ਸੰਧੂ, ਜਰਨੈਲ ਸਿੰਘ, ਮੋਹਨ ਸਿੰਘ ਪੂਨੀਆ, ਜੱਗਾ ਸਿੰਘ ਅਲੀਸ਼ੇਰ, ਜਸਵਿੰਦਰ ਸਿੰਘ ਸੋਜਾ, ਕਰਮ ਸਿੰਘ, ਨਿਰਭੈ ਸਿੰਘ ਸ਼ੰਕਰ, ਸੁਭਾਸ਼ ਚੰਦਰ, ਬਲਵਿੰਦਰ ਭੁੱਟੋ, ਰਜਿੰਦਰ ਸਿੰਘ ਰਿਆੜ, ਜਤਿੰਦਰ ਸਿੰਘ, ਮਾਲਵਿੰਦਰ ਸਿੰਘ, ਮਨੋਹਰ ਲਾਲ ਸ਼ਰਮਾ, ਪ੍ਰਿੰਸੀਪਲ ਅਮਨਦੀਪ ਸ਼ਰਮਾ, ਪੁਸ਼ਪਿੰਦਰ ਸਿੰਘ ਹਰਪਾਲਪਰ, ਰਜੇਸ਼ ਕੁਮਾਰ ਅਮਲੋਹ, ਬੋਬਿੰਦਰ ਸਿੰਘ, ਜਸਵੀਰ ਤਲਵਾੜਾ, ਸਿਮਰਜੀਤ ਸਿੰਘ ਬਰਾੜ, ਜਸਵੀਰ ਸਿੰਘ ਸ਼ੀਰਾ, ਗੁਰਪ੍ਰੀਤ ਕੌਰ, ਸਰਬਜੀਤ ਸਿੰਘ ਪੱਟੀ, ਰਾਣੋ ਖੜੀ ਗਿੱਲਾਂ, ਕੁਲਦੀਪ ਵਾਲੀਆ, ਬਿਮਲਾ ਰਾਣੀ, ਕੁਲਦੀਪ ਪੂਰੋਵਾਲ, ਫੁਮਣ ਸਿੰਘ ਕਾਠਗੜ੍ਹ, ਸ਼ਰਮੀਲਾ ਦੇਵੀ, ਦਵਿੰਦਰ ਸਿੰਘ ਬਿੱਟੂ ਵੀ ਹਾਜਰ ਸਨ।

# ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੋਰਾ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਤਿਉਹਾਰ ਦੀ ਮਹੱਤਤਾ ਬਾਰੇ ਦੱਸਿਆ ਗਿਆ।ਇਸ ਮੌਕੇ ਪ੍ਰੀ-ਪ੍ਰਾਇਮਰੀ ਸੈਕਸ਼ਨ ਦੇ ਵਿਦਿਆਰਥੀਆਂ ਨੂੰ ਛੋਟੇ ਕ੍ਰਿਸ਼ਨ ਅਤੇ ਰਾਧਾ ਦੇ ਰੂਪ ਵਿੱਚ ਦਿਖਾਇਆ ਗਿਆ।ਸਮਾਗਮ ਨੂੰ ਹੋਰ ਰੰਗੀਨ ਬਣਾਉਣ ਲਈ ਸਕੂਲ ਵਿੱਚ ਸੁੰਦਰ ਸਜਾਵਟ ਵੀ ਕੀਤੀ ਗਈ।ਵਿਦਿਆਰਥੀਆਂ ਨੂੰ ਭਗਵਾਨ ਕ੍ਰਿਸ਼ਨ ਦੇ ਜੀਵਨ 'ਤੇ ਇੱਕ ਫਿਲਮ ਵੀ ਦਿਖਾਈ ਗਈ, ਜਿਸ ਨਾਲ ਉਨ੍ਹਾਂ ਨੂੰ ਜਨਮ ਅਸ਼ਟਮੀ ਦੇ ਅਰਥਾਂ ਨੂੰ ਸਮਝਣ ਵਿੱਚ ਮਦਦ ਮਿਲੀ।ਸਲੋਕ ਪਾਠ, ਕਲੇਅ ਮਾਡਲਿੰਗ, ਡੂਡਲ ਆਰਟ, ਮੋਨੋ-ਐਕਟਿੰਗ, ਕਹਾਣੀ ਸੁਣਾਉਣ, ਰੰਗੋਲੀ, ਡਰਾਇੰਗ, ਭਾਸ਼ਣ ਆਦਿ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ।ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ




ਨਵਦੀਪ ਕੌਰ ਨੇ ਇਸ ਸ਼ੁਭ ਦਿਹਾੜੇ 'ਤੇ ਸਮੂਹ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਉਨ੍ਹਾਂ ਨੂੰ ਹਮੇਸ਼ਾ ਦੀ ਤਰ੍ਹਾਂ ਬੀਤੇ ਨੂੰ ਯਾਦ ਕਰਨ ਦੀ ਬਜਾਏ ਅੱਗੇ ਦੇਖਣ ਦਾ ਸੰਦੇਸ਼ ਦਿੱਤਾ। ਕ੍ਰਿਸ਼ਨ ਜੀ ਦੇ ਸੰਦੇਸ਼ ਸੱਚਮੁੱਚ ਆਪਣੇ ਮਾਤਾ-ਪਿਤਾ ਅਤੇ ਅਧਿਆਪਕਾਂ ਦਾ ਸਤਿਕਾਰ ਅਤੇ ਆਗਿਆਕਾਰਤਾ ਦੇ ਇਸ ਤਿਉਹਾਰ ਨੂੰ ਮਨਾਉਣ ਦੀ ਮਹੱਤਤਾ ਨੂੰ ਦਰਸਾਉਂਦੇ ਹਨ।

# ਲਾਇਲਪੁਰ ਖ਼ਾਲਸਾ ਕਾਲਜ 'ਚ ਪੈਰਿਸ ਉਲੰਪੀਅਨ ਜਰਮਨਪ੍ਰੀਤ ਸਿੰਘ ਦਾ ਸਨਮਾਨ

**ਜਲੰਧਰ ( ਸ਼ੈਲੀ ਐਲਬਰਟ) -:** ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿੱਦਿਅਕ, ਖੇਡਾਂ ਦੇ ਨਾਲ-ਨਾਲ ਸਹਿ-ਪਾਠੀ ਗਤੀਵਿਧੀਆਂ ਵਿੱਚ ਨਵੀਆਂ ਉਚਾਈਆਂ ਛੂਹ ਰਿਹਾ ਹੈ। ਹਾਲ ਹੀ ਵਿੱਚ ਸਮਾਪਤ ਹੋਈਆਂ ਪੈਰਿਸ ਓਲੰਪਿਕ-2024 ਖੇਡਾਂ ਵਿੱਚ ਕਾਲਜ ਦੇ ਵਿਦਿਆਰਥੀ ਜਰਮਨਪ੍ਰੀਤ ਸਿੰਘ ਅਤੇ ਸੁਖਜੀਤ ਸਿੰਘ ਕਾਂਸੀ ਦਾ ਤਗਮਾ ਜਿੱਤਣ ਵਾਲੀ ਹਾਕੀ ਟੀਮ ਦਾ ਹਿੱਸਾ ਸਨ। ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਕਾਲਜ ਵਿਚ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਜਸਪਾਲ ਸਿੰਘ ਵੜੈਚ ਸੰਯੁਕਤ ਸਕੱਤਰ ਗਵਰਨਿੰਗ ਕੌਂਸਲ ਨੇ ਕੀਤੀ ਅਤੇ ਉਨ੍ਹਾਂ ਦਾ ਸਾਥ ਸੰਜੀਵ ਕੁਮਾਰ ਓਲੰਪੀਅਨ ਅਤੇ ਅਵਤਾਰ ਸਿੰਘ ਨੇ ਦਿੱਤਾ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਆਪਣੇ ਉਦਘਾਟਨੀ ਭਾਸ਼ਣ ਵਿਚ ਖਿਡਾਰੀਆਂ ਦੀ ਅੰਤਰਰਾਸ਼ਟਰੀ ਪੱਧਰ 'ਤੇ ਕੀਤੀ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਕਾਲਜ ਦੇ ਹਾਕੀ ਇਤਿਹਾਸ ਅਤੇ ਵਿਰਾਸਤ ਬਾਰੇ ਸੰਖੇਪ ਵਿੱਚ ਦੱਸਿਆ। ਉਨ੍ਹਾਂ ਅੱਗੇ ਕਿਹਾ ਕਿ ਕਾਲਜ ਅੰਤਰ-ਰਾਸ਼ਟਰੀ ਪੱਧਰ 'ਤੇ ਪਹਿਲਾਂ ਹੀ ਭਰਪੂਰ ਖੇਡ ਯੋਗਦਾਨ ਵਿੱਚ ਨਵੇਂ ਮੀਲ ਪੱਥਰ ਜੋੜ ਰਿਹਾ



ਹੈ। ਹਾਲ ਹੀ ਵਿਚ ਇਸਦੇ 02 ਖਿਡਾਰੀ ਪ੍ਰਿੰਸਦੀਪ ਸਿੰਘ ਅਤੇ ਅਰਸ਼ਦੀਪ ਸਿੰਘ ਜੂਨੀਅਰ ਨੈਸ਼ਨਲ ਹਾਕੀ ਕੈਂਪ ਵਿੱਚ ਭਾਗ ਲੈ ਰਹੇ ਹਨ।ਸਨਮਾਨ ਵਜੋਂ ਕਾਲਜ ਵੱਲੋਂ ਓਲੰਪੀਅਕ ਤਗਮਾ ਜੇਤੂ ਜਰਮਨਪ੍ਰੀਤ ਸਿੰਘ ਅਤੇ ਜੂਨੀਅਰ ਰਾਸ਼ਟਰੀ ਹਾਕੀ ਖਿਡਾਰੀ ਪ੍ਰਿੰਸਦੀਪ ਸਿੰਘ ਨੂੰ ਯਾਦਗਾਰੀ ਚਿੰਨ੍ਹ ਅਤੇ ਨਕਦ ਇਨਾਮ ਦਿੱਤੇ ਗਏ। ਇਸ ਮੌਕੇ ਜਰਮਨਪ੍ਰੀਤ ਨੇ ਕਾਲਜ ਗਵਰਨਿੰਗ ਕੌਂਸਲ ਦਾ ਧੰਨਵਾਦ ਕਰਦਿਆਂ ਇਸ ਗੱਲ ਦੀ ਸ਼ਲਾਘਾ ਕੀਤੀ ਕਿ ਕਾਲਜ ਗਵਰਨਿੰਗ ਕੌਂਸਲ, ਪ੍ਰਿੰਸੀਪਲ ਅਤੇ ਕੋਚਾਂ ਦੇ ਸਹਿਯੋਗ ਸਦਕਾ ਹੀ ਕਾਲਜ ਦੇ ਖਿਡਾਰੀ ਅੰਤਰਰਾਸ਼ਟਰੀ ਪੱਧਰ 'ਤੇ ਮੱਲਾਂ ਮਾਰ ਰਹੇ ਹਨ। ਵਾਈਸ ਪ੍ਰਿੰਸੀਪਲ ਪ੍ਰੋ. ਜਸਰੀਨ ਕੌਰ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਾਮਨਾ ਕੀਤੀ ਕਿ ਟੀਮ ਦੇਸ਼ ਲਈ ਹੋਰ ਨਵੇਂ ਕੀਰਤੀਮਾਨ ਸਥਾਪਿਤ ਕਰੇ। ਡਾ. ਰਛਪਾਲ ਸਿੰਘ ਸੰਧੂ ਡੀਨ ਸਪੋਰਟਸ ਨੇ ਸਟੇਜ ਦਾ ਸੰਚਾਲਨ ਕੀਤਾ। ਸਮਾਗਮ ਦੌਰਾਨ ਅਮਰੀਕਾ ਤੋਂ ਡਾ. ਭੀਮਪਾਲ ਸਿੰਘ ਵੜੈਚ, ਕਾਲਜ ਸਪੋਰਟਸ ਕਮੇਟੀ ਦੇ ਮੈਂਬਰ ਅਤੇ ਸਰੀਰਿਕ ਸਿੱਖਿਆ ਅਤੇ ਸਪੋਰਟਸ ਵਿਭਾਗ ਦੇ ਸਟਾਫ਼ ਮੈਂਬਰ ਵੀ ਹਾਜ਼ਰ ਸਨ।

# ਬੂਟਾਂ 'ਚ ਨਸ਼ਾ ਤਸਕਰ ਦੀ 64 ਲੱਖ 44 ਹਜ਼ਾਰ ਦੀ ਪ੍ਰਾਪਰਟੀ ਜ਼ਬਤ



**ਭੁਲੱਥ, (ਮਨਪ੍ਰੀਤ ਸਿੰਘ)-** ਐਸ.ਐਸ.ਪੀ ਕਪੂਰਥਲਾ ਵਤਸਲਾ ਗੁਪਤਾ ਦੀ ਰਹਿਨੁਮਾਈ ਹੇਠ ਤੇ ਸਰਬਜੀਤ ਰਾਏ ਪੀ.ਪੀ.ਐਸ ਪੁਲਸ ਕਪਤਾਨ ਤਫ਼ਤੀਸ਼ ਕਪੂਰਥਲਾ ਦੀਆਂ ਹਦਾਇਤਾਂ ਮੁਤਾਬਿਕ ਡੀ.ਐਸ.ਪੀ ਭੁਲੱਥ ਕਰਨੈਲ ਸਿੰਘ ਤੇ ਮੁੱਖ ਅਫ਼ਸਰ ਥਾਣਾ ਸੁਭਾਨਪੁਰ ਵਲੋਂ ਨਸ਼ਾ ਤਸਕਰ ਗੋਰਾ ਸਿੰਘ ਪੁੱਤਰ ਦੇਵਾ ਸਿੰਘ ਵਾਸੀ ਬੂਟ ਥਾਣਾ ਸੁਭਾਨਪੁਰ ਐਨ.ਡੀ.ਪੀ.ਐਸ. ਤਹਿਤ ਵੱਖ-ਵੱਖ ਮੁਕੱਦਮਿਆਂ ਤਹਿਤ ਉਸ ਦੀ ਪ੍ਰਾਪਰਟੀ ਅਧੀਨ ਘਰ ਦੀ ਕੀਮਤ 61 ਲੱਖ 14 ਹਜ਼ਾਰ ਰੁਪਏ ਅਤੇ ਵਹੀਕਲ ਦੀ ਕੀਮਤ 3 ਲੱਖ 44 ਹਜ਼ਾਰ ਰੁਪਏ ਹੈ, ਜੋ ਇਸ ਦੀ ਪ੍ਰਾਪਰਟੀ ਦੀ ਕੁਲ ਕੀਮਤ 64 ਲੱਖ 44 ਹਜ਼ਾਰ ਰੁਪਏ ਹੈ । ਉਸ ਨੂੰ ਕੰਪੀਟੈਂਟ ਅਥਾਰਿਟੀ ਦੇ ਹੁਕਮਾਂ 'ਤੇ ਉਕਤ ਨਸ਼ਾ ਤਸਕਰ ਦੇ ਘਰ ਦੇ ਬਾਹਰ ਫਲੈਕਸ ਬੋਰਡ ਲਗਾ ਦਿੱਤਾ ਗਿਆ ਹੈ। ਇਸ ਲੜੀ 'ਚ ਹੋਰ ਨਸ਼ਾ ਤਸਕਰ ਦੇ ਵਲੋਂ ਸਮਲਿੰਗ ਦੀ ਕਮਾਈ ਨਾਲ ਬਣਾਈ ਪ੍ਰਾਪਰਟੀ ਵੀ ਫਰੀਜ਼ ਕਰਨ ਲਈ ਕੰਪੀਟੈਂਟ ਅਥਾਰਿਟੀ ਨੂੰ ਲਿਖ ਕੇ ਭੇਜਿਆ ਜਾ ਚੁੱਕਾ ਹੈ। ਹੁਕਮ ਆਉਣ 'ਤੇ ਕਾਰਵਾਈ ਕੀਤੀ ਜਾਵੇਗੀ। ਇਹ ਪ੍ਰਾਪਰਟੀ ਵੇਚੀ ਅਤੇ ਖ਼ਰੀਦੀ ਨਹੀਂ ਜਾ ਸਕਦੀ, ਨਸ਼ਾ ਤਸਕਰਾਂ ਨੂੰ ਕਿਸੇ ਕੀਮਤ ਬਖ਼ਸ਼ਿਆ ਨਹੀਂ ਜਾਵੇਗਾ।

# ਪੰਡੋਰੀ ਨਿੱਝਰਾਂ ਨੇ ਵਾਲੀਬਾਲ ਟੂਰਨਾਮੈਂਟ ਜਿੱਤਿਆ

**ਆਦਮਪੁਰ (ਪਰਮਜੀਤ ਸਿੰਘ):** ਸਿੱਖਿਆ ਵਿਭਾਗ ਵਿਚ ਪ੍ਰਿੰਸੀਪਲ ਰਾਮ ਆਸਰਾ ਸਟੇਟ ਐਵਾਰਡੀ ਦੀ ਪ੍ਰਧਾਨਗੀ ਅਧੀਨ ਚਲਦੇ ਵਾਲੀਬਾਲ ਟੂਰਨਾਮੈਂਟ ਵਿਚ ਸੰਤ ਬਾਬਾ ਭਾਗ ਸਿੰਘ ਇੰਟਰਨੈਸ਼ਨਲ ਸਕੂਲ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੰਡੋਰੀ ਨਿੱਝਰਾਂ ਦੇ ਖਿਡਾਰੀਆਂ ਵਿਚਕਾਰ ਫਾਈਨਲ ਮੈਚ ਖੇਡਿਆ ਗਿਆ । ਇਸ ਫਸਵੇਂ ਮੁਕਾਬਲੇ ਵਿਚ ਪੰਡੋਰੀ ਸਕੂਲ ਨੇ ਵਿਰੋਧੀ ਟੀਮ ਨੂੰ 25 – 18 ਅਤੇ 25 –21 ਨਾਲ ਹਰਾ ਕੇ ਜ਼ੋਨਲ ਟੂਰਨਾਮੈਂਟ ਦਾ ਖਿਤਾਬ ਜਿੱਤ ਲਿਆ। ਜਿਕਰਯੋਗ ਹੈ ਕਿ ਦੋਨੋਂ ਟੀਮਾਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਤੇ ਜ਼ਬਰਦਸਤ ਮੈਚ ਖੇਡਿਆ ਗਿਆ। ਜਿੱਤਣ ਉਪਰੰਤ ਜੇਤੂ ਟੀਮ ਨੇ ਆਪਣੇ ਪ੍ਰਿੰਸੀਪਲ ਰਾਮ ਆਸਰਾ , ਕੋਚ ਗੁਰਿੰਦਰ ਸਿੰਘ ਤੇ ਕੋਚ ਗੁਰਚਰਨ ਸਿੰਘ ਨੂੰ ਮੋਢਿਆਂ ਤੇ ਚੁੱਕ ਕੇ ਦਰਸ਼ਕਾਂ ਦਾ ਧੰਨਵਾਦ ਕੀਤਾ। ਕੁੜੀਆਂ ਦੇ ਅੰਡਰ 19 ਸਾਲ ਵਰਗ ਮੁਕਾਬਲਿਆਂ ਵਿੱਚ ਆਦਮਪੁਰ ਸਕੂਲ ਦੀ ਟੀਮ ਜੇਤੂ ਤੇ ਪਧਿਆਣਾ ਸਕੂਲ ਦੀ ਟੀਮ ਦੂਜੇ ਸਥਾਨ 'ਤੇ ਰਹੀ। ਇਸ ਮੌਕੇ ਮਾਸਟਰ ਜਸਵਿੰਦਰ ਸਿੰਘ ਪਧਿਆਣਾ, ਮੈਡਮ ਹਰਪ੍ਰੀਤ ਕੌਰ, ਪ੍ਰਿੰਸੀਪਲ ਸਤਿੰਦਰ ਕੌਰ ਕੰਦੋਲਾ,ਮੈਡਮ ਜੋਤੀ , ਮਾ. ਸੁਮਿਤ ਸਰੀਨ , ਮਾ.ਜਸਕਰਨ ਸਿੰਘ , ਰਾਹੁਲ ਦੂਤਪੁਰ ਤੇ ਅਧਿਆਪਕ ਹਾਜਰ ਸਨ।



# ਦਿਹਾੜੀਦਾਰ ਵਰਕਰਾਂ ਦੀਆਂ ਸਮੱਸਿਆਵਾਂ 'ਤੇ ਵਿਚਾਰ-ਵਟਾਂਦਰਾ



**ਭਲਾਣ (ਹਰਭਜਨ ਢਿੱਲੋਂ)**—ਬੀ ਬੀ ਐਮ ਬੀ ਨੰਗਲ ਵਿੱਚ ਕੰਮ ਕਰਦੇ ਦਿਹਾੜੀਦਾਰ ਕਾਮਿਆਂ ਦੀ ਮੀਟਿੰਗ ਹਰਵੰਤ ਸਿੰਘ ਦੀ ਪ੍ਰਧਾਨਗੀ ਹੇਠ ਭਾਖੜਾ ਬਿਆਸ ਇੰਪਲਾਈਜ਼ ਯੂਨੀਅਨ ਏਟਕ ਦੇ ਦਫਤਰ ਨੰਗਲ ਵਿਖੇ ਹੋਈ, ਜਿਸ ਵਿੱਚ ਕਾਮਰੇਡ ਮੋਹਨ ਲਾਲ ਵਰਮਾ ਟਰੇਡ ਯੂਨੀਅਨ ਲੀਡਰ, ਗੁਰਨਾਮ ਸਿੰਘ ਔਲਖ , ਬਾਬਾ ਹਰਵੰਤ ਸਿੰਘ ਅਤੇ ਜਰਨੈਲ ਸਿੰਘ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਮੀਟਿੰਗ ਵਿੱਚ ਦਿਹਾੜੀਦਾਰ ਵਰਕਰਾਂ ਦੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਹੋਇਆ। ਕਾਮਰੇਡ ਮੋਹਨ ਲਾਲ ਨੇ ਏਟਕ ਜਥੇਬੰਦੀ ਸਬੰਧੀ ਅਤੇ ਵਰਕਰਾਂ ਦੀਆਂ ਸਮੱਸਿਆਵਾਂ ਸਬੰਧੀ ਚਾਨਣਾ ਪਾਇਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਚੈਅਰਮੈਨ ਬੀ ਬੀ ਐਮ ਬੀ ਮੰਗ ਕੀਤੀ ਜਾਏ ਕਿ ਦਿਹਾੜੀਦਾਰ ਕਾਮੇ ਪੱਕੇ ਕੀਤੇ ਜਾਣ, ਫੌਰੀ ਤੌਰ 'ਤੇ ਰੈਗੂਲਰ ਦਿਹਾੜੀ ਦਿੱਤੀ ਜਾਵੇ, ਜਾਬ ਕਾਰਡ ਅਤੇ ਈ ਪੀ ਐਫ਼ ਸਲਿਪਾਂ ਦਿੱਤੀਆਂ ਜਾਣ, ਵਰਕਰਾਂ ਨੂੰ ਕੁਆਰਟਰ ਦਿਤੇ ਜਾਣ। ਇਹ ਵੀ ਫੈਸਲਾ ਕੀਤਾ ਗਿਆ ਕੀ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਕੀਤਾ ਜਾਵੇਗਾ ।

# ਸੀਕਰੀ ਵਿਖੇ 4 ਦਿਨਾ ਕਬੱਡੀ ਟੂਰਨਾਮੈਂਟ ਸ਼ੁਰੂ

**ਅੱਡਾ ਸਰਾਂ (ਜਸਵੀਰ ਕਾਜਲ)** ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸ਼ੁਭ ਦਿਹਾੜੇ 'ਤੇ ਪਿੰਡ ਸੀਕਰੀ ਵਿਖੇ 4 ਦਿਨਾ ਕਬੱਡੀ ਟੂਰਨਾਮੈਂਟ 26 ਅਗਸਤ ਤੋਂ ਸ਼ੁਰੂ ਹੋ ਗਿਆ ਹੈ। ਟੂਰਨਾਮੈਂਟ ਦਾ ਉਦਘਾਟਨ ਕਰਨਲ ਮਹਿੰਦਰ ਸਿੰਘ, ਸਰਪੰਚ ਸੇਵਾ ਸਿੰਘ ਸੀਕਰੀ , ਸੰਦੀਪ ਸਿੰਘ ਸੀਕਰੀ ,ਫ਼ੌਜੀ ਰਾਮਣ ਸਿੰਘ, ਦੀਦਾਰ ਸਿੰਘ ਸ਼ੇਰਗਿੱਲ, ਰਾਣਾ ਆੜਤੀਆ, ਹਰਭਜਨ ਸਿੰਘ ਬੱਬਾ, ਨੰਬਰਦਾਰ ਰੇਸ਼ਮ ਸਿੰਘ ਤੇ ਬਾਬਾ ਬਲਰਾਮ ਵਸ਼ਿਸ਼ਟ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਸਮਾਪਤੀ 'ਤੇ 29 ਅਗਸਤ ਨੂੰ ਇਨਾਮਾਂ ਦੀ ਵੰਡ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਤੇ ਤੇ ਸਾਬਕਾ ਕੈਬਨਟ ਮੰਤਰੀ ਸੰਗਤ ਸਿੰਘ ਗਿਲਜੀਆਂ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋ ਕੇ ਸਾਂਝੇ ਤੌਰ 'ਤੇ ਕੀਤੀ ਜਾਵੇਗੀ। ਟੂਰਨਾਮੈਂਟ ਦੀ ਜੇਤੂ ਅਕੈਡਮੀ ਨੂੰ ਪਹਿਲਾ ਇਨਾਮ 51 ਹਜ਼ਾਰ ਰੁਪਏ ਤੇ ਦੂਸਰੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 41 ਹਜ਼ਾਰ ਰੁਪਏ ਦਿੱਤੇ ਜਾਣਗੇ। ਓਪਨ ਕਲੱਬ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੀਆਂ ਟੀਮਾਂ ਨੂੰ ਆਕਰਸ਼ਕ ਇਨਾਮ ਦਿੱਤੇ ਜਾਣਗੇ।

# 'ਆਪ' ਦੇ ਐੱਮ ਐੱਲ ਏ ਨੇ ਨੀਂਹ ਪੱਥਰ ਤੋੜ ਕੇ ਸਰਕਾਰ ਦੇ ਵਿਕਾਸ ਕਾਰਜਾਂ ਦੀ ਪੋਲ ਖੋਲ੍ਹੀ : ਸਿੰਗੜੀਵਾਲਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਭਗਵੰਤ ਮਾਨ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਆਏ ਦਿਨ ਵਿਕਾਸ ਕਾਰਜਾਂ ਦੇ ਵੱਡੇ ਵੱਡੇ ਦਾਅਵੇ ਕਰਦੀ ਹੈ ਪਰ ਸਰਕਾਰ ਦੇ ਵਿਕਾਸ ਕਾਰਜਾਂ ਦੀ ਪੋਲ ਵਿਧਾਨ ਸਭਾ ਹਲਕਾ ਪੱਛਮੀ ਤੋਂ ਐਮ ਐਲ ਏ ਗੁਰਪ੍ਰੀਤ ਸਿੰਘ ਗੋਗੀ ਨੇ ਮੁੱਖ ਮੰਤਰੀ ਅਤੇ ਉਹਨਾਂ ਦੁਆਰਾ ਸਰਕਾਰ ਬਣਨ ਤੋਂ ਦੋ ਮਹੀਨੇ ਬਾਅਦ ਬੁੱਢਾ ਦਰਿਆ ਨੂੰ ਸਾਫ ਕਰਨ ਲਈ 650 ਕਰੋੜ ਰੁਪਏ ਦੇ ਪ੍ਰੋਜੈਕਟ ਦਾ ਜੋ ਨੀਹ ਪੱਥਰ ਰੱਖਿਆ ਸੀ ਨੂੰ ਕਿਸੇ ਪੱਖ ਤੋਂ ਵੀ ਸਿਰੇ ਨਾ ਚੜਦਿਆਂ ਦੇਖ ਕੇ ਆਪਣੇ ਹੱਥੀ ਤੋੜ ਕੇ ਸਰਕਾਰ ਦੇ ਵਿਕਾਸ ਕਾਰਜਾਂ ਦੀ ਪੋਲ ਖੋਲ ਦਿੱਤੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਲੁਧਿਆਣਾ ਵਿਖੇ ਵਾਪਰੀ ਘਟਨਾ ਦਾ ਗੰਭੀਰ ਨੋਟਿਸ ਲੈਂਦਿਆਂ ਪ੍ਰੈਸ ਨੋਟ ਰਾਹੀਂ ਕੀਤਾ। ਸਿੰਗੜੀਵਾਲਾ ਨੇ ਕਿਹਾ ਕਿ ਪਿਛਲੀਆਂ ਅਕਾਲੀ ਭਾਜਪਾ ਤੇ ਕਾਂਗਰਸ ਸਰਕਾਰਾਂ ਵੱਲੋਂ ਪੰਜਾਬ ਉੱਤੇ ਚਾੜੇ ਗਏ 2 ਲੱਖ 75 ਹਜਾਰ ਕਰੋੜ ਨੂੰ ਮੋੜਨ ਵਿੱਚ ਭਗਵੰਤ ਮਾਨ ਸਰਕਾਰ ਨੇ ਕੋਈ ਦਿਲਚਸਪੀ ਨਹੀਂ ਦਿਖਾਈ ਉਲਟਾ ਪੰਜਾਬ ਸਿਰ 75 ਹਜਾਰ ਕਰੋੜ ਕਰਜ਼ਾ ਹੋਰ ਚਾੜ ਦਿੱਤਾ ਜਿਸ ਨਾਲ ਪੰਜਾਬ ਦੀ ਆਰਥਿਕ ਤੌਰ 'ਤੇ ਸਥਿਤੀ ਡਾਵਾਂ ਡੋਲ ਹੋਈ ਪਈ ਹੈ ਤੇ ਭਗਵੰਤ ਮਾਨ ਸਰਕਾਰ ਬੁਰੀ ਤਰ੍ਹਾਂ ਫੇਲ ਸਾਬਤ ਹੋਈ ਹੈ ਜਿਸ ਦੀ ਪੋਲ ਉਸਦੇ ਆਪਣੇ ਐਮ ਐਲ ਏ ਹੀ ਖੋਲ੍ਹ ਰਹੇ ਹਨ।

# ਆਈ ਵੀ ਵਰਲਡ ਸਕੂਲ 'ਚ ਜਨਮ ਅਸ਼ਟਮੀ ਮਨਾਈ




**ਜਲੰਧਰ -(ਇਕਬਾਲ ਸਿੰਘ ਉਭੀ)-** ਆਈਵੀ ਵਰਲਡ ਪਲੇਅ ਸਕੂਲ, ਸਿਵਲ ਲਾਈਨਜ਼ ਵਿਖੇ ਪ੍ਰਬੰਧਕਾਂ ਦੀ ਅਗਵਾਈ ਹੇਠ ਜਨਮ ਅਸ਼ਟਮੀ ਮਨਾਈ ਗਈ, ਜਿਸ ਵਿੱਚ ਚੇਅਰਮੈਨ ਸੰਜੀਵ ਕੁਮਾਰ ਵਾਸਲ, ਮੀਤ ਪ੍ਰਧਾਨ ਈਨਾ ਵਾਸਲ, ਸੀਈਓ ਰਾਘਵ ਵਾਸਲ, ਡਾਇਰੈਕਟਰ ਅਦਿਤੀ ਵਾਸਲ, ਪ੍ਰਿੰਸੀਪਲ ਸੰਜੀਵ ਚੌਹਾਨ ਅਤੇ ਮੁੱਖ ਅਧਿਆਪਕਾ ਸ਼ੈਫਾਲੀ ਸ਼ਰਮਾ ਹਾਜ਼ਰ ਹੋਏ। ਬੱਚਿਆਂ ਨੂੰ ਕ੍ਰਿਸ਼ਨ ਜੀ ਦੀਆਂ ਵੱਖ-ਵੱਖ ਜੀਵਨ ਕਹਾਣੀਆਂ ਬਾਰੇ ਜਾਣੂ ਕਰਵਾਇਆ ਗਿਆ ।ਬੱਚਿਆਂ ਵੱਲੋਂ ਮੱਖਣ ਬਣਾਉਣ ਦੀ ਗਤੀਵਿਧੀ ਕੀਤੀ ਗਈ। ਬੱਚਿਆਂ ਨੇ ਵੱਛੇ ਨੂੰ ਭੋਜਨ ਅਤੇ ਪਾਣੀ ਭੇਟ ਕਰਕੇ ਸੇਵਾ ਵੀ ਕੀਤੀ ਅਤੇ ਉਨ੍ਹਾਂ ਨੂੰ ਪਸ਼ੂਆਂ ਪ੍ਰਤੀ ਹਮਦਰਦੀ ਰੱਖਣ ਦੀ ਸਿੱਖਿਆ ਦਿੱਤੀ ਗਈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਕ੍ਰਿਸ਼ਨ ਜੀ ਪਸ਼ੂਆਂ ਨੂੰ ਕਿਵੇਂ ਪਿਆਰ ਕਰਦੇ ਸਨ।

## ਜਨਮ ਦਿਨ ਮੁਬਾਰਕ



ਕਿਆਂਸ਼



ਨਿਰਵੈਰ ਸਿੰਘ ਧਾਮੀ (ਕਰਤਾਰਪੁਰ)

# ਠਾਕੁਰ ਪ੍ਰਧਾਨ ਤੇ ਸ਼ਿਵੇਂਦਰ ਕੁਮਾਰ ਜਨਰਲ ਸਕੱਤਰ ਚੁਣੇ

**ਮੁਹਾਲੀ (ਗੁਰਜੀਤ ਬਿੱਲਾ)**—ਇਥੇ ਪੀ ਡਬਲਿਊ ਡੀ ( ਬੀ ਐਂਡ ਆਰ) ਬਾਗ਼ਬਾਨੀ ਫੇਜ਼-1, ਮੁਹਾਲੀ ਵਿਖੇ ਪੀ ਡਬਲਿਊ ਡੀ ਫ਼ੀਲਡ ਤੇ ਵਰਕਸ਼ਾਪ ਵਰਕਰਜ ਯੂਨੀਅਨ ਬ੍ਰਾਂਚ ਮੁਹਾਲੀ/ਚੰਡੀਗੜ੍ਹ( ਮੁੱਖ ਦਫ਼ਤਰ 1406/22-ਬੀ, ਚੰਡੀਗੜ੍ਹ) ਦੀ ਚੋਣ ਹੋਈ। ਇਹ ਚੋਣ ਸੂਬਾ ਆਗੂ ਕਰਮਾ ਪੁਰੀ ਅਤੇ ਗੁਰਬਿੰਦਰ ਸਿੰਘ ਚੰਡੀਗੜ੍ਹ ਦੀ ਦੇਖ ਰੇਖ ਹੇਠ ਹੋਈ।ਜਿਸ ਵਿੱਚ ਸਭ ਤੋਂ ਪਹਿਲਾਂ ਜਥੇਬੰਦੀ ਦੇ ਬਾਨੀ ਸੰਸਥਾਪਕ ਸਾਥੀ ਵੇਦ ਪ੍ਰਕਾਸ਼ ਸ਼ਰਮਾਂ ਨੂੰ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਉਨ੍ਹਾਂ ਦਾ ਬੀਤੇ ਕੱਲ੍ਹ ਦਿਹਾਂਤ ਹੋ ਗਿਆ ਸੀ।ਇਸ ਤੋਂ ਉਪਰੰਤ ਜਨਰਲ ਸਕੱਤਰ ਦੀ ਰਿਪੋਰਟ ਪੇਸ਼ ਕੀਤੀ ਗਈ ਅਤੇ ਬ੍ਰਾਂਚ ਵਿੱਤ ਸਕੱਤਰ ਨੇ ਵਿੱਚ ਦੀ ਰਿਪੋਰਟ ਪੇਸ਼ ਕੀਤੀ ਜੋ ਕਿ ਸਰਬਸੰਮਤੀ ਨਾਲ ਪਾਸ ਕਰ ਦਿੱਤੀ ਗਈ।ਇਸ ਤੋਂ ਉਪਰੰਤ ਸੂਬਾ ਵਿੱਤ ਸਕੱਤਰ ਗੁਰਬਿੰਦਰ ਸਿੰਘ ਚੰਡੀਗੜ੍ਹ ਨੇ ਨਵੀਂ ਟੀਮ ਦਾ ਪੈਨਲ ਪੇਸ਼ ਕੀਤਾ ਜਿਸ ਨੂੰ ਸਾਥੀਆਂ ਨੇ ਤਾੜੀਆਂ ਦੀ ਗੂੰਜ ਨਾਲ ਪਾਸ ਕਰ ਦਿੱਤਾ।ਇਸ ਤਰ੍ਹਾਂ ਕ੍ਰਮਵਾਰ ਸੁਰੇਸ਼ ਕੁਮਾਰ ਠਾਕੁਰ ਪ੍ਰਧਾਨ,ਸਿਵੇਂਦਰ ਕੁਮਾਰ ਜਨਰਲ ਸਕੱਤਰ ਅਤੇ ਰਾਜ ਕਰਨ ਨੂੰ ਵਿੱਤ ਸਕੱਤਰ ਨਿਯੁਕਤ ਕੀਤਾ ਗਿਆ।ਇਸ ਮੌਕੇ ਬ੍ਰਾਂਚ ਡੇਰਾ ਬੱਸੀ ਤੋਂ ਪ੍ਰਧਾਨ ਤਰਸੇਮ ਲਾਲ ਦੱਪਰ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਸਾਬਕਾ ਪ੍ਰੈੱਸ ਸਕੱਤਰ ਹਰਨੇਕ ਸਿੰਘ ਮਾਵੀ, ਦਰਸ਼ਨ ਬਾਬਾ ਚਨਾਲੋਂ, ਅਜਮੇਰ ਸਿੰਘ ਲੌਂਗੀਆ ਅਤੇ ਹੋਰ ਸਾਥੀ ਹਾਜ਼ਰ ਸਨ।



# ਐਡਵੋਕੇਟ ਲੱਕੀ ਦੀ ਅਗਵਾਈ ਹੇਠ ਵਿਸ਼ੇਸ਼ ਕੈਂਪ ਲਗਾਇਆ



**ਬਲਾਚੌਰ, (ਜਸਵਿੰਦਰ ਬੈਂਸ)** ਸਮਰਦੀਪ ਸਿੰਘ ਭਾਜਪਾ ਪ੍ਰਧਾਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਐਡਵੋਕੇਟ ਰਾਜਵਿੰਦਰ ਸਿੰਘ ਲੱਕੀ ਦੀ ਅਗਵਾਈ ਹੇਠ ਸਮੁੱਚੇ ਅਹੁਦੇਦਾਰਾਂ ਅਤੇ ਪਾਰਟੀ ਵਰਕਰਾਂ ਵੱਲੋਂ ਭਾਜਪਾ ਦਫਤਰ ਬਲਾਚੌਰ ਵਿਖੇ ਇੱਕ ਵਿਸ਼ੇਸ਼ ਕੈਂਪ ਲਗਾਇਆ ਗਿਆ।ਜਿਸ ਵਿਚ ਇਲਾਕਾ ਵਾਸੀਆਂ ਦੀ ਸਹੂਲਤ ਹਿੱਤ ਭਾਰਤ ਸਰਕਾਰ ਵਲੋਂ ਦਿੱਤੀਆਂ ਜਾਂਦੀਆਂ ਵੱਖ ਵੱਖ ਸਕੀਮਾਂ ਦੇ ਫਾਰਮ ਗਏ।ਐਡਵੋਕੇਟ ਲੱਕੀ ਨੇ ਕਿਹਾ ਕਿ ਇਲਾਕੇ ਅੰਦਰ ਬਹੁ ਗਿਣਤੀ ਲਾਭਪਾਤਰੀਆਂ ਨੂੰ ਭਾਰਤ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਕੀਮਾਂ ਦਾ ਲਾਭ ਨਹੀਂ ਮਿਲ ਰਿਹਾ ਜਿਸ ਦੇ ਮੱਦੇਨਜ਼ਰ ਇਹ ਵਿਸ਼ੇਸ਼ ਕੈਂਪ ਲਗਾਇਆ ਗਿਆ ਹੈ। ਇਸ ਕੈਂਪ ਦੌਰਾਨ ਹਲਕਾ ਬਲਾਚੌਰ ਦੇ 800 ਤੋਂ ਜ਼ਿਆਦਾ ਲੋਕਾਂ ਨੇ ਲਾਭ ਪ੍ਰਾਪਤ ਕੀਤਾ।ਇਸ ਮੌਕੇ ਰਾਜਵਿੰਦਰ ਸਿੰਘ ਲੱਕੀ ਨੇ ਦੱਸਿਆ ਕਿ ਆਯੁਸ਼ਮਾਨ ਕਾਰਡ ਜਿਸ ਅਧੀਨ 5 ਲੱਖ ਰੁਪਏ ਦਾ ਇਲਾਜ ਮੁਫਤ ਹੁੰਦਾ ਹੈ, ਕਿਸਾਨ ਸੰਮਾਨ ਨਿਧੀ ਜਿਸ ਅਧੀਨ ਕਿਸਾਨਾਂ ਨੂੰ ਸਾਲਾਨਾ 6000 ਰੁਪਏ ਦੀ ਸਹਾਇਤਾ ਦਿੱਤੀ ਜਾਂਦੀ ਹੈ, ਆਵਾਜ਼ ਯੋਜਨਾ ਜਿਸ ਅਧੀਨ ਪੱਕੇ ਘਰ ਬਣਾਉਣ ਲਈ ਸਹਾਇਤਾ ਦਿੱਤੀ ਜਾਂਦੀ ਹੈ, ਪੈਨਸ਼ਨਾਂ ਬੁਢਾਪਾ, ਵਿਧਵਾ ਆਦਿ ਦੇ ਫਾਰਮ ਭਰੇ ਗਏ ਹਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ, ਅਜੈ ਕਟਾਰੀਆ, ਚੌਧਰੀ ਸੰਦੀਪ ਭਾਟੀਆ ਆਦੋਆਣਾ, ਨਰਿੰਦਰ ਸੂਦਨ, ਨੰਦ ਕਿਸ਼ੋਰ ਬਲਾਚੌਰ ਮੰਡਲ ਪ੍ਰਧਾਨ, ਐਡਵੋਕੇਟ ਅਮਨ ਰਾਣਾ, ਜ਼ਿਲ੍ਹਾ ਯੂਥ ਪ੍ਰਧਾਨ ਪੰਕਜ ਕੁਮਾਰ, ਦਿਨੇਸ਼ ਭਾਰਦਵਾਜ, ਚੌਧਰੀ ਵਿਜੇ ਟਕਾਰਲਾ ਪੰਚਾਇਤ ਰਾਜ ਜ਼ਿਲ੍ਹਾ ਕਨਵੀਨਰ, ਡਾ ਬਿੰਦਰ ਮੈਂਬਰ ਬਲਾਕ ਸੰਮਤੀ, ਰਾਮ ਸ਼ਾਹ ਭਾਟੀਆ, ਗੁਰਪਾਲ ਸਿੰਘ ਧੌਲ, ਭਾਰਤੀ ਜਨਤਾ ਪਾਰਟੀ ਦੇ ਆਗੂ ਸਹਿਬਾਨ ਅਤੇ ਵਰਕਰ ਹਾਜ਼ਰ ਸਨ।